@Qpatrika @qaumipatrika punjabi instagram.com/qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Qaumi Patrika NO.1

Punjabi National Daily

ਦਿਲ्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Sunday, 29 March 2026

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਐਤਵਾਰ 29 ਮਾਰਚ 2026, 13 ਚੈਤ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 44, ਅੰਕ 143, qpatrika@gmail.com ਫੋਨ : 9971359517 www.qaumipatrika.org

## 48 ਸਾਲ ਬਾਅਦ ਖੁੱਲ੍ਹਿਆ ਰਤਨ ਭੰਡਾਰ

ਪੁਰੀ/ਭੁਵਨੇਸ਼ਵਰ 28 ਮਾਰਚ। ਪੁਰੀ ਦੇ ਸ਼੍ਰੀ ਜਗਨਨਾਥ ਮੰਦਿਰ ਦਾ ਰਤਨਾ ਭੰਡਾਰ ਇਨ੍ਹੀਂ ਦਿਨੀਂ ਪੂਰੇ ਦੇਸ਼ ਵਿੱਚ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਵਿਸ਼ਵ ਪ੍ਰਸਿੱਧ ਪੁਰੀ ਦੇ ਭਗਵਾਨ ਜਗਨਨਾਥ ਮੰਦਰ ਦੇ ਰਹੱਸਮਈ 'ਰਤਨ ਭੰਡਾਰ' ਵਿੱਚ ਮੌਜੂਦ ਬੇਸ਼ਕੀਮਤੀ ਖ਼ਜ਼ਾਨੇ ਦੀ ਗਿਣਤੀ ਦਾ ਕੰਮ 48 ਸਾਲਾਂ ਬਾਅਦ ਮੁੜ ਸ਼ੁਰੂ ਹੋ ਗਿਆ ਹੈ। ਦੁਪਹਿਰ 12:09 ਵਜੇ ਤੋਂ 1:40 ਵਜੇ ਦੇ ਸ਼ੁਭ ਮੂਹਰਤ ਦੌਰਾਨ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਮਾਹਿਰਾਂ ਦੀ ਟੀਮ ਨੇ ਮੰਦਰ ਦੀਆਂ ਪਰੰਪਰਾਵਾਂ ਅਨੁਸਾਰ ਭੰਡਾਰ ਖੋਲ੍ਹ ਕੇ ਗਿਣਤੀ (ਇਨਵੈਂਟਰੀ) ਦੀ ਪ੍ਰਕਿਰਿਆ ਸ਼ੁਰੂ ਕੀਤੀ। ਸ਼੍ਰੀ ਜਗਨਨਾਥ ਮੰਦਰ ਪ੍ਰਸ਼ਾਸਨ ਅਨੁਸਾਰ, ਇਸ ਪ੍ਰਕਿਰਿਆ ਵਿੱਚ ਸ਼ਾਮਲ ਅਧਿਕਾਰੀ ਅਤੇ ਕਰਮਚਾਰੀ ਪਰੰਪਰਾਗਤ ਧੋਤੀ ਅਤੇ ਗਮਛਾ ਪਹਿਨ ਕੇ ਮੰਦਰ ਵਿੱਚ ਦਾਖਲ ਹੋਏ। ਰਤਨ ਭੰਡਾਰ ਵਿੱਚ ਪ੍ਰਵੇਸ਼ ਕਰਨ ਤੋਂ ਪਹਿਲਾਂ ਭਗਵਾਨ ਲੋਕਨਾਥ ਜੀ ਨੂੰ ਪ੍ਰਣਾਮ ਕੀਤਾ ਗਿਆ। ਹਾਈ ਲੈਵਲ ਕਮੇਟੀ ਦੇ ਚੇਅਰਮੈਨ ਜਸਟਿਸ ਵਿਸ਼ਵਨਾਥ ਰਥ ਅਤੇ ਮੁੱਖ ਪ੍ਰਸ਼ਾਸਕ ਡਾ. ਅਰਵਿੰਦ ਪਾੜੀ ਦੀ ਅਗਵਾਈ ਹੇਠ ਇਹ ਸਾਰੀ ਕਾਰਵਾਈ ਚੱਲ ਰਹੀ ਹੈ। ਹੁਣ ਦੀ ਪ੍ਰਕਿਰਿਆ ਵਿੱਚ ਸਿਰਫ਼ ਗਹਿਣਿਆਂ ਦੀ ਗਿਣਤੀ, ਵਜ਼ਨ ਅਤੇ ਪੁਰਾਣੀ ਸੂਚੀ ਨਾਲ ਮਿਲਾਨ ਕੀਤਾ ਜਾਵੇਗਾ, ਉਨ੍ਹਾਂ ਦਾ ਬਾਜ਼ਾਰੀ ਮੁੱਲ ਨਹੀਂ ਕੱਢਿਆ ਜਾਵੇਗਾ। ਇਸ ਇਤਿਹਾਸਕ ਕਾਰਜ ਲਈ ਰਿਜ਼ਰਵ ਬੈਂਕ ਆਫ ਇੰਡੀਆ ਦੇ ਦੋ ਮਾਹਿਰ, ਯੂਕੋ ਬੈਂਕ ਦਾ ਇੱਕ ਪ੍ਰਤੀਨਿਧ ਅਤੇ ਮੰਦਰ ਦੇ ਪਰੰਪਰਾਗਤ ਸਵਰਨਕਾਰ (ਸੁਨਿਆਰੇ) ਟੀਮ ਵਿੱਚ ਸ਼ਾਮਲ ਹਨ। ਗਿਣਤੀ ਦੌਰਾਨ ਪਾਰਦਰਸ਼ਤਾ ਅਤੇ ਸੁਰੱਖਿਆ ਦਾ ਪੂਰਾ ਖਿਆਲ ਰੱਖਿਆ ਜਾ ਰਿਹਾ ਹੈ। ਰਤਨ ਭੰਡਾਰ ਦੇ ਅੰਦਰੂਨੀ ਹਿੱਸੇ ਨੂੰ ਲੈ ਕੇ ਕਈ ਮਾਨਤਾਵਾਂ ਅਤੇ ਖ਼ਦਸ਼ੇ ਰਹੇ ਹਨ

# 140 ਲੱਖ ਮੀਟਰਕ ਟਨ ਪੈਦਾਵਾਰ ਦੀ ਸੰਭਾਵਨਾ ਵਾਲੇ ਕਣਕ ਵਾਢੀ ਦਾ ਸੀਜ਼ਨ ਨੇੜੇ ਆਉਣ 'ਤੇ ਪੰਜਾਬ ਨੇ ਤੇਲ ਸਪਲਾਈ ਦੀ ਫੌਰੀ ਮੰਗ ਚੁੱਕੀ, ਕੇਂਦਰ ਤੁਰੰਤ ਕਾਰਵਾਈ ਕਰੇ: ਮੁੱਖ ਮੰਤਰੀ ਮਾਨ

ਕੌਮੀ ਪਤ੍ਰਿਕਾ
ਸਿੰਮੀ ਕੌਰ ਬੱਬਰ

ਚੰਡੀਗੜ੍ਹ, 28 ਮਾਰਚ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਾਰਤ ਸਰਕਾਰ ਤੋਂ ਪੈਟਰੋਲ, ਡੀਜ਼ਲ ਤੇ ਡੀ.ਏ.ਪੀ. ਖਾਦ ਦੀ ਵਧੀ ਹੋਈ ਅਤੇ ਨਿਰਵਿਘਨ ਸਪਲਾਈ ਤੁਰੰਤ ਯਕੀਨੀ ਬਣਾਉਣ ਦੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ 140 ਲੱਖ ਮੀਟਰਿਕ ਟਨ ਕਣਕ ਦੀ ਵਾਢੀ ਲਈ ਤਿਆਰ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਤੇਲ ਦੀ ਉਪਲਬਧਤਾ ਵਿੱਚ ਕਿਸੇ ਵੀ ਤਰ੍ਹਾਂ ਦਾ ਅੜਿੱਕਾ ਕੌਮੀ ਖੁਰਾਕ ਸੁਰੱਖਿਆ ਨੂੰ ਸਿੱਧੇ ਤੌਰ 'ਤੇ ਪ੍ਰਭਾਵਤ ਕਰ ਸਕਦਾ ਹੈ। ਕਿਸੇ ਚੀਜ਼ ਦੀ ਕਮੀ ਨਾ ਹੋਣ ਅਤੇ ਲੋਕਾਂ ਨੂੰ ਨਾ ਘਬਰਾਉਣ ਦੀ ਅਪੀਲ ਕਰਦਿਆਂ ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਵਾਢੀ ਦੇ ਕੰਮ ਅਤੇ ਅਨਾਜ ਦੀ ਢੋਆ-ਢੁਆਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਕੇਂਦਰ ਵੱਲੋਂ ਸਮੇਂ ਸਿਰ ਕਾਰਵਾਈ ਜ਼ਰੂਰੀ ਹੈ ਕਿਉਂਕਿ ਪੰਜਾਬ 181 ਲੱਖ ਮੀਟਰਿਕ ਟਨ ਕਣਕ ਅਤੇ 139 ਲੱਖ ਮੀਟਰਿਕ ਟਨ ਝੋਨੇ ਨਾਲ ਦੇਸ਼ ਦੀ ਸਹਾਇਤਾ ਲਈ ਤਿਆਰ ਹੈ। ਇੱਥੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸ਼ੁੱਕਰਵਾਰ ਸ਼ਾਮ ਨੂੰ ਪ੍ਰਧਾਨ ਮੰਤਰੀ ਨਾਲ ਇੱਕ ਵਰਚੁਅਲ ਮੀਟਿੰਗ ਦੌਰਾਨ ਮੈਂ ਦੱਸਿਆ ਕਿ ਪੰਜਾਬ ਵਿੱਚ ਇਸ ਸਾਲ 140 ਲੱਖ ਮੀਟਰਿਕ ਟਨ ਕਣਕ ਪੈਦਾ ਹੋਣ ਦੀ ਸੰਭਾਵਨਾ ਹੈ। ਫਸਲ ਦੀ ਸੁਚਾਰੂ ਕਟਾਈ ਅਤੇ ਢੋਆ-



ਢੁਆਈ ਯਕੀਨੀ ਬਣਾਉਣ ਲਈ ਪੈਟਰੋਲ ਅਤੇ ਡੀਜ਼ਲ ਦੀ ਨਿਯਮਤ ਸਪਲਾਈ ਦੀ ਲੋੜ ਹੈ। ਵਾਢੀ ਦੌਰਾਨ ਵੱਡੀ ਗਿਣਤੀ ਵਿੱਚ ਟਰੈਕਟਰ, ਟਰਾਲੀਆਂ, ਹਾਰਵੈਸਟਰ ਅਤੇ ਟਰੱਕ ਵਰਤੇ ਜਾਣਗੇ, ਇਸ ਲਈ ਵਡੇਰੇ ਜਨਤਕ ਹਿੱਤ ਵਿੱਚ ਤੇਲ ਦੀ ਸਪਲਾਈ ਵਧਾਈ ਜਾਣੀ ਚਾਹੀਦੀ ਹੈ। ਇਹ ਸਮੇਂ ਦੀ ਲੋੜ ਹੈ ਕਿ ਦੇਸ਼ ਦੀ ਖੁਰਾਕ ਸੁਰੱਖਿਆ ਨੂੰ ਹਰ ਤਰੀਕੇ ਨਾਲ ਬਰਕਰਾਰ ਰੱਖਿਆ ਜਾਵੇ। ਲੋਕਾਂ ਨੂੰ ਭਰੋਸਾ ਦਿਵਾਉਂਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਘਬਰਾਉਣ ਦੀ ਕੋਈ ਲੋੜ ਨਹੀਂ ਹੈ। ਇਸ ਵੇਲੇ ਸੂਬੇ ਵਿੱਚ 12 ਤੋਂ 14 ਦਿਨਾਂ ਦਾ ਪੈਟਰੋਲ ਅਤੇ ਡੀਜ਼ਲ ਅਤੇ ਛੇ ਦਿਨਾਂ ਦਾ ਐਲ.ਪੀ.ਜੀ. ਦਾ ਸਟਾਕ ਹੈ, ਜੋ ਆਮ ਤੌਰ 'ਤੇ ਸਾਲ ਭਰ ਇੱਕੋ ਜਿਹਾ ਰਹਿੰਦਾ ਹੈ। ਇਹ ਸਟਾਕ ਬਰਕਰਾਰ ਹੈ ਅਤੇ ਸਪਲਾਈ ਬੇਰੋਕ ਜਾਰੀ ਹੈ। ਦੇਸ਼ ਦੇ 41 ਦੇਸ਼ਾਂ ਨਾਲ ਦਰਾਮਦ ਸਮਝੌਤੇ ਹਨ ਅਤੇ ਕੌਮੀ ਪੱਧਰ 'ਤੇ 60 ਦਿਨਾਂ ਦਾ ਪੈਟਰੋਲ ਤੇ ਡੀਜ਼ਲ ਸਟਾਕ ਅਤੇ 30 ਦਿਨਾਂ ਦਾ ਐਲ.ਪੀ.ਜੀ. ਸਟਾਕ ਪਹਿਲਾਂ ਹੀ ਸੁਰੱਖਿਅਤ ਕੀਤਾ ਜਾ ਚੁੱਕਾ ਹੈ। ਜਮ?ਹਾਂਖੋਰੀ ਜਾਂ ਘਬਰਾਹਟ ਵਿੱਚ ਆ ਕੇ ਖਰੀਦਦਾਰੀ ਕਰਨ ਦੀ ਕੋਈ ਲੋੜ ਨਹੀਂ ਹੈ ਕਿਉਂਕਿ ਮੁੱਖ ਸਕੱਤਰ ਸਪਲਾਈ 'ਤੇ ਨਜ਼ਰ ਰੱਖ ਰਹੇ ਹਨ। ਜਮ?ਹਾਂਖੋਰੀ ਅਤੇ ਕਾਲਾ ਬਾਜ਼ਾਰੀ ਕਰਨ ਵਾਲਿਆਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਅੰਕੜਿਆਂ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਅੱਗੇ ਕਿਹਾ, "ਵੀਰਵਾਰ ਤੱਕ ਐਲ.ਪੀ.ਜੀ. ਰੀਫਿਲਿੰਗ ਲਈ 71,000 ਬੇਨਤੀਆਂ ਪ੍ਰਾਪਤ ਹੋਈਆਂ ਸਨ, ਜਿਨ੍ਹਾਂ ਵਿੱਚੋਂ 69,000 ਪਹਿਲਾਂ ਹੀ ਡਿਲੀਵਰ ਕੀਤੀਆਂ ਜਾ ਚੁੱਕੀਆਂ ਹਨ। ਸੂਬੇ ਵਿੱਚ ਕਿਸੇ ਵੀ ਤਾਲਾਬੰਦੀ ਦੀ ਕੋਈ ਸੰਭਾਵਨਾ ਨਹੀਂ ਹੈ ਅਤੇ ਸਭ ਕੁਝ ਸੁਚਾਰੂ ਢੰਗ ਨਾਲ ਕੰਮ ਕਰ ਰਿਹਾ ਹੈ। ਕੁੱਲ 1,497 ਥਾਈਂ ਜਾਂਚ ਕੀਤੀ ਗਈ, ਜਿਸ ਦੌਰਾਨ 301 ਐਲ.ਪੀ.ਜੀ. ਸਿਲੰਡਰ ਜ਼ਬਤ ਕੀਤੇ ਗਏ ਹਨ।"ਉਨ੍ਹਾਂ ਅੱਗੇ ਕਿਹਾ, "ਪੰਜਾਬ ਸਰਕਾਰ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਖੇਤੀਬਾੜੀ ਅਤੇ ਉਦਯੋਗ ਦੋਵਾਂ ਨੂੰ ਕਿਸੇ ਵੀ ਤਰ੍ਹਾਂ ਦੀ ਰੁਕਾਵਟ ਦਾ ਸਾਹਮਣਾ ਨਾ ਕਰਨਾ ਪਵੇ। ਐਲ.ਪੀ.ਜੀ., ਪੈਟਰੋਲ ਅਤੇ ਡੀਜ਼ਲ ਨਾਲ ਸਬੰਧਤ ਮਸਲਿਆਂ ਲਈ ਹੈਲਪਲਾਈਨ ਨੰਬਰ 0172-3321001 ਸ਼ੁਰੂ ਕੀਤਾ ਗਿਆ ਹੈ। ਕੌਮੀ ਖੁਰਾਕ ਸੁਰੱਖਿਆ ਵਿੱਚ ਪੰਜਾਬ ਦੀ ਭੂਮਿਕਾ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਮੌਜੂਦਾ ਸਥਿਤੀ ਵਿਚ ਪੰਜਾਬ ਆਪਣੇ ਗੁਦਾਮਾਂ ਵਿੱਚੋਂ 41 ਲੱਖ ਮੀਟਰਕ ਟਨ ਕਣਕ ਦੇਣ ਲਈ ਤਿਆਰ ਹੈ, ਜਦਕਿ ਇਸ ਸਾਲ 140 ਲੱਖ ਮੀਟਰਕ ਟਨ ਕਣਕ ਪੈਦਾ ਹੋਣ ਦੀ ਉਮੀਦ ਹੈ। ਇਸ ਤੋਂ ਇਲਾਵਾ ਦੇਸ਼ ਭਰ ਦੇ ਲੋਕਾਂ ਦੀ ਸੇਵਾ ਲਈ ਪੰਜਾਬ 139 ਲੱਖ ਮੀਟਰਕ ਟਨ ਝੋਨਾ ਮੁਹੱਈਆ ਕਰਨ ਲਈ ਵੀ ਤਿਆਰ ਹੈ।

Contd..................page-3

## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਚੰਡੀਗੜ੍ਹ ਰਿਹਾਇਸ਼ 'ਚ ਪਹੁੰਚੇ ਡੇਰਾ ਬਿਆਸ ਮੁਖੀ ਗੁਰਿੰਦਰ ਸਿੰਘ ਢਿੱਲੋਂ

ਹਰਿਆਣਾ 28 ਮਾਰਚ। ਡੇਰਾ ਬਿਆਸ ਮੁਖੀ ਗੁਰਿੰਦਰ ਸਿੰਘ ਢਿੱਲੋਂ ਅੱਜ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਚੰਡੀਗੜ੍ਹ ਵਿਖੇ ਰਿਹਾਇਸ਼ ਵਿਚ ਪਹੁੰਚੇ, ਜਿਥੇ ਉਨ੍ਹਾਂ ਨੇ ਮੁੱਖ ਮੰਤਰੀ ਸੈਣੀ ਨਾਲ ਵਿਸ਼ੇਸ਼ ਤੌਰ 'ਤੇ ਮੁਲਾਕਾਤ ਕੀਤੀ। ਇਸ ਮੁਲਾਕਾਤ ਦੌਰਾਨ ਮੁੱਖ ਮੰਤਰੀ ਸੈਣੀ ਦਾ ਪੂਰਾ ਪਰਿਵਾਰ ਮੌਜੂਦ ਸੀ। ਇਸ ਮੁਲਾਕਾਤ ਦੌਰਾਨ ਦੋਵਾਂ ਵਿਚਕਾਰ ਕਿਹੜੀ ਗੱਲਬਾਤ ਹੋਈ, ਇਸ ਬਾਰੇ ਕੋਈ ਜਾਣਕਾਰੀ ਹਾਸਲ ਨਹੀਂ ਹੈ। ਹਰਿਆਣਾ ਦੇ ਸਾਬਕਾ ਰਾਜ ਮੰਤਰੀ ਅਸੀਮ ਗੋਇਲ ਨੇ ਸੋਸ਼ਲ ਮੀਡੀਆ 'ਤੇ ਇਸ ਸਬੰਧ ਵਿਚ ਪੋਸਟ ਸ਼ੇਅਰ ਕਰਦੇ ਕੁਝ ਤਸਵੀਰਾਂ ਸਾਂਝੀਆਂ ਕੀਤੀਆਂ ਹਨ। ਇਸ ਦੌਰਾਨ ਉਨ੍ਹਾਂ ਨੇ ਕਿਹਾ, "ਅੱਜ, ਮਾਣਯੋਗ ਮੁੱਖ ਮੰਤਰੀ, ਸ਼੍ਰੀ ਨਾਇਬ ਸੈਣੀ ਜੀ ਦੇ ਨਾਲ ਮੈਨੂੰ ਰਾਧਾ ਸੁਆਮੀ ਸਤਿਸੰਗ ਬਿਆਸ ਦੇ ਸਤਿਕਾਰਯੋਗ ਡੇਰਾ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਜੀ ਦਾ ਮੁੱਖ ਮੰਤਰੀ ਨਿਵਾਸ 'ਸੰਤ ਕਬੀਰ ਕੁਟੀਰ' ਵਿਖੇ ਦਿਲੋਂ ਸਵਾਗਤ ਅਤੇ ਵਧਾਈ ਦੇਣ ਦਾ ਸੁਭਾਗ ਪ੍ਰਾਪਤ ਹੋਇਆ ਅਤੇ ਉਨ੍ਹਾਂ ਦਾ ਪਿਆਰ ਅਤੇ ਆਸ਼ੀਰਵਾਦ ਪ੍ਰਾਪਤ ਕੀਤਾ।" ਉਨ੍ਹਾਂ ਕਿਹਾ, "ਤੁਹਾਡੇ ਵਰਗੇ ਅਧਿਆਤਮਿਕ ਸ਼ਖਸੀਅਤ ਦੀ ਮੌਜੂਦਗੀ ਮਨ ਵਿੱਚ ਸਕਾਰਾਤਮਕ ਊਰਜਾ, ਸ਼ਾਂਤੀ ਅਤੇ ਨਵੀਂ ਪ੍ਰੇਰਨਾ ਲਿਆਉਂਦੀ ਹੈ।

## "ਸਰਕਾਰ ਧਿਆਨ ਭਟਕਾਉਣ ਲਈ ਵਰਤ ਰਹੀ ਸਿਆਸੀ ਹਥਿਆਰ": ਜੈਰਾਮ ਰਮੇਸ਼

ਨਵੀਂ ਦਿੱਲੀ 28 ਮਾਰਚ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਨਾਰੀ ਸ਼ਕਤੀ ਵੰਦਨ ਰੈਗੂਲੇਸ਼ਨ (ਮਹਿਲਾ ਰਾਖਵਾਂਕਰਨ) ਨੂੰ ਲੈ ਕੇ ਕੇਂਦਰ ਸਰਕਾਰ 'ਤੇ ਵੱਡਾ ਹਮਲਾ ਬੋਲਿਆ ਹੈ। ਉਨ੍ਹਾਂ ਸਰਕਾਰ 'ਤੇ ਦੋਸ਼ ਲਾਇਆ ਕਿ ਉਹ ਆਪਣੀਆਂ ਨਾਕਾਮੀਆਂ ਨੂੰ ਲੁਕਾਉਣ ਲਈ ਜਨਤਾ ਦਾ ਧਿਆਨ ਭਟਕਾਉਣ ਵਾਲੇ ਹਥਿਆਰਾਂ ਦੀ ਵਰਤੋਂ ਕਰ ਰਹੀ ਹੈ। ਐਕਸ 'ਤੇ ਇਕ ਪੋਸਟ ਸਾਂਝੀ ਕਰਦਿਆਂ ਜੈਰਾਮ ਰਮੇਸ਼ ਨੇ ਯਾਦ ਦਿਵਾਇਆ ਕਿ ਜਦੋਂ 2023 ਵਿੱਚ ਇਹ ਕਾਨੂੰਨ ਪਾਸ ਹੋਇਆ ਸੀ, ਤਾਂ ਸਰਕਾਰ ਨੇ ਕਿਹਾ ਸੀ ਕਿ ਮਰਦਮਸ਼ੁਮਾਰੀ ਅਤੇ ਹੱਦਬੰਦੀ ਤੋਂ ਬਿਨਾਂ ਇਸ ਨੂੰ ਲਾਗੂ ਕਰਨਾ ਅਸੰਭਵ ਹੈ। ਪਰ ਹੁਣ ਅਚਾਨਕ ਸਰਕਾਰ ਨੇ ਇਸ ਮਾਮਲੇ 'ਤੇ 'ਯੂ-ਟਰਨ' ਲੈਂਦਿਆਂ ਬਿਨਾਂ ਕਿਸੇ ਪ੍ਰਕਿਰਿਆ ਦੇ ਇਸ ਨੂੰ ਲਾਗੂ ਕਰਨ ਦੇ ਸੰਕੇਤ ਦਿੱਤੇ ਹਨ। ਕਾਂਗਰਸੀ ਆਗੂ ਨੇ ਲਿਖਿਆ ਕਿ ਦੇਸ਼ ਇਸ ਵੇਲੇ LPG ਦੀਆਂ ਵਧਦੀਆਂ ਕੀਮਤਾਂ, ਊਰਜਾ ਸੰਕਟ ਅਤੇ ਵਿਦੇਸ਼ ਨੀਤੀ ਵਿੱਚ ਮਿਲੇ ਝਟਕਿਆਂ ਨਾਲ ਜੂਝ ਰਿਹਾ ਹੈ। ਇਨ੍ਹਾਂ ਅਸਲ ਮੁੱਦਿਆਂ ਤੋਂ ਜਨਤਾ ਦਾ ਧਿਆਨ ਹਟਾਉਣ ਲਈ ਸਰਕਾਰ ਮਹਿਲਾ ਰਾਖਵੇਂਕਰਨ ਦਾ ਨਵਾਂ ਪੈਂਤੜਾ ਖੇਡ ਰਹੀ ਹੈ। ਰਮੇਸ਼ ਨੇ ਸੰਕੇਤ ਦਿੱਤਾ ਕਿ ਅਗਲੇ ਕੁਝ ਦਿਨਾਂ 'ਚ ਇਸ ਸਬੰਧੀ ਜ਼ਰੂਰੀ ਸੋਧਾਂ ਪਾਸ ਕਰਨ ਲਈ ਸੰਸਦ ਦਾ ਦੋ ਰੋਜ਼ਾ ਵਿਸ਼ੇਸ਼ ਸੈਸ਼ਨ ਬੁਲਾਇਆ ਜਾ ਸਕਦਾ ਹੈ। ਉਨ੍ਹਾਂ ਇਸ ਨੂੰ ਚੋਣ ਜ਼ਾਬਤੇ ਦੀ ਉਲੰਘਣਾ ਦੱਸਦਿਆਂ ਕਿਹਾ ਕਿ ਚੋਣ ਕਮਿਸ਼ਨ ਦਾ 'ਮਾਡਲ ਕੋਡ' ਹੁਣ ਸਿਰਫ਼ 'ਮੋਦੀ ਕੋਡ' ਬਣ ਕੇ ਰਹਿ ਗਿਆ ਹੈ। ਉਨ੍ਹਾਂ ਸਰਕਾਰ ਦੀ ਵਚਨਬੱਧਤਾ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਜਦੋਂ ਕਾਂਗਰਸ ਨੇ 'ਭਾਰਤ ਜੋੜੋ ਨਿਆਂ ਯਾਤਰਾ' ਦੌਰਾਨ ਜਾਤੀ ਮਰਦਮਸ਼ੁਮਾਰੀ ਦੀ ਮੰਗ ਕੀਤੀ ਸੀ, ਤਾਂ ਉਨ੍ਹਾਂ ਦੇ ਆਗੂਆਂ 'ਤੇ 'ਅਰਬਨ ਨਕਸਲ' ਹੋਣ ਦੇ ਇਲਜ਼ਾਮ ਲਗਾਏ ਗਏ ਸਨ। ਜੈਰਾਮ ਰਮੇਸ਼ ਅਨੁਸਾਰ, ਵਿਰੋਧੀ ਪਾਰਟੀਆਂ ਨੇ ਸਰਕਾਰ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ 29 ਅਪ੍ਰੈਲ ਨੂੰ ਮੌਜੂਦਾ ਵਿਧਾਨ ਸਭਾ ਚੋਣਾਂ ਦਾ ਦੌਰ ਖ਼ਤਮ ਹੋਣ ਤੋਂ ਬਾਅਦ ਹੀ ਕੋਈ ਸਰਬ-ਪਾਰਟੀ ਬੈਠਕ ਬੁਲਾਈ ਜਾਵੇ। ਨਾਲ ਹੀ ਉਨ੍ਹਾਂ ਸੀਟਾਂ ਦੀ ਗਿਣਤੀ 50 ਫ਼ੀਸਦੀ ਤੱਕ ਵਧਾਉਣ ਦੀ ਸਰਕਾਰੀ ਯੋਜਨਾ 'ਤੇ ਵੀ ਗੰਭੀਰ ਚਰਚਾ ਦੀ ਲੋੜ ਦੱਸੀ ਹੈ।

## ਈਸਾਈ ਧਰਮ ਅਪਣਾਉਣ ਵਾਲੇ ਵਿਅਕਤੀ ਨੂੰ ਨਹੀਂ ਮਿਲੇਗਾ ਅਨੁਸੂਚਿਤ ਜਾਤੀਦਾ ਦਰਜਾ: ਸੁਪਰੀਮ ਕੋਰਟ

ਕੌਮੀ ਪਤ੍ਰਿਕਾ
ਨਵਦੀਪ ਸਿੰਘ ਸਾਹਨੀ

ਨਵੀਂ ਦਿੱਲੀ 28 ਮਾਰਚ। ਸੁਪਰੀਮ ਕੋਰਟ ਨੇ ਇੱਕ ਇਤਿਹਾਸਕ ਫੈਸਲਾ ਸੁਣਾਉਂਦੇ ਹੋਏ ਸਪੱਸ਼ਟ ਕੀਤਾ ਹੈ ਕਿ ਜੇਕਰ ਕੋਈ ਵਿਅਕਤੀ ਹਿੰਦੂ ਧਰਮ ਛੱਡ ਕੇ ਈਸਾਈ ਧਰਮ ਅਪਨਾ ਲੈਂਦਾ ਹੈ, ਤਾਂ ਉਹ ਅਨੁਸੂਚਿਤ ਜਾਤੀ ਦਾ ਦਰਜਾ ਗੁਆ ਬੈਠਦਾ ਹੈ। ਜਸਟਿਸ ਪੀ.ਕੇ. ਮਿਸ਼ਰਾ ਅਤੇ ਜਸਟਿਸ ਐੱਨ.ਵੀ. ਅੰਜਾਰੀਆ ਦੀ ਬੈਂਚ ਨੇ ਫੈਸਲਾ ਸੁਣਾਇਆ ਕਿ ਈਸਾਈ ਧਰਮ 'ਚ ਪਰਿਵਰਤਿਤ ਹੋਣ ਵਾਲਾ ਵਿਅਕਤੀ ਅਨੁਸੂਚਿਤ ਜਾਤੀ ਅਤੇ ਅਨੁਸੂਚਿਤ ਜਨਜਾਤੀ (ਅੱਤਿਆਚਾਰ ਰੋਕੂ) ਐਕਟ, 1989 ਦਾ ਲਾਭ ਨਹੀਂ ਲੈ ਸਕੇਗਾ। ਅਦਾਲਤ ਨੇ ਆਪਣੇ ਫੈਸਲੇ 'ਚ ਸਾਫ਼ ਕੀਤਾ ਕਿ ਸੰਵਿਧਾਨਕ ਨਿਯਮਾਂ ਅਨੁਸਾਰ ਕੇਵਲ ਉਹ ਵਿਅਕਤੀ ਹੀ ਅਨੁਸੂਚਿਤ ਜਾਤੀ ਦਾ ਦਰਜਾ ਪ੍ਰਾਪਤ ਕਰ ਸਕਦੇ ਹਨ ਜੋ ਹਿੰਦੂ, ਸਿੱਖ ਜਾਂ ਬੋਧ ਧਰਮ ਨੂੰ ਮੰਨਦੇ ਹਨ। ਜੇਕਰ ਕੋਈ ਵਿਅਕਤੀ ਇਨ੍ਹਾਂ ਤਿੰਨਾਂ ਧਰਮਾਂ ਤੋਂ ਇਲਾਵਾ ਕਿਸੇ ਹੋਰ ਧਰਮ ਨੂੰ ਅਪਨਾਉਂਦਾ ਹੈ, ਤਾਂ ਉਸ ਨੂੰ ਅਨੁਸੂਚਿਤ ਜਾਤੀ ਦਾ ਮੈਂਬਰ ਨਹੀਂ ਮੰਨਿਆ ਜਾ ਸਕਦਾ। ਇਹ ਮਾਮਲਾ ਆਂਧਰਾ



ਪ੍ਰਦੇਸ਼ ਦੇ ਇਕ ਪਾਦਰੀ ਚਿੰਥਦਾ ਆਨੰਦ ਨਾਲ ਜੁੜਿਆ ਹੋਇਆ ਸੀ। ਆਨੰਦ ਨੇ ਦੋਸ਼ ਲਗਾਇਆ ਸੀ ਕਿ ਉਸ ਨਾਲ ਜਾਤੀਗਤ ਵਿਤਕਰਾ ਹੋਇਆ ਹੈ ਅਤੇ ਉਸ ਨੇ SC/ST ਐਕਟ ਤਹਿਤ FIR ਦਰਜ ਕਰਵਾਈ ਸੀ। ਹਾਲਾਂਕਿ, ਜਾਂਚ 'ਚ ਸਾਹਮਣੇ ਆਇਆ ਕਿ ਉਹ ਪਿਛਲੇ ਇਕ ਦਹਾਕੇ ਤੋਂ ਈਸਾਈ ਧਰਮ ਦਾ ਪਾਲਣ ਕਰ ਰਿਹਾ ਸੀ ਅਤੇ ਪਾਦਰੀ ਵਜੋਂ ਐਤਵਾਰ ਦੀਆਂ ਪ੍ਰਾਰਥਨਾਵਾਂ ਵੀ ਕਰਵਾਉਂਦਾ ਸੀ। ਆਂਧਰਾ ਪ੍ਰਦੇਸ਼ ਹਾਈ ਕੋਰਟ ਨੇ ਪਾਦਰੀ ਦੀ ਸ਼ਿਕਾਇਤ ਨੂੰ ਇਹ ਕਹਿੰਦੇ ਹੋਏ ਰੱਦ ਕਰ ਦਿੱਤਾ ਸੀ ਕਿ ਈਸਾਈ ਬਣਨ ਤੋਂ ਬਾਅਦ ਉਸ ਨੇ ਆਪਣਾ SC ਸਟੇਟਸ ਗੁਆ ਦਿੱਤਾ ਹੈ। ਹਾਈ ਕੋਰਟ ਨੇ ਇਹ ਵੀ ਕਿਹਾ ਕਿ ਈਸਾਈ ਧਰਮ 'ਚ ਜਾਤੀਗਤ ਵਿਤਕਰਾ ਮੌਜੂਦ ਨਹੀਂ ਹੈ, ਇਸ ਲਈ ਅਜਿਹਾ ਵਿਅਕਤੀ SC ਐਕਟ ਤਹਿਤ ਸੁਰੱਖਿਆ ਦਾ ਦਾਅਵਾ ਨਹੀਂ ਕਰ ਸਕਦਾ। ਸੁਪਰੀਮ ਕੋਰਟ ਨੇ ਹਾਈ ਕੋਰਟ ਦੇ ਇਸੇ ਫੈਸਲੇ ਨੂੰ ਬਰਕਰਾਰ ਰੱਖਿਆ ਹੈ। ਅਦਾਲਤ ਨੇ ਇਹ ਵੀ ਸਪੱਸ਼ਟ ਕੀਤਾ ਕਿ ਜੇਕਰ ਕਿਸੇ ਵਿਅਕਤੀ ਕੋਲ ਅਨੁਸੂਚਿਤ ਜਾਤੀ ਦਾ ਸਰਟੀਫਿਕੇਟ ਮੌਜੂਦ ਹੈ, ਪਰ ਉਹ ਸਰਗਰਮ ਰੂਪ 'ਚ ਈਸਾਈ ਧਰਮ ਦਾ ਪਾਲਣ ਕਰ ਰਿਹਾ ਹੈ, ਤਾਂ ਉਹ ਸਰਟੀਫਿਕੇਟ ਉਸ ਦੀ ਮਦਦ ਨਹੀਂ ਕਰੇਗਾ। ਧਰਮ ਪਰਿਵਰਤਨ ਤੋਂ ਬਾਅਦ ਉਸ ਦੀ ਅਨੁਸੂਚਿਤ ਜਾਤੀ ਵਾਲੀ ਸਥਿਤੀ ਆਪਣੇ ਆਪ ਅਵੈਧ ਹੋ ਜਾਂਦੀ ਹੈ।

## ਦਿੱਲੀ ਦੇ ਉਪ ਰਾਜਪਾਲ ਤਰਨਜੀਤ ਸਿੰਘ ਸੰਧੂ ਨੇ ਅਮਿਤ ਸ਼ਾਹ ਨਾਲ ਕੀਤੀ ਮੁਲਾਕਾਤ

ਨਵੀਂ ਦਿੱਲੀ 28 ਮਾਰਚ। ਦਿੱਲੀ ਦੇ ਨਵੇਂ ਨਿਯੁਕਤ ਉਪ ਰਾਜਪਾਲ ਤਰਨਜੀਤ ਸਿੰਘ ਸੰਧੂ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਅਹਿਮ ਮੁਲਾਕਾਤ ਕੀਤੀ। ਇਸ ਬੈਠਕ ਦੌਰਾਨ ਰਾਸ਼ਟਰੀ ਰਾਜਧਾਨੀ ਦਿੱਲੀ ਨਾਲ ਸਬੰਧਤ ਪ੍ਰਬੰਧਕੀ ਮੁੱਦਿਆਂ ਅਤੇ ਸ਼ਹਿਰ ਦੇ ਵਿਕਾਸ ਕਾਰਜਾਂ ਬਾਰੇ ਵਿਸਤਾਰ ਵਿੱਚ ਚਰਚਾ ਕੀਤੀ ਗਈ। ਗ੍ਰਹਿ ਮੰਤਰੀ ਦੇ ਦਫ਼ਤਰ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' (✓) 'ਤੇ ਇਸ ਮੁਲਾਕਾਤ ਦੀ ਜਾਣਕਾਰੀ ਸਾਂਝੀ ਕੀਤੀ ਹੈ। ਬੈਠਕ ਦੀ ਇੱਕ ਤਸਵੀਰ ਵੀ ਪੋਸਟ ਕੀਤੀ ਗਈ ਹੈ, ਜਿਸ ਵਿੱਚ ਦੋਵਾਂ ਆਗੂਆਂ ਨੂੰ ਦਿੱਲੀ ਦੇ ਪ੍ਰਸ਼ਾਸਨਿਕ ਢਾਂਚੇ ਨੂੰ ਬਿਹਤਰ ਬਣਾਉਣ ਅਤੇ ਭਵਿੱਖ ਦੀਆਂ ਯੋਜਨਾਵਾਂ 'ਤੇ ਵਿਚਾਰ-ਵਟਾਂਦਰਾ ਕਰਦੇ ਦੇਖਿਆ ਜਾ ਸਕਦਾ ਹੈ। ਜ਼ਿਕਰਯੋਗ ਹੈ ਕਿ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਨੇ ਬੀਤੀ 11 ਮਾਰਚ ਨੂੰ ਲੋਕ ਨਿਵਾਸ ਵਿਖੇ ਆਯੋਜਿਤ ਇੱਕ ਸਮਾਰੋਹ ਦੌਰਾਨ ਦਿੱਲੀ ਦੇ 23ਵੇਂ ਉਪ ਰਾਜਪਾਲ ਵਜੋਂ ਸਹੁੰ ਚੁੱਕੀ ਸੀ। ਅਹੁਦਾ ਸੰਭਾਲਣ ਤੋਂ ਬਾਅਦ ਗ੍ਰਹਿ ਮੰਤਰੀ ਨਾਲ ਇਹ ਉਨ੍ਹਾਂ ਦੀ ਮਹੱਤਵਪੂਰਨ ਮੁਲਾਕਾਤ ਹੈ, ਜਿਸ ਵਿੱਚ ਦਿੱਲੀ ਦੇ ਸ਼ਾਸਨ ਅਤੇ ਵਿਕਾਸ ਦੀ ਗਤੀ ਨੂੰ ਤੇਜ਼ ਕਰਨ ਲਈ ਕੇਂਦਰ ਅਤੇ ਉਪ ਰਾਜਪਾਲ ਦਫ਼ਤਰ ਦਰਮਿਆਨ ਤਾਲਮੇਲ 'ਤੇ ਚਰਚਾ ਹੋਈ।

## ਫਰੀਦਕੋਟ ਹੋਇਆ ਪੰਜਾਬ ਵਿੱਚ ਨਸ਼ਿਆਂ ਖ਼ਿਲਾਫ਼ ਕਾਰਵਾਈ ਵਿੱਚ ਮੂਹਰਲੇ ਜ਼ਿਲ੍ਹਿਆਂ ਵਿੱਚ ਸ਼ਾਮਲ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਫਰੀਦਕੋਟ, 28 ਮਾਰਚ: ਭਗਵੰਤ ਮਾਨ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਹੇਠ ਨਸ਼ਿਆਂ ਖ਼?ਲਾਫ਼ ਜ਼ੋਰਦਾਰ ਕਾਰਵਾਈ ਵਿੱਚ ਫਰੀਦਕੋਟ ਇੱਕ ਮਿਸਾਲ ਵਜੋਂ ਸਾਹਮਣੇ ਆਇਆ ਹੈ। ਜ਼ਿਲ੍ਹੇ ਵਿੱਚ ਕੁੱਲ ਅਪਰਾਧਾਂ ਵਿੱਚ 37% ਦੀ ਕਮੀ ਆਈ ਹੈ ਅਤੇ ;ਲੁੱਟਾਂ ਖੋਹਾਂ ਦੇ ਮਾਮਲਿਆਂ ਵਿੱਚ 97% ਦੀ ਬਰਾਮਦਗੀ ਦਰਜ ਕੀਤੀ ਗਈ ਹੈ, ਜੋ ਕਿ ਚੱਲ ਰਹੀ 'ਯੁੱਧ ਨਸ਼ਿਆਂ ਵਿਰੁੱਧ' ਅਤੇ 'ਓਪਰੇਸ਼ਨ ਪ੍ਰਹਾਰ' ਮੁਹਿੰਮਾਂ ਦੇ ਪ੍ਰਭਾਵ ਨੂੰ ਦਰਸਾਉਂਦਾ ਹੈ। ਇਹ ਬਦਲਾਅ ਸਖ਼ਤ ਕਾਰਵਾਈ, ਤਕਨਾਲੋਜੀ ਆਧਾਰਿਤ ਨਿਗਰਾਨੀ ਅਤੇ ਭਾਈਚਾਰਕ ਸਹਿਭਾਗਿਤਾ ਦੀ ਮਿਲੀ ਜੁਲੀ ਕੋਸ਼ਿਸ਼ਾਂ ਨਾਲ ਸੰਭਵ ਹੋਇਆ ਹੈ, ਜਿਸ ਨਾਲ ਸਥਾਨਕ ਨਸ਼ਾ ਤਸਕਰੀ ਜਾਲਾਂ ਨੂੰ ਕਮਜ਼ੋਰ ਕੀਤਾ ਗਿਆ ਹੈ ਅਤੇ ਜ਼ਮੀਨੀ ਪੱਧਰ 'ਤੇ ਕਾਨੂੰਨ-ਵਿਵਸਥਾ ਮਜ਼ਬੂਤ ਹੋਈ ਹੈ। ਭਗਵੰਤ ਮਾਨ ਸਰਕਾਰ ਵੱਲੋਂ ਨਸ਼ਾ ਤੰਤਰ ਨੂੰ ਖਤਮ ਕਰਨ ਲਈ ਕੀਤੀਆਂ ਜਾ ਰਹੀਆਂ ਕੇਂਦਰੀ ਕੋਸ਼ਿਸ਼ਾਂ ਹੁਣ ਜ਼ਿਲ੍ਹਾ ਪੱਧਰ 'ਤੇ ਸਪੱਸ਼ਟ ਨਤੀਜੇ ਦੇ ਰਹੀਆਂ ਹਨ। ਪੁਲਿਸ ਅਧਿਕਾਰੀਆਂ ਮੁਤਾਬਕ, ਪਿੰਡ ਰੱਖਿਆ ਕਮੇਟੀਆਂ, ਗੈਰ-ਸਰਕਾਰੀ ਸੰਗਠਨਾਂ ਅਤੇ ਸਮਾਜਿਕ ਸੰਸਥਾਵਾਂ ਨਾਲ ਨਿਯਮਿਤ ਤੌਰ 'ਤੇ ਹੋ



ਰਹੀਆਂ ਤਾਲਮੇਲ ਮੀਟਿੰਗਾਂ ਨੇ ਜਮੀਨੀ ਪੱਧਰ ਦੀ ਖੁਫੀਆ ਜਾਣਕਾਰੀ ਨੂੰ ਕਾਫੀ ਮਜ਼ਬੂਤ ਕੀਤਾ ਹੈ। ਇਸ ਨਾਲ ਲੋਕਾਂ ਦੀ ਭਾਗੀਦਾਰੀ ਵਿੱਚ ਵਾਧਾ ਹੋਇਆ ਹੈ ਅਤੇ ਸਥਾਨਕ ਨਿਵਾਸੀ ਨਸ਼ਾ ਤਸਕਰਾਂ ਅਤੇ ਅਸਮਾਜਿਕ ਤੱਤਾਂ ਬਾਰੇ ਜਾਣਕਾਰੀ ਸਾਂਝੀ ਕਰ ਰਹੇ ਹਨ, ਜਿਸ ਨਾਲ ਪੁਲਿਸ ਨੂੰ ਤੁਰੰਤ ਅਤੇ ਨਿਸ਼ਨਾਬੱਧ ਕਾਰਵਾਈ ਕਰਨ ਵਿੱਚ ਮਦਦ ਮਿਲ ਰਹੀ ਹੈ। ਜ਼ਿਲ੍ਹਾ ਪੁਲਿਸ ਮੁਖੀ ਪ੍ਰਗਿਆ ਜੈਨ, IPS, ਨੇ ਕਿਹਾ, "ਲੋਕਾਂ ਵਿੱਚ ਪੁਲਿਸ ਪ੍ਰਤੀ ਭਰੋਸਾ ਵਧਿਆ ਹੈ ਕਿਉਂਕਿ ਸੂਚਨਾ ਦੇਣ ਵਾਲਿਆਂ ਦੀ ਪਹਿਚਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਂਦੀ ਹੈ ਅਤੇ ਤੁਰੰਤ ਕਾਰਵਾਈ ਕੀਤੀ ਜਾਂਦੀ ਹੈ। ਹਰ ਉਮਰ ਵਰਗ ਦੇ ਨਾਗਰਿਕ ਇਸ ਮੁਹਿੰਮ ਵਿੱਚ ਸਰਗਰਮ ਭੂਮਿਕਾ ਨਿਭਾ ਰਹੇ ਹਨ।"ਉਨ੍ਹਾਂ ਨੇ ਕਿਹਾ ਕਿ ਇਹ ਭਰੋਸਾ ਨਸ਼ਿਆਂ ਅਤੇ ਅਪਰਾਧ ਖ਼?ਲਾਫ਼ ਕਾਰਵਾਈ ਲਈ ਇੱਕ ਮਹੱਤਵਪੂਰਨ ਤਾਕਤ ਵਜੋਂ ਸਾਹਮਣੇ ਆਇਆ ਹੈ। ਤਕਨਾਲੋਜੀ ਨੇ ਵੀ ਇਸ ਬਦਲਾਅ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਫਰੀਦਕੋਟ ਦੇ ਮੁੱਖ ਸਥਾਨਾਂ 'ਤੇ CCTV ਕੈਮਰੇ ਲਗਾਏ ਗਏ ਹਨ, ਜਿਸ ਨਾਲ ਨਿਗਰਾਨੀ ਅਤੇ ਤੁਰੰਤ ਕਾਰਵਾਈ ਦੀ ਸਮਰੱਥਾ ਵਿੱਚ ਵਾਧਾ ਹੋਇਆ ਹੈ। ਢਿੱਲਵਾਂ ਕਲਾਂ ਪਿੰਡ ਵਿੱਚ ਵਿਆਪਕ CCTV ਨੈੱਟਵਰਕ ਲਿੰਕ ਰੋਡਾਂ ਅਤੇ ਨੇੜਲੇ ਹਾਈਵੇਅ ਨੂੰ ਕਵਰ ਕਰਦਾ ਹੈ ਅਤੇ ਇਸ ਦੀ ਲਾਈਵ ਪਹੁੰਚ ਪਿੰਡ ਪ੍ਰਸ਼ਾਸਨ ਅਤੇ ਪੁਲਿਸ ਦੋਹਾਂ ਕੋਲ ਹੈ, ਜਿਸ ਨਾਲ ਸ਼ੱਕੀ ਗਤੀਵਿਧੀਆਂ 'ਤੇ ਲਗਾਤਾਰ ਨਜ਼ਰ ਰੱਖੀ ਜਾਂਦੀ ਹੈ।

Contd..................page-3



# ਮਾਮੂਲੀ ਤਕਰਾਰ ਨੇ ਧਾਰਿਆ ਖ਼ੂਨੀ ਰੂਪ, ਬਜ਼ੁਰਗ ਔਰਤ ਦੀ ਮੌਤ

ਤਰਨਤਾਰਨ 28 ਮਾਰਚ। ਤੂੜੀ ਨਾਲ ਫਸਲ ਖਰਾਬ ਹੋਣ ਦੇ ਦੌਰਾਨ ਦੋ ਧਿਰਾਂ ਵਿਚ ਵਿਵਾਦ ਛਿੜ ਗਿਆ, ਜਿਸ ਦੌਰਾਨ ਇਕ ਬਜ਼ੁਰਗ ਮਾਤਾ ਨੂੰ ਗੰਭੀਰ ਸੱਟਾਂ ਲਗਾਉਂਦੇ ਹੋਏ ਜ਼ਖਮੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਤੋਂ ਬਾਅਦ ਹਸਪਤਾਲ ਵਿਚ ਇਲਾਜ ਦੌਰਾਨ ਬਜ਼ੁਰਗ ਮਾਤਾ ਦੀ ਮੌਤ ਹੋ ਗਈ। ਇਸ ਮਾਮਲੇ ਵਿਚ ਥਾਣਾ ਖਾਲੜਾ ਦੀ ਪੁਲਸ ਵੱਲੋਂ 4 ਵਿਅਕਤੀਆਂ ਨੂੰ ਨਾਮਜ਼ਦ ਕਰਦੇ ਹੋਏ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਜਾਣਕਾਰੀ ਦੇ ਅਨੁਸਾਰ ਸੁਖਵਿੰਦਰ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਪਿੰਡ ਵਾਂ ਤਾਰਾ ਸਿੰਘ ਵੱਲੋਂ ਆਪਣੀ ਤੂੜੀ ਕਿਸੇ ਵਿਅਕਤੀ ਨੂੰ ਵੇਚੀ ਗਈ ਸੀ, ਜਿਸ ਦੇ ਚੱਲਦਿਆਂ ਬੀਤੀ 13 ਸਤੰਬਰ ਨੂੰ ਸਬੰਧਤ ਵਿਅਕਤੀ ਜਦੋਂ ਤੂੜੀ ਟਰੱਕ ਵਿਚ ਲੱਦ ਰਹੇ ਸਨ ਤਾਂ ਤੂੜੀ ਉੱਡ ਕੇ ਹਰਪਾਲ ਸਿੰਘ ਪੁੱਤਰ ਬਲਕਾਰ ਸਿੰਘ ਦੇ ਖੇਤਾਂ ਵਿਚ ਪੈ ਰਹੀ ਸੀ, ਜਿਸ ਦਾ ਉਸ ਵੱਲੋਂ ਫਸਲ ਖਰਾਬ ਹੋਣ ਦਾ ਹਵਾਲਾ ਦਿੰਦੇ ਹੋਏ ਵਿਰੋਧ ਕੀਤਾ ਗਿਆ। ਇਸ ਗੱਲ ਨੂੰ ਲੈ ਕੇ ਸੁਖਵਿੰਦਰ ਸਿੰਘ ਅਤੇ ਉਸਦੇ ਪਰਿਵਾਰਕ ਮੈਂਬਰਾਂ ਵੱਲੋਂ ਉਨ੍ਹਾਂ ਨਾਲ ਝਗੜਾ ਕੀਤਾ ਗਿਆ। ਇਸ ਸਬੰਧੀ ਹੋਏ ਤਕਰਾਰ ਦੀ ਵੀਡੀਓ ਸੋਸ਼ਲ ਮੀਡੀਆ ਉਪਰ ਵੀ ਵਾਇਰਲ ਹੋ ਗਈ। ਅਗਲੇ ਦਿਨ 14 ਸਤੰਬਰ ਦੀ ਸਵੇਰ ਕਰੀਬ 6.30 ਵਜੇ ਜਦੋਂ ਉਸਦੀ ਮਾਤਾ ਬਲਵਿੰਦਰ ਕੌਰ ਗੁਰਦੁਆਰਾ ਸਾਹਿਬ ਵਿਖੇ ਮੱਥਾ ਟੇਕਣ ਜਾ ਰਹੇ ਸਨ ਤਾਂ ਰਸਤੇ ਵਿਚ ਸੁਖਵਿੰਦਰ ਸਿੰਘ ਅਤੇ ਇਸ ਦੇ ਪਰਿਵਾਰਕ ਮੈਂਬਰਾਂ ਵੱਲੋਂ ਮਾਰਕੁੱਟ ਕਰਦੇ ਹੋਏ ਮਾਤਾ ਨੂੰ ਜ਼ਖਮੀ ਕਰ ਦਿੱਤਾ ਗਿਆ, ਜਿਨ੍ਹਾਂ ਨੂੰ ਤੁਰੰਤ ਸਰਕਾਰੀ ਹਸਪਤਾਲ ਪੱਟੀ ਵਿਖੇ ਦਾਖਲ ਕਰਵਾਇਆ ਗਿਆ, ਜਿੱਥੇ ਉਨ੍ਹਾਂ ਦੀ ਮੌਤ ਹੋ ਗਈ। ਹਰਪਾਲ ਸਿੰਘ ਨੇ ਦੋਸ਼ ਲਗਾਉਂਦੇ ਹੋਏ ਕਿਹਾ ਕਿ ਸੁਖਵਿੰਦਰ ਸਿੰਘ ਦੇ ਪਰਿਵਾਰਕ ਮੈਂਬਰ ਸਰਕਾਰ ਵਿਚ ਵੱਡੀ ਪਹੁੰਚ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਨੂੰ



ਧਮਕੀਆਂ ਦੇ ਰਹੇ ਸਨ। ਜਿਸ ਦੇ ਚੱਲਦਿਆਂ ਉਹ ਜ਼ਿਲੇ ਦੇ ਐੱਸ.ਐੱਸ.ਪੀ ਪਾਸੋਂ ਇਨਸਾਫ ਦੀ ਗੁਹਾਰ ਲਗਾਉਂਦੇ ਹੋਏ ਦੋਸ਼ੀਆਂ ਖਿਲਾਫ ਸਖਤ ਕਾਰਵਾਈ ਅਤੇ ਗ੍ਰਿਫਤਾਰੀ ਦੀ ਮੰਗ ਕਰ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਖਾਲੜਾ ਦੇ ਇੰਸਪੈਕਟਰ ਰਣਜੀਤ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਵਿਚ ਹਰਪਾਲ ਸਿੰਘ ਦੇ ਬਿਆਨਾਂ ਹੇਠ ਸੁਖਵਿੰਦਰ ਸਿੰਘ ਪੁੱਤਰ ਬਲਵੀਰ ਸਿੰਘ, ਮਨਜੀਤ ਕੌਰ ਪਤਨੀ ਬਲਵੀਰ ਸਿੰਘ, ਸਾਜਨ ਪ੍ਰੀਤ ਸਿੰਘ ਪੁੱਤਰ ਸੁਖਵਿੰਦਰ ਸਿੰਘ ਅਤੇ ਨਵਪ੍ਰੀਤ ਕੌਰ ਪੁੱਤਰੀ ਸੁਖਵਿੰਦਰ ਸਿੰਘ ਵਾਸੀਆਨ ਪਿੰਡ ਵਾਂ ਤਾਰਾ ਸਿੰਘ ਦੇ ਖਿਲਾਫ ਪਰਚਾ ਦਰਜ ਕਰਦੇ ਹੋਏ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

## ਹਥਿਆਰਬੰਦ ਨੌਜਵਾਨਾਂ ਨੇ ਦੁਕਾਨਦਾਰ ਤੋਂ ਮੋਬਾਈਲ ਤੇ ਨਕਦੀ ਖੋਹੀ

ਤਰਨਤਾਰਨ 28 ਮਾਰਚ। ਸਥਾਨਕ ਮੁਹੱਲਾ ਮੁਰਾਦਪੁਰ ਵਿਖੇ ਬੀਤੀ ਸ਼ਾਮ ਮੋਟਰ ਸਾਈਕਲ ਸਵਾਰ ਹਥਿਆਰਬੰਦ ਨੌਜਵਾਨਾਂ ਵੱਲੋਂ ਇਕ ਦੁਕਾਨ ਵਿਚ ਦਾਖ਼ਲ ਹੋ ਕੇ ਦੁਕਾਨਦਾਰ ਦਾ ਮੋਬਾਈਲ ਅਤੇ ਦੋ ਹਜ਼ਾਰ ਦੀ ਨਕਦੀ ਖੋਹ ਕੇ ਲੈ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਥਾਣਾ ਸਿਟੀ ਤਰਨਤਾਰਨ ਦੀ ਪੁਲਸ ਨੇ ਅਣਪਛਾਤੇ ਮੁਲਜ਼ਮਾਂ ਦੇ ਵਿਰੁੱਧ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲਸ ਨੂੰ ਦਰਜ ਕਰਵਾਏ ਬਿਆਨ 'ਚ ਮੁਕੇਸ਼ ਕੁਮਾਰ ਪੁੱਤਰ ਲਹੌਰੀ ਰਾਮ ਵਾਸੀ ਰਾਮਦੇਵ ਕਾਲੋਨੀ ਮੁਰਾਦਪੁਰ ਨੇ ਦੱਸਿਆ ਕਿ ਬੀਤੀ ਸ਼ਾਮ ਉਹ ਆਪਣੀ ਦੁਕਾਨ 'ਤੇ ਮੌਜੂਦ ਸੀ ਤਾਂ ਵਕਤ ਕਰੀਬ 6 ਵਜੇ ਸ਼ਾਮ ਨਕਦੀ ਖੋਹ ਕੇ ਲੈ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਥਾਣਾ ਸਿਟੀ ਤਰਨਤਾਰਨ ਦੀ ਪੁਲਸ ਨੇ ਅਣਪਛਾਤੇ ਤਿੰਨ ਮੋਟਰ ਸਾਈਕਲਾਂ 'ਤੇ ਸਵਾਰ ਹੋ ਕੇ 6 ਅਣਪਛਾਤੇ ਨੌਜਵਾਨ ਹਥਿਆਰਾਂ ਨਾਲ ਲੈੱਸ ਹੋ ਕੇ ਉਸ ਦੀ ਦੁਕਾਨ 'ਚ ਆਏ ਅਤੇ ਕਿਰਪਾਨਾਂ ਤੇ ਦਾਤਰ ਦਾ ਡਰਾਵਾ ਦੇ ਕੇ ਉਸ ਦਾ ਮੋਬਾਈਲ ਖੋਹ ਲਿਆ ਅਤੇ ਦੁਕਾਨ 'ਚ ਪਏ ਕਾਊਂਟਰ ਦੇ ਗੱਲੇ 'ਚੋਂ 2 ਹਜ਼ਾਰ ਰੁਪਏ ਦੀ ਨਕਦੀ ਕੱਢ ਕੇ ਧਮਕੀਆਂ ਦਿੰਦੇ ਹੋਏ ਫਰਾਰ ਹੋ ਗਏ। ਓਧਰ ਏ.ਐੱਸ.ਆਈ. ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਅਣਪਛਾਤੇ ਮੁਲਜ਼ਮਾਂ ਵਿਰੁੱਧ ਕੇਸ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

## ਪੰਜਾਬ ਰੋਡਵੇਜ਼ ਦੀ ਵਰਕਸ਼ਾਪ 'ਚ ਲੱਗੀ ਭਿਆਨਕ ਅੱਗ, ਫਾਇਰ ਬ੍ਰਿਗੇਡ ਨੇ ਬੜੀ ਮੁਸ਼ਕਲ ਨਾਲ ਪਾਇਆ ਕਾਬੂ

ਕੌਮੀ ਪਤ੍ਰਿਕਾ

ਮੋਗਾ 28 ਮਾਰਚ। ਮੋਗਾ ਪੰਜਾਬ ਰੋਡਵੇਜ਼ ਡਿਪੂ ਦੀ ਵਰਕਸ਼ਾਪ ਵਿੱਚ ਰੱਖੇ ਪੁਰਾਣੇ (ਕੰਡਮ) ਟਾਇਰਾਂ ਵਿੱਚ ਭਿਆਨਕ ਅੱਗ ਲੱਗ ਗਈ। ਅੱਗ ਲੱਗਣ ਦਾ ਕਾਰਨ ਕਰਮਚਾਰੀਆਂ ਦੀ ਲਾਪਰਵਾਹੀ ਦੱਸੀ ਜਾ ਰਹੀ ਹੈ। ਇਹ ਟਾਇਰ ਬਿਜਲੀ ਦੀਆਂ ਤਾਰਾਂ ਦੇ ਨੇੜੇ ਰੱਖੇ ਗਏ ਸਨ ਅਤੇ ਸ਼ਾਰਟ ਸਰਕਟ ਕਾਰਨ ਟਾਇਰਾਂ ਨੂੰ ਅੱਗ ਲੱਗ ਗਈ। ਖੁਸ਼ਕਿਸਮਤੀ ਨਾਲ ਇੱਕ ਵੱਡੀ ਘਟਨਾ ਟਲ ਗਈ। ਫਾਇਰ ਬ੍ਰਿਗੇਡ ਦੀਆਂ ਤਿੰਨ ਗੱਡੀਆਂ ਨੇ ਕਾਫ਼ੀ ਮਿਹਨਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ। ਵਰਕਸ਼ਾਪ ਵਿੱਚ ਅੱਗ ਬੁਝਾਊ ਯੰਤਰ ਵੀ ਖਾਲੀ ਮਿਲੇ। ਜਾਣਕਾਰੀ ਦਿੰਦੇ ਹੋਏ ਫਾਇਰ ਬ੍ਰਿਗੇਡ ਅਧਿਕਾਰੀ ਜਗਤਾਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਲਗਭਗ 2 ਵਜੇ ਸੂਚਨਾ ਮਿਲੀ ਕਿ ਪੰਜਾਬ ਰੋਡਵੇਜ਼ ਡਿਪੂ ਦੀ ਵਰਕਸ਼ਾਪ ਵਿੱਚ ਅੱਗ ਲੱਗ ਗਈ ਹੈ। ਜਦੋਂ ਤੱਕ ਉਹ ਮੌਕੇ 'ਤੇ ਪਹੁੰਚੇ, ਅੱਗ ਭਿਆਨਕ ਰੂਪ ਧਾਰਨ ਕਰ ਚੁੱਕੀ ਸੀ। ਤਿੰਨ ਗੱਡੀਆਂ ਦੀ ਮਦਦ ਨਾਲ ਬੜੀ ਮੁਸ਼ਕਲ ਨਾਲ ਅੱਗ 'ਤੇ ਕਾਬੂ ਪਾਇਆ ਗਿਆ। ਉਨ੍ਹਾਂ ਇਹ ਵੀ ਕਿਹਾ ਕਿ ਟਾਇਰਾਂ ਦੇ ਨੇੜੇ ਇੱਕ ਬਿਜਲੀ ਦੀ ਤਾਰ ਲੰਘ ਰਹੀ ਸੀ, ਜਿਸ ਕਾਰਨ ਸ਼ਾਰਟ ਸਰਕਟ ਹੋਇਆ ਅਤੇ ਅੱਗ ਲੱਗ ਗਈ। ਇੱਕ ਵੱਡਾ ਹਾਦਸਾ ਹੋਣ ਤੋਂ ਟਲ ਗਿਆ। ਲਗਭਗ ਡੇਢ ਘੰਟੇ ਦੀ ਸਖ਼ਤ ਮਿਹਨਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ। ਉਨ੍ਹਾਂ ਇਹ ਵੀ ਕਿਹਾ ਕਿ ਇਸ ਵਰਕਸ਼ਾਪ ਦੇ ਨੇੜੇ ਇੱਕ ਪੈਟਰੋਲ ਪੰਪ ਸਥਿਤ ਹੈ ਅਤੇ ਵਰਕਸ਼ਾਪ ਵਿੱਚ ਕਈ ਬੱਸਾਂ ਵੀ ਖੜੀਆਂ ਹਨ। ਖੁਸ਼ਕਿਸਮਤੀ ਨਾਲ ਕੋਈ ਜਾਨੀ ਜਾਂ ਮਾਲੀ ਨੁਕਸਾਨ ਨਹੀਂ ਹੋਇਆ। ਇਸ ਦੌਰਾਨ ਪੰਜਾਬ ਰੋਡਵੇਜ਼ ਯੂਨੀਅਨ ਦੇ ਜਨਰਲ ਸਕੱਤਰ ਗੁਰਜੰਟ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਵਰਕਸ਼ਾਪ ਵਿੱਚ ਅੱਗ ਲੱਗਣ ਦੀ ਸੂਚਨਾ ਮਿਲੀ, ਜਿਸ ਤੋਂ ਬਾਅਦ ਉਹ ਮੌਕੇ 'ਤੇ ਪਹੁੰਚੇ। ਉਨ੍ਹਾਂ ਨੇ ਦੇਖਿਆ ਕਿ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਨੇ ਅੱਗ 'ਤੇ ਕਾਬੂ ਪਾ ਲਿਆ ਸੀ। ਇਨ੍ਹਾਂ ਟਾਇਰਾਂ ਦੀ ਨਿਲਾਮੀ ਹੋਣੀ ਸੀ, ਜੋ ਕਿ ਕਿਸੇ ਕਾਰਨ ਕਰਕੇ ਨਹੀਂ ਹੋ ਸਕੀ। ਉਨ੍ਹਾਂ ਦੱਸਿਆ ਕਿ ਜਲਦੀ ਹੀ ਉਨ੍ਹਾਂ ਦੀ ਨਿਲਾਮੀ ਕੀਤੀ ਜਾਵੇਗੀ ਅਤੇ ਟਾਇਰਾਂ ਨੂੰ ਉੱਥੋਂ ਹਟਾ ਦਿੱਤਾ ਜਾਵੇਗਾ।

## ਆਟੋ ਤੇ ਬਾਈਕ ਨੂੰ ਬਚਾਉਣ ਦੇ ਯਤਨ 'ਚ ਬੱਸ ਪਲਟੀ

ਨਵੀਂ ਦਿੱਲੀ 28 ਮਾਰਚ। ਆਟੋ-ਰਿਕਸ਼ਾ ਅਤੇ ਬਾਈਕ ਨੂੰ ਬਚਾਉਣ ਦੇ ਯਤਨ 'ਚ ਦਿੱਲੀ 'ਚ ਇਕ ਪ੍ਰਾਈਵੇਟ ਸਲੀਪਰ ਬੱਸ ਬੇਕਾਬੂ ਹੋ ਕੇ ਪਲਟ ਗਈ। ਹਾਦਸਾ ਮੰਗਲਵਾਰ ਦੇਰ ਰਾਤ ਕਰੋਲ ਬਾਗ ਇਲਾਕੇ 'ਚ ਹਨੂੰਮਾਨ ਮੰਦਰ ਗੋਲ ਚੌਂਕ ਨੇੜੇ ਵਾਪਰਿਆ, ਜਦੋਂ ਜੈਪੁਰ ਤੋਂ ਕਸ਼ਮੀਰੀ ਗੇਟ ਜਾ ਰਹੀ ਬੱਸ ਅਚਾਨਕ ਸੰਤੁਲਨ ਗੁਆ ਬੈਠੀ ਅਤੇ ਪਲਟ ਗਈ। ਇਸ ਭਿਆਨਕ ਹਾਦਸੇ 'ਚ 2 ਮੁਸਾਫ਼ਰਾਂ ਦੀ ਮੌਤ ਹੋ ਗਈ, ਜਦਕਿ 23 ਹੋਰ ਜ਼ਖ਼ਮੀ ਹੋ ਗਏ। ਘਟਨਾ ਦੀ ਸੂਚਨਾ ਮਿਲਦੇ ਹੀ ਕਰੋਲ ਬਾਗ ਥਾਣਾ ਪੁਲਸ, ਫਾਇਰ ਬ੍ਰਿਗੇਡ ਅਤੇ ਐਂਬੂਲੈਂਸ ਮੌਕੇ 'ਤੇ ਪਹੁੰਚੀਆਂ ਅਤੇ ਤੁਰੰਤ ਰੈਸਕਿਊ ਆਪ੍ਰੇਸ਼ਨ ਸ਼ੁਰੂ ਕੀਤਾ ਗਿਆ। ਬੱਸ ਨੂੰ ਸਿੱਧਾ ਕਰਨ ਲਈ ਬੁਲਡੋਜ਼ਰ ਦੀ ਸਹਾਇਤਾ ਲੈਣੀ ਪਈ। ਡਰਾਈਵਰ ਨੇ ਦੱਸਿਆ ਕਿ ਮੋਰੀ ਗੇਟ ਵੱਲ ਜਾਂਦੇ ਸਮੇਂ ਅਚਾਨਕ ਤੇਜ਼ ਰਫ਼ਤਾਰ ਨਾਲ ਇਕ ਆਟੋ-ਰਿਕਸ਼ਾ ਅਤੇ ਬਾਈਕ ਬੱਸ ਦੇ ਸਾਹਮਣੇ ਆ ਗਏ ਸਨ।

## ਬੀਮਾਰ ਸਹੁਰੇ ਦਾ ਹਾਲ-ਚਾਲ ਪੁੱਛਣ ਆਏ ਜਵਾਈ ਦੀ ਕੀਤੀ ਕੁੱਟਮਾਰ

ਫਿਰੋਜ਼ਪੁਰ 28 ਮਾਰਚ। ਆਪਣੇ ਬੀਮਾਰ ਸਹੁਰੇ ਦਾ ਹਾਲ-ਚਾਲ ਪੁੱਛਣ ਆਏ ਜਵਾਈ ਦੀ ਕੁੱਟਮਾਰ ਕਰਨ ਦੇ ਦੋਸ਼ 'ਚ ਥਾਣਾ ਸਦਰ ਫਿਰੋਜ਼ਪੁਰ ਦੀ ਪੁਲਸ ਨੇ 6 ਲੋਕਾਂ ਖ਼?ਲਾਫ਼ ਮਾਮਲਾ ਦਰਜ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਏ. ਐੱਸ. ਆਈ. ਗੁਰਨਾਮ ਸਿੰਘ ਨੇ ਦੱਸਿਆ ਕਿ ਸਿਵਲ ਹਸਪਤਾਲ ਫਿਰੋਜ਼ਪੁਰ 'ਚ ਪੁਲਸ ਨੂੰ ਦਿੱਤੇ ਬਿਆਨ 'ਚ ਸ਼ਿਕਾਇਤਕਰਤਾ ਰਣਜੀਤ ਸਿੰਘ ਪੁੱਤਰ ਸਰਵਨ ਸਿੰਘ ਵਾਸੀ ਪਿੰਡ ਸੁਰ ਸਿੰਘ ਵਾਲਾ ਨੇ ਦੋਸ਼ ਲਾਇਆ ਕਿ ਉਹ ਆਪਣੇ ਪਰਿਵਾਰ ਨਾਲ ਪਿੰਡ ਰੋਡੇ ਵਾਲਾ 'ਚ ਆਪਣੇ




ਬੀਮਾਰ ਸਹੁਰੇ ਦੀ ਸਿਹਤ ਦਾ ਹਾਲ-ਚਾਲ ਪੁੱਛਣ ਆਇਆ ਸੀ। ਜਦੋਂ ਉਹ ਆਪਣੇ ਸਹੁਰੇ ਘਰ ਗਿਆ ਤਾਂ ਉਸ ਨੇ ਦੇਖਿਆ ਕਿ ਉਸ ਦੇ ਸਹੁਰੇ ਦੇ ਸੱਟ ਲੱਗੀ ਹੋਈ ਸੀ ਅਤੇ ਸ਼ਿਕਾਇਤਕਰਤਾ ਨੇ ਜਦ ਪੁੱਛਿਆ ਕਿ ਉਸ ਦੇ ਸਹੁਰੇ ਦੇ ਸੱਟ ਕਿਵੇਂ ਲੱਗੀ ਹੈ ਤਾਂ ਤਰਸੇਮ ਸਿੰਘ, ਹਰਪ੍ਰੀਤ ਸਿੰਘ ਉਰਫ ਹੈਪੀ, ਮਨਜੀਤ ਕੌਰ, ਗੁਰਮੇਜ ਸਿੰਘ ਵਾਸੀ ਬਾਰੇ ਕੇ, ਗੁਰਮੀਤ ਸਿੰਘ ਵਾਸੀ ਪੀਰੂ ਵਾਲਾ ਅਤੇ ਇਕ ਅਣਪਛਾਤੇ ਵਿਅਕਤੀ ਨੇ ਗੁੱਸੇ 'ਚ ਆ ਕੇ ਸ਼ਿਕਾਇਤਕਰਤਾ 'ਤੇ ਆਪਣੇ ਹਥਿਆਰ ਨਾਲ ਮਾਰ ਦੇਣ ਦੀ ਨੀਅਤ 'ਤੇ ਉਸ ਤੇ ਹਮਲਾ ਕਰ ਦਿੱਤਾ ਅਤੇ ਉਸ ਦੀ ਕੁੱਟਮਾਰ ਕੀਤੀ ਅਤੇ ਲੋਕਾਂ ਨੂੰ ਇਕੱਠਾ ਹੁੰਦੇ ਦੇਖ ਕੇ ਉਹ ਆਪਣੇ ਹਥਿਆਰਾਂ ਸਮੇਤ ਉਥੋਂ ਭੱਜ ਗਏ। ਏ. ਐੱਸ. ਆਈ. ਗੁਰਨਾਮ ਸਿੰਘ ਨੇ ਦੱਸਿਆ ਕਿ ਪੁਲਸ ਵੱਲੋਂ ਨਾਮਜ਼ਦ ਮੁਲਜ਼ਮਾਂ ਖ਼?ਲਾਫ਼ ਮਾਮਲਾ ਦਰਜ ਕਰ ਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਈਵੀਐਮ ਵੋਟ ਪੱਤਰਾਂ ਨੂੰ ਵੱਧ ਪੜਨਯੋਗ ਬਨਾਉਣ ਲਈ ਚੋਣ ਕਮਿਸ਼ਨ ਨੇ ਦਿਸ਼ਾ-ਨਿਰਦੇਸ਼ਾਂ ਵਿੱਚ ਕੀਤਾ ਸੋਧ - ਏ. ਸ਼ਰੀਨਿਵਾਸ

ਚੰਡੀਗੜ੍ਹ, 28 ਮਾਰਚ। ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਸ੍ਰੀ ਏ ਸ਼?ਰੀਨਿਵਾਸ ਨੇ ਦਸਿਆ ਕਿ ਭਾਰਤ ਚੋਣ ਕਮਿਸ਼ਨ (ਈਸੀਆਈ) ਨੇ ਈਵੀਐਮ ਵੋਟ ਪੱਤਰਾਂ ਦੀ ਸਪਸ਼ਟਤਾ ਅਤੇ ਪੜਨਯੋਗਤਾ ਨੂੰ ਵਧਾਉਣ ਲਈ ਚੋਣ ਸੰਚਾਲਨ ਨਿਯਮ, 1961 ਦੇ ਨਿਯਮ 49ਵੀਂ ਤਹਿਤ ਈਵੀਐਮ ਵੋਟ ਪੱਤਰਾਂ ਦੇ ਡਿਜਾਇਨ ਅਤੇ ਪ੍ਰਿੰਟਿੰਗ ਤਹਿਤ ਮੌਜੂਦਾ ਦਿਸ਼ਾ-ਨਿਰਦੇਸ਼ਾਂ ਵਿੱਚ ਸੋਧ ਕੀਤਾ ਹੈ। ਉਨ੍ਹਾਂ ਨੇ ਦਸਿਆ ਕਿ ਇਹ ਪਹਿਲ ਚੋਣ ਪ੍ਰਕ੍ਰਿਆਵਾਂ ਨੂੰ ਸਹੀ ਢੰਗ ਅਤੇ ਬਿਹਤਰ ਬਨਾਉਣ ਅਤੇ ਵੋਟਰਾਂ ਦੀ ਸਹੂਲਤ ਵਧਾਉਣ ਲਈ ਪਿਛਲੇ 6 ਮਹੀਨਿਆਂ ਵਿੱਚ ਈਸੀਆਈ ਵੱਲੋਂ ਪਹਿਲਾਂ ਹੀ ਕੀਤੀ ਜਾ ਚੁੱਕੀ 28 ਪਹਿਲਾਂ ਦੇ ਅਨੁਰੂਪ ਹੈ। ਹੁਣ ਤੋਂ, ਈਵੀਐਮ ਵੋਟ ਪੱਤਰ 'ਤੇ ਉਮੀਦਵਾਰਾਂ ਦੀ ਤਸਵੀਰ ਰੰਗੀਨ ਛਪੀ ਹੋਵੇਗੀ ਅਤੇ ਬਿਹਤਰ ਵਿਜੀਬਿਲਿਟੀ ਲਹੀ ਉਮੀਦਵਾਰ ਦਾ ਚਿਹਰਾ ਫੋਟੋ ਦੇ ਤਿੰਨ-ਚੌਥਾਈ ਹਿੱਸੇ 'ਤੇ ਹੋਵੇਗਾ। ਸ੍ਰੀ ਏ. ਸ਼?ਰੀਨਿਵਾਸ ਨੇ ਦਸਿਆ ਕਿ ਉਮੀਦਵਾਰਾਂ/ਨੋਟਾ ਦੇ ਕ੍ਰਮ ਭਾਰਤੀ ਨੰਬਰਾਂ ਦੇ ਕੌਮਾਂਤਰੀ ਰੂਪ ਵਿੱਚ ਪ੍ਰਿੰਟ ਕੀਤੇ ਜਾਣਗੇ ਅਤੇ ਸਪਸ਼ਟਾ ਲਈ ਫਾਂਟ ਦਾ ਆਕਾਰ 30 ਹੋਵੇਗਾ ਅਤੇ ਬੋਲਡ ਵਿੱਚ ਹੋਵੇਗਾ। ਇਕਰੂਪਤਾ ਯਕੀਨੀ ਕਰਨ ਲਈ, ਸਾਰੇ ਉਮੀਦਵਾਰਾਂ/ਨੋਟਾ ਦੇ ਨਾਮ ਇੱਕ ਹੀ ਫਾਂਟ ਤਰ੍ਹਾ ਅਤੇ ਫਾਂਨ ਆਕਾਰ ਵਿੱਚ ਪ੍ਰਿੰਟ ਕੀਤੇ ਜਾਣਗੇ ਤਾਂ ਜੋ ਆਸਾਨੀ ਨਾਲ ਪੜਿਆ ਜਾ ਸਕੇ। ਉਨ੍ਹਾਂ ਨੇ ਦਸਿਆ ਕਿ ਈਵੀਐਮ ਵੋਟਪੱਤਰ 70 ਜੀਐਸਐਮ ਕਾਗਜ਼ 'ਤੇ ਪਿ?ਰੰਟ ਕੀਤੇ ਜਾਣਗੇ। ਵਿਧਾਨਸਭਾ ਚੋਣ ਲਹੀ, ਨਿਰਦੇਸ਼ ਆਰਜੀਬੀ ਮਾਨ ਵਾਲੇ ਗੁਲਾਬੀ ਰੰਗ ਦੇ ਕਾਗਜ਼ ਦੀ ਵਰਤੋ ਕੀਤੀ ਜਾਵੇਗੀ। ਅਗਾਮੀ ਚੋਣ ਵਿੱਚ ਉਕਤ ਈਵੀਐਮ ਵੋਟਪੱਤਰਾਂ ਦੀ ਵਰਤੋ ਕੀਤੀ ਜਾਵੇਗੀ, ਜਿਸ ਦੀ ਸ਼ੁਰੂਆਤ ਬਿਹਾਰ ਤੋਂ ਹੋਵੇਗੀ।

# ਨਵੀਂ ਕਾਲੋਨੀ ਦੀ ਉਸਾਰੀ ਦੌਰਾਨ ਕੱਟੇ ਗਏ ਰੁੱਖ, ਨਗਰ ਕੌਂਸਲ ਨੇ ਨੋਟਿਸ ਕੀਤਾ ਜਾਰੀ

ਕੌਮੀ ਪਤ੍ਰਿਕਾ

ਦੀਨਾਨਗਰ 28 ਮਾਰਚ। ਜਿੱਥੇ ਸਰਕਾਰ ਅਤੇ ਪ੍ਰਸ਼ਾਸਨ ਵਾਤਾਵਰਣ ਸੁਰੱਖਿਆ ਲਈ ਲਗਾਤਾਰ ਜਾਗਰੂਕਤਾ ਮੁਹਿੰਮਾਂ ਚਲਾ ਰਹੇ ਹਨ ਅਤੇ ਲੋਕਾਂ ਨੂੰ ਹੋਰ ਰੁੱਖ ਲਗਾਉਣ ਲਈ ਉਤਸ਼ਾਹਿਤ ਕਰ ਰਹੇ ਹਨ, ਉੱਥੇ ਹੀ ਕੁਝ ਵਿਅਕਤੀ ਨਿਯਮਾਂ ਦੀ ਅਣਦੇਖੀ ਕਰ ਰਹੇ ਹਨ ਅਤੇ ਵਾਤਾਵਰਣ ਨੂੰ ਨੁਕਸਾਨ ਪਹੁੰਚਾ ਰਹੇ ਹਨ। ਤਾਜ਼ਾ ਘਟਨਾ ਦੀਨਾਨਗਰ ਵਿੱਚ ਕੋੜ੍ਹੀ ਆਸ਼ਰਮ ਰੋਡ ਦੇ ਪਿੱਛੇ ਵਿਕਸਤ ਕੀਤੀ ਜਾ ਰਹੀ ਇੱਕ ਨਵੀਂ ਕਲੋਨੀ ਨਾਲ ਸਬੰਧਤ ਹੈ। ਜਾਣਕਾਰੀ ਅਨੁਸਾਰ , ਕਾਲੋਨੀ ਵਿਕਸਤ ਕਰਨ ਵਾਲੇ ਲੋਕਾਂ ਨੇ ਆਪਣੀ ਜ਼ਮੀਨ ਦੇ ਨਾਲ-ਨਾਲ ਨਗਰ ਕੌਂਸਲ ਦੀ ਜ਼ਮੀਨ 'ਤੇ ਕਈ ਰੁੱਖ ਕੱਟ ਦਿੱਤੇ। ਦੱਸਿਆ ਜਾ ਰਿਹਾ ਹੈ ਕਿ ਇਸ ਕਾਰਵਾਈ ਨੇ ਸਰਕਾਰੀ ਟੋਇਆਂ ਅਤੇ ਵਿਭਾਗ ਦੁਆਰਾ ਬਣਾਈ ਗਈ ਇੱਕ ਇਮਾਰਤ ਨੂੰ ਵੀ ਨੁਕਸਾਨ ਪਹੁੰਚਾਇਆ। ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ, ਦੀਨਾਨਗਰ ਨਗਰ ਕੌਂਸਲ ਨੇ ਕਲੋਨੀ ਦੇ ਮਾਲਕਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਹੈ। ਕੌਂਸਲ ਨੇ ਇਹ ਵੀ ਕਿਹਾ ਕਿ ਕਲੋਨੀ ਗੈਰ-ਕਾਨੂੰਨੀ ਢੰਗ ਨਾਲ ਵਿਕਸਤ ਕੀਤੀ ਜਾ ਰਹੀ ਹੈ ਅਤੇ ਵਿਭਾਗ ਤੋਂ ਕੋਈ ਇਜਾਜ਼ਤ ਨਹੀਂ ਲਈ ਗਈ ਹੈ। ਕਲੋਨੀਆਂ ਨੂੰ ਕੱਟਣਾ ਅਤੇ ਬਿਨਾਂ ਇਜਾਜ਼ਤ ਦੇ ਰੁੱਖ ਕੱਟਣਾ ਨਿਯਮਾਂ ਦੀ ਸਿੱਧੀ ਉਲੰਘਣਾ ਹੈ। ਨੋਟਿਸ ਵਿੱਚ ਚੇਤਾਵਨੀ ਦਿੱਤੀ ਗਈ ਹੈ ਕਿ ਜੇਕਰ ਨਿਰਧਾਰਤ ਸਮੇਂ ਦੇ ਅੰਦਰ ਤਸੱਲੀਬਖਸ਼ ਜਵਾਬ ਨਹੀਂ ਦਿੱਤਾ ਜਾਂਦਾ ਹੈ, ਤਾਂ ਸਬੰਧਤ ਵਿਅਕਤੀਆਂ ਵਿਰੁੱਧ ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ ਐਕਟ 1995 (ਸੋਧਿਆ 2014) ਦੀ ਧਾਰਾ 39 ਤਹਿਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਸਥਾਨਕ ਨਿਵਾਸੀਆਂ ਅਤੇ ਵਾਤਾਵਰਣ ਪ੍ਰੇਮੀਆਂ ਨੇ ਇਸ ਘਟਨਾ 'ਤੇ ਚਿੰਤਾ ਪ੍ਰਗਟ ਕਰਦੇ ਹੋਏ ਕਿਹਾ ਹੈ ਕਿ ਅੰਨ੍ਹੇਵਾਹ ਰੁੱਖਾਂ ਦੀ ਕਟਾਈ ਵਾਤਾਵਰਣ ਸੰਤੁਲਨ ਨੂੰ ਵਿਗਾੜਦੀ ਹੈ ਅਤੇ ਸਰਕਾਰੀ ਜਾਇਦਾਦ ਨੂੰ ਨੁਕਸਾਨ ਪਹੁੰਚਾਉਂਦੀ ਹੈ। ਉਨ੍ਹਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਮਾਮਲੇ ਦੀ ਨਿਰਪੱਖ ਜਾਂਚ ਕੀਤੀ ਜਾਵੇ ਅਤੇ ਆਰੋਪੀਆ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ, ਤਾਂ ਜੋ ਭਵਿੱਖ ਵਿੱਚ ਕੋਈ ਵੀ ਵਾਤਾਵਰਣ ਨੂੰ ਨੁਕਸਾਨ ਪਹੁੰਚਾਉਣ ਦੀ ਹਿੰਮਤ ਨਾ ਕਰੇ। ਇਹ ਦੇਖਣਾ ਬਾਕੀ ਹੈ ਕਿ ਨਗਰ ਕੌਂਸਲ ਵੱਲੋਂ ਜਾਰੀ ਨੋਟਿਸ ਤੋਂ ਬਾਅਦ ਵਿਭਾਗ ਕੀ ਠੋਸ ਕਦਮ ਚੁੱਕਦਾ ਹੈ, ਅਤੇ ਕੀ ਅਸਲ ਵਿੱਚ ਆਰੋਪੀਆ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ, ਜਾਂ ਕੀ ਵਾਤਾਵਰਣ ਸੁਰੱਖਿਆ ਸਿਰਫ਼ ਨਾਅਰਿਆਂ ਅਤੇ ਸ਼ਬਦਾਂ ਤੱਕ ਸੀਮਤ ਰਹੇਗੀ। ਇਸ ਸਬੰਧੀ ਜਦੋਂ ਨਗਰ ਕੌਂਸਲ ਦੀਨਾਨਗਰ ਦੇ ਕਾਰਜਸਾਧਕ ਅਫ਼ਸਰ (5®) ਵਿਜੈ ਡੋਗਰਾ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਪੁਸ਼ਟੀ ਕੀਤੀ ਕਿ ਉਕਤ ਕਾਲੋਨੀ ਵਿੱਚ ਨਿਯਮਾਂ ਦੀ ਉਲੰਘਣਾ ਕਰਦਿਆਂ ਬਿਨਾਂ ਕਿਸੇ ਵਿਭਾਗੀ ਇਜਾਜ਼ਤ ਦੇ ਦਰੱਖਤ ਕੱਟੇ ਗਏ ਹਨ। ਉਨ੍ਹਾਂ ਕਿਹਾ, ਇਹ ਮਾਮਲਾ ਸਾਡੇ ਧਿਆਨ ਵਿੱਚ ਆ ਚੁੱਕਾ ਹੈ ਅਤੇ ਕਾਲੋਨੀ ਮਾਲਕਾਂ ਵੱਲੋਂ ਕੀਤੀ ਗਈ ਇਸ ਗੈਰ-ਕਨੂੰਨੀ ਕਾਰਵਾਈ ਨੂੰ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ। ਈ.ਓ. ਡੋਗਰਾ ਅਤੇ ਮਦਨ ਕੁਮਾਰ ਨੇ ਅੱਗੇ ਦੱਸਿਆ ਕਿ ਵਿਭਾਗ ਵੱਲੋਂ ਸਬੰਧਤ ਕਾਲੋਨੀ ਮਾਲਕਾਂ ਨੂੰ ਕਾਰਨ ਦੱਸੋ ਨੋਟਿਸ ਜਾਰੀ ਕਰ ਦਿੱਤੇ ਗਏ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਸਰਕਾਰੀ ਨਿਯਮਾਂ ਦੀ ਉਲੰਘਣਾ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ

## ਮੋਟਰਸਾਈਕਲਾਂ ਦੀ ਆਹਮੋ-ਸਾਹਮਣੇ ਟੱਕਰ 'ਚ ਸਾਬਕਾ ਸਰਪੰਚ ਸਮੇਤ 2 ਦੀ ਮੌਤ

ਮਾਨਸਾ 28 ਮਾਰਚ। ਮਾਨਸਾ ਜ਼ਿਲ੍ਹੇ ਦੇ ਪਿੰਡ ਖਿਆਲਾ ਕਲਾਂ 'ਚ ਸੜਕ ਹਾਦਸੇ ਦੌਰਾਨ ਇਕ ਸਾਬਕਾ ਸਰਪੰਚ ਸਮੇਤ 2 ਲੋਕਾਂ ਦੀ ਮੌਤ ਹੋ ਗਈ। ਜਾਣਕਾਰੀ ਅਨੁਸਾਰ ਇਹ ਹਾਦਸਾ ਉਸ ਸਮੇਂ ਵਾਪਰਿਆ, ਜਦੋਂ ਦੋ ਮੋਟਰਸਾਈਕਲ ਇਕ ਬੱਸ ਨੂੰ ਓਵਰਟੇਕ ਕਰਦੇ ਸਮੇਂ ਟਕਰਾ ਗਏ। ਠੂਠਿਆਂਵਾਲੀ ਚੌਂਕੀ ਪੁਲਸ ਨੇ ਦੋਹਾਂ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਕਬਜ਼ੇ 'ਚ ਲੈ ਲਿਆ ਅਤੇ ਸਿਲ ਹਸਪਤਾਲ ਲਿਜਾਣ ਤੋਂ ਬਾਅਦ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ। ਮ੍ਰਿਤਕਾਂ ਦੀ ਪਛਾਣ ਕੁਲਦੀਪ ਸਿੰਘ (26) ਤੇ ਸਾਬਕਾ ਸਰਪੰਚ ਬਿੱਕਰ ਸਿੰਘ (75) ਵਜੋਂ ਹੋਈ ਹੈ। ਜਾਣਕਾਰੀ ਅਨੁਸਾਰ ਅਨੁਸਾਰ ਕੁਲਦੀਪ ਸਿੰਘ ਮਾਨਸਾ ਤੋਂ ਆਪਣੇ ਪਿੰਡ ਭੂਪਾਲ ਜਾ ਰਿਹਾ ਸੀ। ਪਿੰਡ ਖਿਆਲਾ ਨੇੜੇ ਬੱਸ ਨੂੰ ਓਵਰਟੇਕ ਕਰਦੇ ਸਮੇਂ ਉਸ ਦਾ ਮੋਟਰਸਾਈਕਲ ਸਾਬਕਾ ਸਰਪੰਚ ਬਿੱਕਰ ਸਿੰਘ ਦੇ ਮੋਟਰਸਾਈਕਲ ਨਾਲ ਟਕਰਾ ਗਿਆ, ਜੋ ਕਿ ਆਪਣੇ ਘਰੋਂ ਬਾਹਰ ਆ ਰਿਹਾ ਸੀ। ਇਸ ਟੱਕਰ ਦੌਰਾਨ ਦੋਹਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪੁਲਸ ਸਟੇਸ਼ਨ ਇੰਚਾਰਜ ਦੀਪ ਸਿੰਘ ਨੇ ਦੱਸਿਆ ਕਿ ਪੁਲਸ ਨੇ ਦੋਹਾਂ ਪਰਿਵਾਰਾਂ ਦੇ ਬਿਆਨ ਦਰਜ ਕਰ ਲਏ ਹਨ ਅਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਕੈਨੇਡਾ ਦਾ ਟੂਰਿਸਟ ਵੀਜ਼ਾ ਲਗਵਾਉਣ ਦੇ ਨਾਂ 'ਤੇ ਮਾਰੀ 1.40 ਲੱਖ ਦੀ ਠੱਗੀ

ਲੁਧਿਆਣਾ 28 ਮਾਰਚ। ਥਾਣਾ ਡਵੀਜ਼ਨ ਨੰਬਰ 8 ਦੀ ਪੁਲਸ ਨੇ ਇਕ ਮੁਲਜ਼ਮ ਖਿਲਾਫ ਮਾਮਲਾ ਦਰਜ ਕੀਤਾ ਹੈ, ਜਿਸ ਨੇ ਸ਼ਿਕਾਇਤਕਰਤਾ ਅਤੇ ਉਸ ਦੀ ਪਤਨੀ ਨੂੰ ਕੈਨੇਡਾ ਦਾ ਟੂਰਿਸਟ ਵੀਜ਼ਾ ਲਗਵਾਉਣ ਦਾ ਝਾਂਸਾ ਦੇ ਕੇ 1,40,000 ਰੁਪਏ ਦੀ ਠੱਗੀ ਮਾਰੀ। ਸ਼ਿਕਾਇਤਕਰਤਾ ਗਗਨਦੀਪ ਅਰੋੜਾ ਵਾਸੀ ਦੁਰਗਾਪੁਰੀ ਹੈਬੋਵਾਲ ਨੇ ਪੁਲਸ ਸ਼ਿਕਾਇਤ 'ਚ ਦੱਸਿਆ ਕਿ ਉਹ ਅਤੇ ਉਸ ਦੀ ਪਤਨੀ ਕੈਨੇਡਾ ਘੁੰਮਣ ਜਾਣਾ ਚਾਹੁੰਦੇ ਸਨ। ਇਸ ਦੌਰਾਨ ਉਨ੍ਹਾਂ ਦੀ ਮੁਲਾਕਾਤ ਮੁਲਜ਼ਮ ਨਾਲ ਹੋਈ। ਮੁਲਜ਼ਮ ਨੇ ਖੁਦ ਨੂੰ ਮੈਨੇਜਿੰਗ ਡਾਇਰੈਕਟਰ ਐੱਮ. ਐੱਸ. ਸਟਾਫਿੰਗ ਇੰਟਰਨੈਸ਼ਨਲ (ਸੈਕਟਰ-34-ਏ ਚੰਡੀਗੜ੍ਹ) ਦਾ ਅਧਿਕਾਰੀ ਦੱਸਦੇ ਹੋਏ ਭਰੋਸਾ ਦਿੱਤਾ ਕਿ ਉਹ ਉਨ੍ਹਾਂ ਲਈ ਕੈਨੇਡਾ ਟੂਰਿਸਟ ਵੀਜ਼ਾ ਲਵਾ ਦੇਵੇਗਾ। ਮੁਲਜ਼ਮ ਗਗਨ ਖਹਿਰਾ ਨੇ ਵੀਜ਼ਾ ਪ੍ਰਕਿਰਿਆ ਪੂਰੀ ਕਰਨ ਦੇ ਨਾਂ 'ਤੇ 1,40,000 ਰੁਪਏ ਲਏ ਪਰ ਨਾ ਤਾਂ ਵੀਜ਼ਾ ਲਗਵਾਇਆ ਅਤੇ ਨਾ ਹੀ ਪੈਸੇ ਵਾਪਸ ਕੀਤੇ। ਜਦੋਂ ਸ਼ਿਕਾਇਤਕਰਤਾ ਨੇ ਪੈਸੇ ਵਾਪਸ ਮੰਗੇ ਤਾਂ ਮੁਲਜ਼ਮ ਨੇ ਟਾਲ-ਮਟੋਲ ਕਰਨਾ ਸ਼ੁਰੂ ਕਰ ਦਿੱਤਾ ਅਤੇ ਬਾਅਦ 'ਚ ਧਮਕੀਆਂ ਵੀ ਦਿੱਤੀਆਂ। ਸ਼ਿਕਾਇਤ ਮਿਲਣ 'ਤੇ ਥਾਣਾ ਡਵੀਜ਼ਨ ਨੰਬਰ 8 ਦੀ ਪੁਲਸ ਨੇ ਜਾਂਚ ਤੋਂ ਬਾਅਦ ਮੁਲਜ਼ਮ ਖਿਲਾਫ ਮਾਮਲਾ ਦਰਜ ਕਰ ਲਿਆ ਹੈ। ਪੁਲਸ ਨੇ ਕਿਹਾ ਕਿ ਫ਼ਰਾਰ ਮੁਲਜ਼ਮ ਦੀ ਭਾਲ ਵਿੱਚ ਛਾਪੇਮਾਰੀ ਜਾਰੀ ਹੈ ਅਤੇ ਉਸ ਨੂੰ ਜਲਦ ਹੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ।

## ਲੁਧਿਆਣਾ-ਬਰਨਾਲਾ ਹਾਈਵੇਅ 'ਤੇ ਵਾਪਰਿਆ ਦਰਦਨਾਕ ਹਾਦਸਾ ! ਜੀਜੇ-ਸਾਲੇ ਦੀ ਹੋਈ ਮੌਤ

ਮਹਿਲ ਕਲਾਂ 28 ਮਾਰਚ। ਬੀਤੀ ਰਾਤ ਲੁਧਿਆਣਾ-ਬਰਨਾਲਾ ਮੁੱਖ ਮਾਰਗ 'ਤੇ ਪਿੰਡ ਨਿਹਾਲੂਵਾਲ ਅਤੇ ਗੰਗੋਹਰ ਦੇ ਦਰਮਿਆਨ ਵਾਪਰੇ ਸੜਕ ਹਾਦਸੇ 'ਚ ਜੀਜੇ-ਸਾਲੇ ਦੀ ਮੌਤ ਹੋ ਗਈ, ਜਦਕਿ ਇਕ ਵਿਅਕਤੀ ਜ਼ਖਮੀ ਹੋ ਗਿਆ। ਜਾਣਕਾਰੀ ਦਿੰਦਿਆਂ ਥਾਣਾ ਮਹਿਲ ਕਲਾਂ ਦੇ ਏ. ਐੱਸ.




ਆਈ. ਗੁਰਮੇਲ ਸਿੰਘ ਨੇ ਦੱਸਿਆ ਕਿ ਇਕ ਆਲਟੋ ਕਾਰ ਰਾਏਕੋਟ ਤੋਂ ਮਹਿਲ ਕਲਾਂ ਵੱਲ ਆ ਰਹੀ ਸੀ। ਜਦੋਂ ਕਾਰ ਪਿੰਡ ਨਿਹਾਲੂਵਾਲ ਅਤੇ ਗੰਗੋਹਰ ਵਿਚਕਾਰ ਪਹੁੰਚੀ ਤਾਂ ਕਿਸੇ ਅਣਪਛਾਤੇ ਵਾਹਨ ਨੇ ਟੱਕਰ ਮਾਰ ਦਿੱਤੀ। ਟੱਕਰ ਇੰਨੀ ਜ਼ੋਰਦਾਰ ਸੀ ਕਿ ਕਾਰ 'ਚ ਸਵਾਰ ਤਿੰਨੋਂ ਵਿਅਕਤੀ ਜ਼ਖਮੀ ਹੋ ਗਏ। ਏ. ਐੱਸ. ਆਈ. ਨੇ ਦੱਸਿਆ ਕਿ ਮਹਿਲ ਕਲਾਂ ਦਾ ਲਖਵਿੰਦਰ ਸਿੰਘ (28) ਪੁੱਤਰ ਜਗਰਾਜ ਸਿੰਘ ਅਤੇ ਉਸ ਦਾ ਸਾਲਾ ਦਿਨੇਸ਼ ਕੁਮਾਰ ਵਾਸੀ ਅਮਲੋਹ ਗੰਭੀਰ ਸੱਟਾਂ ਕਾਰਨ ਇਲਾਜ ਲਈ ਲੁਧਿਆਣਾ ਦੇ ਨਿੱਜੀ ਹਸਪਤਾਲ 'ਚ ਭੇਜੇ ਗਏ, ਜਿੱਥੇ ਦੋਵੇਂ ਨੇ ਜ਼ਖਮਾਂ ਦੀ ਤਾਬ ਨਾ ਸਹਾਰਿਆਂ ਦਮ ਤੋੜ ਦਿੱਤਾ। ਤੀਜਾ ਸਾਥੀ ਗੌਰਵ ਸਿੰਗਲਾ ਵਾਸੀ ਮਹਿਲ ਕਲਾਂ ਵੀ ਜ਼ਖਮੀ ਹੋਇਆ, ਜਿਸ ਦਾ ਇਲਾਜ ਬਰਨਾਲਾ ਹਸਪਤਾਲ 'ਚ ਚੱਲ ਰਿਹਾ ਹੈ।

# ਪੰਜਾਬ ਤੋਂ ਸ਼ੁਰੂ ਹੋਈ ਅੰਮ੍ਰਿਤ ਭਾਰਤ ਰੇਲਗੱਡੀ, ਯਾਤਰੀਆਂ ਦੀਆਂ ਲੱਗਣਗੀਆਂ ਮੌਜਾਂ

ਕੌਮੀ ਪਤ੍ਰਿਕਾ

ਜੈਤੋ 28 ਮਾਰਚ। ਫਿਰੋਜ਼ਪੁਰ ਰੇਲਵੇ ਡਿਵੀਜ਼ਨ ਮੈਨੇਜਰ ਸੰਜੀਵ ਕੁਮਾਰ ਨੇ ਕਿਹਾ ਕਿ ਰੇਲਵੇ ਯਾਤਰੀਆਂ ਦੀ ਸੁਵਿਧਾਜਨਕ ਆਵਾਜਾਈ ਲਈ ਛਹਿਰਟਾ ਅਤੇ ਸਹਰਸਾ ਵਿਚਕਾਰ ਇੱਕ ਨਵੀਂ ਅੰਮ੍ਰਿਤ ਭਾਰਤ ਹਫਤਾਵਾਰੀ ਰੇਲ ਸੇਵਾ ਸ਼ੁਰੂ ਕੀਤੀ ਜਾ ਰਹੀ ਹੈ। ਇਸ ਰੇਲ ਸੇਵਾ ਦੇ ਨਿਯਮਤ ਸੰਚਾਲਨ ਨਾਲ, ਇਸ ਰੂਟ 'ਤੇ ਰੇਲਵੇ ਯਾਤਰੀਆਂ ਦੀ ਯਾਤਰਾ ਹੋਰ ਵੀ ਸੁਚਾਰੂ ਅਤੇ ਪਹੁੰਚਯੋਗ ਹੋ ਜਾਵੇਗੀ। ਛਹਿਰਟਾ ਅਤੇ ਸਹਰਸਾ ਵਿਚਕਾਰ ਨਵੀਂ ਅੰਮ੍ਰਿਤ ਭਾਰਤ ਹਫਤਾਵਾਰੀ ਰੇਲ ਸੇਵਾ ਹੇਠ ਲਿਖੇ ਅਨੁਸਾਰ ਚਲਾਈ ਜਾਵੇਗੀ। ਛਹਿਰਟਾ ਅਤੇ ਸਹਰਸਾ ਵਿਚਕਾਰ ਨਵੀਂ ਅੰਮ੍ਰਿਤ ਭਾਰਤ ਹਫਤਾਵਾਰੀ ਰੇਲ ਸੇਵਾ 14628 ਨਿਯਮਤ ਤੌਰ 'ਤੇ 20-09-2025 ਤੋਂ ਚਲਾਈ ਜਾ ਰਹੀ ਹੈ। ਰੇਲਗੱਡੀ ਨੰਬਰ 14628 ਹਰ ਸ਼ਨੀਵਾਰ ਛਹਿਰਟਾ ਤੋਂ ਸਹਰਸਾ ਲਈ ਰਵਾਨਾ ਹੋਵੇਗੀ। ਰੇਲਗੱਡੀ ਨੰਬਰ 14628 ਛਹਿਰਟਾ ਤੋਂ ਰਾਤ 11:20 ਵਜੇ ਰਵਾਨਾ ਹੋਵੇਗੀ ਅਤੇ ਲਗਭਗ 35 ਘੰਟਿਆਂ ਦੀ ਯਾਤਰਾ ਤੋਂ ਬਾਅਦ ਸਵੇਰੇ 10:00 ਵਜੇ



ਸਹਰਸਾ ਪਹੁੰਚੇਗੀ। ਅੰਮ੍ਰਿਤ ਭਾਰਤ ਸਪਤਾਹਿਕ ਰੇਲਗੱਡੀ 14627 ਨਿਯਮਿਤ ਤੌਰ 'ਤੇ 22-09-2025 ਤੋਂ ਚਲਾਈ ਜਾ ਰਹੀ ਹੈ। ਟਰੇਨ ਨੰਬਰ 14627 ਹਰ ਸੋਮਵਾਰ ਨੂੰ ਸਹਰਸਾ ਤੋਂ ਛੇਹਰਟਾ ਤੱਕ ਚੱਲੇਗੀ। ਟਰੇਨ ਨੰਬਰ 14627 ਸਹਰਸਾ ਤੋਂ ਦੁਪਹਿਰ 1:00 ਵਜੇ ਰਵਾਨਾ ਹੋਵੇਗੀ ਅਤੇ ਲਗਭਗ 38 ਘੰਟੇ ਦੇ ਸਫ਼ਰ ਤੋਂ ਬਾਅਦ ਸਵੇਰੇ 3:20 ਵਜੇ ਛੇਹਰਟਾ ਪਹੁੰਚੇਗੀ। ਰੂਟ 'ਚ, ਇਹ ਅੰਮ੍ਰਿਤ ਭਾਰਤ ਸਪਤਾਹਿਕ ਐਕਸਪ੍ਰੈਸ ਅੰਮ੍ਰਿਤਸਰ, ਬਿਆਸ, ਜਲੰਧਰ ਸਿਟੀ, ਫਗਵਾੜਾ, ਢੰਡਾਰੀ ਕਲਾਂ, ਸਰਹਿੰਦ, ਰਾਜਪੁਰਾ, ਅੰਬਾਲਾ ਕੈਂਟ, ਯਮੁਨਾਨਗਰ ਜਗਾਧਰੀ, ਸਹਾਰਨਪੁਰ, ਰੁੜਕੀ, ਮੁਰਾਦਾਬਾਦ, ਚੰਦੌਸੀ, ਸੀਤਾਪੁਰ, ਬੁੱਢੇਵਾਲ, ਗੋਂਦਾ, ਮਾਣਕਪੁਰ, ਬਸਤੀ, ਖਲੀਲਾਬਾਦ, ਗੋਰਖਪੁਰ, ਕਪਤਾਨਗੰਜ, ਸਿਸਵਾ ਬਾਜ਼ਾਰ, ਨਰਕਟੀਆਗੰਜ, ਸਿਕਤਾ, ਰਕਸੌਲ, ਸੀਤਾਮੜੀ, ਸ਼ਿਸ਼ੋ, ਸਕਰੀ, ਝਾਂਝਰਪੁਰ, ਨਿਰਮਲੀ, ਸਰਾਏਗੜ੍ਹ ਅਤੇ ਸੁਪੌਲ ਰੇਲਵੇ ਸਟੇਸ਼ਨ ਦੋਵੇਂ ਦਿਸ਼ਾਵਾਂ 'ਚ ਰੁਕੇਗੀ। ਇਸ ਅੰਮ੍ਰਿਤ ਭਾਰਤ ਵੀਕਲੀ ਐਕਸਪ੍ਰੈਸ ਵਿੱਚ 8 ਸਲੀਪਰ ਕਲਾਸ ਕੋਚ, 11 ਜਨਰਲ ਕਲਾਸ ਕੋਚ ਹਨ ਅਤੇ ਇੱਕ ਪੈਂਟਰੀ ਕਾਰ ਦੀ ਸਹੂਲਤ ਵੀ ਉਪਲਬਧ ਹੈ।

## ਵਾਤਾਵਰਨ, ਵਨ ਅਤੇ ਜੰਗਲੀ ਪਸ਼ੂ ਮੰਤਰੀ ਰਾਓ ਨਰਬੀਰ ਸਿੰਘ ਨੇ ਸੇਵਾ ਪੱਖਵਾੜਾ ਤਹਿਤ ਹਿਸਾਰ ਵਿੱਚ ਕੀਤਾ ਪੌਧਾਰੋਪਣ

ਚੰਡੀਗੜ੍ਹ, 28 ਮਾਰਚ। ਹਰਿਆਣਾ ਦੇ ਵਾਤਾਵਰਨ, ਵਨ ਅਤੇ ਜੰਗਲੀ ਪਸ਼ੂ ਮੰਤਰੀ ਰਾਓ ਨਰਬੀਰ ਸਿੰਘ ਨੇ ਕਿਹਾ ਕਿ ਵਾਤਾਵਰਨ ਸਰੰਖਣ ਨੂੰ ਵਧਾਵਾ ਦੇਣ ਲਈ ਕਾਗਜੀ ਸਨੇਹਾ ਪੱਤਰ ਦੀ ਥਾਂ ਡਿਜ਼ਿਟਲ ਕਾਰਡ ਜਰਇਏ ਸਨੇਹਾ ਭੇਜਣਾ ਚਾਹੀਦਾ ਹੈ। ਅਜਿਹਾ ਕਰਕੇ ਅਸੀ ਹਰ ਸਾਲ ਵੱਡੀ ਗਿਣਤੀ ਵਿੱਚ ਰੁੱਖਾਂ ਨੂੰ ਕੱਟਣ ਤੋਂ ਬਚਾ ਕੇ ਆਉਣ ਵਾਲੀ ਪੀਢੀਆਂ ਨੂੰ ਸਿਹਤਮੰਦ ਜੀਵਨ ਦੀ ਸੌਗਾਤ ਦੇ ਸਕਦੇ ਹਨ। ਰਾਓ ਨਰਬੀਰ ਸਿੰਘ ਅੱਜ ਹਿਸਾਰ ਸਥਿਤ ਬੀੜ ਵਿੱਚ ਸੇਵਾ ਪੱਖਵਾੜਾ ਤਹਿਤ ਆਯੋਜਿਤ ਪੌਧਾਰੋਪਣ ਪ੍ਰੋਗਰਾਮ ਵਿੱਚ ਮੌਜੂਦ ਲੋਕਾਂ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ 'ਤੇ ਇੱਥੇ 1500 ਰੁੱਖ ਲਗਾਏ ਗਏ ਅਤੇ ਪ੍ਰਚਾਰ ਵਾਹਨਾਂ ਨੂੰ ਵੀ ਹਰੀ ਝੰਡੀ ਵਿਖਾਕੇ ਰਵਾਨਾ ਕੀਤਾ। ਉਨ੍ਹਾਂ ਨੇ ਕਿਹਾ ਕਿ ਸਿਹਤਮੰਦ ਜੀਵਨ ਜੀਣ ਲਈ ਮਨੁੱਖ ਨੂੰ ਖਾਣਾ-ਪੀਣਾ ਅਤੇ ਹਵਾ ਦੀ ਸਭ ਤੋਂ ਵੱਧ ਲੋੜ ਹੁੰਦੀ ਹੈ ਪਰ ਇਹ ਤਿੰਨੇ ਚੀਜਾਂ ਹੀ ਲਗਾਤਾਰ ਪ੍ਰਦੂਸ਼ਿਤ ਹੋ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਸਰਕਾਰ ਵੱਲੋਂ ਵਾਤਾਵਰਨ ਸਰੰਖਣ ਨੂੰ ਵਾਧਾ ਦੇਣ ਲਈ ਕਈ ਪ੍ਰੋਗਰਾਮ ਸ਼ੁਰੂ ਕੀਤੇ ਗਏ ਹਨ। ਕੈਬੀਨੇਟ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਇੱਕ ਰੁੱਖ ਮਾਂ ਦੇ ਨਾਮ ਮੁਹਿੰਮ ਸ਼ੁਰੂ ਕੀਤਾ ਹੈ। ਹਰ ਵਿਅਕਤੀ ਨੂੰ ਇਸ ਮੁਹਿੰਮ ਤਹਿਤ ਆਪਣੀ ਮਾਂ ਦੇ ਨਾਮ ਇੱਕ ਰੁੱਖ ਨਾ ਸਿਰਫ਼ ਲਗਾਉਣਾ ਚਾਹੀਦਾ ਹੈ ਸਗੋਂ ਉਸ ਦੀ ਦੇਖਭਾਲ ਵੀ ਕਰਨੀ ਚਾਹੀਦੀ ਹੈ। ਮਾਂ ਦੇ ਨਾਮ ਲਗਾਏ ਗਏ ਰੁੱਖ ਨਾਲ ਵਿਅਕਤੀ ਭਾਵਨਾ ਨਾਲ ਜੁੜਿਆ ਮਹਿਸੂਸ ਕਰਦਾ ਹੈ। ਉਨ੍ਹਾਂ ਨੇ ਕਿਹਾ ਕਿ ਸੂਬੇ ਵਿੱਚ 75 ਨਮੋ ਵਨ ਵਿਕਸਿਤ ਕੀਤੇ ਜਾਣਗੇ ਜਿਨ੍ਹਾਂ ਵਿੱਚੋਂ 3 ਹਿਸਾਰ ਜ਼ਿਲ੍ਹੇ ਵਿੱਚ ਸਥਾਪਿਤ ਕੀਤੇ ਜਾਣਗੇ।

## ਈਵੀਐਮ ਵੋਟ ਪੱਤਰਾਂ ਨੂੰ ਵੱਧ ਪੜਨਯੋਗ ਬਨਾਉਣ ਲਈ ਚੋਣ ਕਮਿਸ਼ਨ ਨੇ ਦਿਸ਼ਾ-ਨਿਰਦੇਸ਼ਾਂ ਵਿੱਚ ਕੀਤਾ ਸੋਧ

ਚੰਡੀਗੜ੍ਹ, 28 ਮਾਰਚ। ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਸ੍ਰੀ ਏ ਸ਼?ਰੀਨਿਵਾਸ ਨੇ ਦਸਿਆ ਕਿ ਭਾਰਤ ਚੋਣ ਕਮਿਸ਼ਨ (ਈਸੀਆਈ) ਨੇ ਈਵੀਐਮ ਵੋਟ ਪੱਤਰਾਂ ਦੀ ਸਪਸ਼ਟਤਾ ਅਤੇ ਪੜਨਯੋਗਤਾ ਨੂੰ ਵਧਾਉਣ ਲਈ ਚੋਣ ਸੰਚਾਲਨ ਨਿਯਮ, 1961 ਦੇ ਨਿਯਮ 49ਵੀਂ ਤਹਿਤ ਈਵੀਐਮ ਵੋਟ ਪੱਤਰਾਂ ਦੇ ਡਿਜਾਇਨ ਅਤੇ ਪ੍ਰਿੰਟਿੰਗ ਤਹਿਤ ਮੌਜੂਦਾ ਦਿਸ਼ਾ-ਨਿਰਦੇਸ਼ਾਂ ਵਿੱਚ ਸੋਧ ਕੀਤਾ ਹੈ। ਉਨ੍ਹਾਂ ਨੇ ਦਸਿਆ ਕਿ ਇਹ ਪਹਿਲ ਚੋਣ ਪ੍ਰਕ੍ਰਿਆਵਾਂ ਨੂੰ ਸਹੀ ਢੰਗ ਅਤੇ ਬਿਹਤਰ ਬਨਾਉਣ ਅਤੇ ਵੋਟਰਾਂ ਦੀ ਸਹੂਲਤ ਵਧਾਉਣ ਲਈ ਪਿਛਲੇ 6 ਮਹੀਨਿਆਂ ਵਿੱਚ ਈਸੀਆਈ ਵੱਲੋਂ ਪਹਿਲਾਂ ਹੀ ਕੀਤੀ ਜਾ ਚੁੱਕੀ 28 ਪਹਿਲਾਂ ਦੇ ਅਨੁਰੂਪ ਹੈ। ਹੁਣ ਤੋਂ, ਈਵੀਐਮ ਵੋਟ ਪੱਤਰ 'ਤੇ ਉਮੀਦਵਾਰਾਂ ਦੀ ਤਸਵੀਰ ਰੰਗੀਨ ਛਪੀ ਹੋਵੇਗੀ ਅਤੇ ਬਿਹਤਰ ਵਿਜੀਬਿਲਿਟੀ ਲਹੀ ਉਮੀਦਵਾਰ ਦਾ ਚਿਹਰਾ ਫੋਟੋ ਦੇ ਤਿੰਨ-ਚੌਥਾਈ ਹਿੱਸੇ 'ਤੇ ਹੋਵੇਗਾ। ਸ੍ਰੀ ਏ. ਸ਼?ਰੀਨਿਵਾਸ ਨੇ ਦਸਿਆ ਕਿ ਉਮੀਦਵਾਰਾਂ/ਨੋਟਾ ਦੇ ਕ੍ਰਮ ਭਾਰਤੀ ਨੰਬਰਾਂ ਦੇ ਕੌਮਾਂਤਰੀ ਰੂਪ ਵਿੱਚ ਪ੍ਰਿੰਟ ਕੀਤੇ ਜਾਣਗੇ ਅਤੇ ਸਪਸ਼ਟਾ ਲਈ ਫਾਂਟ ਦਾ ਆਕਾਰ 30 ਹੋਵੇਗਾ ਅਤੇ ਬੋਲਡ ਵਿੱਚ ਹੋਵੇਗਾ। ਇਕਰੂਪਤਾ ਯਕੀਨੀ ਕਰਨ ਲਈ, ਸਾਰੇ ਉਮੀਦਵਾਰਾਂ/ਨੋਟਾ ਦੇ ਨਾਮ ਇੱਕ ਹੀ ਫਾਂਟ ਤਰ੍ਹਾ ਅਤੇ ਫਾਂਨ ਆਕਾਰ ਵਿੱਚ ਪ੍ਰਿੰਟ ਕੀਤੇ ਜਾਣਗੇ ਤਾਂ ਜੋ ਆਸਾਨੀ ਨਾਲ ਪੜਿਆ ਜਾ ਸਕੇ। ਉਨ੍ਹਾਂ ਨੇ ਦਸਿਆ ਕਿ ਈਵੀਐਮ ਵੋਟਪੱਤਰ 70 ਜੀਐਸਐਮ ਕਾਗਜ਼ 'ਤੇ ਪਿ?ਰੰਟ ਕੀਤੇ ਜਾਣਗੇ। ਵਿਧਾਨਸਭਾ ਚੋਣ ਲਹੀ, ਨਿਰਦੇਸ਼ ਆਰਜੀਬੀ ਮਾਨ ਵਾਲੇ ਗੁਲਾਬੀ ਰੰਗ ਦੇ ਕਾਗਜ਼ ਦੀ ਵਰਤੋ ਕੀਤੀ ਜਾਵੇਗੀ। ਅਗਾਮੀ ਚੋਣ ਵਿੱਚ ਉਕਤ ਈਵੀਐਮ ਵੋਟਪੱਤਰਾਂ ਦੀ ਵਰਤੋ ਕੀਤੀ ਜਾਵੇਗੀ, ਜਿਸ ਦੀ ਸ਼ੁਰੂਆਤ ਬਿਹਾਰ ਤੋਂ ਹੋਵੇਗੀ।

# ਪੰਜਾਬ 'ਚ ਸਸਤਾ ਹੋਵੇਗਾ ਇਲਾਜ ! ਜਾਰੀ ਹੋ ਗਏ ਨਵੇਂ ਹੁਕਮ

ਕੌਮੀ ਪਤ੍ਰਿਕਾ

ਸੁਨਾਮ ਊਧਮ ਸਿੰਘ ਵਾਲਾ 28 ਮਾਰਚ। ਭਾਰੀ ਮੀਂਹ ਅਤੇ ਹੜ੍ਹ ਵਰਗੀ ਸਥਿਤੀ ਉਪਰੰਤ ਪੈਦਾ ਹੋਏ ਹਲਾਤਾਂ ਨੂੰ ਦੇਖਦਿਆਂ ਸੀਨੀਅਰ ਮੈਡੀਕਲ ਅਫਸਰ, ਇੰ. ਸਿਵਲ ਹਸਪਤਾਲ ਸੁਨਾਮ ਊਧਮ ਸਿੰਘ ਵਾਲਾ ਨੇ ਪ੍ਰਾਈਵੇਟ ਲੈਬੋਰੇਟਰੀਜ਼, ਸੁਨਾਮ ਦੇ ਪ੍ਰਧਾਨ ਜਗਦੀਪ ਭਾਰਦਵਾਜ ਨੂੰ ਪੱਤਰ ਲਿਖ ਕੇ ਕਿਹਾ ਹੈ ਕਿ ਸੁਨਾਮ ਵਿਖੇ ਚੱਲ ਰਹੀਆਂ ਸਮੂਹ ਪ੍ਰਾਈਵੇਟ ਲੈਬੋਰੇਟਰੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਉਨ੍ਹਾਂ ਦੀ ਲੈਬ 'ਚ ਹੋਣ ਵਾਲੇ ਟੈਸਟਾਂ ਦੀ ਕੀਮਤ ਵਿਚ ਆਮ ਦਿਨਾਂ ਨਾਲੋਂ 10 ਫੀਸਦੀ ਦੀ ਛੋਟ ਦਿੱਤੀ ਜਾਵੇ। ਲੈਬ ਵਿਚ ਹੋਣ ਵਾਲੇ ਟੈਸਟਾਂ ਦੀ ਫੀਸ ਡਿਸਪਲੇ 'ਤੇ ਲਗਾਈ ਜਾਣੀ ਯਕੀਨੀ ਬਣਾਈ ਜਾਵੇ। ਜੇਕਰ ਕੋਈ ਟੈਸਟ ਪਾਜ਼ੇਟਿਵ ਆਵੇ ਤਾਂ ਮਰੀਜ਼ ਨੂੰ ਸਹੀ ਤਰੀਕੇ ਨਾਲ ਗਾਈਡ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਲੋਕ ਹਿੱਤ ਵਿਚ ਇਨ੍ਹਾਂ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ। ਉਨ੍ਹਾਂ ਆਮ ਲੋਕਾਂ ਨੂੰ ਵੀ ਹਦਾਇਤ ਕੀਤੀ ਕਿ ਡੇਂਗੂ ਅਤੇ ਹੋਰ ਵੈਕਟਰ-ਬੋਰਨ ਬਿਮਾਰੀਆਂ ਨਾਲ ਪੀੜਤ ਮਰੀਜ਼ਾਂ 'ਚ ਹੇਠ ਲਿਖੇ ਲੱਛਣ ਵੇਖਣ



ਨੂੰ ਮਿਲਦੇ ਹਨ ਜਿਵੇਂ ਕਿ ਤੇਜ਼ ਬੁਖ਼ਾਰ, ਸਰੀਰ ਵਿਚ ਦਰਦ, ਜੋੜਾਂ ਵਿਚ ਦਰਦ, ਪੇਟ ਵਿਚ ਗੜਬੜ ਅਤੇ ਕਈ ਵਾਰ ਭੁੱਖ ਦੀ ਕਮੀ ਆਦਿ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਮਰੀਜ਼ ਵਿਚ ਉਪਰੋਕਤ ਲੱਛਣ ਪਰਿਵਾਰਕ ਮੈਂਬਰਾਂ ਵੱਲੋਂ ਵੇਖੇ ਜਾਣ, ਤਾਂ ਉਸਨੂੰ ਤੁਰੰਤ ਸਿਵਲ ਹਸਪਤਾਲ ਸੁਨਾਮ/ਰਜਿਸਟਰਡ ਮੈਡੀਕਲ ਪ੍ਰੈਕਟੀਸ਼ਨਰ ਕੋਲ ਲਿਜਾਇਆ ਜਾਵੇ। ਸਿਵਲ ਹਸਪਤਾਲ ਸੁਨਾਮ 'ਚ ਮਰੀਜ਼ਾਂ ਲਈ ਮੁਫ਼ਤ ਲੈਬ ਟੈਸਟ (ਕਮਰਾ ਨੰਬਰ 22) ਕੀਤੇ ਜਾ ਰਹੇ ਹਨ ਅਤੇ ਹੋਰ ਜ਼ਰੂਰੀ ਟੈਸਟ ਕ੍ਰਿਸ਼ਨਾ ਡਾਇਗਨੋਸਟਿਕ ਸੈਂਟਰ (ਕਮਰਾ ਨੰਬਰ 27) ਪੁਰਾਣੇ ਓ.ਪੀ.ਡੀ. ਕੰਪਲੈਕਸ ਦੇ ਬਾਹਰ ਸਿਵਲ ਹਸਪਤਾਲ ਸੁਨਾਮ ਵਿਚ ਉਪਲੱਬਧ ਹਨ। ਇਲਾਜ ਦਾ ਮੁੱਖ ਤਰੀਕਾ ਠੰਢੇ ਪਾਣੀ ਦੀ ਪੱਟੀ ਅਤੇ ਉਚਿਤ ਦਵਾਈ ਇਲਾਜ ਹੈ। ਸਾਰੀਆਂ ਜ਼ਰੂਰੀ ਦਵਾਈਆਂ ਸਿਵਲ ਹਸਪਤਾਲ 'ਚ ਮੁਫ਼ਤ ਉਪਲੱਬਧ ਹਨ। ਉਨ੍ਹਾਂ ਦੱਸਿਆ ਕਿ ਆਪਣੇ ਆਲੇ-ਦੁਆਲੇ 'ਚ ਪਾਣੀ ਖੜ੍ਹਾ ਹੋਣ ਤੋਂ ਬਚਾਅ, ਪੂਰੀ ਬਾਹਾਂ ਵਾਲੇ ਕੱਪੜੇ ਅਤੇ ਜੁੱਤੀ-ਚੱਪਲ ਪਾਓ, ਮੱਛਰ ਭਗਾਉਣ ਵਾਲੇ ਉਪਕਰਣ/ਕਰੀਮ ਵਰਤੋਂ, ਬੱਚਿਆਂ, ਬਜ਼ੁਰਗਾਂ ਅਤੇ ਗਰਭਵਤੀ ਔਰਤਾਂ ਦੀ ਖਾਸ ਦੇਖਭਾਲ ਕਰੋ, ਸਫਾਈ, ਸਿਹਤਮੰਦ ਖ਼ੁਰਾਕ ਅਤੇ ਲੋੜੀਂਦੀ ਮਾਤਰਾ 'ਚ ਪਾਣੀ ਪੀਣਾ ਯਕੀਨੀ ਬਣਾਓ।

## ਜੇਲ੍ਹ ਮੰਤਰੀ ਡਾ. ਅਰਵਿੰਦ ਕੁਮਾਰ ਸ਼ਰਮਾ ਨੇ ਕੀਤਾ ਜਿਲ੍ਹਾ ਜੇਲ੍ਹ ਨਾਰਨੌਲ ਦਾ ਅਚਾਨਕ ਨਿਰੀਖਣ

ਚੰਡੀਗੜ੍ਹ, 28 ਮਾਰਚ। ਹਰਿਆਣਾ ਦੇ ਜੇਲ੍ਹ ਮੰਤਰੀ ਡਾ. ਅਰਵਿੰਦ ਕੁਮਾਰ ਸ਼ਰਮਾ ਨੇ ਅੱਜ ਜਿਲ੍ਹਾ ਜੇਲ੍ਹ ਨਾਰਨੌਲ ਦਾ ਅਚਾਨਕ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਨੇ ਜੇਲ੍ਹ ਪ੍ਰਸਾਸ਼ਨ ਦੀ ਕਾਰਜਪ੍ਰਣਾਲੀ ਅਤੇ ਕੈਦੀਆਂ ਨੂੰ ਦਿੱਤੀ ਜਾ ਰਹੀ ਸਹੂਲਤਾਂ ਦਾ ਜਾਇਜਾ ਲਿਆ। ਉਨ੍ਹਾਂ ਨੇ ਸੇਵਾ ਪਰਵ ਤਹਿਤ ਜੇਲ੍ਹ ਪਰਿਸਰ ਵਿੱਚ ਪੌਧਾਰੋਪਣ ਕਰ ਵਾਤਾਵਰਣ ਸਰੰਖਣ ਦਾ ਸੰਦੇਸ਼ ਦਿੱਤਾ। ਨਿਰੀਖਣ ਦੌਰਾਨ ਡਾ. ਸ਼ਰਮਾ ਨੇ ਜੇਲ੍ਹ ਸੁਪਰਡੈਂਟ ਤੋਂ ਕੈਦੀਆਂ ਲਈ ਉਪਲਬਧ ਕਰਾਈ ਜਾ ਰਹੀ ਸਹੂਲਤਾਂ ਦੇ ਬਾਰੇ ਵਿੱਚ ਵਿਸਤਾਰ ਨਾਲ ਜਾਣਕਾਰੀ ਲਈ। ਉਨ੍ਹਾਂ ਨੇ ਵਿਸ਼ੇਸ਼ ਰੂਪ ਨਾਲ ਖਾਣ ਦੀ ਗੁਣਵੱਤਾ, ਸਵੱਛਤਾ ਅਤੇ ਸਿਹਤ ਸੇਵਾਵਾਂ 'ਤੇ ਜੋਰ ਦਿੱਤਾ। ਜੇਲ੍ਹ ਮੰਤਰੀ ਨੇ ਜੇਲ੍ਹ ਸੁਪਰਡੈਂਟ ਨੂੰ ਨਿਰਦੇਸ਼ ਦਿੱਤੇ ਕਿ ਕੈਦੀਆਂ ਨੂੰ ਦਿੱਤੇ ਜਾਣ ਵਾਲੇ ਭੋਜਨ ਦੀ ਗੁਣਵੱਤਾ ਦੀ ਨਿਯਮਤ ਜਾਂਚ ਕੀਤੀ ਜਾਵੇ

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

# ਧਰਮ

## ਜੁਗਤੀ ਮਾਰਗ

**ਪਹਿਲੀ ਜੁਗਤੀ**

**ਸਾਧਨਾ ਕਰਨ ਵਾਲੇ ਬੰਦੇ ਲਈ ਪਹਿਲੀ ਜੁਗਤੀ ਹੈ ਕਿ ਸਾਧਕ ਆਪਣੀ ਜ਼ਿੰਦਗੀ ਵਿਚ ਸਤਿਕਾਰ ਸਭ ਧਰਮਾਂ ਦਾ ਕਰੇ ਪਰ ਆਪਣੇ ਗੁਰੂ ਪਿਤਾ ਤੋਂ ਇਲਾਵਾ ਕਿਸੇ ਤੋਂ ਪ੍ਰਭਾਵਤ ਨਾ ਹੋਵੇ'**



ਭਾਈ ਗੁਰਇਕਬਾਲ ਸਿੰਘ

*ਦੀ ਪੁਸਤਕ 'ਮੈ ਦਸਿਹੁ ਮਾਰਗੁ ਸੰਤਹੋ' 'ਚੋਂ ਧੰਨਵਾਦ ਸਹਿਤ*

ਮੈ ਦਸਿਹੁ ਮਾਰਗੁ ਸੰਤਹੋ

ਇਕ ਵਾਰੀ ਗੁਰੂ ਅੰਗਦ ਸਾਹਿਬ ਨੂੰਜਦੋਂ ਅਜੇ ਗੁਰਗੱਦੀ ਨਹੀ ਸੀ ਮਿਲੀ, ਗੁਰੂ ਨਾਨਕ ਸਾਹਿਬ ਦੀ ਸੇਵਾ ਵਿਚ ਸਨ, ਤਾਂ ਰਾਤ ਉਨ੍ਹਾਂ ਨੇ ਇਕ ਬੀਬੀ ਨੂੰ ਗੁਰੂ ਨਾਨਕ ਦੇ ਦਰ 'ਤੇ ਝਾੜੂ ਦਿੰਦਿਆਂ ਦੇਖਿਆ ਤਾਂ ਪੁੱਛਿਆ, ਬੀਬੀ! ਤੂੰ ਕੌਣ ਹੈਂ ਤਾਂ ਇੰਨੀ ਰਾਤ ਇੱਥੇ ਸੇਵਾ ਕਿਉਂ ਕਰ ਰਹੀ ਹੈਂ? ਉਸ ਬੀਬੀ ਨੇ ਕਿਹਾ, ਤੂੰ ਮੈਨੂੰ ਪਛਾਣਿਆਂ ਨਹੀ, ਮੈਂ ਓਹੀ ਦੇਵੀ ਹਾਂ ਜਿਸ ਕੋਲ ਤੂੰ ਹਰ ਸਾਲ ਦਰਸ਼ਨਾਂ ਨੂੰ ਆਉਂਦਾ ਸੀ। ਭਾਈ ਲਹਿਣਾ ਬਹੁਤ ਹੈਰਾਨ ਹੋਇਆ ਤੇ ਪੁੱਛਿਆ, ਫੇਰ ਇਥੇ ਇਹ ਝਾੜੂ ਦੀ ਸੇਵਾ ਕਿਉਂ। ਦੇਵੀ ਨੇ ਜਵਾਬ ਦਿੱਤਾ, ਗੁਰੂ ਨਾਨਕ ਦੇ ਦਰ ਤੋਂ ਬਖਸ਼ਿਸ਼ਾਂ ਲੈ ਕੇ ਹੀ ਤਾਂ ਮੈਂ ਆਪਣੇ ਦਰ 'ਤੇ ਆਉਣ ਵਾਲਿਆਂ ਦੀਆਂ ਝੋਲੀਆਂ ਭਰਦੀ ਹਾਂ।

ਸੋ ਸਾਧਕ ਬੰਦੇ ਲਈ ਪਹਿਲੀ ਜੁਗਤੀ ਹੈ ਕਿ ਸਤਿਕਾਰ ਸਭ ਦਾ ਕਰੇ, ਕਿਸੇ ਦੀ ਨਿੰਦਿਆ ਨਹੀ ਪਰ ਆਪਣੇ ਗੁਰੂ ਪਿਤਾ ਤੋਂ ਇਲਾਵਾ ਥਾਂ-ਥਾਂ ਤੋਂ ਪ੍ਰਭਾਵਿਤ ਨਾ ਹੋਵੇ।

## ਪਟਨਾ ਸਹਰ ਬਿਖੈ ਭਵ ਲਯੋ

• ਹਰਸਿਮਰਤ ਸਿੰਘ ਥਿੰਦ

ਪਟਨਾ ਸਾਹਿਬ (ਬਿਹਾਰ) ਦੀ ਧਰਤੀ ਨੂੰ ਅਨੇਕਾਂ ਮਹਾਂਪੁਰਖਾਂ ਦੀ ਚਰਨ ਛੋਹ ਪ੍ਰਾਪਤ ਹੈ। ਇਹ ਬਹੁਤ ਪੁਰਾਣਾ ਤੇ ਵੱਡਾ ਸ਼ਹਿਰ ਹੈ, ਜੋ ਗੰਗਾ ਨਦੀ ਦੇ ਕੰਢੇ ਵਸਿਆ ਹੈ। ਸਿੱਖ ਧਰਮ ਦੀ ਗੱਲ ਕਰੀਏ ਤਾਂ ਇਸ ਨਗਰ ਨੂੰ ਜਿੱਥੇ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਦੀ ਚਰਨ ਛੋਹ ਪ੍ਰਾਪਤ ਹੈ, ਉਥੇ ਨੌਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਦੀ ਕੁਝ ਸਮਾਂ ਰਿਹਾਇਸ਼ ਬਣਨ ਦਾ ਵੀ ਸੁਭਾਗ ਹਾਸਲ ਹੋਇਆ ਹੈ। ਇਹ ਨਗਰੀ ਉਦੋਂ ਹੋਰ ਪਵਿੱਤਰ ਹੋ ਗਈ ਜਦੋਂ ਦਸ਼ਮੇਸ਼ ਪਿਤਾ, ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਨੇ ਇਥੇ ਅਵਤਾਰ ਧਾਰਿਆ। ਉਨ੍ਹਾਂ ਦੇ ਆਗਮਨ ਨਾਲ ਇਹ ਸ਼ਹਿਰ ਪਟਨਾ ਤੋਂ ਪਟਨਾ ਸਾਹਿਬ ਬਣ ਗਿਆ। ਗੁਰੂ ਗੋਬਿੰਦ ਸਿੰਘ ਨੇ ਇਥੇ ਬਚਪਨ ਦੇ ਲਗਪਗ ਪੰਜ ਸਾਲ ਗੁਜ਼ਾਰੇ ਤੇ ਬਾਲ ਅਵਸਥਾ ਵਿਚ ਅਨੇਕਾਂ ਕੌਤਕ ਰਚਾਏ। ਇਸ ਨਗਰੀ ਵਿਚ ਗੁਰੂ ਸਹਿਬਾਨਾਂ ਨਾਲ ਸਬੰਧਤ ਅਨੇਕਾਂ ਗੁਰਦੁਆਰੇ ਹਨ ਜਿਨ੍ਹਾਂ ਵਿਚ ਸਿੱਖਾਂ ਦੇ ਪੰਜ ਤਖ਼ਤਾਂ ਵਿਚੋਂ ਇਕ ਤਖ਼ਤ ਵੀ ਸ਼ਾਮਲ ਹੈ।

### ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ

ਇਸ ਪਵਿਤਰ ਅਸਥਾਨ ਉਪਰ ਦੁਸ਼ਟ-ਦਮਨ ਗੁਰੂ ਗੋਬਿੰਦ ਸਿੰਘ ਮਹਾਰਾਜ ਨੇ ਪੋਹ ਸੁਦੀ ਸੱਤਵੀਂ ਸੰਮਤ 1723 (22 ਦਸੰਬਰ 1666) ਨੂੰ ਮਾਤਾ ਗੁਜਰੀ ਦੀ ਕੁੱਖੋਂ ਅਵਤਾਰ ਧਾਰਿਆ। ਇਹ ਅਸਥਾਨ ਸਿੱਖਾਂ ਦੇ ਪੰਜ ਤਖ਼ਤਾਂ ਵਿਚੋਂ ਇਕ ਹੈ। ਮਹਾਰਾਜਾ ਰਣਜੀਤ ਸਿੰਘ ਨੇ ਆਪਣੇ ਰਾਜ ਸਮੇਂ ਇਸ ਇਮਾਰਤ ਦੀ ਸੇਵਾ ਕਰਵਾਈ। ਸੰਮਤ 1991 ਦੇ ਭੂਚਾਲ ਨਾਲ ਗੁਰਦੁਆਰਾ ਸਾਹਿਬ ਦੀ ਇਮਾਰਤ ਨੂੰ ਕਾਫੀ ਨੁਕਸਾਨ ਪਹੁੰਚਿਆ। ਇਸਦੀ ਦੁਬਾਰਾ ਸੇਵਾ ਉਪਰੰਤ ਸੰਮਤ 2014 ਨੂੰ ਨਵੀਂ ਤਿਆਰ ਹੋਈ ਇਮਾਰਤ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਹੋਇਆ। ਇਸ ਅਸਥਾਨ ਤੇ ਮਾਤਾ ਗੁਜਰੀ ਦੇ ਖੂਹ ਤੇ ਦਸ਼ਮੇਸ਼ ਪਿਤਾ ਜੀ ਦੁਆਰਾ ਪਹਿਨੇ ਚੋਲੇ ਤੋਂ ਇਲਾਵਾ ਗੁਰੂ ਸਾਹਿਬ ਨਾਲ ਸਬੰਧਤ ਸ਼ਸਤਰ ਤੇ ਹੋਰ ਵਸਤਾਂ ਸੰਭਾਲ ਕੇ ਰੱਖੀਆਂ ਗਈਆਂ ਹਨ।



### ਗੁਰਦੁਆਰਾ ਬਾਲ ਲੀਲਾ ਮੈਣੀ ਸੰਗਤ

ਇਹ ਗੁਰਦੁਆਰਾ ਤਖ਼ਤ ਸਾਹਿਬ ਦੇ ਨੇੜੇ ਹੀ ਸਥਿਤ ਹੈ। ਇਸ ਅਸਥਾਨ ਉਪਰ ਰਾਜਾ ਫ਼ਤਹਿ ਚੰਦ ਮੈਣੀ ਅਤੇ ਰਾਣੀ ਵਿਸ਼ੰਭਰਾ ਦੇਵੀ ਦਾ ਮਹਿਲ ਸੀ। ਇਨ੍ਹਾਂ ਦੀ ਕੋਈ ਸੰਤਾਨ ਨਹੀਂ ਸੀ। ਬਾਲਾ ਪ੍ਰੀਤਮ ਗੁਰੂ ਸਾਹਿਬ ਆਪਣੇ ਸਾਥੀਆਂ ਸਮੇਤ ਇਥੇ ਖੇਡਣ ਆਇਆ ਕਰਦੇ ਸਨ। ਬਾਲਾ ਪ੍ਰੀਤਮ ਨੂੰ ਤੱਕ ਕੇ ਰਾਣੀ ਦੇ ਮਨ 'ਚ ਵੀ ਅਜਿਹੇ ਪੁੱਤਰ ਦੀ ਕਾਮਨਾ ਜਾਗੀ। ਗੁਰੂ ਸਾਹਿਬ ਉਸ ਦੇ ਮਨ ਦੀ ਅਰਦਾਸ ਨੂੰ ਪ੍ਰਵਾਨ ਕਰ ਉਸਦੀ ਗੋਦ ਵਿਚ ਬੈਠ ਗਏ ਤੇ ਧਰਮ ਪੁੱਤਰ ਬਣਨਾ ਪ੍ਰਵਾਨ ਕਰ ਉਸਦੀ ਮੁਰਾਦ ਪੂਰੀ ਕੀਤੀ।



### ਗੁਰਦੁਆਰਾ ਹਾਂਡੀ ਸਾਹਿਬ

ਇਹ ਗੁਰਦੁਆਰਾ ਤਖ਼ਤ ਸਾਹਿਬ ਤੋਂ ਲਗਪਗ 30 ਕਿਲੋਮੀਟਰ ਦੀ ਦੂਰੀ 'ਤੇ ਦਾਨਾਪੁਰ ਵਿਖੇ ਸਥਿਤ ਹੈ। ਇਥੇ ਸਰਬੰਸ ਦਾਨੀ ਦਸ਼ਮੇਸ਼ ਪਿਤਾ ਨੇ ਪਟਨਾ ਸਾਹਿਬ ਤੋਂ ਪੰਜਾਬ ਆਉਂਦੇ ਸਮੇਂ ਪਹਿਲਾ ਮੁਕਾਮ ਕੀਤਾ ਸੀ। ਇਕ ਬਿਰਧ ਔਰਤ ਜਮਨਾ ਮਾਈ ਨੇ ਹਾਂਡੀ ਵਿਚ ਖਿਚੜੀ ਬਣਾ ਕੇ ਗੁਰੂ ਜੀ ਅਤੇ ਉਨ੍ਹਾਂ ਨੂੰ ਨਾਲ ਵਿਦਾ ਕਰਨ ਆਈ ਸੰਗਤ ਨੂੰ ਛਕਾਈ ਸੀ। ਇਸੇ ਕਰਕੇ ਇਸਦਾ ਨਾਮ ਹਾਂਡੀ ਸਾਹਿਬ ਹੈ। ਇਥੇ ਅੱਜ ਵੀ ਖਿਚੜੀ ਦਾ ਪ੍ਰਸ਼ਾਦ ਵਰਤਾਇਆ ਜਾਂਦਾ ਹੈ। ਇਸ ਅਸਥਾਨ 'ਤੇ ਬਾਲਾ ਪ੍ਰੀਤਮ ਗੁਰੂ ਗਬਿੰਦ ਸਿੰਘ ਜੀ ਦੇ ਨੰਨ੍ਹੇ ਚਰਨਾਂ ਦੇ ਨਿਸ਼ਾਨ ਇਕ ਸ਼ੀਸ਼ੇ ਦੇ ਬਕਸੇ ਵਿਚ ਸੰਭਾਲੇ ਪਏ ਹਨ। ਸੰਗਤ ਇਨ੍ਹਾਂ ਦੇ ਦਰਸ਼ਨ ਕਰ ਨਿਹਾਲ ਹੁੰਦੀ ਹੈ।

ਇਸ ਤੋਂ ਇਲਾਵਾ ਗੁਰਦੁਆਰਾ ਗੁਰੂ ਦਾ ਬਾਗ, ਗੁਰਦੁਆਰਾ ਗਊ ਘਾਟ ਅਤੇ ਗੁਰਦੁਆਰਾ ਸੰਗਤ ਸੁਨਾਰ ਟੋਲੀ, ਜੋ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਨੌਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਜੀ ਨਾਲ ਸਬੰਧਤ ਹਨ, ਪਟਨਾ ਸਾਹਿਬ ਵਿਖੇ ਸੁਭਾਇਮਾਨ ਹਨ। ਦੇਸ਼ ਵਿਦੇਸ਼ ਤੋਂ ਸੰਗਤ ਸਰਬੰਸ ਦਾਨੀ ਗੁਰੂ ਗੋਬਿੰਦ ਸਿੰਘ ਦੀ ਜਨਮ ਭੂਮੀ ਦੇ ਇਨ੍ਹਾਂ ਗੁਰਦੁਆਰਿਆਂ ਦੇ ਦਰਸ਼ਨ ਕਰਕੇ ਆਪਣਾ ਜੀਵਨ ਸਫ਼ਲਾ ਕਰਦੀ ਹੈ।

**ਮੋਬਾਈਲ ਨੰਬਰ** *095014-47863*

**ਇਹ ਨਗਰੀ ਉਦੋਂ ਹੋਰ ਪਵਿੱਤਰ ਹੋ ਗਈ ਜਦੋਂ ਦਸ਼ਮੇਸ਼ ਪਿਤਾ, ਸਾਹਿਬ-ਏ-ਕਮਾਲ ਸ੍ਰੀ ਗੁਰੂ ਗੋਬਿੰਦ ਸਿੰਘ ਨੇ ਇਥੇ ਅਵਤਾਰ ਧਾਰਿਆ। ਉਨ੍ਹਾਂ ਦੇ ਆਗਮਨ ਨਾਲ ਇਹ ਸ਼ਹਿਰ ਪਟਨਾ ਤੋਂ ਪਟਨਾ ਸਾਹਿਬ ਬਣ ਗਿਆ।**



## ਹੱਕ ਹਲਾਲ ਤੇ ਈਮਾਨਦਾਰੀ ਦਾ ਪ੍ਰਤੀਕ ਭਾਈ ਲਾਲੋ

• ਲਖਵਿੰਦਰ ਸਿੰਘ

ਰੋਜ਼ੀ-ਰੋਟੀ ਲਈ ਹਰੇਕ ਨੂੰ ਕੋਈ ਨਾ ਕੋਈ ਸਰੀਰਕ ਜਾਂ ਮਾਨਸਿਕ ਕਿਰਤ ਕਰਨੀ ਹੀ ਪੈਂਦੀ ਹੈ। ਬੇਈਮਾਨੀ, ਠੱਗੀ-ਠੋਰੀ ਤੋਂ ਰਿਸ਼ਵਤਖੋਰੀ ਤੋਂ ਪਾਸਾ ਵੱਟ ਕੇ ਸਿਰਫ ਖੂਨ-ਪਸੀਨੇ ਦੀ ਕਮਾਈ ਨਾਲ ਰੁੱਖੀ ਮਿੱਸੀ ਖਾ ਕੇ ਢੋਲੇ ਗਾਉਣ ਵਾਲੇ ਸਿਦਕਵਾਨਾਂ ਦੇ ਯਥਾਰਥਵਾਦੀ ਜੀਵਨ ਦੇ ਇਤਿਹਾਸ ਵਿਚ ਭਾਈ ਲਾਲੋ ਦਾ ਉੱਘਾ ਸਥਾਨ ਹੈ।

ਸ੍ਰੀ ਗੁਰੂ ਨਾਨਕ ਦੇਵ ਤੋਂ ਕਰੀਬ ਸਤਾਰਾਂ ਕੁ ਸਾਲ ਵੱਡੇ ਭਾਈ ਲਾਲੋ ਦਾ ਜਨਮ 1452 ਈ. ਵਿਚ ਸੈਦਪੁਰ, ਪਾਕਿਸਤਾਨ ਵਿਚ ਪਿਤਾ ਜਗਤ ਰਾਮ ਦੇ ਘਰ ਹੋਇਆ। ਇਨ੍ਹਾਂ ਦੇ ਪਿਤਾ ਤਰਖਾਣਾ ਦਾ ਕੰਮ ਕਰਦੇ ਸਨ। ਭਾਈ ਲਾਲੋ ਨੇ ਵੀ ਆਪਣਾ ਖਾਨਦਾਨੀ ਕੰਮ ਕਰਨਾ ਸ਼ੁਰੂ ਕਰ ਦਿੱਤਾ। ਭਾਈ ਲਾਲੋ ਇਸ ਵਿਚਾਰਧਾਰਾ ਦਾ ਧਾਰਨੀ ਸੀ ਕਿ ਈਮਾਨਦਾਰੀ ਨਾਲ ਐਸ਼ ਤਾਂ ਨਹੀਂ ਕੀਤੀ ਜਾ ਸਕਦੀ ਪਰ ਕਿਸੇ ਮਾਨਸਿਕ ਭਾਰ ਜਾਂ ਪ੍ਰੇਸ਼ਾਨੀ ਤੋਂ ਮੁਕਤ ਅਤੇ ਸਕੂਨ ਭਰਿਆ ਜੀਵਨ ਜ਼ਰੂਰ ਗੁਜ਼ਾਰਿਆ ਜਾ ਸਕਦਾ ਹੈ। ਭਾਈ ਲਾਲੋ ਨੇ ਇਸ ਵਿਚਾਰਧਾਰਾ ਨੂੰ ਅਮਲੀਜਾਮਾ ਪਹਿਨਾਉਂਦਿਆਂ ਦਸਾਂ ਨਹੁੰਆਂ ਦੀ ਕਿਰਤ ਨਾਲ ਆਨੰਦਮਈ ਜੀਵਨ ਗੁਜ਼ਾਰਿਆ।





ਗੁਰੂ ਨਾਨਕ ਦੇਵ ਆਪਣੀ ਪਹਿਲੀ ਉਦਾਸੀ ਦੌਰਾਨ ਭਾਈ ਮਰਦਾਨੇ ਨਾਲ ਜਦ ਇਸ ਖੇਤਰ ਵਿਚ ਦੀ ਗੁਜ਼ਰੇ ਤਾਂ ਭਾਈ ਲਾਲੋ ਦੀ ਸੱਚੀ-ਸੁੱਚੀ ਕਿਰਤ ਦੀ ਖੁਸ਼ਬੋਈ ਚੁਫ਼ੇਰੇ ਫੈਲੀ ਹੋਈ ਸੀ ਤੇ ਇਸ ਖੁਸ਼ਬੋਈ ਨੂੰ ਮਾਨਣ ਲਈ ਗੁਰੂ ਜੀ ਨੇ 'ਸਤਿ ਕਰਤਾਰ' ਆਖ ਕੇ ਆਣ ਦਸਤਕ ਦਿੱਤੀ। ਉਧਰ ਸਬੱਬ ਇਹ ਬਣਿਆ ਕਿ ਉਸ ਸਮੇਂ ਦੇ ਸਰਕਾਰੀ ਅਹਿਲਕਾਰ ਮਲਕ ਭਾਗੋ ਨੇ ਲੁੱਟ ਖਸੁੱਟ ਦੀ ਕਮਾਈ 'ਚੋ ਕੀਤੇ ਜਾ ਰਹੇ ਬ੍ਰਹਮ ਭੋਜ ਲਈ ਗੁਰੂ ਜੀ ਨੂੰ ਸੱਦਾ ਭੇਜਿਆ ਤਾਂ ਗੁਰੂ ਸਾਹਿਬ ਨੇ ਉਸ ਬ੍ਰਹਮ ਭੋਜ ਦੇ ਪਕਵਾਨਾਂ ਨੂੰ ਨਕਾਰਦਿਆਂ ਭਾਈ ਲਾਲੋ ਦੀ ਰੁੱਖੀ-ਸੁੱਕੀ ਵੱਲ ਰੁਖ਼ ਕਰਕੇ ਹੱਕ ਹਲਾਲ ਦੀ ਕਿਰਤ ਨੂੰ ਮਾਨਤਾ ਦੇ ਕੇ ਇਹ ਸਿੱਧ ਕੀਤਾ ਕਿ ਅਸਲ ਬ੍ਰਹਮ ਭੋਜ ਸੁੱਚੀ ਕਿਰਤ ਕਮਾਈ 'ਚੋਂ ਹੀ ਹੋ ਸਕਦਾ ਹੈ।

**ਭਾਈ ਲਾਲੋ ਦਾ ਸਾਦਗੀ ਭਰਿਆ ਜੀਵਨ ਚਾਨਣ ਮੁਨਾਰੇ ਦਾ ਕੰਮ ਕਰਦਿਆਂ ਇਹੀ ਸੰਦੇਸ਼ ਦਿੰਦਾ ਹੈ ਕਿ 'ਹੱਥ ਕਾਰ ਵੱਲ ਤੇ ਮਨ ਕਰਤਾਰ ਵਲ।'**

ਭਾਈ ਲਾਲੋ ਨੇ ਬੜੇ ਪ੍ਰੇਮ ਭਾਵ ਨਾਲ ਗੁਰੂ ਸਾਹਿਬ ਤੇ ਉਨ੍ਹਾਂ ਦੇ ਸਾਥੀ ਮਰਦਾਨਾ ਅੱਗੇ ਰੁੱਖਾ-ਮਿੱਸਾ ਭੋਜਨ ਪਰੋਸਿਆ। ਇਸ ਸਾਦੇ ਭੋਜਨ ਦਾ ਆਨੰਦ ਮਾਣ ਰਹੇ ਮਰਦਾਨਾ ਦੀ ਜਗਿਆਸਾ ਦਾ ਨਿਵਾਰਣ ਕਰਦਿਆਂ ਗੁਰੂ ਸਾਹਿਬ ਨੇ ਕਿਹਾ, "ਭਾਈ ਮਰਦਾਨਿਆਂ! ਇਸ ਸੁਆਦੀ ਭੋਜਨ ਵਿਚ ਖੂਨ-ਪਸੀਨੇ ਦੀ ਕਮਾਈ ਦੀਆਂ ਹੀ ਸੱਭੇ ਬਰਕਤਾਂ ਨੇ।" ਇਸ ਤਰ੍ਹਾਂ ਗੁਰੂ ਸਾਹਿਬ ਨੇ ਕਿਰਤ ਕਮਾਈ ਨੂੰ ਵਡਿਆਉਂਦਿਆਂ ਭਾਈ ਲਾਲੋ ਦੇ ਜੀਵਨ ਨੂੰ ਹੋਰ ਵੀ ਚਾਰ ਚੰਨ ਲਾ ਕੇ ਲੋਕਾਈ ਨੂੰ ਇਹ ਅਹਿਸਾਸ ਕਰਵਾਇਆ ਕਿ ਖੋਟ ਭਰੇ ਮਾਲ-ਪੂੜਿਆਂ ਵਿਚ ਗਰੀਬਾਂ ਦਾ ਚੂਸਿਆ ਖੂਨ ਹੀ ਪ੍ਰਤੱਖ ਦਿਖਾਈ ਦਿੰਦਾ ਹੈ ਜਦਕਿ ਹੱਕੀ ਕਮਾਈ ਦੇ ਸਾਦੇ ਪਰਸ਼ਾਦਿਆਂ 'ਚੋਂ ਅੰਮ੍ਰਿਤ ਰੂਪੀ ਦੁੱਧ ਦੇ ਚਸ਼ਮੇ ਹੀ ਫੁੱਟਦੇ ਹਨ।

ਭਾਈ ਲਾਲੋ ਨੂੰ ਸੰਬੋਧਨ ਕਰਦਿਆਂ ਗੁਰੂ ਸਾਹਿਬ ਨੇ ਤਿਲੰਗ ਰਾਗ ਵਿਚ ਸ਼ਬਦ ਵੀ ਉਚਾਰਿਆ, ਜਿਸ ਵਿਚ ਉਸ ਸਮੇਂ ਦੀ ਨਿਘਰੀ ਹਾਲਤ ਨੂੰ ਬਿਆਨਿਆ ਹੈ। ਭਾਈ ਲਾਲੋ ਗੁਰੂ ਸਾਹਿਬ ਦੇ ਅਜ਼ੀਜ਼ ਸੇਵਕ ਵਜੋਂ ਗੁਰ ਉਪਦੇਸ਼ ਦੇ ਪ੍ਰਚਾਰਕ ਵੀ ਬਣੇ ਅਤੇ ਆਪਣੀ ਘਾਲ ਕਮਾਈ ਦੇ ਨਾਲ ਨਾਲ ਵੈਦ ਦੀ ਸੇਵਾ ਨਿਭਾਉਂਦੇ ਹੋਏ ਕਈ ਰੋਗੀਆਂ ਦੇ ਤੇਈਏ ਵਰਗੇ ਰੋਗ ਦੂਰ ਕਰਨ ਦੀ ਵੀ ਸੇਵਾ ਨਿਭਾਈ।

ਭਾਈ ਲਾਲੋ ਦਾ ਸਾਦਗੀ ਭਰਿਆ ਜੀਵਨ ਚਾਨਣ ਮੁਨਾਰੇ ਦਾ ਕੰਮ ਕਰਦਿਆਂ ਇਹੀ ਸੰਦੇਸ਼ ਦਿੰਦਾ ਹੈ ਕਿ 'ਹੱਥ ਕਾਰ ਵੱਲ ਤੇ ਮਨ ਕਰਤਾਰ ਵਲ।' ਮਨ-ਤਨ ਨਾਲ ਸਾਰਥਕ ਘਾਲਣਾ ਘਾਲ ਰਹੇ ਵਿਅਕਤੀ ਨੂੰ ਰੀਝ ਲਾ ਕੇ ਵੇਖੀਏ ਤਾਂ ਭਾਈ ਲਾਲੋ ਦਾ ਅਕਸ ਰੂਪਮਾਨ ਹੋ ਜਾਂਦਾ ਹੈ। ਅਜਿਹੇ ਸਿਦਕਵਾਨ ਲੋਕ ਥੋੜ੍ਹੀ 'ਚੋਂ ਹੀ ਯੁਗਤ ਨਾਲ ਵਧੀਆ ਜੀਵਨ ਨਿਰਬਾਹ ਕਰ ਜਾਂਦੇ ਹਨ ਤੇ ਸਾਰੀ ਉਮਰ ਇਹਨਾਂ ਮਾਣਮੱਤਿਆਂ ਲੋਕਾਂ ਨੇ ਅਮਰਵੇਲ ਵਾਂਗ ਵਧਦੀ ਤ੍ਰਿਸਨਾ ਨੂੰ ਪੂਰੀ ਤਰ੍ਹਾਂ ਕਾਬੂ ਹੇਠ ਰੱਖਿਆ ਹੁੰਦਾ ਹੈ। ਏਸੇ ਕਰਕੇ ਬੇਈਮਾਨੀ ਇਨ੍ਹਾਂ ਤੋਂ ਕੋਹਾਂ ਦੂਰ ਰਹਿੰਦੀ ਹੈ ਤੇ ਇਨ੍ਹਾਂ ਦਾ ਸੁਹੇਲਾ ਜੀਵਨ ਧੰਨਤਾ ਦੇ ਯੋਗ ਹੋ ਨਿਬੜਦਾ ਹੈ।

**ਮੋਬਾਈਲ ਨੰਬਰ:** 98764-74858

## ਸੰਤ ਕਬੀਰ ਦੇ ਅਨਮੋਲ ਵਚਨ



**ਹਾਡ ਜਲੇ ਲੱਕੜੀ ਜਲੇ,**
**ਜਲੇ ਜਲਾਵਨਹਾਰ**
**ਤਮਾਸ਼ਬੀਨ ਭੀ ਨਾ ਬਚੈ,**
**ਕਿਸਕੋ ਕਰੂੰ ਪੁਕਾਰ॥**

ਅਸੀਂ ਸਾਰੇ ਜਾਣਦੇ ਹਾਂ ਕਿ ਮਰਨ ਤੋਂ ਬਾਅਦ ਮਨੁੱਖੀ ਸਰੀਰ ਨੂੰ ਸਾੜ ਦਿੱਤਾ ਦਿੱਤਾ ਜਾਂਦਾ ਹੈ। ਸੰਤ ਕਬੀਰ ਕਹਿੰਦੇ ਹਨ ਕਿ ਹੱਡੀਆਂ ਤਾਂ ਸੜ ਜਾਂਦੀਆਂ ਹਨ, ਇਨ੍ਹਾਂ ਨੂੰ ਸਾੜਨ ਵਾਲੀ ਲੱਕੜੀ ਵੀ ਸੜ ਜਾਂਦੀ ਹੈ। ਇਨ੍ਹਾਂ ਦੋਹਾਂ ਨੂੰ ਸਾੜਨ ਵਾਲਾ ਵਿਅਕਤੀ ਵੀ ਕਿਸੇ ਦਿਨ ਸੜ ਜਾਂਦਾ ਹੈ। ਦਾਹ-ਸੰਸਕਾਰ ਵਿਚ ਸ਼ਾਮਲ ਹੋਣ ਵਾਲੇ ਵਿਅਕਤੀ ਵੀ ਆਪਣੇ ਆਪਣੇ ਸਮੇਂ ਅੱਗ ਦੀ ਭੇਟਾ ਹੋ ਜਾਂਦੇ ਹਨ। ਜਦ ਇੱਥੇ ਕੋਈ ਵੀ ਨਹੀਂ ਬਚਦਾ, ਤਾਂ ਕਿਸ ਦੇ ਸਾਹਮਣੇ ਪੁਕਾਰ ਕਰਾਂ।

ਭਾਵ ਇਹ ਹੈ ਕਿ ਇਸ ਨਾਸ਼ਵਾਨ ਸੰਸਾਰ ਵਿਚ ਜੋ ਜਨਮ ਲੈਂਦਾ ਹੈ ਉਸ ਦੀ ਕਿਸੇ ਨਾ ਕਿਸੇ ਦਿਨ ਮੌਤ ਹੋਣੀ ਨਿਸ਼ਚਿਤ ਹੈ। ਇਸ ਕਰਕੇ ਇਸ ਸਰੀਰ ਨੂੰ ਹਮੇਸ਼ਾਂ ਚੰਗੇ ਕੰਮਾਂ ਵਿਚ ਲਗਾ ਕੇ ਸਾਰਥਕ

## ਆਤਮ ਵਿਸ਼ਵਾਸ ਦੀ ਸ਼ਕਤੀ

**ਕੁਦਰਤ ਵਲੋਂ ਮਨੁੱਖ ਨੂੰ ਜਿੰਨੀਆਂ ਵੀ ਸ਼ਕਤੀਆਂ ਬਖਸ਼ੀਆਂ ਗਈਆਂ ਹਨ, ਆਤਮ ਵਿਸ਼ਵਾਸ ਉਨ੍ਹਾਂ ਵਿਚੋਂ ਸਭ ਤੋਂ ਵਧੇਰੇ ਪ੍ਰਬਲ ਹੈ।**

• ਪੁਸ਼ਪਿੰਦਰ ਕੌਰ ਮੋਰਿੰਡਾ

ਜ਼ਿੰਦਗੀ ਦਾ ਧਰਾਤਲ ਕਦੇ ਵੀ ਸਮਤਲ ਨਹੀਂ ਹੁੰਦਾ। ਇਹ ਉਚਾਣਾਂ ਅਤੇ ਨਿਵਾਣਾਂ ਨਾਲ ਭਰਪੂਰ ਹੁੰਦਾ ਹੈ। ਕਾਮਯਾਬ ਉਹੀ ਲੋਕ ਹੁੰਦੇ ਹਨ ਜਿਹੜੇ ਔਕੜਾਂ ਦੇ ਤੂਫਾਨ ਦਾ ਦਲੇਰੀ ਨਾਲ ਸਾਹਮਣਾ ਕਰਦੇ ਹਨ। ਹਿੰਮਤ ਹਮੇਸ਼ਾ ਆਤਮ ਵਿਸ਼ਵਾਸ ਵਿਚੋਂ ਉਪਜਦੀ ਹੈ। ਕੁਦਰਤ ਵਲੋਂ ਮਨੁੱਖ ਨੂੰ ਜਿੰਨੀਆਂ ਵੀ ਸ਼ਕਤੀਆਂ ਬਖਸ਼ੀਆਂ ਗਈਆਂ ਹਨ, ਆਤਮ ਵਿਸ਼ਵਾਸ ਉਨ੍ਹਾਂ ਵਿਚੋਂ ਸਭ ਤੋਂ ਵਧੇਰੇ ਪ੍ਰਬਲ ਹੈ। ਜਿਨ੍ਹਾਂ ਨਾਇਕਾਂ ਦੇ ਨਾਂ ਇਤਿਹਾਸ ਦੇ ਪੰਨਿਆਂ 'ਤੇ ਚਮਕ ਰਹੇ ਹਨ ਇਹ ਉਨ੍ਹਾਂ ਦੇ ਆਤਮ ਵਿਸ਼ਵਾਸ ਦਾ ਕ੍ਰਿਸ਼ਮਾ ਹਨ। ਸੰਦੇਹ ਅਤੇ ਸ਼ੱਕ ਦਾ ਰਸਤਾ ਅਸਫਲਤਾ ਵੱਲ ਲੈ ਜਾਂਦਾ ਹੈ ਜਦਕਿ ਵਿਸ਼ਵਾਸ ਦਾ ਹਥਿਆਰ ਸਾਰੀਆਂ ਰੁਕਾਵਟਾਂ ਨੂੰ ਤੋੜ ਦਿੰਦਾ ਹੈ। ਇਹ ਮਾਰਗ ਦੀ ਸੇਧ ਦੇਣ ਵਾਲੀ ਅਦਭੁੱਤ ਸ਼ਕਤੀ ਹੈ ਜਿਸ ਨਾਲ ਇਨਸਾਨ ਅਸੰਭਵ ਨੂੰ ਸੰਭਵ ਕਰ ਸਕਦਾ ਹੈ। ਡਾ. ਨਰਿੰਦਰ ਕਪੂਰ ਦੇ ਕਥਨ ਅਨੁਸਾਰ ਰੋਗੀ ਉਸੇ ਦਿਨ ਤੋਂ ਠੀਕ ਹੋਣਾ ਸ਼ੁਰੂ ਹੋ ਜਾਂਦਾ ਹੈ ਜਿਸ ਦਿਨ ਉਹ ਠੀਕ ਹੋਣ ਦੀ ਤਰੀਕ ਮਿਥ ਲੈਂਦਾ ਹੈ। ਸੰਮੋਹਨ ਦੁਆਰਾ ਸ਼ਕਤੀਆਂ ਨੂੰ ਅੰਦੋਲਤ ਕਰਨ ਦਾ ਸਿਧਾਂਤ ਵੀ ਆਤਮ ਵਿਸ਼ਵਾਸ 'ਤੇ ਕੇਂਦਰਿਤ ਹੈ।

ਇਕ ਪ੍ਰਚਲਤ ਦੰਦਕਥਾ ਅਨੁਸਾਰ ਇਕ ਵਾਰੀ ਇਕ ਨੌਜਵਾਨ ਨੂੰ ਵਪਾਰ ਵਿਚ ਬਹੁਤ ਘਾਟਾ ਪੈ ਗਿਆ। ਉਹ ਬਹੁਤ ਪ੍ਰੇਸ਼ਾਨ ਅਤੇ ਉਦਾਸ ਰਹਿਣ ਲੱਗਾ। ਇਕ ਦਿਨ ਕਿਸੇ ਪਾਰਕ ਵਿਚ ਬੈਠਾ ਡੂੰਘੀਆਂ ਸੋਚਾਂ ਵਿਚ ਡੁੱਬਿਆ ਹੋਇਆ ਸੀ। ਅਚਾਨਕ ਉੱਥੇ ਇਕ ਆਦਮੀ ਆਇਆ। ਉਸ ਨਾਲ ਸੰਖੇਪ ਜਿਹੀ ਗੱਲਬਾਤ ਕੀਤੀ ਅਤੇ ਜਾਂਦੇ ਸਮੇਂ ਉਸ ਆਦਮੀ ਨੇ ਉਸ ਨੂੰ 50 ਲੱਖ ਡਾਲਰ ਦਾ ਚੈਕ ਦੇ ਦਿੱਤਾ ਤਾਂ ਕਿ ਉਹ ਆਪਣਾ ਕਾਰੋਬਾਰ ਠੀਕ ਕਰ ਸਕੇ ਅਤੇ ਨਾਲ ਹੀ ਹਦਾਇਤ ਕੀਤੀ ਕਿ ਠੀਕ ਇਕ ਸਾਲ ਬਾਅਦ ਉਹ ਉਸ ਨੂੰ ਇਸੇ ਸਥਾਨ ਦੁਬਾਰਾ ਮਿਲੇਗਾ ਤੇ ਉਹ ਸਮੇਂ ਉਸ ਦੀ ਰਕਮ ਵਾਪਸ ਕਰ ਦੇਵੇ। ਇਸ ਚੈਕ ਉੱਤੇ ਰਾਕ ਡੀ ਫੈਲਰ ਦੇ ਹਸਤਾਖਰ ਸਨ ਜਿਹੜਾ ਕਿ ਉਸ ਸਮੇਂ ਦੁਨੀਆਂ ਦਾ ਸਭ ਤੋਂ ਵੱਧ ਅਮੀਰ ਆਦਮੀ ਸੀ। ਵਪਾਰੀ ਨੌਜਵਾਨ ਚੈਕ ਲੈ ਕੇ ਆਪਣੇ ਘਰ ਆਇਆ। ਉਸ ਨੇ ਕੈਸ਼ ਕਰਵਾਉਣ ਦੀ ਬਜਾਏ ਇਸ ਨੂੰ ਅਲਮਾਰੀ ਵਿਚ ਰੱਖ ਦਿੱਤਾ। ਉਹ ਸੋਚਣ ਲੱਗਾ ਕਿ ਜੇਕਰ ਇਕ ਅਜਨਬੀ ਉਸ 'ਤੇ ਏਨਾ ਵਿਸ਼ਵਾਸ਼ ਕਰ ਸਕਦਾ ਹੈ ਤਾਂ ਉਹ ਖੁਦ 'ਤੇ ਵਿਸ਼ਵਾਸ ਕਿਉਂ ਕਰ ਸਕਦਾ? ਉਸ ਨੇ ਮਿਹਨਤ ਕਰਨੀ ਸ਼ੁਰੂ ਕਰ ਦਿੱਤੀ ਅਤੇ ਉਸਦਾ ਕੰਮ ਠੀਕ ਹੋਣ ਲੱਗਾ ਅਤੇ ਕੁਝ ਹੀ ਮਹੀਨਿਆਂ ਵਿਚ ਸਾਰਾ ਘਾਟਾ ਪੂਰਾ ਹੋ ਗਿਆ।



ਨਿਰਧਾਰਤ ਮਿਤੀ 'ਤੇ ਉਹ ਉਸ ਆਦਮੀ ਨੂੰ ਉਸੇ ਸਥਾਨ ਤੇ ਦੁਬਾਰਾ ਮਿਲਿਆ। ਉਹ ਅਜੇ ਚੈਕ ਵਾਪਸ ਹੀ ਕਰ ਰਿਹਾ ਸੀ ਕਿ ਇਕ ਨਰਸ ਨੇ ਉਸ ਆਦਮੀ ਨੂੰ ਫੜ੍ਹ ਲਿਆ। ਨਰਸ ਦੇ ਦੱਸਣ ਅਨੁਸਾਰ ਇਹ ਆਦਮੀ ਮਾਨਸਿਕ ਰੋਗ ਤੋਂ ਪੀੜਿਤ ਸੀ। ਭਾਵੇਂ ਚੈਕ ਜਾਅਲੀ ਸੀ ਅਤੇ ਚੈਕ ਦੇਣ ਵਾਲਾ ਆਦਮੀ ਵੀ ਮਨੋਰੋਗੀ ਸੀ ਪਰ ਇਹ ਉਸ ਨੌਜਵਾਨ ਦੇ ਅੰਦਰ ਪੈਦਾ ਹੋਇਆ ਆਤਮ ਵਿਸ਼ਵਾਸ ਹੀ ਸੀ ਜਿਸ ਕਾਰਨ ਉਸਦੀ ਇੱਛਾ ਸ਼ਕਤੀ ਦ੍ਰਿੜ ਹੋ ਗਈ। ਇਸ ਤਰ੍ਹਾਂ ਉਹ ਆਪਣੇ ਵਪਾਰ ਨੂੰ ਦੁਬਾਰਾ ਬੁਲੰਦੀਆਂ 'ਤੇ ਲਿਜਾਣ ਵਿਚ ਸਫਲ ਹੋ ਗਿਆ। ਠੀਕ ਹੀ ਕਿਹਾ ਗਿਆ ਹੈ ਕਿ ਜਿਨ੍ਹਾਂ ਦੇ ਇਰਾਦੇ ਬੁਲੰਦ ਹੁੰਦੇ ਹਨ, ਖੁਦਾ ਵੀ ਉਨ੍ਹਾਂ ਦੀ ਰਜ਼ਾ ਅਨੁਸਾਰ ਤਕਦੀਰ ਲਿਖਦਾ ਹੈ।

**ਮੋਬਾਈਲ ਨੰਬਰ 9417051627**

## ਗੁਰ-ਇਤਿਹਾਸ ਵਿਚ ਬਾਸਰਕੇ

• ਮਨਮੋਹਨ ਸਿੰਘ ਬਾਸਰਕੇ

ਭਾਰਤ ਦੇਸ਼ ਏਸ਼ੀਆ ਅੰਦਰ ਜੋ ਰਿਸ਼ੀਆਂ ਮੁਨੀਆਂ ਦਾ ਮੰਦਰ ਹੈ। ਪੰਜਾਬ ਭਾਰਤ ਦਾ ਗੌਰਵਮਈ ਸੂਬਾ ਹੈ, ਜੋ ਗੁਰ-ਇਤਿਹਾਸ ਨਾਲ ਲਬਰੇਜ਼ ਹੈ। ਅੰਮ੍ਰਿਤਸਰ ਸਿਫਤੀ ਦਾ ਘਰ, ਅੰਮ੍ਰਿਤਸਰ ਤੋਂ ਅਟਾਰੀ ਰੋਡ 'ਤੇ ਛੇਹਰਟਾ ਸਾਹਿਬ ਤੋਂ 7 ਕਿਲੋਮੀਟਰ ਹੱਟਵਾਂ ਪਿੰਡ ਬਾਸਰਕੇ ਹੈ, ਜੋ ਹੁਣ ਬਾਸਰਕੇ ਗਿੱਲਾਂ ਵਜੋਂ ਪ੍ਰਸਿੱਧ ਘੁੱਗ ਵਸਦਾ ਪਿੰਡ ਹੈ। ਇਹ ਉਹ ਭਾਗਾਂ-ਭਰਿਆ ਪਿੰਡ ਹੈ, ਜਿਥੇ ਸ੍ਰੀ ਗੁਰੂ ਅਮਰਦਾਸ ਸਾਹਿਬ ਦਾ ਪ੍ਰਕਾਸ਼ 5 ਮਈ 1479 ਈ: ਨੂੰ ਪਿਤਾ ਤੇਜ ਭਾਨ ਭੱਲੇ ਖੱਤਰੀ ਦੇ ਘਰ ਮਾਤਾ ਸੁਲੱਖਣੀ (ਲੱਛਮੀ) ਦੀ ਕੁੱਖੋਂ ਹੋਇਆ। ਗੁਰੂ ਅਮਰਦਾਸ ਜੀ ਦੀ ਸ਼ਾਦੀ ਦੇਵੀ ਚੰਦ ਬਹਿਲ ਦੀ ਪੁੱਤਰੀ ਬੀਬੀ ਮਨਸਾ ਦੇਵੀ (ਰਾਮ ਕੋਰ) ਨਾਲ ਪਿੰਡ ਸੰਗਤਰਾ ਵਿਖੇ ਹੋਈ। ਆਪ ਦੇ ਘਰ ਦੋ ਪੁੱਤਰਾਂ ਬਾਬਾ ਮੋਹਨ ਤੇ ਬਾਬਾ ਮੋਹਰੀ ਅਤੇ ਦੋ ਪੁੱਤਰੀਆਂ ਬੀਬੀ ਭਾਨੀ ਤੇ ਬੀਬੀ ਦਾਨੀ ਨੇ ਜਨਮ ਲਿਆ।

ਗੁਰ ਇਤਿਹਾਸ ਵਿਚ ਦੋ ਮਹਾਨ ਬੀਬੀਆਂ ਹੋਈਆਂ ਹਨ, ਉਨ੍ਹਾਂ ਵਿਚ ਬੀਬੀ ਭਾਨੀ ਅਤੇ ਬੀਬੀ ਅਮਰੋ ਦਾ ਉਭਰਵਾਂ ਨਾਂ ਹੈ। ਬੀਬੀ ਭਾਨੀ ਦਾ ਪੇਕਾ ਪਿੰਡ ਅਤੇ ਬੀਬੀ ਅਮਰੋ ਦਾ ਸਹੁਰਾ ਪਿੰਡ ਬਾਸਰਕੇ ਹੈ। ਜੋ ਇਤਿਹਾਸ ਵਿਚ ਸੁਨਹਿਰੀ ਪੰਨਿਆ 'ਤੇ ਅੰਕਿਤ ਹੈ। ਬੀਬੀ ਭਾਨੀ ਗੁਰੂ ਅਮਰ ਦਾਸ ਜੀ ਦੀ ਸਪੁੱਤਰੀ ਅਤੇ ਗੁਰੂ ਰਾਮਦਾਸ ਜੀ ਦੀ ਸੁਪਤਨੀ ਸਨ। ਬੀਬੀ ਅਮਰੋ ਸ੍ਰੀ ਗੁਰੂ ਅੰਗਦ ਦੇਵ ਜੀ ਅਤੇ ਮਾਤਾ ਖੀਵੀ ਦੀ ਸਪੁੱਤਰੀ ਜੋ ਸ੍ਰੀ ਗੁਰੂ ਅਮਰ ਦਾਸ ਜੀ ਦੇ ਭਤੀਜੇ ਨਾਲ ਪਿੰਡ ਬਾਸਰਕੇ ਵਿਖੇ ਵਿਆਹੀ ਹੋਈ ਸੀ। ਗੁਰੂ ਅਮਰ ਦਾਸ ਦਾ ਗੁਰੂ ਅੰਗਦ ਦੇਵ ਨਾਲ ਮਿਲਾਪ ਕਰਾਉਣ ਵਾਲੀ ਵੀ ਬੀਬੀ ਅਮਰੋ ਹੀ ਸਨ। ਪਿੰਡ ਬਾਸਰਕੇ ਵਿਖੇ ਗੁਰਦੁਆਰਾ ਜਨਮ ਸਥਾਨ ਪਾਤਸ਼ਾਹੀ ਤੀਸਰੀ ਦੇ ਨਾਲ ਹੀ ਗੁਰਦੁਆਰਾ ਅੰਗੀਠਾ ਬੀਬੀ ਅਮਰੋ ਜੀ ਸੁਸ਼ੋਭਿਤ ਹੈ।

ਭਾਈ ਜੇਠਾ ਜੋ ਬਾਅਦ ਵਿਚ ਗੁਰੂ ਰਾਮਦਾਸ ਬਣੇ ਦਾ ਜਨਮ ਭਾਵੇਂ ਚੂਨਾ ਮੰਡੀ ਲਾਹੌਰ ਦਾ ਸੀ ਪਰ ਆਪ ਦੇ ਮਾਤਾ-ਪਿਤਾ ਦੀ ਬਾਲ ਵਰੇਸ ਉਮਰੇ ਹੀ ਅਕਾਲ ਚਲਾਣਾ ਹੋ ਜਾਣ ਕਰਕੇ ਪਾਲਣ-ਪੋਸ਼ਣ ਨਾਨਕੇ ਘਰ ਪਿੰਡ ਬਾਸਰਕੇ ਵਿਖੇ ਹੀ ਹੋਇਆ। ਦੋਹਤਾ ਬਾਣੀ ਕਾ ਬੋਹਿਥਾ ਦਾ ਵਰ ਗੁਰੂ ਅਮਰਦਾਸ ਜੀ ਤੋਂ ਪ੍ਰਾਪਤ ਕਰਨ ਵਾਲੇ ਸ੍ਰੀ ਗੁਰੂ ਅਰਜਨ ਦੇਵ ਦਾ ਨਾਨਕਾ ਪਿੰਡ ਹੋਣ ਦਾ ਮਾਣ ਵੀ ਪਿੰਡ ਬਾਸਰਕੇ ਨੂੰ ਪ੍ਰਾਪਤ ਹੈ।

ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਦੀ ਚਰਨ ਛੋਹ ਵੀ ਇਸ ਪਿੰਡ ਨੂੰ ਪ੍ਰਾਪਤ ਹੋਣ ਦਾ ਮਾਣ ਹਾਸਲ ਹੈ। ਜਦੋਂ ਗੁਰੂ ਅੰਗਦਦੇਵ ਨੇ ਗੁਰਗੱਦੀ ਗੁਰੂ ਅਮਰਦਾਸ ਨੂੰ ਸੌਂਪੀ ਤਾਂ ਗੁਰੂ ਅੰਗਦ ਦੇਵ ਦੇ ਪੁੱਤਰਾਂ ਦਾਤੂ ਅਤੇ ਦਾਸੂ ਨੇ ਇਸ ਦਾ ਕਰੜਾ ਵਿਰੋਧ ਕੀਤਾ। ਇਸ ਲਈ ਬਿਨ੍ਹਾਂ ਕਿਸੇ ਨੂੰ ਦੱਸਿਆ ਗੁਰੂ ਜੀ ਗੋਇੰਦਵਾਲ ਤੋਂ ਪਿੰਡ ਬਾਸਰਕੇ ਆ ਗਏ ਅਤੇ ਇਥੇ ਮਲੇ-ਝਾੜੀਆਂ ਵਿਚ ਬਣੇ ਇਕ ਕੱਚੇ ਕੋਠੇ ਵਿਚ ਬੈਠ ਕੇ ਭਜਨ ਬੰਦਗੀ ਕਰਨ ਲੱਗ ਪਏ। ਗੋਇੰਦਵਾਲ ਤੋਂ ਸੰਗਤਾਂ ਗੁਰੂ ਜੀ ਦੀ ਭਾਲ ਕਰਨ ਦੀ ਬੇਨਤੀ ਨੂੰ ਮੰਨ, ਗੁਰੂ ਜੀ ਦੀ ਘੋੜੀ ਤੋਂ ਸੇਧ ਲੈ ਇਥੇ ਹਾਜ਼ਰ ਹੋਏ। ਜਦ ਦਰਵਾਜ਼ੇ 'ਤੇ ਲਿਖਿਆ ਪੜ੍ਹਿਆ ਕਿ ਜੋ ਬੂਹਾ ਖੋਲੇਗਾ, ਉਹ ਗੁਰੂ ਕਾ ਸਿੱਖ ਨਹੀਂ ਹੋਵੇਗਾ ਤਾਂ ਬਾਬਾ ਬੁੱਢਾ ਨੇ ਦਰਵਾਜ਼ਾ ਖੋਲ੍ਹਣ ਦੀ ਬਜਾਏ ਮਗਰੋਂ ਪਾੜ ਲਾ ਕੇ ਗੁਰੂ ਜੀ ਦੇ ਦਰਸ਼ਨ ਆਪ ਕੀਤੇ ਅਤੇ ਸੰਗਤਾਂ ਨੂੰ ਕਰਵਾਏ। ਇਸ ਅਸਥਾਨ ਤੇ ਗੁਰਦੁਆਰਾ ਸੰਨ੍ਹ ਸਾਹਿਬ ਸੁਸ਼ੋਭਿਤ ਹੈ। ਇਸ ਸਥਾਨ ਦੀ ਮਹਿਮਾ ਦਾ ਵਰਣਨ ਮਹਾਂ ਕਵੀ ਭਾਈ ਸੰਤੋਖ ਸਿੰਘ ਨੇ ਗੁਰਪ੍ਰਤਾਪ ਸੂਰਜ ਗ੍ਰੰਥ ਵਿਚ ਵੀ ਕੀਤਾ ਹੋਇਆ ਹੈ।



**ਦੋਹਤਾ ਬਾਣੀ ਕਾ ਬੋਹਥਾ ਦਾ ਵਰ ਗੁਰੂ ਅਮਰਦਾਸ ਤੋਂ ਪ੍ਰਾਪਤ ਕਰਨ ਵਾਲੇ ਸ੍ਰੀ ਗੁਰੂ ਅਰਜਨ ਦੇਵ ਦਾ ਨਾਨਕੇ ਹੋਣ ਦਾ ਮਾਣ ਵੀ ਪਿੰਡ ਬਾਸਰਕੇ ਨੂੰ ਪ੍ਰਾਪਤ ਹੈ।**

**ਮੋਬਾਈਲ ਨੰਬਰ 9914716616**

# ਗੁਰਦੁਆਰਾ ਘਾਟ ਸਾਹਿਬ

ਗੁਰਨਾਮ ਸਿੰਘ ਭੱਲੜੀ
9417335325



ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨਛੋਹ ਪ੍ਰਾਪਤ ਪਵਿੱਤਰ ਗੁਰਦੁਆਰਾ ਘਾਟ ਸਾਹਿਬ ਸ਼ਿਵਾਲਿਕ ਦੀਆਂ ਪਹਾੜੀਆਂ ਦੀ ਗੋਦ 'ਚ ਵਸੇ, ਨੰਗਲ ਡੈਮ ਵਿਖੇ ਸੁਸ਼ੋਭਿਤ ਹੈ। ਖ਼ਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਤੋਂ ਕਰੀਬ 20 ਕਿਲੋਮੀਟਰ ਉੱਤਰ ਦਿਸ਼ਾ ਵੱਲ ਸਥਿਤ ਇਸ ਪਾਵਨ ਅਸਥਾਨ 'ਤੇ ਗੁਰੂ ਗੋਬਿੰਦ ਸਿੰਘ ਜੀ ਸਾਲ 1696 ਵਿਚ ਬਿਭੌਰ ਸਾਹਿਬ ਨੂੰ ਜਾਣ ਸਮੇਂ ਪਧਾਰੇ ਸਨ।ਕਿਉਂਕਿ ਬਿਭੌਰ ਸਾਹਿਬ ਉਸ ਸਮੇਂ ਰਾਜਾ ਬਾਰਬਿਕ ਰਿਆਸਤ ਸੀ। ਇਥੋਂ ਦੇ ਰਾਜਾ ਰਤਨ ਰਾਏ ਅਤੇ ਰਾਣੀ ਗੁਰੂ ਜੀ ਦੇ ਸੇਵਕ ਸਨ। ਗੁਰੂ ਜੀ ਦੇ ਕਹਿਣ 'ਤੇ ਹੀ, ਨਾਹਨ ਦੇ ਰਾਜਾ ਮੇਦਨੀ ਪ੍ਰਕਾਸ਼ ਨੇ ਅਪਣੀ ਧੀ ਸ਼ੰਮਾਂ ਰਾਣੀ, ਬਿਭੌਰ ਰਿਆਸਤ ਦੇ ਰਾਜੇ ਰਤਨ ਰਾਏ ਨਾਲ ਵਿਆਹੀ ਹੋਈ ਸੀ। ਬਿਭੌਰ ਦੇ ਰਾਜਾ ਵਲੋਂ ਗੁਰੂ ਜੀ ਨੂੰ ਵਾਰ-ਵਾਰ ਬਿਭੌਰ ਸਾਹਿਬ ਆਉਣ ਲਈ ਬੇਨਤੀਆਂ ਕੀਤੀਆਂ ਜਾ ਰਹੀਆਂ ਸਨ। ਅਖ਼ੀਰ ਗੁਰੂ ਜੀ ਨੇ ਉਨ੍ਹਾਂ ਦੀ ਬੇਨਤੀ ਪ੍ਰਵਾਨ ਕਰਦਿਆਂ ਸਾਲ 1696 ਵਿਚ ਬਿਭੌਰ ਸਾਹਿਬ ਲਈ ਨੰਗਲ ਡੈਮ ਵਿਖੇ ਪਹੁੰਚੇ ਸਨ। ਜਿੱਥੇ ਸਤਲੁਜ ਦਰਿਆ ਲੰਘਣ ਲਈ ਨੰਗਲ ਵਿਖੇ ਇਕ ਘਾਟ ਸੀ ਉੱਥੋਂ ਕਿਸ਼ਤੀ ਰਾਹੀਂ ਬਿਭੌਰ ਸਾਹਿਬ ਨੂੰ ਜਾਣਾ ਪੈਂਦਾ ਸੀ। ਪਿੰਡ ਦਬੇਟਾ ਅਤੇ ਬਿਭੌਰ ਸਾਹਿਬ, ਸਤਲੁਜ ਦਰਿਆ ਦੇ ਕੰਢੇ 'ਤੇ ਬਹੁਤ ਉੱਚੀਆਂ ਪਹਾੜੀਆਂ 'ਤੇ ਵਸੇ ਦੋ ਪਿੰਡ ਹਨ। ਇਨ੍ਹਾਂ ਪਿੰਡਾਂ ਵਿਚਕਾਰ ਪੈਂਦੀ ਸਤਲੁਜ ਨਦੀ ਨੂੰ ਪਾਰ ਕਰਨ ਲਈ ਬੇੜੀ ਪੈਂਦੀ ਸੀ।



ਗੁਰੂ ਗੋਬਿੰਦ ਸਿੰਘ ਜੀ ਨੇ ਇਸ ਘਾਟ ਤੋਂ ਬੇੜੀ ਰਸਤੇ ਬਿਭੌਰ ਸਾਹਿਬ ਜਾਣਾ ਸੀ, ਜਿਸ ਦੀ ਭਿਣਕ ਸਾਰੇ ਮਲਾਹਾਂ ਨੂੰ ਲੱਗ ਚੁੱਕੀ ਸੀ। ਇਸ ਲਈ ਹਰੇਕ ਮਲਾਹ ਨੇ ਆਪਣੀ-ਆਪਣੀ ਬੇੜੀ ਨੂੰ ਬਹੁਤ ਹੀ ਖ਼ੂਬਸੂਰਤ ਤਰੀਕੇ ਨਾਲ ਸਜਾ ਲਿਆ ਤਾਂ ਕਿ ਗੁਰੂ ਜੀ ਉਸ ਦੀ ਬੇੜੀ ਵਿਚ ਬੈਠ ਕੇ ਸਤਲੁਜ ਦਰਿਆ ਪਾਰ ਕਰਨਗੇ ਅਤੇ ਮੋਟੀ ਮਾਇਆ ਜਾਂ ਮੋਹਰਾਂ ਦਾ ਗੱਫਾ ਦੇ ਕੇ ਜਾਣਗੇ। ਪਰ ਇਸ ਘਾਟ 'ਤੇ ਬੇੜੀ ਚਲਾਉਣ ਵਾਲਾ ਰੁਕਨਦੀਨ ਮਲਾਹ ਵੀ ਸੀ ਜਿਸ ਨੂੰ ਲੋਕ ਸੈਦਾ ਮਲਾਹ ਵੀ ਆਖਦੇ ਸਨ। ਰੱਬ ਦੀ ਰਜ਼ਾ ਵਿਚ ਰਹਿਣ ਵਾਲਾ ਰੁਕਨਦੀਨ ਬਹੁਤ ਗ਼ਰੀਬ ਸੀ ਇਸ ਕਾਰਨ ਉਸ ਦੀ ਕਿਸ਼ਤੀ ਵੀ ਕਈ ਥਾਂ ਤੋਂ ਟੁੱਟੀ ਹੋਈ ਸੀ। ਗ਼ਰੀਬੀ ਕਾਰਨ ਉਹ ਆਪਣੀ ਕਿਸ਼ਤੀ ਨੂੰ ਸ਼ਿੰਗਾਰ ਵੀ ਨਾ ਸਕਿਆ। ਇਸ ਕਾਰਨ ਦੂਜੇ ਮਲਾਹਾਂ ਵਲੋਂ ਸੈਦਾ ਮਲਾਹ ਦੀ ਕਿਸ਼ਤੀ ਨੂੰ ਇਕ ਸਾਈਡ 'ਤੇ ਕਰਾ ਦਿੱਤਾ।

ਜਦੋਂ ਗੁਰੂ ਜੀ ਇਸ ਘਾਟ 'ਤੇ ਪਹੁੰਚੇ ਤਾਂ ਉਹ ਵਾਰੀ-ਵਾਰੀ ਹਰ ਇਕ ਕਿਸ਼ਤੀ ਦੇ ਮਲਾਹ ਕੋਲ ਜਾ ਕੇ ਪੁੱਛਣ ਲੱਗੇ ਕਿ ਇਹ ਕਿਸ਼ਤੀ ਕਿਸਦੀ ਹੈ, ਤਾਂ ਹਰੇਕ ਮਲਾਹ ਨੇ ਹੰਕਾਰ ਵਿਚ ਆ ਕੇ ਕਿਹਾ ਕਿ ਇਹ ਕਿਸ਼ਤੀ ਮੇਰੀ ਹੈ, ਇਹ ਕਿਸ਼ਤੀ ਮੇਰੀ ਹੈ। ਸੈਦਾ ਮਲਾਹ ਬਹੁਤ ਨਿਤਾਣਾ ਹੋ ਕੇ ਇਕ ਪਾਸੇ ਖੜ੍ਹਾ ਸੀ। ਜਦੋਂ ਗੁਰੂ ਜੀ ਨੇ ਸੈਦੇ ਮਲਾਹ ਦੀ ਕਿਸ਼ਤੀ ਵੱਲ ਉਂਗਲ ਕਰਕੇ ਪੁੱਛਿਆ ਕਿ ਇਹ ਕਿਸਦੀ ਹੈ।ਤਾਂ ਸਾਰੇ ਮਲਾਹ ਹੱਸ ਪਏ। ਪਰ ਸੈਦਾ ਮਲਾਹ ਬਹੁਤ ਹੀ ਨਿਮਰਤਾ ਨਾਲ ਬੋਲਿਆ ਕਿ ਸੱਚੇ ਪਾਤਸ਼ਾਹ ਜੀ ਇਹ ਬੇੜੀ ਆਪ ਦੀ ਹੀ ਹੈ ਅਤੇ ਮੈਂ ਆਪ ਦੇ ਦਰ ਦਾ ਕੂਕਰ ਹਾਂ। ਸੈਦੇ ਮਲਾਹ ਦੀ ਨਿਮਰਤਾ ਨੂੰ ਵੇਖ ਕੇ ਗੁਰੂ ਜੀ ਬਹੁਤ ਖ਼ੁਸ਼ ਹੋਏ ਅਤੇ ਸੈਦੇ ਮਲਾਹ ਦੀ ਕਿਸ਼ਤੀ ਵਿਚ ਬੈਠ ਕੇ ਸਤਲੁਜ ਦਰਿਆ ਪਾਰ ਕੀਤਾ। ਜਦੋਂ ਗੁਰੂ ਜੀ ਸੈਦੇ ਮਲਾਹ ਨੂੰ ਕੁਝ ਮੋਹਰਾਂ ਦੇਣ ਲੱਗੇ ਤਾ ਸੈਦਾ ਮਲਾਹ ਹੱਥ ਜੋੜ ਕੇ ਖੜ੍ਹਾ ਹੋ ਗਿਆ।ਅਤੇ ਕਹਿਣ ਲੱਗਾ ਕਿ ਗ਼ਰੀਬ ਨਿਵਾਜ ਜੀ ਤੁਸੀ ਵੀ ਮਲਾਹ ਹੋ ਅਤੇ ਮੈਂ ਵੀ ਮਲਾਹ ਹਾਂ। ਮੇਰਾ ਅਸੂਲ ਹੈ ਕਿ ਮੈਂ ਕਿਸੇ ਮਲਾਹ ਤੋਂ ਕੋਈ ਭੇਟਾ ਨਹੀਂ ਲੈਂਦਾ। ਗੁਰੂ ਜੀ ਹੈਰਾਨ ਹੋ ਕੇ ਪੁੱਛਣ ਲੱਗੇ ਉਹ ਕਿਵੇਂ? ਤਾਂ ਸੈਦਾ ਮਲਾਹ ਹੱਥ ਜੋੜ ਕੇ ਕਹਿਣ ਲੱਗਾ ਕਿ ਗੁਰੂ ਜੀ ਮੈਂ ਇਸ ਨਦੀ ਤੋਂ ਆਪ ਜੀ ਨੂੰ ਪਾਰ ਲੰਘਾਇਆ ਹੈ ਇਸ ਲਈ ਮੈਂ ਇਕ ਮਲਾਹ ਹਾਂ ਅਤੇ ਤੁਸੀਂ ਲੋਕਾਂ ਨੂੰ ਇਸ ਸੰਸਾਰ ਰੂਪੀ ਭਵਸਾਗਰ ਤੋਂ ਪਾਰ ਲੰਘਾਉਂਦੇ ਹੋ ਇਸ ਲਈ ਤੁਸੀਂ ਵੀ ਇਕ ਮਲਾਹ ਹੀ ਹੋ। ਗੁਰੂ ਜੀ ਕਹਿਣ ਲੱਗੇ ਕੁਝ ਮੰਗ ਲੈ ਤਾਂ ਸੈਦਾ ਮਲਾਹ ਨੇ ਹੱਥ ਜੋੜ ਕੇ ਅਰਜ਼ ਕੀਤੀ ਕਿ ਸੱਚੇ ਪਾਤਸ਼ਾਹ ਜੇ ਤੁੱਠੇ ਹੋ ਤਾਂ ਮੇਰੀ ਇਕ ਬੇਨਤੀ ਕਬੂਲ ਕਰੋ।ਕਿ ਮੈਨੂੰ ਇਸ ਸੰਸਾਰ ਦੇ ਭਵਸਾਗਰ ਤੋਂ ਪਾਰ ਲਗਾ ਦਿਓ। ਗੁਰੂ ਜੀ ਵਰ ਦਿੱਤਾ ਕਿ ਸੈਦਿਆ ਤੂੰ ਤਾਂ ਅਪਣੀ ਗੱਲ ਕਰਦਾ ਹੈਂ ਤੇਰੀਆਂ 21 ਕੁੱਲਾਂ ਤਰਨਗੀਆਂ।

ਅੱਜ ਵੀ ਇਸ ਇਲਾਕੇ 'ਚ ਸੈਦਾ ਮਲਾਹ ਦੀ ਵੰਸ਼ ਵਿੱਚੋਂ ਲੋਕ ਇਥੇ ਰਹਿੰਦੇ ਹਨ। ਇਸ ਜਗ੍ਹਾ 'ਤੇ ਸਿੱਖ ਸੰਗਤਾਂ ਵਲੋਂ ਇਕ ਝੌਂਪੜੀ ਬਣਾ ਕੇ ਗੁਰਦੁਆਰਾ ਸਾਹਿਬ ਬਣਾਇਆ ਗਿਆ ਸੀ ਜਿਸ ਨੂੰ ਭਾਰਤ ਪਾਕਿਸਤਾਨ ਦੀ ਵੰਡ ਸਮੇਂ ਕੁਝ ਜਨੂੰਨੀ ਲੋਕਾਂ ਵਲੋਂ ਸਾੜ ਦਿੱਤਾ ਗਿਆ ਸੀ। ਮੁੜ ਸੰਗਤਾਂ ਵਲੋਂ 1950 'ਚ ਇਸ ਗੁਰਦੁਆਰਾ ਸਾਹਿਬ ਦੀ ਕਾਰ ਸੇਵਾ ਆਰੰਭ ਕੀਤੀ ਗਈ ਅਤੇ 13 ਅਪਰੈਲ 1952 ਨੂੰ ਪਹਿਲੀ ਵਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਪ੍ਰਕਾਸ਼ ਕਰ ਦਿੱਤਾ ਗਿਆ। ਇਸ ਥਾਂ 'ਤੇ ਇਕ ਆਲੀਸ਼ਾਨ ਗੁਰਦੁਆਰਾ ਘਾਟ ਸਾਹਿਬ ਬਣਿਆ ਹੋਇਆ ਹੈ। •

# ਕੌਮਾਂਤਰੀ ਔਰਤ ਦਿਵਸ ਅਤੇ ਮਹਾਨ ਸਿੰਘਣੀਆਂ

ਪ੍ਰੋ. ਗੀਨਾ ਕੌਰ ਢਿੱਲੋਂ







ਅੱਜ ਪੂਰਾ ਵਿਸ਼ਵ ਔਰਤ ਦਿਵਸ ਮਨਾ ਰਿਹਾ ਹੈ। ਔਰਤਾਂ ਦੇ ਅਧਿਕਾਰਾਂ ਅਤੇ ਸੁਰੱਖਿਆ ਦੇ ਚਰਚੇ ਭੱਖਦੇ ਮੁੱਦੇ ਬਣ ਚੁੱਕੇ ਹਨ। ਅਜਿਹੇ 'ਚ ਲੋੜ ਹੈ ਉਨ੍ਹਾਂ ਔਰਤਾਂ ਨੂੰ ਯਾਦ ਕਰਨ ਦੀ ਜਿਨ੍ਹਾਂ ਨੇ ਆਪਣੀ ਬਹਾਦਰੀ ਤੇ ਸਾਹਸ ਸਦਕਾ ਇਤਿਹਾਸ ਵਿਚ ਆਪਣਾ ਵਿਸ਼ੇਸ਼ ਮੁਕਾਮ ਬਣਾਇਆ। ਗੁਰੂ ਨਾਨਕ ਦੇਵ ਜੀ ਵੱਲੋਂ ਉਚਾਰੀ ਬਾਣੀ 'ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ' ਨਾਲ ਔਰਤ ਦੇ ਸਮਾਜ ਵਿਚ ਦਰਸਾਏ ਮਹੱਤਵ ਨੂੰ ਅਣਗਿਣਤ ਮਹਾਨ ਸਿੰਘਣੀਆਂ ਨੇ ਨਾ ਸਿਰਫ਼ ਹੋਰ ਅੱਗੇ ਵਧਾਇਆ ਬਲਕਿ ਸਿੱਖ ਇਤਿਹਾਸ ਨੂੰ ਨਵਾਂ ਮੋੜ ਦਿੱਤਾ। ਆਓ ਕੌਮਾਂਤਰੀ ਔਰਤ ਦਿਵਸ ਮੌਕੇ ਉਨ੍ਹਾਂ ਮਹਾਨ ਔਰਤਾਂ ਦੇ ਯੋਗਦਾਨ 'ਤੇ ਇਕ ਸੰਖੇਪ ਝਾਤ ਮਾਰੀਏ।

**ਬੇਬੇ ਨਾਨਕੀ ਜੀ** : ਗੁਰੂ ਨਾਨਕ ਦੇਵ ਜੀ ਨੂੰ ਪਰਮਾਤਮਾ ਨਾਲ ਇਕਸੁਰ ਹੋਣ ਤੇ ਸਮਾਜਿਕ ਬੁਰਾਈਆਂ ਖ਼ਿਲਾਫ਼ ਆਵਾਜ਼ ਬੁਲੰਦ ਕਰਨ ਲਈ ਪ੍ਰੇਰਿਤ ਕਰਨ ਪਿੱਛੇ ਉਨ੍ਹਾਂ ਦੀ ਵੱਡੀ ਭੈਣ ਬੇਬੇ ਨਾਨਕੀ ਸੀ। ਬੇਬੇ ਨਾਨਕੀ ਜੀ ਨੂੰ ਸਿੱਖ ਧਰਮ ਦੇ ਪਹਿਲੇ ਸਿੱਖ ਹੋਣ ਦਾ ਮਾਣ ਪ੍ਰਾਪਤ ਹੈ। ਬੇਬੇ ਨਾਨਕੀ ਨੇ ਹੀ ਸਭ ਤੋਂ ਪਹਿਲਾਂ ਗੁਰੂ ਜੀ ਦੇ ਰੱਬ ਪ੍ਰਤੀ ਅਸੀਮ ਮੋਹ ਨੂੰ ਪਛਾਣਿਆ ਤੇ ਉਸ ਨੂੰ ਸਹੀ ਦਿਸ਼ਾ ਦਿੱਤੀ। ਇਹੀ ਨਹੀਂ ਜਦ ਗੁਰੂ ਜੀ ਯਾਤਰਾ 'ਤੇ ਗਏ ਤਾਂ ਬੇਬੇ ਨਾਨਕੀ ਨੇ ਹੀ ਆਪਣੇ ਮਾਤਾ ਪਿਤਾ , ਗੁਰੂ ਜੀ ਦੀ ਪਤਨੀ ਤੇ ਉਨ੍ਹਾਂ ਦੇ ਬੱਚਿਆਂ ਦੀ ਦੇਖਭਾਲ ਕੀਤੀ। ਉਨ੍ਹਾਂ ਨੇ ਗੁਰੂ ਜੀ ਦੇ ਰਾਹ ਵਿਚ ਆਉਣ ਵਾਲੀਆਂ ਸਾਰੀਆਂ ਰੁਕਾਵਟਾਂ ਦਾ ਖਾਤਮਾ ਕਰ ਦਿੱਤਾ ਅਤੇ ਸਿੱਖੀ ਇਤਿਹਾਸ ਨੂੰ ਉਨ੍ਹਾਂ ਸਦਕਾ ਹੀ ਪਹਿਲਾ ਗੁਰੂ ਪ੍ਰਾਪਤ ਹੋਇਆ।

**ਮਾਤਾ ਖੀਵੀ ਜੀ** : ਗੁਰੂ ਅੰਗਦ ਦੇਵ ਜੀ ਦੀ ਪਤਨੀ ਮਾਤਾ ਖੀਵੀ ਜੀ ਦਾ ਨਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹੈ। ਲੰਗਰ ਪ੍ਰਥਾ ਵਿਚ ਮਾਤਾ ਖੀਵੀ ਜੀ ਦਾ ਯੋਗਦਾਨ ਅਣਮੁੱਲਾ ਹੈ। ਇੱਥੋਂ ਤਕ ਕਿ ਗੁਰੂ ਅੰਗਦ ਦੇਵ ਜੀ ਦੇ ਜੋਤੀ-ਜੋਤ ਸਮਾਉਣ ਤੋਂ 30 ਸਾਲਾਂ ਬਾਅਦ ਤਕ ਵੀ ਇਹ ਰਸੋਈ ਵਿਚ ਲੰਗਰ ਬਣਾਉਂਦੇ ਸਨ ਤੇ ਮਨੁੱਖਤਾ ਦੀ ਸੱਚੀ ਸੇਵਾ ਕਰਨ ਵਾਲੇ ਮਾਤਾ ਖੀਵੀ ਜੀ ਦਾ ਨਾਂ ਸਿੱਖ ਧਰਮ ਵੱਲੋਂ ਦੁਨੀਆ ਨੂੰ ਲੰਗਰ ਦੇ ਰੂਪ 'ਚ ਦਿੱਤੇ ਗਏ 'ਵੰਡ ਕੇ ਛਕੋ' ਸਿਧਾਂਤ ਵਿਚ ਪਾਏ ਗਏ ਅਹਿਮ ਯੋਗਦਾਨ ਵਜੋਂ ਹਮੇਸ਼ਾ ਯਾਦ ਰਹੇਗਾ।

**ਬੀਬੀ ਭਾਨੀ ਜੀ** : ਤੀਸਰੇ ਗੁਰੂ ਸ੍ਰੀ ਅਮਰਦਾਸ ਜੀ ਦੀ ਪੁੱਤਰੀ, ਚੌਥੇ ਗੁਰੂ ਸ੍ਰੀ ਰਾਮ ਦਾਸ ਜੀ ਦੀ ਪਤਨੀ ਅਤੇ ਪੰਜਵੇਂ ਗੁਰੂ ਸ੍ਰੀ ਅਰਜਨ ਦੇਵ ਜੀ ਦੇ ਮਾਤਾ ਬੀਬੀ ਭਾਨੀ ਜੀ ਅਤਿ ਸੁਸ਼ੀਲ, ਸੰਜਮੀ ਅਤੇ ਨਿਮਰਤਾ ਦੇ ਗੁਣਾਂ ਨਾਲ ਭਰਪੂਰ ਸ੍ਰੇਸ਼ਟ ਬੁੱਧੀ ਦੇ ਮਾਲਕ ਸਨ। ਬੀਬੀ ਭਾਨੀ ਜੀ ਨੇ ਪਿਤਾ ਦੀ ਸੇਵਾ ਕਰ ਕੇ ਇਹ ਪੂਰਨ ਰੂਪ ਵਿਚ ਸਿੱਧ ਕੀਤਾ ਕਿ ਬੇਟੀ ਅਤੇ ਬੇਟੇ ਵਿਚ ਕੋਈ ਫ਼ਰਕ ਨਹੀਂ । ਉਨ੍ਹਾਂ ਵੱਲੋਂ ਕੀਤੀ ਗਈ ਸੇਵਾ ਨੇ ਸਿੱਖ ਇਤਿਹਾਸ ਨੂੰ ਇਕ ਨਵਾਂ ਮੋੜ ਦੇਣ ਵਿਚ ਅਹਿਮ ਭੂਮਿਕਾ ਅਦਾ ਕੀਤੀ।

**ਮਾਤਾ ਗੁਜਰ ਕੌਰ ਜੀ** : ਆਪਣੇ ਸਾਰੇ ਪਰਿਵਾਰ ਨੂੰ ਕੌਮ ਦੀ ਰਾਖੀ ਲਈ ਕੁਰਬਾਨ ਕਰਨ ਲਈ ਮਾਤਾ ਗੁਜਰ ਕੌਰ ਜੀ ਦਾ ਨਾਂ ਰਹਿੰਦੀ ਦੁਨੀਆ ਤਕ ਯਾਦ ਰਹੇਗਾ। ਹਿੰਦ ਦੀ ਚਾਦਰ ਗੁਰੂ ਤੇਗ ਬਹਾਦਰ ਜੀ ਦੀ ਧਰਮ ਸੁਪਤਨੀ ਅਤੇ ਸਰਬੰਸ ਦਾਨੀ ਗੁਰੂ ਗੋਬਿੰਦ ਸਿੰਘ ਜੀ ਦੇ ਸਤਿਕਾਰਯੋਗ ਮਾਤਾ ਜੀ ਭਾਰਤ ਦੇਸ਼ ਦੀ ਪਹਿਲੀ ਸ਼ਹੀਦ ਇਸਤਰੀ ਸਨ ਜਿਨ੍ਹਾਂ ਦਾ ਸਮੁੱਚਾ ਜੀਵਨ ਤਿਆਗ ਤੇ ਕੁਰਬਾਨੀ ਦੀ ਮਿਸਾਲ ਹੈ।

**ਮਾਈ ਭਾਗੋ ਜੀ** : ਮਾਤਾ ਭਾਗ ਕੌਰ ਜੀ ਜੋ ਇਤਿਹਾਸ ਵਿਚ ਮਾਈ ਭਾਗੋ ਜੀ ਦੇ ਨਾਂ ਨਾਲ ਵੀ ਜਾਣੇ ਜਾਂਦੇ ਹਨ, ਅਜਿਹੀ ਬਹਾਦਰ ਸਿੰਘਣੀ ਸੀ ਜਿਨ੍ਹਾਂ ਨੇ ਸ੍ਰੀ ਅਨੰਦਪੁਰ ਸਾਹਿਬ ਤੋਂ ਬੇਦਾਵਾ ਦੇ ਕੇ ਆਏ 40 ਮਝੈਲ ਸਿੰਘਾਂ ਨੂੰ ਪ੍ਰੇਰਨਾ ਦੇ ਕੇ ਮੁੜ ਗੁਰੂ ਗੋਬਿੰਦ ਸਿੰਘ ਜੀ ਦੇ ਜ਼ੁਲਮ ਵਿਰੁੱਧ ਵਿੱਢੇ ਗਏ ਸੰਘਰਸ਼ ਵਿਚ ਸ਼ਾਮਲ ਕੀਤਾ। ਉਨ੍ਹਾਂ ਆਪ ਇਨ੍ਹਾਂ 40 ਮਝੈਲ ਸਿੰਘਾਂ ਦੀ ਅਗਵਾਈ ਕਰਦਿਆਂ ਗੁਰੂ ਜੀ ਦੀ ਭਾਲ ਵਿਚ ਖਿਦਰਾਣੇ ਦੀ ਧਰਤੀ (ਹੁਣ ਮੁਕਤਸਰ ਸਾਹਿਬ) ਦੇ ਜੰਗੇ ਮੈਦਾਨ ਵਿਚ ਦੁਸ਼ਮਣ ਦੀਆਂ ਫ਼ੌਜਾਂ ਦਾ ਮੁਕਾਬਲਾ ਕੀਤਾ। ਸਿਰ 'ਤੇ ਕੇਸਕੀ, ਖ਼ਾਲਸੇ ਦੀ ਵੇਸ਼ਭੂਸ਼ਾ ਅਤੇ ਕਿਰਪਾਣ ਧਾਰਨ ਕਰ ਯੁੱਧ ਵਿਚ ਆਪਣੀ ਬਹਾਦਰੀ ਦੇ ਜੌਹਰ ਦਿਖਾਉਣ ਵਾਲੇ ਇਹ ਪਹਿਲੀ ਔਰਤ ਸੀ। ਮਾਈ ਭਾਗੋ ਜੀ ਹਜ਼ੂਰ ਸਾਹਿਬ ਤਕ ਗੁਰੂ ਗੋਬਿੰਦ ਸਿੰਘ ਜੀ ਦੇ ਨਾਲ ਗਏ ਅਤੇ ਉਸ ਇਲਾਕੇ ਵਿਚ ਵਿਚਰਦਿਆਂ ਸਿੱਖੀ ਦਾ ਪ੍ਰਚਾਰ ਕੀਤਾ ਅਤੇ ਬਿਦਰ (ਕਰਨਾਟਕ) ਦੇ ਇਲਾਕੇ ਵਿਚ ਨਾਨਕ ਝੀਰਾ ਜੀ ਦੇ ਕੋਲ ਅਕਾਲ ਚਲਾਣਾ ਕਰ ਗਏ। ਇਸੇ ਪਵਿੱਤਰ ਥਾਂ 'ਤੇ ਗੁਰਦੁਆਰਾ ਟਾਪ ਅਸਥਾਨ ਮਾਈ ਭਾਗੋ ਸੁਸ਼ੋਭਿਤ ਹੈ।

**ਮਾਤਾ ਸਾਹਿਬ ਕੌਰ ਜੀ** : 'ਮਾਤਾ ਸਾਹਿਬ ਕੌਰ' ਨੂੰ ਸਿੱਖ ਧਰਮ ਵਿਚ 'ਖ਼ਾਲਸਾ ਪੰਥ ਦੀ ਮਾਤਾ' ਹੋਣ ਦਾ ਮਾਣ ਪ੍ਰਾਪਤ ਹੈ। ਮਾਤਾ ਸਾਹਿਬ ਕੌਰ ਜੀ ਨੇ ਗੁਰੂ ਜੀ ਦੁਆਰਾ ਬਣਾਏ ਖੰਡੇ ਬਾਟੇ ਦੇ ਅੰਮ੍ਰਿਤ ਵਿਚ ਪਤਾਸੇ ਘੋਲ ਕੇ ਸਿੰਘਾਂ ਨੂੰ ਬਹਾਦਰੀ ਦੇ ਨਾਲ-ਨਾਲ ਨਿਮਰਤਾ ਧਾਰਨ ਕਰਨ ਦਾ ਸੰਦੇਸ਼ ਵੀ ਦਿੱਤਾ। ਅੱਜ ਵੀ ਖੰਡੇ ਬਾਟੇ ਦਾ ਪਾਹੁਲ ਛਕਾਉਣ ਵਾਲੇ ਹਰ ਪ੍ਰਾਣੀ ਨੂੰ ਦੱਸਿਆ ਜਾਂਦਾ ਹੈ ਕਿ ਉਸਦੀ ਮਾਤਾ ਸਾਹਿਬ ਕੌਰ, ਪਿਤਾ ਗੁਰੂ ਗੋਬਿੰਦ ਸਿੰਘ ਅਤੇ ਜਨਮ ਅਸਥਾਨ ਸ੍ਰੀ ਅਨੰਦਪੁਰ ਸਾਹਿਬ ਹੈ। ਆਪਣੀ ਸਾਰੀ ਜ਼ਿੰਦਗੀ ਮਾਤਾ ਸਾਹਿਬ ਕੌਰ ਜੀ ਨੇ ਖ਼ਾਲਸਾ ਪੰਥ ਦੀ ਸੇਵਾ ਕੀਤੀ।

**ਬੀਬੀ ਬਸੰਤ ਕੌਰ** : 11 ਅਪ੍ਰੈਲ 1748 ਈ. ਨੂੰ ਮੀਰ ਮਨੂੰ ਨੇ ਪੰਜਾਬ ਦਾ ਸੂਬੇਦਾਰ ਬਣਨ ਉਪਰੰਤ ਸਿੱਖਾਂ ਦੀ ਨਸਲਕੁਸ਼ੀ ਲਈ ਬੇਇੰਤਹਾ ਜ਼ੁਲਮ ਕੀਤੇ। ਇਥੋਂ ਤਕ ਕਿ ਉਸ ਨੇ ਸਿੱਖ ਔਰਤਾਂ ਨੂੰ ਵੀ ਕੈਦ ਕਰ ਕੇ ਲਾਹੌਰ ਰੱਖਿਆ। ਇਨ੍ਹਾਂ ਗ੍ਰਿਫ਼ਤਾਰ ਕੀਤੀਆਂ ਬੀਬੀਆਂ ਵਿਚ ਮਹਾਨ ਸ਼ਹੀਦ ਭਾਈ ਮਨੀ ਸਿੰਘ ਜੀ ਦੀ ਪਤਨੀ ਬੀਬੀ ਬਸੰਤ ਕੌਰ ਜੀ ਵੀ ਸੀ। ਬੀਬੀ ਬਸੰਤ ਕੌਰ ਜੀ ਨੂੰ ਸਾਰੀਆਂ ਬੀਬੀਆਂ ਨੇ ਆਪਣੀ ਜਥੇਦਾਰ ਮੰਨ ਲਿਆ ਅਤੇ ਉਸ ਦੀ ਹਰ ਗੱਲ 'ਤੇ ਫੁੱਲ ਚੜ੍ਹਾਉਣ ਦਾ ਵਾਅਦਾ ਕੀਤਾ। ਜਿਸ ਸਥਾਨ 'ਤੇ ਮੀਰ ਮਨੂੰ ਨੇ ਇਨ੍ਹਾਂ ਬੀਬੀਆਂ ਨੂੰ ਕੈਂਪ ਵਿਚ ਕੈਦ ਕਰ ਕੇ ਰੱਖਿਆ ਸੀ ਉਸ ਥਾਂ 'ਤੇ ਮੁੱਲਾਂਪੁਰ ਵਿਖੇ ਬੀਬੀਆਂ ਦੀ ਯਾਦ ਵਿਚ ਅੱਜ ਕਲ੍ਹ ਗੁਰਦੁਆਰਾ ਮੁਸ਼ਕਿਆਣਾ ਸਾਹਿਬ ਸੁਸ਼ੋਭਿਤ ਹੈ। ਇਨ੍ਹਾਂ ਬੀਬੀਆਂ ਨੂੰ ਇਕੱਠੀਆਂ ਕਰ ਕੇ ਪੁੱਠੀਆਂ ਮੁਸ਼ਕਾਂ ਬੰਨ੍ਹ ਕੇ ਨੂੜ ਕੇ ਲਾਹੌਰ ਲਿਜਾਇਆ ਗਿਆ। ਇੱਥੇ ਇਨ੍ਹਾਂ ਨੂੰ ਨਖਾਸ ਚੌਂਕ ਵਾਲੀ ਜੇਲ੍ਹ ਵਿਚ ਬੰਦ ਕਰ ਕੇ ਹਰ ਰੋਜ਼ ਅਕਹਿ ਤਸੀਹੇ ਦਿੱਤੇ ਜਾਂਦੇ। ਇਨ੍ਹਾਂ ਨੂੰ ਕਈ ਤਰ੍ਹਾਂ ਦੇ ਲਾਲਚ ਦੇ ਕੇ ਇਸਲਾਮ ਧਾਰਨ ਕਰਨ ਲਈ ਮਜਬੂਰ ਕੀਤਾ ਜਾਂਦਾ ਰਿਹਾ। ਇਨ੍ਹਾਂ ਤਸੀਹਿਆਂ ਦੇ ਬਾਵਜੂਦ ਸਿਦਕ ਨਾ ਹਾਰਨ 'ਤੇ ਇਨ੍ਹਾਂ ਬੀਬੀਆਂ ਦੇ ਗਲੇ ਵਿਚ ਉਨ੍ਹਾਂ ਦੇ ਬੱਚਿਆਂ ਦੇ ਟੁਕੜਿਆਂ ਦੇ ਹਾਰ ਪਾਏ ਗਏ ਪਰ ਫਿਰ ਵੀ ਇਹ ਬੀਬੀਆਂ ਅਡੋਲ ਰਹੀਆਂ ਤੇ ਆਪਣੇ ਧਰਮ ਨੂੰ ਨਹੀਂ ਛੱਡਿਆ।

**ਸਰਦਾਰਨੀ ਸਦਾ ਕੌਰ** : ਪਤੀ ਗੁਰਬਖਸ਼ ਸਿੰਘ ਅਤੇ ਸਹੁਰੇ ਜੈ ਸਿੰਘ ਦੀ ਮੌਤ ਤੋਂ ਬਾਅਦ ਕਨਈਆ ਮਿਸਲ ਦੀ ਅਗਵਾਈ ਕਰਨ ਵਾਲੀ ਸਰਦਾਰਨੀ ਸਦਾ ਕੌਰ ਨੇ ਸਿੱਖ ਰਾਜ ਦੀ ਸਥਾਪਨਾ ਵਿਚ ਸਭ ਤੋਂ ਵੱਡਾ ਰੋਲ ਅਦਾ ਕੀਤਾ। 1785 ਵਿਚ ਰਾਣੀ ਸਦਾ ਕੌਰ ਨੇ ਆਪਣੀ ਬੇਟੀ ਮਹਿਤਾਬ ਕੌਰ ਦੀ ਸ਼ਾਦੀ ਸ਼ੁਕਰਚਕੀਆ ਮਿਸਲ ਦੇ ਮਿਸਲਦਾਰ ਮਹਾਂ ਸਿੰਘ ਦੇ ਬੇਟੇ ਰਣਜੀਤ ਸਿੰਘ ਨਾਲ ਕੀਤੀ। ਇਸ ਉਪਰੰਤ ਸਰਦਾਰਨੀ ਸਦਾ ਕੌਰ ਮਹਾਰਾਜਾ ਰਣਜੀਤ ਸਿੰਘ ਦੀ ਸਰਪ੍ਰਸਤ ਬਣ ਗਈ। ਉਨ੍ਹਾਂ ਕਨਈਆ ਅਤੇ ਸ਼ੁਕਰਚੱਕੀਆ ਦੋਹਾਂ ਮਿਸਲਾਂ ਨੂੰ ਮਿਲਾ ਕੇ ਖ਼ਾਲਸਾ ਰਾਜ ਨੂੰ ਸਥਾਪਤ ਕਰਨ ਲਈ ਵਰਤਿਆ। 1796 ਵਿਚ ਅਫ਼ਗ਼ਾਨਿਸਤਾਨ ਦੇ ਸ਼ਾਹ ਜ਼ਮਾਨ ਨੇ 30000 ਫ਼ੌਜ ਨਾਲ ਪੰਜਾਬ ਤੇ ਹੱਲਾ ਬੋਲ ਦਿੱਤਾ। ਕੋਈ ਉਨ੍ਹਾਂ ਦੇ ਰਸਤੇ ਵਿਚ ਖੜ੍ਹਾ ਨਹੀਂ ਹੋਇਆ ਪਰ ਸਰਦਾਰਨੀ ਸਦਾ ਕੌਰ ਨੇ ਸਰਬੱਤ ਖ਼ਾਲਸਾ ਸੱਦ ਕੇ ਅਫ਼ਗ਼ਾਨ ਡਾਕੂਆਂ ਤੋਂ ਪੰਜਾਬ ਨੂੰ ਬਚਾਣ ਦਾ ਐਲਾਨ ਕੀਤਾ।

ਮਹਾਰਾਜਾ ਰਣਜੀਤ ਸਿੰਘ ਦੀ ਅਗਵਾਈ ਵਾਲੀ ਖ਼ਾਲਸਾਈ ਫ਼ੌਜ ਨੇ ਅਫ਼ਗ਼ਾਨੀਆਂ ਨੂੰ ਕਰਾਰੀ ਹਾਰ ਦਿੱਤੀ। ਇਸ ਉਪਰੰਤ ਲਾਹੌਰ ਦੇ ਵਾਸੀਆਂ ਵੱਲੋਂ ਭੰਗੀ ਮਿਸਲ ਤੋਂ ਤੰਗ ਆ ਕੇ ਸਰਦਾਰਨੀ ਸਦਾ ਕੌਰ ਨੂੰ ਲਹੌਰ ਤੇ ਮੱਲ ਮਾਰਨ ਲਈ ਸੱਦਾ ਭੇਜੇ ਜਾਣ 'ਤੇ ਉਨ੍ਹਾਂ ਮਹਾਰਾਜਾ ਰਣਜੀਤ ਸਿੰਘ ਨਾਲ ਲਹੌਰ 'ਤੇ ਹੱਲਾ ਬੋਲਿਆ। ਸਰਦਾਰਨੀ ਸਦਾ ਕੌਰ ਨੇ 1801 ਵਿਚ ਰਣਜੀਤ ਸਿੰਘ ਨੂੰ ਪੰਜਾਬ ਦਾ ਮਹਾਰਾਜਾ ਬਣਾ ਦਿੱਤਾ। ਅੰਮ੍ਰਿਤਸਰ, ਚਨਿਓਟ, ਕਸੂਰ, ਅਟਕ ਹਜ਼ਾਰਾ ਦੀਆਂ ਲੜਾਈਆਂ ਸਮੇਂ ਉਹ ਰਣਜੀਤ ਸਿੰਘ ਨਾਲ ਸੀ।

ਸਿੱਖ ਇਤਿਹਾਸ 'ਚ ਇਨ੍ਹਾਂ ਮਹਾਨ ਔਰਤਾਂ ਤੋਂ ਇਲਾਵਾ ਹੋਰ ਅਣਗਿਣਤ ਔਰਤਾਂ ਵੱਲੋਂ ਨਿਭਾਈ ਗਈ ਅਹਿਮ ਭੂਮਿਕਾ ਆਉਣ ਵਾਲੀਆਂ ਪੀੜ੍ਹੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਬਣੀ ਜਿਸ ਨੇ ਦੇਸ਼ ਦੀ ਆਜ਼ਾਦੀ ਦੌਰਾਨ ਅਤੇ ਆਜ਼ਾਦੀ ਉਪਰੰਤ ਵੀ ਅਨੇਕ ਪੰਜਾਬੀ ਔਰਤਾਂ ਨੇ ਆਪਣਾ ਲੋਹਾ ਮੰਨਵਾਇਆ। ਇਨ੍ਹਾਂ ਮਹਾਨ ਇਸਤਰੀਆਂ ਵੱਲੋਂ ਕੀਤੇ ਗਏ ਸੰਘਰਸ਼ਾਂ ਅਤੇ ਲਾਮਿਸਾਲ ਕੁਰਬਾਨੀਆਂ ਕਾਰਨ ਹੀ ਸਾਡਾ ਇਤਿਹਾਸ ਪ੍ਰੇਰਨਾਮਈ ਹੈ। •

# ਹਿੰਦੂ ਧਰਮ ਦੇ ਪ੍ਰਾਚੀਨ ਗ੍ਰੰਥ ਵੇਦ

ਵੈਦਿਕ/ਹਿੰਦੂ ਧਰਮ ਦੀ ਆਰੰਭਤਾ ਵੇਦਾਂ ਦੀ ਰਚਨਾ ਨਾਲ ਹੋਈ ਮੰਨੀ ਜਾਂਦੀ ਹੈ। ਜਦੋਂ ਅਸੀਂ ਹਿੰਦੂ ਧਰਮ ਦੇ ਇਤਿਹਾਸਕ ਵਿਕਾਸ ਦੀ ਗੱਲ ਕਰਦੇ ਹਾਂ ਤਾਂ ਇਸ ਨੂੰ ਚਾਰ ਪੜਾਵਾਂ (ਕਾਲਾਂ) ਵਿਚ ਵੰਡਿਆ ਜਾਂਦਾ ਹੈ। ਪਹਿਲੇ ਪੜਾਅ ਨੂੰ ਵੈਦਿਕ ਪੜਾਅ ਵਜੋਂ ਸਵੀਕਾਰਿਆ ਜਾਂਦਾ ਹੈ। ਵੇਦ ਆਰੀਆ ਸਭਿਅਤਾ ਅਤੇ ਹਿੰਦੂ ਧਰਮ ਦੇ ਸਭ ਤੋਂ ਪ੍ਰਾਚੀਨ ਗ੍ਰੰਥ ਹਨ। ਵੇਦ ਸੰਸਕ੍ਰਿਤ ਭਾਸ਼ਾ ਦੇ ਵਿਦ ਧਾਤੂ ਤੋਂ ਬਣਿਆ ਹੈ ਜਿਸ ਦੇ ਅਰਥ ਹਨ -ਵਿਦਿਆ, ਗਿਆਨ ਜਾਂ ਪ੍ਰਕਾਸ਼। ਗਿਆਨ ਦੀ ਇਸ ਪਰੰਪਰਾ ਵਿਚ ਸ਼ਰੁਤੀ (ਸੁਣ ਕੇ) ਅਤੇ ਸਿਮਰਤੀ (ਯਾਦ ਕਰ ਕੇ) ਦਾ ਅਹਿਮ ਯੋਗਦਾਨ ਰਿਹਾ ਹੈ। ਇਨ੍ਹਾਂ ਵੇਦਾਂ ਦੀ ਰਚਨਾ ਬਾਬਤ ਤਿੰਨ ਭਾਂਤ ਦੀਆਂ ਧਾਰਨਾਵਾਂ/ਮਾਨਤਾਵਾਂ ਪ੍ਰਚਲਿਤ ਚੱਲੀਆਂ ਆ ਰਹੀਆਂ ਹਨ। ਪਹਿਲੀ ਧਾਰਨਾ ਅਨੁਸਾਰ ਵੇਦ ਈਸ਼ਵਰੀ ਬਾਣੀ ਹਨ। ਦੂਜੀ ਮਾਨਤਾ ਮੁਤਾਬਕ ਵੇਦ ਵੱਖ-ਵੱਖ ਰਿਸ਼ੀਆਂ-ਮੁਨੀਆਂ ਵੱਲੋਂ ਆਪਣੇ ਨਿੱਜੀ ਅਨੁਭਵ ਦੁਆਰਾ ਹਾਸਲ ਕੀਤੇ ਗਏ ਆਤਮਿਕ ਗਿਆਨ ਦਾ ਨਾਂ ਹੈ। ਤੀਸਰੀ ਇਨ੍ਹਾਂ ਵੇਦਾਂ ਦਾ ਉਚਾਰਣ ਬ੍ਰਹਮਾ ਜੀ ਵੱਲੋਂ ਆਪ ਕੀਤਾ ਗਿਆ ਹੈ। ਹਿੰਦੂ ਧਰਮ ਦੇ ਮੁੱਢਲੇ ਸੋਮੇ ਵਜੋਂ ਪਰਵਾਨੇ ਜਾਂਦੇ ਵੇਦਾਂ ਦੀ ਗਿਣਤੀ ਚਾਰ ਹੈ। ਇਨ੍ਹਾਂ ਵਿਚ ਰਿਗਵੇਦ,ਯੁਜਰਵੇਦ, ਸਾਮਵੇਦ ਅਤੇ ਅਥਰਵ ਵੇਦ ਹਨ। ਇਨ੍ਹਾਂ ਵੇਦਾਂ ਦੀ ਰਚਨਾ ਦਾ ਕਾਲ ਆਰੀਆ ਲੋਕਾਂ ਦੀ ਭਾਰਤ ਵਿਚਲੀ ਆਮਦ ਨਾਲ (1500-1000 ਬੀ. ਸੀ) ਜੋੜਿਆ ਜਾਂਦਾ ਹੈ। ਪੇਸ਼ ਹੈ ਇਨ੍ਹਾਂ ਵੇਦਾਂ ਬਾਬਤ ਸੰਖੇਪ ਜਾਣਕਾਰੀ :-

**ਰਿਗਵੇਦ** : ਇਹ ਸਭ ਤੋਂ ਪੁਰਾਤਨ ਵੇਦ ਹੈ। ਰਿਗ ਸ਼ਬਦ ਸੰਸਕ੍ਰਿਤ ਭਾਸ਼ਾ ਦੇ ਮੂਲ ਸ਼ਬਦ ਰਿਚ ਤੋਂ ਬਣਿਆ ਹੈ। ਰਿਚ ਤੋਂ ਭਾਵ ਵਡਿਆਈ ਜਾਂ ਉਸਤਿਤ ਹੁੰਦਾ ਹੈ। ਵੇਦ-ਮੰਤਰਾਂ ਨੂੰ ਰਿਚਾ ਵੀ ਕਿਹਾ ਜਾਂਦਾ ਹੈ ਜਿਸ ਦੇ ਅਰਥ ਹਨ ਉਸਤਤਿਮਈ ਗੀਤ। ਇਸ ਵੇਦ ਵਿਚ ਹਿੰਦੂਆਂ ਦੇ ਧਾਰਮਿਕ, ਸਭਿਆਚਾਰਕ, ਸਮਾਜਿਕ ਅਤੇ ਭੂਗੋਲਿਕ ਪਿਛੋਕੜ ਦੀ ਭਰਪੂਰ ਜਾਣਕਾਰੀ ਮਿਲਦੀ ਹੈ। ਇਸ ਵੇਦ ਦੇ 10 ਮੰਡਲ (ਅਧਿਆਇ) ਹਨ। ਇਨ੍ਹਾਂ ਮੰਡਲਾਂ ਵਿਚ 1028 ਸੂਕਤ ( ਭਜਨ) ਹਨ। ਹਰੇਕ ਸੂਕਤ ਵਿਚ 10 ਮੰਤਰ ਹਨ। ਇਨ੍ਹਾਂ ਮੰਤਰਾਂ ਨੂੰ ਰਿਚਾਵਾਂ ਕਿਹਾ ਜਾਂਦਾ ਹੈ ਜਿਨ੍ਹਾਂ ਦੀ ਗਿਣਤੀ 10552 ਹੈ। ਰਿਚਾਵਾਂ ਤੋਂ ਅੱਗੇ ਜਾ ਕੇ ਜੇ ਸ਼ਬਦਾਂ ਦੀ ਗੱਲ ਕੀਤੀ ਜਾਵੇ ਤਾਂ ਇਨ੍ਹਾਂ ਦੀ ਗਿਣਤੀ 153826 ਬਣ ਜਾਂਦੀ ਹੈ। ਸ਼ਬਦਾਂ ਤੋਂ ਅੱਗੇ ਜੇ ਅੱਖਰਾਂ ਤਕ ਪਹੁੰਚ ਕੀਤੀ ਜਾਵੇ ਤਾਂ ਇਹ 432000 ਹੁੰਦੇ ਹਨ। ਇਨ੍ਹਾਂ ਵਿਚ 40 ਕੁ ਮੰਤਰ ਅਜਿਹੇ ਵੀ ਹਨ ਜੋ ਕਿਸੇ ਸਿਰਲੇਖ ਹੇਠ ਨਹੀਂ ਆਉਂਦੇ। ਜਿਵੇਂ-ਜਿਵੇਂ ਆਰੀਆ ਲੋਕ ਪੂਰਬ ਵੱਲ ਵੱਧਦੇ ਗਏ ਉਨ੍ਹਾਂ ਦੀ ਭੂਗੋਲਿਕ ਖੋਜ ਵੀ ਵੱਧਦੀ ਗਈ ਅਤੇ ਉਹ ਮੰਤਰਾਂ ਦਾ ਉਚਾਰਣ ਕਰਦੇ ਗਏ। ਰਿਗ ਵੇਦ ਰਿਸ਼ੀਆਂ ਨੇ ਕਈਆਂ ਪੀੜ੍ਹੀਆਂ ਵਿਚ ਸੰਪੂਰਨ ਕੀਤਾ ਹੈ। ਜਿਸ ਦੀ ਸੰਪੂਰਨਤਾ ਵਿਚ ਸ੍ਰੀ ਵਿਸ਼ਵਾਮਿਤਰ, ਵਸ਼ਿਸ਼ਟ, ਭਾਰਦਵਾਜ ਅਤੇ ਗੌਤਮ ਆਦਿ ਰਿਸ਼ੀਆਂ ਦਾ ਵਿਸ਼ੇਸ਼ ਯੋਗਦਾਨ ਹੈ।

ਰਿਗ ਵੇਦ ਦੀ ਵਿਆਖਿਆ ਬਹੁਤ ਸਾਰੇ ਵਿਦਵਾਨ ਲੋਕਾਂ ਵੱਲੋਂ ਕੀਤੀ ਗਈ ਹੈ ਪਰ ਸਯਾਣਾਚਾਰੀਆ ਜੀ ਨੂੰ ਪ੍ਰਮੁੱਖ ਵਿਆਖਿਆਕਾਰ ਮੰਨਿਆ ਜਾਂਦਾ ਹੈ। ਇਸ ਦੀ ਵਿਆਖਿਆ ਕਰਦੇ ਸਮੇਂ ਕੁੱਝ ਕੁ ਹੇਠ ਲਿਖੇ ਪੱਖਾਂ ਨੂੰ ਸਨਮੁੱਖ ਰੱਖਣ ਵਾਸਤੇ ਕਿਹਾ ਜਾਂਦਾ ਹੈ:- ( ੳ ) ਦੈਵੀ ਕਿਰਤ ਹੋਣ ਕਰਕੇ ਵੇਦਾਂ ਦੀ ਅਲੋਚਨਾ ਨਹੀਂ ਕੀਤੀ ਜਾ ਸਕਦੀ। (ਅ) ਰਿਗਵੇਦ ਦੀ ਵਿਆਖਿਆ ਕਰਮਕਾਂਡ ਦੇ ਅਨੁਸਾਰ ਕੀਤੀ ਗਈ ਹੈ। (ੲ) ਬੁਹਅਰਥੀ ਵਾਕਾਂ ਕਾਰਨ ਵੇਦਾਂ ਦਾ ਤੁਲਨਾਤਮਕ ਅਧਿਐਨ ਸੰਭਵ ਨਹੀਂ ਹੋ ਸਕਦਾ। ਰਿਗਵੇਦ ਦਾ ਮੁਤਾਲਿਆ ਕਰਨ ਨਾਲ ਇਸ ਦੇ ਕੁਝ ਅਹਿਮਤਰੀਨ ਪੱਖ ਵੀ ਉੱਭਰ ਕੇ ਸਾਹਮਣੇ ਆਉਂਦੇ ਹਨ। ਇਨ੍ਹਾਂ ਪੱਖਾਂ ਵਿਚ ਕੁਦਰਤ ਦੀਆਂ ਵੱਖ-ਵੱਖ ਸ਼ਕਤੀਆਂ ਨੂੰ ਦੇਵਤੇ ਮੰਨ ਕੇ ਉਨ੍ਹਾਂ ਦੀ ਸਿਫ਼ਤ-ਸਲਾਹ ਅਤੇ ਪੂਜਾ ਕੀਤੀ ਗਈ ਹੈ। ਇਨ੍ਹਾਂ ਪ੍ਰਮੁੱਖ ਦੇਵਤਿਆਂ ਵਿਚ ਅਗਨੀ, ਇੰਦਰ, ਵਾਯੂ, ਸ਼ਰੁਤ, ਵਰੁਣ, ਰੁਦਰ, ਆਦਿਤੀ ਅਤੇ ਬ੍ਰਿਹਸਪਤੀ ਆਦਿ ਦਾ ਨਾਂ ਆਉਂਦਾ ਹੈ। ਇਹ ਪੂਜਾ ਖੇਤੀ ਉਪਜ ਦੇ ਵਾਧੇ ਅਤੇ ਹਿਫ਼ਾਜਤ ਹਿੱਤ ਕੀਤੀ ਜਾਂਦੀ ਰਹੀ ਹੈ ਅਤੇ ਯੱਗ ਨੂੰ ਇਸ ਪੂਜਾ ਪੱਧਤੀ ਦਾ ਇਕ ਵਿਸ਼ੇਸ਼ ਸਾਧਨ ਮੰਨਿਆ ਜਾਂਦਾ ਰਿਹਾ ਹੈ।

**ਸਾਮਵੇਦ** :- ਇਹ ਸਭ ਤੋਂ ਛੋਟਾ ਵੇਦ ਹੈ। ਸਾਮ ਤੋਂ ਭਾਵ ਹੈ-ਸਮਾਨ ਜਾਂ ਬਰਾਬਰ ਭਾਰ ਦਾ। ਇਸ ਵੇਦ ਦੇ ਮੰਤਰ ਬਰਾਬਰ ਵਜ਼ਨ ਦੇ ਹਨ। ਜੈਮਨੀ ਰਿਸ਼ੀ ਦੀ ਮੀਮਾਂਸਾ ਵਿਚ ਸਾਮ ਦਾ ਅਰਥ ਗਾਉਣ ਦੀ ਰੀਤੀ ਵਜੋਂ ਕੀਤਾ ਗਿਆ ਹੈ। ਸਾਮ ਵੇਦ ਦੇ ਮੰਤਰ ਯੱਗ, ਹੋਮ ਆਦਿ ਖ਼ੁਸ਼ੀ ਦੇ ਮੌਕਿਆਂ 'ਤੇ ਬ੍ਰਾਹਮਣ ਵਿਸ਼ੇਸ਼ ਤਰਜ਼ 'ਤੇ ਗਾਉਂਦੇ ਹਨ। ਸਾਮ ਨੂੰ ਸ਼ਾਂਤੀ ਪ੍ਰਦਾਨ ਕਰਨ ਵਾਲਾ ਗਾਇਨ ਵੀ ਕਿਹਾ ਜਾਂਦਾ ਹੈ ਜਿਸ ਦਾ ਅਰਥ ਹੈ ਮਨ ਨੂੰ ਇਕਾਗਰ ਕਰ ਕੇ ਦੇਵਤਿਆਂ ਨਾਲ ਇਕਸੁਰ ਕਰਨਾ ਤਾਂ ਕਿ ਭਟਕਣਾ ਖਤਮ ਕਰ ਕੇ ਸ਼ਾਤੀ ਦਾ ਅਨੁਭਵ ਕੀਤਾ ਜਾ ਸਕੇ। ਸਾਮਵੇਦ ਦੇ ਦੋ ਭਾਗ ਹਨ-ਪੂਰਵ ਅਰਚਿਕ ਅਤੇ ਉੱਤਰ ਅਰਚਿਕ। ਇਸ ਤੋਂ ਇਲਾਵਾ ਇਸ ਦਾ ਇਕ ਭਾਗ ਹੋਰ ਵੀ ਤਸਲੀਮ ਕੀਤਾ ਜਾਂਦਾ ਹੈ ਜਿਸ ਨੂੰ ਮੱਧ ਅਰਚਿਕ ਕਿਹਾ ਜਾਂਦਾ ਹੈ। ਇਸ ਵੇਦ ਦੇ ਮੰਤਰਾਂ ਦੀ ਤਦਾਦ 1549 ਹੈ। ਪਰ ਪੰਡਤ ਜੈ ਦੇਵ ਜੀ ਦੇ ਟੀਕੇ ਮੁਤਾਬਕ ਇਹ ਗਿਣਤੀ



1875 ਹੈ। ਇਸ ਦੇ ਪਹਿਲੇ ਹਿੱਸੇ ਵਿਚ ਪੇਂਡੂ ਲੋਕਾਂ ਦੇ ਗਾਉਣ ਵਾਲੇ ਗੀਤ ਹਨ। ਤੀਜੇ ਹਿੱਸੇ ਵਿਚ ਜੰਗਲਾਂ ਵਿਚ ਰਹਿਣ ਵਾਲੇ ਤਪੱਸਵੀਆਂ ਦੇ ਭਜਨ ਹਨ। ਭਾਰਤੀ ਸੰਗੀਤ ਪਰੰਪਰਾ ਦਾ ਮੁੱਢ ਸਾਮਵੇਦ ਤੋਂ ਹੀ ਬੱਝਦਾ ਹੈ। ਇਸ ਵਿਚਲੇ ਮੰਤਰ ਇੰਦਰ, ਅਗਨੀ, ਅਸ਼ਵਨੀ ਅਤੇ ਸੋਮ ਆਦਿ ਦੇ ਗੁਣ ਗਾਇਨ ਕਰਨ 'ਤੇ ਜ਼ੋਰ ਦਿੰਦੇ ਹਨ। ਇਨ੍ਹਾਂ ਦੇਵਤਿਆਂ ਦੇ ਨਾਂ 'ਤੇ ਅੱਠ ਕਾਂਡ ਹਨ। ਸਾਮਵੇਦ ਗੰਧਰਵ ਅਰਥਾਤ ਰਾਗੀਆਂ ਦਾ ਵੇਦ ਵੀ ਮੰਨਿਆ ਜਾਂਦਾ ਹੈ। ਹਿੰਦੂ ਰਿਸ਼ੀਆਂ ਨੇ ਸੰਗੀਤ ਤੇ ਰਾਗ ਸਬੰਧੀ ਜੋ ਕੁੱਝ ਲਿਖਿਆ ਹੈ ਉਸ ਦਾ ਆਧਾਰ ਵੀ ਸਾਮਵੇਦ ਨੂੰ ਹੀ ਸਮਝਿਆ ਜਾਂਦਾ ਹੈ।

**ਯਜੁਰਵੇਦ** : ਯਜੁਰ ਸ਼ਬਦ 'ਯਜੁ' ਧਾਤੂ ਤੋਂ ਬਣਿਆ ਹੈ। ਜਿਸ ਦੇ ਅਰਥ ਬਣਦੇ ਹਨ ਯੱਗ ਕਰਨਾ, ਪੂਜਾ ਜਾਂ ਹੋਮ ਕਰਨਾ। ਇਸ ਤਰ੍ਹਾਂ ਇਸ ਵੇਦ ਦਾ ਸਬੰਧ ਯੱਗ ਸਬੰਧੀ ਮੰਤਰਾਂ ਨਾਲ ਹੈ। ਇਸ ਦੀਆਂ ਦੋ ਸੰਹਿਤਾ ਹਨ-ਤੈਤ੍ਰੀਯ ਜਾਂ ਕ੍ਰਿਸ਼ਣ ਸੰਹਿਤਾ ਅਤੇ ਦੂਸਰੀ ਵਾਜਸਨੇਯੀ ਜਾਂ ਸ਼ੁਕਲ ਸੰਹਿਤਾ। ਪੰਡਤ ਜੈ ਦੇਵ ਨੇ ਆਪਣੇ ਟੀਕੇ ਵਿਚ ਇਸ ਸੰਹਿਤਾ ਦਾ ਨਾਮ ਤੈਤ੍ਰੀਯ ਪੈਣ ਦਾ ਕਾਰਨ ਬਿਆਨਦਿਆਂ ਲਿਖਿਆ ਹੈ ਕਿ ਇਕ ਵਾਰ ਯਾਗਵਲਕ ਰਿਸ਼ੀ ਦੇ ਗੁਰੂ ਵੈਸਯੰ ਪਾਨ ਕੋਲੋਂ ਆਪਣੇ ਭਾਣਜੇ ਦੀ ਹੱਤਿਆ ਹੋ ਗਈ ਸੀ। ਉਹ ਇਸ ਦਾ ਪ੍ਰਾਸ਼ਚਿਤ ਕਰਨਾ ਚਾਹੁੰਦਾ ਸੀ। ਜਦੋਂ ਉਸ ਨੇ ਇਸ ਬਾਬਤ ਆਪਣੇ ਸ਼ਗਿਰਦਾਂ ਨਾਲ ਗੱਲ ਕੀਤੀ ਤਾਂ ਯਾਗਵਲਕ ਨੇ ਬੜੇ ਹੀ ਹੰਕਾਰ ਭਰੇ ਲਹਿਜ਼ੇ ਵਿਚ ਕਿਹਾ ਕਿ ਇਹ ਕੰਮ ਤਾਂ ਵੇਦ-ਮੰਤਰਾਂ ਦੇ ਜਾਪ ਅਤੇ ਕਰਮ-ਕਾਂਡ ਨਾਲ ਮੈਂ ਇਕੱਲਾ ਹੀ ਕਰ ਸਕਦਾ ਹਾਂ। ਇਹ ਗੱਲ ਸੁਣ ਕੇ ਵੈਸਯੰ ਪਾਨ ਗੁੱਸੇ ਵਿਚ ਆ ਗਿਆ। ਉਸ ਨੇ ਯਾਗਵਲਕ ਨੂੰ ਕਿਹਾ, "ਤੂੰ ਹੰਕਾਰੀ ਹੋ ਗਿਆ ਹੈਂ, ਜੋ ਵਿਦਿਆ ਤੂੰ ਮੇਰੇ ਕੋਲੋਂ ਪੜ੍ਹੀ ਹੈ, ਉਹ ਮੈਨੂੰ ਵਾਪਸ ਕਰ ਦੇ।" ਇਸ 'ਤੇ ਯਾਗਵਲਕ ਨੇ ਯਾਦ ਕੀਤੇ ਹੋਏ ਮੰਤਰ ਗਲੱਛ ਦਿੱਤੇ, ਜਿਨ੍ਹਾਂ ਨੂੰ ਵੈਸਯੰ ਪਾਨ ਅਤੇ ਉਸ ਦੇ ਚੇਲਿਆਂ ਨੇ ਤਿੱਤਰ ਬਣ ਕੇ ਚੁੱਗ ਲਿਆ। ਦੂਸਰੇ ਭਾਗ ਵਾਜਸਨੇਯੀ ਬਾਰੇ ਕਿਹਾ ਜਾਂਦਾ ਹੈ ਕਿ ਯਾਗਵਲਕ ਰਿਸ਼ੀ ਨੇ ਸੂਰਜ ਦੀ ਅਰਾਧਨਾ ਕਰ ਕੇ ਯੁਜਰ ਵੇਦ ਨੂੰ ਹਾਸਲ ਕੀਤਾ ਹੈ। ਉਸ ਦੀ ਸ਼ਰਧਾ-ਭਾਵਨਾ ਤੋਂ ਖ਼ੁਸ਼ ਹੋ ਕੇ ਸੂਰਜ ਦੇਵਤੇ ਨੇ ਵਾਜ (ਘੋੜੇ) ਦਾ ਰੂਪ ਧਾਰ ਲਿਆ ਅਤੇ ਉਸ ਨੂੰ ਵੇਦ-ਮੰਤਰ ਬਖ਼ਸ਼ ਦਿੱਤੇ। ਇਸ ਕਰਕੇ ਹੀ ਇਸ ਸੰਹਿਤਾ ਨੂੰ ਵਾਜਸਨੇਯੀ ਸੰਹਿਤਾ ਕਿਹਾ ਜਾਂਦਾ ਹੈ। ਯੁਜਰ ਦੇ 40 ਕਾਂਡ ਹਨ। ਯਜੁਰਵੇਦ ਵਿਚ ਮਨੁੱਖੀ ਇਛਾਵਾਂ ਦੀ ਪੂਰਤੀ ਹਿੱਤ ਯੱਗ ਤੇ ਹਵਨ ਕਰਨ ਬਾਰੇ ਵਿਸ਼ੇਸ਼ ਜਾਣਕਾਰੀ ਦਿੱਤੀ ਗਈ ਹੈ। **(ਚੱਲਦਾ)** •

# ਭਾਈ ਘਨੱ੍ਹਈਆ ਜੀ



(ਭਾਈ ਘਨੱ੍ਹਈਆ ਜੀ ਦੇ ਜਨਮ ਅਸਥਾਨ ਦਾ ਨਾਂ-ਸੌਦਰ ਸੋਹਦਰਾ ਅਤੇ ਹੁਣ ਸੋਧਰਾ (ਪਾਕਿਸਤਾਨ)

## ਨਦਰਿ ਨਾਨਕ ਦੀ

ਭਾਈ ਘਨੱਈਆ ਦੀ ਨਈਆ ਦਾ, ਡੂਗਰ ਪੰਧ ਲੰਮੇਰਾ,
ਪੰਧ ਕੱਟਣ ਨੂੰ ਗੁਰਾਂ ਵਿਖਾਇਆ, ਨਨੂੰਏਂ ਭਗਤ ਦਾ ਡੇਰਾ।
ਪੁੱਛਦਾ ਪਿਆ ਫਕੀਰ ਸਾਈਂ ਦਾ, ਕੀਕਣ ਗੋਬਿੰਦ ਮਿਲਸੀ
ਗੋਬਿੰਦ ਦੇ ਦਰ ਕੀਕਣ ਹੋਸੀ, ਏਸ ਜਨਮ ਵਿਚ ਫੇਰਾ।
ਗੋਬਿੰਦ ਦੇ ਰਾਹਾਂ ਨੂੰ ਤੜਪਾਂ, ਗੋਬਿੰਦ ਦਾ ਦਰ ਚਾਵ੍ਹਾਂ,
ਐ ਨਨੂੰਆਂ ਸੁਣੋ, ਸੁਣਾਵੋ, ਗੋਬਿੰਦ ਦਾ ਸਿਰਨਾਵਾਂ,
ਛਾਵਾਂ, ਛਾਇਆ ਮਾਇਆ ਜਾਪਣ, ਨਿਹਚਲ ਮਹਿਲ ਨਾ ਲੱਭੇ,
ਨਿਹਚਲ ਮਹਿਲ ਜਨਾਓ ਜਿੱਥੇ, ਮਨ ਦੀ ਭੇਦ ਚੜ੍ਹਾਵਾਂ।
ਕੀ ਜੁਗਤੀ ਗੋਬਿੰਦ ਮਿਲਣ ਦੀ, ਕੀ ਮੁਕਤੀ ਦੀਆਂ ਰਾਹਵਾਂ
ਕਰੋ ਨਿਗਾਵ੍ਹਾਂ ਪਾਵਾਂ ਮੈਂ ਵੀ, ਗੋਬਿੰਦ ਦੀਆਂ ਨਿਗਾਹਵਾਂ
ਨਜ਼ਰ ਫਜ਼ਰ ਗੋਬਿੰਦ ਦੇ ਲੱਭੇ, ਮੈਂ ਵੀ ਕਿਧਰੇ ਪਹੁੰਚਾਂ
ਪਿਤਾ ਗੋਬਿੰਦ ਦੀ ਗੋਦੀ ਬਹਿ ਕੇ, ਗਲ ਵਿਚ ਪਾਵਾਂ ਬਾਹਵਾਂ
ਅੱਖੀਆਂ ਵਿਚੋਂ ਨਹਿਰ ਨਿਕਲਕੇ, ਸ਼ਹੁ ਸਾਗਰ ਨੂੰ ਚਾਵ੍ਹੇ
ਐਪਰ ਗੱਲਾਂ 'ਤੇ ਸੁੱਕ ਜਾਵੇ, ਰਾਹ ਖਹਿੜਾ ਤੜਪਾਵੇ
ਬਰਸਾਤਾਂ ਵਿਚ ਡਿੱਗ ਨਾ ਜਾਵੇ, ਕੱਚਾ ਤਨ ਦਾ ਕੋਠਾ
ਤਾਂ ਇਹ ਵਿਛੜੀ ਕੂੰਜ ਬਰੇਤੀ, ਤੜਪੇ ਤੇ ਤੜਪਾਵੇ।

## ਭਗਤ ਨਨੂੰਆ ਜੀ

ਘਟ ਘਟ ਅੰਦਰ ਬ੍ਰਹਮ ਲੁਕਾਇਆ, ਬ੍ਰਹਮ ਵੇਖੇ, ਬ੍ਰਹਮ ਬੋਲੇ
ਸਾਹੋ ਸਾਹੀ ਭੱਜ ਭੱਜ ਬਾਹਰੋਂ, ਮ੍ਰਿਗ ਕਥੂਰੀ ਟੋਲੇ
ਭਗਤਾਂ ਦੀਆਂ ਕਥਾਵਾਂ ਕਹਿ ਕਹਿ, ਨਨੂੰਆਂ ਜੀ ਸਮਝਾਇਆ
ਆਪਣਾ ਆਪ ਗਵਾਵਣ ਪਿੱਛੋਂ, ਭਗਤਾਂ ਗੋਬਿੰਦ ਪਾਇਆ
ਭਗਤ ਧਰੂ ਨੇ ਰਾਜ ਭਾਗ ਨੂੰ ਕਾਹਤੋਂ ਠੋਕਰ ਮਾਰੀ?
ਭਗਤੂ ਧਰੂ ਦੀ ਖਰੀ ਮੁਸ਼ੱਕਤ, ਨਨੂੰਆਂ ਭਗਤ ਉਚਾਰੀ।
ਓਸ ਅਵਸਥਾ ਦੇ ਵਿਚ ਅੱਪੜੋ, ਅੱਪੜ ਕੇ ਦਰ ਪਾਓ,
ਘਰ ਵਿਚ ਘਰਿ ਦਿਖਲਾਵਣ ਹਾਰਾ ਤਾਂ ਆਪਣੇ ਘਰ ਪਾਓ।
ਗੋਬਿੰਦ ਦੀ ਹੈ ਖਰੀ ਅਮਾਨਤ, ਭਾਵੇਂ ਮਨ ਤੇ ਕਾਇਆ,
ਪਰ ਗੋਬਿੰਦ ਨੂੰ ਭਾ ਜਾਵਣ ਦਾ, ਰਾਹ ਵਿਰਲੇ ਨੂੰ ਆਇਆ
ਨਨੂੰਆਂ ਭਗਤ ਬੈਰਾਗੀ ਹੋਏ, ਕਹਿ ਬੈਰਾਗ ਕਥਾਵਾਂ,
ਭਾਈ ਘਨੱਈਆ ਭਏ ਬੈਰਾਗੀ, ਸੁਣ ਬੈਰਾਗੀ ਰਾਹਵਾਂ।
ਅੱਖੀਆਂ ਦੇ ਦਰਿਆ ਜਦ ਛਲਕੇ, ਹੜ੍ਹ ਬਿਰਹਾ ਦਾ ਆਇਆ,
ਭਾਈ ਘਨੱਈਆ ਦੀ ਇਸ ਹੜ੍ਹ ਵਿਚ, ਨ੍ਹਾ ਕੇ ਨਿੱਖਰੀ ਕਾਇਆ।
ਹਰ ਪਲ ਗੋਬਿੰਦ, ਹਰ ਛਿਣ ਗੋਬਿੰਦ, ਘੜੀ ਘੜੀ ਮਨ ਚਾਹੇ,
ਭਾਈ ਘਨੱਈਆ ਦਮ ਦਮ ਲੋਚੇ, ਗੁਰਦਰਸ਼ਨ ਦੇ ਲਾਹੇ।
ਵਕਤ ਪਿਆ ਕੁਝ ਨਨੂੰਆਂ ਜੀ ਦੀ ਭਈ ਯਾਤਰਾ ਪੂਰੀ,
ਭਾਈ ਘਨੱਈਆ ਭਏ ਸੋਧਰੇ, ਲੈ ਕੇ ਆਸ ਅਧੂਰੀ।
ਹੋਰ ਵੀ ਸਿਰ 'ਤੇ ਭਾਰ ਆਇਆ, ਪਿਤਾ ਜੀ ਛੱਡ ਗਏ ਚੋਲਾ,
ਘਰ ਵਿਚ ਵੱਡਿਆਂ ਹੋਵਣ ਸਦਕਾ, ਫਸ ਗਿਆ ਪੰਛੀ ਭੋਲਾ।

ਮੋਬਾਈਲ : 90419-19908

ਚਲਦਾ..

# ਪੁੰਨ ਦੀ ਕਮਾਈ



ਧਰਮ ਸ਼ਾਸਤਰਾਂ ਵਿਚ ਲਿਖਿਆ ਹੈ ਕਿ ਮਨੁੱਖ ਦੇ ਪਾਪਾਂ ਦੀ ਕਮਾਈ ਤਾਂ ਆਪਣੇ ਆਪ ਹੀ ਵਧਦੀ ਰਹਿੰਦੀ ਹੈ, ਜਦਕਿ ਪੁੰਨ ਦੀ ਕਮਾਈ ਵਧਾਉਣ ਲਈ ਮਨੁੱਖ ਨੂੰ ਧਰਮ ਦਾ ਆਸਰਾ ਲੈਣਾ ਪੈਂਦਾ ਹੈ ਅਤੇ ਇਹ ਆਸਰਾ ਉਸ ਵੱਲੋਂ ਨਿਰਮਲ ਅਤੇ ਪਵਿੱਤਰ ਮਨ ਨਾਲ ਭਗਵਾਨ ਦੀ ਭਗਤੀ ਕਰਨ ਨਾਲ ਹੀ ਪ੍ਰਾਪਤ ਹੋ ਸਕਦਾ ਹੈ। ਧਰਮ ਸ਼ਾਸਤਰਾਂ ਵਿਚ ਇਹ ਵੀ ਲਿਖਿਆ ਗਿਆ ਹੈ ਕਿ ਜਿਸ ਤਰ੍ਹਾਂ ਕਿਸੇ ਮਨੁੱਖ ਨੂੰ ਪਿਆਸ ਲੱਗਣ ਦੀ ਸੂਰਤ ਵਿਚ ਪਾਣੀ ਦੀ ਮਹੱਤਤਾ ਦਾ ਪਤਾ ਲੱਗਦਾ ਹੈ, ਉਸੇ ਤਰ੍ਹਾਂ ਭਗਵਾਨ ਦੇ ਚਰਨਾਂ ਵਿਚ ਸਥਾਨ ਪ੍ਰਾਪਤ ਕਰਨ ਲਈ ਦਿਲ ਤੋਂ ਪ੍ਰਭੂ ਨੂੰ ਯਾਦ ਕਰਨ ਦੀ ਜ਼ਰੂਰਤ ਹੈ। ਭਗਵਾਨ ਨਿਰੰਕਾਰ ਹੋਣ ਕਰਕੇ ਕਿਸੇ ਨੂੰ ਦਿਖਾਈ ਤਾਂ ਨਹੀਂ ਦਿੰਦੇ ਪਰ ਸੱਚੇ ਮਨ ਨਾਲ ਭਗਤੀ ਕਰਨ ਵਾਲਿਆਂ ਨੂੰ ਭਗਵਾਨ ਦੀ ਹੋਂਦ ਦਾ ਜ਼ਰੂਰ ਅਹਿਸਾਸ ਹੋ ਜਾਂਦਾ ਹੈ ਅਤੇ ਉਸ ਸਮੇਂ ਸਾਰੇ ਵਿਕਾਰ ਨਸ਼ਟ ਹੋ ਜਾਂਦੇ ਹਨ।

ਸੱਚੀ ਭਗਤੀ ਬਾਰੇ ਇਹ ਵੀ ਕਿਹਾ ਗਿਆ ਹੈ ਕਿ ਜਿਸਨੂੰ ਇਕ ਵਾਰੀ ਸੱਚੀ ਭਗਤੀ ਦਾ ਸਵਾਦ ਲੱਗ ਗਿਆ, ਉਹ ਸਦਾ ਲਈ ਅਨੰਦਤ ਹੋ ਜਾਂਦਾ ਹੈ, ਤਾਹੀਓਂ ਤਾਂ ਧਰਮ ਸ਼ਾਸਤਰ ਕਹਿੰਦੇ ਹਨ ਕਿ ਭਗਵਾਨ ਦੇ ਚਰਨਾਂ ਵਿਚ ਹੀ ਅਸਲ ਸੁੱਖ ਅਤੇ ਸਾਰੀਆਂ ਸਮੱਸਿਆਵਾਂ ਦਾ ਹੱਲ ਹੈ। ਧਰਮ ਸ਼ਾਸਤਰ ਮਨੁੱਖਤਾ ਨੂੰ ਪਾਣੀ ਦੀ ਉਦਾਹਰਨ ਦੇ ਕੇ ਸਮਝਾਉਂਦੇ ਹਨ ਕਿ ਜਿਵੇਂ ਪਾਣੀ ਦਾ ਆਧਾਰ ਸਮੁੰਦਰ ਹੈ, ਠੀਕ ਉਸੇ ਤਰ੍ਹਾਂ ਜੀਵਾਂ ਦਾ ਆਧਾਰ ਪਰਮਾਤਮਾ ਹੈ। ਭਗਵਾਨ ਨੂੰ ਖ਼ੁਸ਼ ਕਰਨ ਲਈ ਦੁਨਿਆਵੀ ਪਦਾਰਥਾਂ ਦੀ ਲੋੜ ਨਹੀਂ ਹੈ, ਸਿਰਫ਼ ਸਮਰਪਣ ਦੀ ਜ਼ਰੂਰਤ ਹੈ। ਸੋ ਜੀਵਨ ਨੂੰ ਸਾਰਥਕ ਬਣਾਉਣ ਲਈ ਸਤਿਸੰਗ ਨਾਲ ਜੁੜਨਾ ਬਹੁਤ ਜ਼ਰੂਰੀ ਹੈ ਕਿਉਂਕਿ ਇਥੋਂ ਹੀ ਭਗਤੀ ਦੇ ਸੱਚੇ ਸੁਆਦ ਦੀ ਸ਼ੁਰੂਆਤ ਹੁੰਦੀ ਹੈ ਅਤੇ ਇਹ ਸੱਚਾ ਸੁਆਦ ਹੀ ਮਨੁੱਖ ਨੂੰ ਚੰਗੇ ਕ੍ਰਮ ਕਰਨ ਵਾਲੇ ਪਾਸੇ ਨੂੰ ਲੈ ਜਾਂਦਾ ਹੈ, ਜਿਹੜੇ ਕਿ ਹਮੇਸ਼ਾ ਉਸਦੀ ਰੱਖਿਆ ਕਰਦੇ ਹਨ ਅਤੇ ਜੀਵਨ ਤੋਂ ਬਾਅਦ ਵੀ ਸਹਾਈ ਹੁੰਦੇ ਹਨ।

• ਸੁਰਿੰਦਰ ਮਾਣੂੰਕੇ ਗਿੱਲ
ਮੋ : 8872321000

## ਸੰਪਾਦਕੀ

# ਖਣਨ ਨੂੰ ਨਿਯਮਿਤ ਕਰਨ ਵਾਲਾ ਕਾਨੂੰਨ ਲਾਗੂ ਹੋਵੇ

ਖਣਨ ਨੂੰ ਨਿਯਮਿਤ ਕਰਨ ਵਾਲਾ ਪੰਜਾਬ ਦਾ ਨਵਾਂ ਕਾਨੂੰਨ ਸ਼ਾਸਨ ਦੇ ਇੱਕ ਜਾਣੇ-ਪਛਾਣੇ ਪੈਟਰਨ ਨੂੰ ਦਰਸਾਉਂਦਾ ਹੈ: ਪ੍ਰਸ਼ਾਸਕੀ ਢੰਗ ਤਰੀਕੇ ਅਪਣਾ ਕੇ ਹੀ ਸੁਲਝਾਈ ਜਾ ਸਕਣ ਵਾਲੀ ਕਿਸੇ ਸਮੱਸਿਆ ਨਾਲ ਸਿੱਝਣ ਲਈ ਸਖ਼ਤ ਕਾਨੂੰਨੀ ਰਾਹ ਅਖਤਿਆਰ ਕਰਨਾ। ਗ਼ੈਰ-ਕਾਨੂੰਨੀ ਰੇਤ ਅਤੇ ਬੱਜਰੀ ਦੀ ਖੁਦਾਈ ਲੰਮੇ ਸਮੇਂ ਤੋਂ ਸੂਬੇ ਲਈ ਪਰੇਸ਼ਾਨੀ ਪੈਦਾ ਕਰ ਰਹੀ ਹੈ, ਜਿਸ ਨਾਲ ਦਰਿਆਵਾਂ ਦੇ ਕੰਢਿਆਂ ਤੇ ਤਲ ਨੂੰ ਖੋਰਾ ਲੱਗਣ ਅਤੇ ਪਿੰਡਾਂ ਦੀਆਂ ਸੜਕਾਂ ਨੂੰ ਨੁਕਸਾਨ ਪੁੱਜਣ ਕਾਰਨ ਵੱਡੇ ਪੱਧਰ ’ਤੇ ਮਾਲੀ ਨੁਕਸਾਨ ਹੁੰਦਾ ਹੈ। ਨਵੇਂ ਬਿੱਲ ਨੂੰ ਬਣਾਉਣ ਪਿੱਛੇ ਮਨਸ਼ਾ ਨੇਕ ਜਾਪਦੀ ਹੈ, ਪਰ ਇਕੱਲਾ ਕਾਨੂੰਨ ਬਣਾ ਕੇ ਹੀ ਅਜਿਹੇ ਤੰਤਰ ਨੂੰ ਖ਼ਤਮ ਨਹੀਂ ਕੀਤਾ ਜਾ ਸਕਦਾ, ਜੋ ਕਮਜ਼ੋਰ ਕਾਨੂੰਨ ਵਿਵਸਥਾ ਅਤੇ ਰਾਜਨੀਤਿਕ ਸਰਪ੍ਰਸਤੀ ਹੇਠ ਵਧਦਾ-ਫੁੱਲਦਾ ਹੈ। ਸਮੇਂ ਸਮੇਂ ਦੀਆਂ ਸਰਕਾਰਾਂ ਨੇ ਲਗਾਤਾਰ ਸਖ਼ਤ ਨਿਯਮ, ਭਾਰੀ ਜੁਰਮਾਨੇ ਅਤੇ ਵਧੇਰੇ ਗੁੰਝਲਦਾਰ ਲਾਇਸੈਂਸਿੰਗ ਪ੍ਰਣਾਲੀਆਂ ਲਾਗੂ ਕੀਤੀਆਂ ਹਨ। ਫਿਰ ਵੀ ਗ਼ੈਰ-ਕਾਨੂੰਨੀ ਖਣਨ ਜਾਰੀ ਹੈ। ਰੋਪੜ ਵਿੱਚ ਸਵਾਂ ਨਦੀ ਦੇ ਤਲ ’ਤੇ ਹੁੰਦੇ ਵਿਆਪਕ ਗ਼ੈਰ-ਕਾਨੂੰਨੀ ਰੇਤ ਖਣਨ ਦਾ ਪਰਦਾਫਾਸ਼ ਹੋਇਆ ਹੈ; ਨੈਸ਼ਨਲ ਗਰੀਨ ਟ੍ਰਿਬਿਊਨਲ ਵੱਲੋਂ ਲਗਾਈਆਂ ਗਈਆਂ ਪਾਬੰਦੀਆਂ ਦੇ ਬਾਵਜੂਦ ਰਾਤ ਦੇ ਹਨੇਰੇ ਵਿੱਚ ਵੀ ਉੱਥੇ ਭਾਰੀ ਮਸ਼ੀਨਰੀ ਨਾਲ ਖਣਨ ਚਲਦਾ ਰਹਿੰਦਾ ਹੈ। ਇਹ ਕਾਨੂੰਨ ਲਾਗੂ ਕਰਨ ਵਿੱਚ ਅਸਫ਼ਲ ਰਹਿਣ, ਵਾਤਾਵਰਣ ਨੂੰ ਪੁੱਜ ਰਹੇ ਨੁਕਸਾਨ ਅਤੇ ਅਧਿਕਾਰੀਆਂ ਦੀ ਸੰਭਾਵੀ ਮਿਲੀਭੁਗਤ ਬਾਰੇ ਗੰਭੀਰ ਤੌਖ਼ਲੇ ਪੈਦਾ ਕਰਦਾ ਹੈ।ਗ਼ੈਰ-ਕਾਨੂੰਨੀ ਖਣਨ ਕਾਨੂੰਨਾਂ ਦੀ ਘਾਟ ਕਾਰਨ ਨਹੀਂ ਸਗੋਂ ਜ਼ਮੀਨੀ ਪੱਧਰ ’ਤੇ ਜਵਾਬਦੇਹੀ ਤੈਅ ਕਰਨ ਦੀ ਘਾਟ ਕਾਰਨ ਰੁਕਣ ਦਾ ਨਾਂ ਨਹੀਂ ਲੈ ਰਿਹਾ। ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਵਿੱਚ ਜਾਂ ਤਾਂ ਸਟਾਫ ਦੀ ਕਮੀ ਹੈ ਜਾਂ ਅਧਿਕਾਰੀਆਂ ਦੀ ਮਿਲੀਭੁਗਤ ਹੋ ਸਕਦੀ ਹੈ; ਨਿਗਰਾਨੀ ਕਦੇ-ਕਦਾਈਂ ਹੁੰਦੀ ਹੈ ਅਤੇ ਵੱਖ-ਵੱਖ ਵਿਭਾਗਾਂ ਵਿੱਚ ਤਾਲਮੇਲ ਦੀ ਕਮੀ ਹੁੰਦੀ ਹੈ। ਬਹੁਤ ਸਾਰੇ ਮਾਮਲਿਆਂ ਵਿੱਚ ਸਥਾਨਕ ਭਾਈਚਾਰਿਆਂ ਨੂੰ ਵਾਤਾਵਰਣ ਅਤੇ ਬੁਨਿਆਦੀ ਢਾਂਚੇ ਦੇ ਨੁਕਸਾਨ ਦਾ ਮੁੱਲ ਤਾਰਨਾ ਪੈਂਦਾ ਹੈ ਜਦੋਂਕਿ ਸੂਬੇ ਦੇ ਸਰਕਾਰੀ ਖ਼ਜ਼ਾਨੇ ਨੂੰ ਮਾਲੀਏ ਪੱਖੋਂ ਨੁਕਸਾਨ ਹੁੰਦਾ ਹੈ।

ਇਸ ਲਈ ਅਸਲ ਚੁਣੌਤੀ ਸਿਰਫ਼ ਕਾਨੂੰਨ ਬਣਾਉਂਦੇ ਰਹਿਣ ਦੀ ਥਾਂ ਇਨ੍ਹਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦੀ ਹੈ। ਤਕਨਾਲੋਜੀ ਇਸ ਸਬੰਧੀ ਅਹਿਮ ਭੂਮਿਕਾ ਨਿਭਾ ਸਕਦੀ ਹੈ, ਜਿਵੇਂ ਖਣਨ ’ਚ ਸ਼ਾਮਿਲ ਵਾਹਨਾਂ ਦੀ ਜੀ ਪੀ ਐੱਸ ਟਰੈਕਿੰਗ, ਖਣਨ ਸਾਈਟਾਂ ਦੀ ਨਿਗਰਾਨੀ ਅਤੇ ਪਾਰਦਰਸ਼ੀ ਈ-ਨਿਲਾਮੀ ਪ੍ਰਣਾਲੀਆਂ ਮਨਮਾਨੀਆਂ ਕੀਤੇ ਜਾਣ ਅਤੇ ਮਾਲੀਏ ਦੇ ਨੁਕਸਾਨ ਨੂੰ ਰੋਕ ਸਕਦੀਆਂ ਹਨ। ਜਵਾਬਦੇਹੀ ਤੈਅ ਕਰਨਾ ਵੀ ਇੰਨਾ ਹੀ ਜ਼ਰੂਰੀ ਹੈ: ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਰਵਾਈ ਕਰਨ ਵਿੱਚ ਅਸਫ਼ਲ ਰਹਿਣ ਵਾਲੇ ਅਧਿਕਾਰੀਆਂ ਨੂੰ ਨਤੀਜੇ ਭੁਗਤਣੇ ਪੈਣ। ਰੋਕਥਾਮ ਜਾਂ ਜਾਂਚ ਦੀ ਅਣਹੋਂਦ ਵਿੱਚ ਸਰਕਾਰ ਵੱਲੋਂ ਬਣਾਏ ਗਏ ਬਿਹਤਰੀਨ ਕਾਨੂੰਨ ਵੀ ਮਹਿਜ਼ ਰਸਮੀ ਕਾਰਵਾਈ ਬਣ ਕੇ ਰਹਿ ਜਾਣਗੇ। ਪੰਜਾਬ ਨੂੰ ਗ਼ੈਰ-ਕਾਨੂੰਨੀ ਖਣਨ ਦੇ ‘ਮੰਗ’ ਪੱਖ ਨੂੰ ਵੀ ਸੰਬੋਧਿਤ ਕਰਨਾ ਚਾਹੀਦਾ ਹੈ। ਉਸਾਰੀ ਸਰਗਰਮੀਆਂ ਲਗਾਤਾਰ ਗ਼ੈਰ-ਕਾਨੂੰਨੀ ਖਣਨ ਨੂੰ ਵਧਾਉਂਦੀਆਂ ਹਨ।

ਅਜਿਹਾ ਅਕਸਰ ਇਸ ਲਈ ਹੁੰਦਾ ਹੈ ਕਿਉਂਕਿ ਕਾਨੂੰਨੀ ਤੌਰ ’ਤੇ ਕੱਢੀ ਰੇਤ ਤੇ ਬੱਜਰੀ ਦੀ ਮਾਤਰਾ ਨਾਕਾਫ਼ੀ ਹੁੰਦੀ ਹੈ ਜਾਂ ਫਿਰ ਰੈਗੂਲੇਟਰੀ ਰੁਕਾਵਟਾਂ ਕਾਰਨ ਇਹ ਬਹੁਤ ਮਹਿੰਗੀ ਹੁੰਦੀ ਹੈ। ਕਾਨੂੰਨੀ ਖਣਨ ਨੂੰ ਸੁਚਾਰੂ ਅਤੇ ਸਮੱਗਰੀ ਦੀ ਨਿਰੰਤਰ ਸਪਲਾਈ ਨੂੰ ਯਕੀਨੀ ਬਣਾ ਕੇ ਗ਼ੈਰ-ਕਾਨੂੰਨੀ ਖਣਨ ਨੂੰ ਉਤਸ਼ਾਹਿਤ ਕਰਨ ਵਾਲੇ ਮੂਲ ਕਾਰਕਾਂ ਨੂੰ ਘੱਟ ਕੀਤਾ ਜਾ ਸਕਦਾ ਹੈ। ਖਣਨ ਸਬੰਧੀ ਕਾਨੂੰਨਾਂ ਦੀ ਅਸਲ ਭਰੋਸੇਯੋਗਤਾ ਅੰਤ ਵਿੱਚ ਮਿਲੇ ਨਤੀਜਿਆਂ ਰਾਹੀਂ ਹੀ ਮਾਪੀ ਜਾਵੇਗੀ, ਜਿਵੇਂ ਕਿ ਨਦੀਆਂ ਦੇ ਸਾਫ਼ ਤਲ, ਸੁਰੱਖਿਅਤ ਬੁਨਿਆਦੀ ਢਾਂਚਾ ਅਤੇ ਰਾਜ ਦੇ ਮਾਲੀਏ ਵਿੱਚ ਵਾਧਾ।

# ਸਰਕਾਰੀ ਕਾਲਜ ਮਾਛੀਵਾੜਾ ਵਿਖੇ ਕੈਰੀਅਰ ਗਾਈਡੈਂਸ ਤੇ ਕਰਵਾਇਆ ਗਿਆ ਸੈਮੀਨਾਰ

**ਮਾਛੀਵਾੜਾ ਸਾਹਿਬ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਕਾਲਜ, ਮਾਛੀਵਾੜਾ ਵਿਦਿਆਰਥੀਆਂ ਨੂੰ ਕਿੱਤਾ ਮੁਖੀ ਕੋਰਸ ਕਰਵਾ ਕੇ ਉਨ੍ਹਾਂ ਨੂੰ ਰੋਜ਼ੀ ਰੋਟੀ ਕਮਾਉਣ ਦੇ ਕਾਬਲ ਬਣਾਉਂਦਾ ਹੈ।

ਪ੍ਰਿੰਸੀਪਲ ਨੰਦਿਨੀ ਵੈਦ ਦੀ ਯੋਗ ਅਗਵਾਈ ਹੇਠ ਕਾਮਰਸ ਵਿਭਾਗ ਅਤੇ ਕੰਪਿਊਟਰ ਸਾਇੰਸ ਵਿਭਾਗ ਵੱਲੋਂ ਆਈ.ਆਈ.ਸੀ. ਦੀਆਂ ਹਦਾਇਤਾਂ ਅਨੁਸਾਰ ਕੈਰੀਅਰ ਗਾਈਡੈਂਸ ’ਤੇ ਸੈਮੀਨਾਰ ਕਰਵਾਇਆ ਗਿਆ। ਸ਼ਾਗੁਨ ਵਰਮਾ ਅਤੇ ਉਹਨਾਂ ਦੀ ਟੀਮ ਨੂੰ ਇਸ ਸੈਮੀਨਾਰ ਲਈ ਬੁਲਾਇਆ ਗਿਆ।

ਕਾਮਰਸ ਵਿਭਾਗ ਦੇ ਮੁੱਖੀ ਸਹਾਇਕ ਪ੍ਰੋਫ਼ੈਸਰ ਅਜੈ ਕੁਮਾਰ ਬੱਤਾ ਨੇ ਇਸ ਸੈਮੀਨਾਰ ਦੀ ਰੂਪ ਰੇਖਾ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ। ਸ਼ਾਗੁਨ ਵਰਮਾ ਨੇ ਆਪਣੇ ਲੈਕਚਰ ਰਾਹੀਂ ਵਿਦਿਆਰਥੀਆਂ ਨੂੰ ਕਿੱਤਾ ਮੁਖੀ ਕੋਰਸਾਂ ਤੋਂ ਬਾਅਦ ਨੌਕਰੀ ਦੀਆਂ ਸੰਭਾਵਨਾਵਾਂ ਤੋਂ ਜਾਗਰੂਕ ਕੀਤਾ। ਉਹਨਾਂ ਨੇ ਮੀਡੀਆ ਅਤੇ ਮਨੋਰੰਜਨ ਦੇ ਖੇਤਰ ਵਿਚ ਰੁਜ਼ਗਾਰ ਦੀਆਂ ਸੰਭਾਵਨਾਵਾਂ ਬਾਰੇ ਦੱਸਦਿਆਂ ਕਿਹਾ ÷ ਸ਼ੋਸ਼ਲ ਮੀਡੀਆ ਸਿਰਫ਼ ਮਨੋਰੰਜਨ ਦਾ ਸਾਧਨ ਨਹੀਂ ਹੈ ,

ਚੰਗੇ ਅਤੇ ਸਾਰਥਕ ਕੰਟੈਂਟ ਰਾਹੀਂ ਕਮਾਈ ਵੀ ਕੀਤੀ ਜਾ ਸਕਦੀ ਹੈ। ਇਸਤੋਂ ਬਿਨ੍ਹਾਂ ਉਹਨਾਂ ਨੇ ਉਦਯੋਗਿਕ ਖੇਤਰ ਵਿੱਚ ਕਿੱਤਾ ਮੁਖੀ ਕੋਰਸਾਂ ਤੋਂ ਬਾਅਦ ਰੁਜ਼ਗਾਰ ਦੀਆਂ ਸੰਭਾਵਨਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।

ਇਸ ਸੈਮੀਨਾਰ ਦੇ ਦੋ ਸੈਸ਼ਨ ਰਹੇ।

# ਆਈ ਵੀ ਏਡਜ਼ ਜਾਗਰੂਕਤਾ ਲੈਕਚਰ ਕਰਵਾਇਆ ਗਿਆ ਗਿਆ



**ਮਾਛੀਵਾੜਾ ਸਾਹਿਬ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਕਾਲਜ ਮਾਛੀਵਾੜਾ ਵਿਖੇ ਪ੍ਰਿੰਸੀਪਲ ਨੰਦਿਨੀ ਵੈਦ ਦੀ ਪ੍ਰਧਾਨਗੀ ਤੇ ਰੈੱਡ ਰਿਬਨ ਕਲੱਬ ਦੇ ਕਨਵੀਨਰ ਡਾਕਟਰ ਕਮਲਜੀਤ ਕੌਰ ਬਾਂਗਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੱਜ ਕਾਲਜ ਵਿਖੇ ਐਚ ਆਈ ਵੀ ਏਡਜ਼ ਬਾਰੇ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ

ਇਸ ਬਾਰੇ ਜਾਣਕਾਰੀ ਦਿੰਦਿਆਂ ਡਾ ਕਮਲਜੀਤ ਕੌਰ ਬਾਂਗਾ ਨੇ ਦੱਸਿਆ ਕਿ ਵਿਦਿਆਰਥੀਆਂ ਨੂੰ ਐਚ.ਆਈ. ਵੀ. ਏਡਜ.ਸਬੰਧੀ ਲੈਕਚਰ ਦੇਣ ਲਈ ਅਰਸ਼ਪ੍ਰੀਤ ਸਿੰਘ ਤੇ ਗੁਰਪ੍ਰੀਤ ਸਿੰਘ ਮਾਨਸਿਕ ਸਿਹਤ ਕਰਮਚਾਰੀ ਡਾ ਅੰਬੇਦਕਰ ਸਟੇਟ ਇੰਸਟੀਚਿਊਟ ਆਫ ਮੈਡੀਕਲ ਸਾਇੰਸ ਮੋਹਾਲੀ ਨੇ ਵਿਸ਼ੇਸ਼ ਬੁਲਾਰਿਆਂ ਵਜੋਂ ਸਿਰਕਤ ਕੀਤੀ

ਸਮਾਗਮ ਦੀ ਸ਼ੁਰੂਆਤ ਪ੍ਰਿੰਸੀਪਲ ਸ਼੍ਰੀ ਮਤੀ ਨੰਦਿਨੀ ਵੈਦ ਦੀ ਮੌਜੂਦਗੀ ਵਿਚ ਸਹਾਇਕ ਪ੍ਰੋਫੈਸਰ ਪਰਦੀਪ ਸਿੰਘ ਨੇ ਆਏ ਹੋਏ ਬੁਲਾਰੇ ਦਾ ਰਸਮੀ ਰੂਪ ਵਿੱਚ ਸਵਾਗਤ ਕੀਤਾ ਰੈੱਡ ਰਿਬਨ ਕਲੱਬ ਕਨਵੀਨਰ ਡਾ ਕਮਲਜੀਤ ਕੌਰ ਬਾਂਗਾ ਨੇ ਐਚ ਆਈ ਵੀ ਏਡਜ ਬਾਰੇ ਮੁੱਢਲੀ ਜਾਣਕਾਰੀ ਦਿੰਦੇ ਹੋਏ ਅਜਿਹੇ ਮੁੱਦਿਆਂ ਬਾਰੇ ਖੁੱਲ੍ਹ ਕੇ ਗੱਲ ਕਰਨ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਵਿਸ਼ੇਸ਼ ਬੁਲਾਰੇ ਅਰਸ਼ਪ੍ਰੀਤ ਸਿੰਘ ਨੇ ਆਪਣੇ ਸੰਬੋਧਨ ਵਿੱਚ ਐਚ ਆਈ ਵੀ ਏਡਜ ਦੇ ਕਾਰਨਾਂ, ਲੱਛਣਾਂ ਤੇ ਇਲਾਜ ਬਾਰੇ ਜਾਣਕਾਰੀ ਦਿੱਤੀ ਉਹਨਾਂ ਨੇ ਇਹ ਵੀ ਕਿਹਾ ਕਿ ਇਹ ਸਾਡੀ ਸਮਾਜਿਕ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਅਜਿਹੀਆਂ ਬਿਮਾਰੀਆਂ ਬਾਰੇ ਆਲੇ ਦੁਆਲੇ ਦੇ ਲੋਕਾਂ ਨੂੰ ਜਾਗਰੂਕ ਕਰੀਏ।

ਇਸ ਮੌਕੇ ਸਹਾਇਕ ਪ੍ਰੋਫੈਸਰ ਪਰਦੀਪ ਸਿੰਘ, ਅਮਨਦੀਪ ਕੌਰ ਡਾ ਸੁਖਰਾਮ ਸਿੰਘ, ਰਾਜ ਕੁਮਾਰ, ਦੀਕਸ਼ਾ ਸਿੰਧਵਾਨੀ, ਸਿਮਰਨਜੀਤ ਕੌਰ, ਹੇਮ ਲਤਾ, ਮਨਪ੍ਰੀਤ ਕੌਰ ਅਤੇ ਵਿਦਿਆਰਥੀ ਵੱਡੀ ਗਿਣਤੀ ਵਿਚ ਹਾਜਰ ਸਨ।

# ਐਨ ਸੀ ਸੀ ਅਤੇ ਐਨ ਐਸ ਐਸ ਵਲੰਟੀਅਰਜ਼ ਨੂੰ ਟੀਮ ਇੰਚਾਰਜ ਨੂੰ ਡਿਪਟੀ ਕਮਿਸ਼ਨਰ ਪਟਿਆਲਾ ਵਰਜੀਤ ਵਾਲੀਆ ਨੇ ਪ੍ਰਸ਼ੰਸਾ ਪੱਤਰ ਦੇ ਕੇ ਕੀਤਾ ਸਨਮਾਨਿਤ



**ਪਟਿਆਲਾ, 28 ਮਾਰਚ**
**-ਅਮਰਜੀਤ ਸਿੰਘ-**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪ੍ਰਸ਼ਾਸਨ ਪਟਿਆਲਾ ਵੱਲੋਂ ਮਾਨਯੋਗ ਡਿਪਟੀ ਕਮਿਸ਼ਨਰ ਪਟਿਆਲਾ ਵਰਜੀਤ ਵਾਲੀਆ ਅਤੇ ਏਂ ਡੀ ਸੀ ਡਿਵੈਲਪਮੈਂਟ ਦਮਨਜੀਤ ਸਿੰਘ ਮਾਨ , ਸਹਾਇਕ ਮੇਲਾ ਅਫ਼ਸਰ ਨਮਨ ਮੜਕਨ ਐਸ ਡੀ ਐਮ ਰਾਜਪੁਰਾ ਦੀ ਅਗਵਾਈ ਹੇਠ ਸ਼ੀਸ਼ ਮਹਿਲ ਵਿਖੇ ਪੰਜਾਬ ਸਖੀ ਸ਼ਕਤੀ ਕਾਰਫ਼ਟ ਮੇਲੇ ਦਾ 21 ਫਰਵਰੀ ਤੋਂ ਲੈ ਕੇ 2 ਮਾਰਚ ਤੱਕ ਲਗਾਇਆ ਗਿਆ ਸੀ। ਜਿਸ ਵਿਚ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਲੜਕੇ ਨਾਭਾ ਰੋਡ ਪਟਿਆਲਾ ਵੱਲੋਂ ਨਿਰਸਵਾਰਥ ਵਲੰਟੀਅਰਜ਼ ਸੇਵਾਵਾਂ ਦਿੱਤੀਆਂ ਗਈਆਂ ਸਨ।ਇਹਨਾਂ ਵਲੰਟੀਅਰਜ਼ ਦੇ ਇੰਚਾਰਜ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਟ੍ਰੇਨਿੰਗ ਅਫ਼ਸਰ ਆਈ ਟੀ ਆਈ ਲੜਕੇ,ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਦੀ ਅਗਵਾਈ ਹੇਠ ਪੰਜਾਬ ਸਖੀ ਸ਼ਕਤੀ ਕਾਰਫ਼ਟ ਮੇਲੇ ਦੌਰਾਨ 85 ਵਲੰਟੀਅਰਜ਼ ਨੇ ਸੇਵਾਵਾਂ ਦਿੱਤੀਆਂ ਸਨ।

ਇਹਨਾਂ ਵਲੰਟੀਅਰਜ਼ ਨੂੰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਡਿਪਟੀ ਕਮਿਸ਼ਨਰ ਪਟਿਆਲਾ ਵਰਜੀਤ ਵਾਲੀਆ ਵੱਲੋਂ ਪ੍ਰਸ਼ੰਸਾ ਪੱਤਰ ਦਿੱਤੇ ਗਏ।ਉਹਨਾਂ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ , ਪਾਵਰ ਹਾਊਸ ਯੂਥ ਕਲੱਬ ਅਤੇ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਲੜਕੇ ਨਾਭਾ ਰੋਡ ਪਟਿਆਲਾ ਦੇ ਐਨ ਸੀ ਸੀ ਅਤੇ ਐਨ ਐਸ ਐਸ ਵਲੰਟੀਅਰਜ਼ ਵੱਲੋਂ ਬਗੈਰ ਕਿਸੇ ਸੁਆਰਥ ਤੇ ਪੰਜਾਬ ਸਖੀ ਸ਼ਕਤੀ ਕਾਰਫ਼ਟ ਮੇਲੇ ਦੌਰਾਨ ਵਲੰਟੀਅਰਜ਼ ਸੇਵਾਵਾਂ ਦੇਣ ਲਈ ਅੱਗੇ ਆਉਣਾ ਸ਼ਲਾਘਾਯੋਗ ਉਪਰਾਲਾ ਸੀ। ਉਹਨਾਂ ਕਿਹਾ ਕਿ ਇਹਨਾਂ ਵਲੰਟੀਅਰਜ਼ ਵੱਲੋਂ ਆਪਣੇ ਇੰਚਾਰਜ ਸਟੇਟ ਐਵਰਾਡੀ ਪਰਮਿੰਦਰ ਭਲਵਾਨ, ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ, ਲੈਫਟੀਨੈਂਟ ਜਗਦੀਪ ਸਿੰਘ ਜੋਸ਼ੀ ਦੀ ਅਗਵਾਈ ਹੇਠ ਸਵੇਰੇ ਤੋਂ ਲੈ ਕੇ ਮੇਲੇ ਦੀ ਸਮਾਪਤੀ ਤੱਕ ਤੁਰਨ ਫਿਰਨ ਤੋਂ ਅਸੱਮਰਥ ਵਿਅਕਤੀਆਂ ਨੂੰ ਵੀਲਚੇਅਰ ਤੇ ਸੇਵਾਵਾਂ,ਮੇਨ ਗੇਟ,ਕਲੱਚਰ ਸਟੇਜ,ਕੈਂਪ ਆਫ਼ਿਸ, ਸੂਚਨਾ ਕੇਂਦਰ, ਪਾਰਕਿੰਗ ਤੋਂ ਇਲਾਵਾ ਮੇਲੇ ਦੌਰਾਨ ਹਰ ਪਾਸੇ ਆਪਣੀਆਂ ਵਲੰਟੀਅਰਜ਼ ਸੇਵਾਵਾਂ ਦਿੱਤੀਆਂ ਜੋਂ ਕਿ ਬਹੁਤ ਹੀ ਸ਼ਲਾਘਾਯੋਗ ਸਨ। ਉਹਨਾਂ ਕਿਹਾ ਇਸ ਲਈ ਇਹਨਾਂ ਨੂੰ ਵਲੰਟੀਅਰਜ਼ ਨਿਰਸਵਾਰਥ ਸੇਵਾਵਾਂ ਦੇਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ ਹੈ।ਇਸ ਮੌਕੇ ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ ਆਫ ਕਾਮਰਸ, ਗੁਰਪ੍ਰਤਾਪ ਸ਼ਾਹੀ, ਤੇਜਿੰਦਰ ਮੜੋੜ,ਜਸਪਾਲ ਸਿੰਘ ਜੋਸਨ, ਜੁਗਰਾਜ ਚੈਹਿਲ, ਕੁਲਦੀਪ ਸਿੰਘ , ਗੁਰਬਚਨ ਸਿੰਘ, ਰਾਮ ਸਿੰਘ, ਸਰਬਜੋਤ ਸਿੰਘ, ਜਸਪ੍ਰੀਤ ਸਿੰਘ ਅਟਵਾਲ, ਅਮਰਜੀਤ ਸਿੰਘ ਲੰਗ, ਮੈਡਮ ਕਿਰਨਾਂ ਦੇਵੀ ਵੀ ਹਾਜ਼ਰ ਸਨ।

# ਸਾਹਿਤ ਸਭਾ ਮਾਛੀਵਾੜਾ ਦੀ ਸਾਹਿਤਕ ਬੈਠਕ ਹੋਈ



**ਮਾਛੀਵਾੜਾ ਸਾਹਿਬ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਹਿਤ ਸਭਾ ਮਾਛੀਵਾੜਾ ਦੀ ਮਹੀਨਾਵਾਰ ਸਾਹਿਤਕ ਇਕੱਤਰਤਾ ਇਥੋਂ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਭਾ ਦੇ ਮੀਤ ਪ੍ਰਧਾਨ ਬਲਜਿੰਦਰ ਸਿੰਘ ਦੀ ਪ੍ਰਧਾਨਗੀ ਵਿੱਚ ਹੋਈ। ਮੀਟਿੰਗ ਵਿੱਚ ਰਚਨਾਵਾਂ ਦੇ ਦੌਰ ਵਿੱਚ ਅਵਤਾਰ ਸਿੰਘ ਉਟਾਲਾਂ ਨੇ ਆਪਣੇ ਵੱਖਰੇ ਅੰਦਾਜ਼ ਵਿੱਚ ਕੁਝ ਸ਼ੇਅਰ ਸੁਣਾਏ, ਜਿਹਨਾਂ ਬਾਰੇ ਕਾਫੀ ਗੱਲਾਂ ਹੋਈਆਂ। ਇਸ ਉਪਰੰਤ ਡਾ ਅਮਰਜੀਤ ਸਹਿਗਲ ਨੇ ਕਵਿਤਾ ‘ਸੱਜਣ ਜੀ ਤੁਧੁ ਬਿਨੁ ਅਸੀਂ ਧੁਆਂਖੇ’ ਸੁਣਾਈ। ਇਸ ਉਪਰੰਤ ਖਰੜ ਤੋਂ ਆਈ ਕਵਿੱਤਰੀ ਨਿਰਵੈਰ ਕੌਰ ਨੇ ਆਪਣੀ ਗਜ਼ਲ ‘ਮੈਂ ਕੰਡਿਆਂ ਵਰਗੇ ਬੋਲਾਂ ਦੇ ਮੁੱਢ ਗ਼ਮ ਦੀਆਂ ਯਾਦਾਂ ਧਰਦੀ ਹਾਂ’ ਸੁਣਾਈ, ਜਿਸ ਨੂੰ ਦਾਦ ਦੇ ਨਾਲ ਨਾਲ ਗ਼ਜ਼ਲ ਦੇ ਕਈ ਪੱਖਾਂ ਬਾਰੇ ਸੁਝਾਅ ਵੀ ਪੇਸ਼ ਕੀਤੇ ਗਏ।

ਇਸ ਤੋਂ ਬਾਅਦ ਕਸ਼ਮੀਰ ਸਿੰਘ ਨੇ ਐੱਸ. ਨਸੀਮ ਬਾਰੇ ਆਪਣੀ ਕਵਿਤਾ ਸੁਣਾਈ ਜਿਸ ਤੇ ਕਾਫੀ ਚਰਚਾ ਹੋਈ। ਫਿਰ ਸ਼ਾਇਰ ਹਰਨਾਮ ਸਿੰਘ ਡੱਲਾ ਨੇ ਆਪਣੀ ਗਜ਼ਲ ‘ਇਹ ਝਰਨੇ ਲੋਕਤੰਤਰ ਦੇ ’ਚੋ ਛਾਣੇ ਹੀ ਨਹੀਂ ਜਾਂਦੇ, ਇਹ ਰਹਿਬਰ ਨੇ ਜਾਂ ਕਾਤਲ ਨੇ ਪਹਿਚਾਣੇ ਹੀ ਨਹੀਂ ਜਾਂਦੇ’, ਸੁਣਾਈ ਜਿਸ ਤੇ ਚਰਚਾ ਦੇ ਨਾਲ ਨਾਲ ਦਾਦ ਵੀ ਮਿਲੀ। ਇਸ ਤੋਂ ਬਾਅਦ ਹਿੰਦੀ ਕਵੀ ਸੁਰਜੀਤ ਵਿਸ਼ਵ ਨੇ ਆਪਣੀ ਹਿੰਦੀ ਕਵਿਤਾ ‘ਤੁਮ ਆਕਾਸ਼ ਹੋ ਗਈ ਹੋ’ ਸੁਣਾਈ ਜਿਸਨੂੰ ਕਾਫੀ ਦਾਦ ਮਿਲੀ। ਫਿਰ ਸ਼ਾਇਰ ਮਲਕੀਤ ਸਿੰਘ ਨੇ ਆਪਣੀ ਗਜ਼ਲ ‘ਪਹਿਲਾ ਕਦਮ ਪੁੱਟਣ ਦੇ ਸਦਕਾ ਸਫਰ ਲਮੇਰਾ ਸਰ ਹੁੰਦਾ ਏ, ਪੀੜਾਂ ਦਰਦ ਸਹਾਰਨ ਦੇ ਲਈ ਦਿਲ ਤੇ ਪੱਥਰ ਧਰ ਹੁੰਦਾ ਏ’, ਸੁਣਾਈ ਜਿਸ ਨੂੰ ਚੰਗਾ ਹੁੰਗਾਰਾ ਮਿਲਿਆ।

ਇਸ ਤੋਂ ਬਾਅਦ ਸ਼ਾਇਰ ਬਲਜਿੰਦਰ ਸਿੰਘ ਨੇ ਗਜ਼ਲ ‘ਤਰਾਸ਼ਾ ਮੈਂ ਮੇਰਾ ਅੰਦਰ ਕੋਈ ਔਜ਼ਾਰ ਤਾਂ ਦੱਸੋ, ਮਿਲੇ ਜਿੱਥੋਂ ਖੁਸ਼ੀ ਖੇੜਾ ਜੇ ਹੈ ਬਾਜ਼ਾਰ ਤਾਂ ਦੱਸੋ’, ਸੁਣਾਈ ਜਿਸ ਤੇ ਚਰਚਾ ਦੇ ਨਾਲ ਨਾਲ ਦਾਦ ਵੀ ਮਿਲੀ।

ਇਸ ਤੋਂ ਬਾਅਦ ਗ਼ਜ਼ਲਗੋ ਨਿਰੰਜਨ ਸੂਖਮ ਨੇ ਆਪਣੀ ਨਵੀਂ ਗਜ਼ਲ ਸੁਣਾਈ ਜਿਸ ਦਾ ਇੱਕ ਸ਼ੇਅਰ ਹੈ, ਮਹਿਜ ਚਾਨਣ ਦੀ ਇਕ ਕਾਤਰ ਦਿਖਾ ਦਿੰਦੀ ਦਿਨੇ ਤਾਰੇ, ਹਨੇਰਾ ਕਰ ਲਵੇ ਜੀ ਭਰ ਕੇ ਜਿੰਨੀ ਬਾਤ ਕਰਦਾ ਹੈ’, ਇਸ ਗਜ਼ਲ ਨੂੰ ਬਹੁਤ ਦਾਦ ਮਿਲੀ। ਪੜ੍ਹੀਆਂ ਗਈਆਂ ਸਾਰੀਆਂ ਰਚਨਾਵਾਂ ਤੇ ਹਾਜ਼ਰ ਸਹਿਤਕਾਰਾਂ ਨੇ ਖੂਬ ਚਰਚਾ ਕੀਤੀ।

ਇਸ ਇਕੱਤਰਤਾ ਦਾ ਸੰਚਾਲਨ ਸਭਾ ਦੇ ਜਨਰਲ ਸਕੱਤਰ ਨਿਰੰਜਨ ਸੂਖਮ ਨੇ ਕੀਤਾ। ਅੰਤ ਵਿੱਚ ਆਏ ਸਾਰੇ ਸਾਹਿਤਕਾਰਾਂ ਦਾ ਧੰਨਵਾਦ ਪ੍ਰਧਾਨ ਬਲਜਿੰਦਰ ਸਿੰਘ ਵੱਲੋਂ ਕੀਤਾ ਗਿਆ।

# ਬਿਮਾਰੀ ਠੀਕ ਹੋਣ ਤੱਕ ਕੈਂਪ ਦੇ ਮਰੀਜ਼ਾਂ ਨੂੰ ਦਵਾਈ ਮੁਫ਼ਤ ਮਿਲੇਗੀ: ਡਾਕਟਰ ਰਾਣੂ



**ਮਲੇਰਕੋਟਲਾ, 28 ਮਾਰਚ**
**ਰਾਜੇਸ਼ ਸ਼ਰਮਾ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਣੂ ਹੋਮਿਓ ਹੈਲਥ ਸੈਂਟਰ ਰਾਏਕੋਟ ਵੱਲੋਂ ਗੁਰਦੁਆਰਾ ਸਾਹਿਬ ਸ੍ਰੀ ਹਾਅ ਦਾ ਨਾਅਰਾ ਮਲੇਰਕੋਟਲਾ ਦੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਸਥਾਨਕ ਗੁਰਦੁਆਰਾ ਸਾਹਿਬ ਹਾਅ ਦਾ ਨਾਅਰਾ ਵਿਖੇ ਮੁਫ਼ਤ ਹੋਮਿਓ ਜਾਂਚ ਕੈਂਪ 28 ਮਾਰਚ ਨੂੰ ਲਗਾਇਆ ਜਾ ਰਿਹਾ ਹੈ। ਕੈਂਪ ਸਬੰਧੀ ਜਾਣਕਾਰੀ ਦਿੰਦੇ ਹੋਏ ਪੰਜਾਬ ਦੇ ਸੀਨੀਅਰ ਹੋਮੀਓਪੈਥ ਡਾਕਟਰ ਪਰਮਜੀਤ ਸਿੰਘ ਰਾਣੂ ਦੇ ਸਪੁੱਤਰ ਡਾਕਟਰ ਨਵਜੋਤ ਸਿੰਘ ਰਾਣੂ ਨੇ ਦੱਸਿਆ ਕੇ 28 ਮਾਰਚ ਦਿਨ ਸ਼ਨੀਵਾਰ ਨੂੰ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਚੱਲਣ ਵਾਲੇ ਉਕਤ ਵਿਸ਼ਾਲ ਹੋਮੀਓਪੈਥੀ ਜਾਂਚ ਕੈਂਪ ਦਾ ਉਦਘਾਟਨ ਵਿਧਾਇਕ ਡਾ ਜਮੀਲ ਓਰ ਰਹਿਮਾਨ ਵਲੋਂ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਕੈਂਪ ਦੌਰਾਨ ਉਹਨਾਂ ਤੋਂ ਇਲਾਵਾ ਲੇਡੀ ਡਾਕਟਰ ਇੰਦਰਜੀਤ ਕੌਰ ਰਾਣੂ ਅਤੇ ਉਹਨਾਂ ਦੀ ਟੀਮ ਜਰੂਰਤਮੰਦ ਮਰੀਜ਼ਾਂ ਦੀ ਜਾਂਚ ਕਰੇਗੀ । ਇਸ ਕੈਂਪ ਦੀ ਇਕ ਵੱਖਰੀ ਵਿਸ਼ੇਸਤਾ ਹੋਵੇਗੀ ਕੇ ਕੈਂਪ ਚ ਆਏ ਮਰੀਜ਼ਾਂ ਨੂੰ ਉਹਨਾਂ ਦੀ ਬਿਮਾਰੀ ਠੀਕ ਹੋਣ ਤੱਕ ਰਾਣੂ ਹੈਲਥ ਸੈਂਟਰ ਵੱਲੋਂ ਮੁਫਤ ਦਵਾਈ ਉਪਲਬਧ ਕਰਵਾਈ ਜਾਵੇਗੀ ਭਾਵੇਂ ਉਹ ਕਿੰਨਾ ਹੀ ਲੰਬਾ ਸਮਾਂ ਇਲਾਜ ਚੱਲੇ ◆ ਉਹਨਾਂ ਕਿਹਾ ਕਿ ਹੋਮਿਓਪੈਥੀ ਨਾਲ ਹਰ ਬਿਮਾਰੀ ਦਾ ਇਲਾਜ ਸੰਭਵ ਹੈ, ਕਿਉਂਕਿ ਹੋਮਿਓਪੈਥੀ ਇੱਕ ਅਜਿਹੀ ਪੈਥੀ ਹੈ ਜੋ ਬਿਮਾਰੀ ਦੇ ਨਾਲ ਨਾਲ ਬਿਮਾਰੀ ਦੀ ਜੜ ਨੂੰ ਵੀ ਠੀਕ ਕਰਦੀ ਹੈ। ਉਹਨਾ ਦੱਸਿਆ ਕਿ ਕੈਂਪ ਦੌਰਾਨ ਕੈਂਸਰ, ਗੁਰਦੇ ਰੋਗ, ਰੀੜ ਦੀ ਹੱਡੀ, ਚਮੜੀ ਰੋਗ, ਗਠੀਆ, ਔਰਤਾਂ ਦੇ ਰੋਗ, ਰਸੌਲੀਆਂ, ਮਾਨਸਿਕ ਰੋਗੀਆਂ ਆਦਿ ਬਿਮਾਰੀਆਂ ਦੀ ਜਾਂਚ ਕਰਕੇ ਦਵਾਈ ਮੁਫ਼ਤ ਦਿੱਤੀ ਜਾਵੇਗੀ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬਹਾਦਰ ਸਿੰਘ, ਹੈਡ ਗ੍ਰੰਥੀ ਭਾਈ ਨਰਿੰਦਰ ਪਾਲ ਸਿੰਘ, ਸਮਾਜ ਸੇਵੀ ਚਰਨਜੀਤ ਸਿੰਘ ਚਹਿਲ, ਪਰਮੇਸ਼ਵਰ ਸਿੰਘ ਚਹਿਲ ਆਦਿ ਆਗੂ ਹਾਜਰ ਸਨ।

# ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਮਾਛੀਵਾੜਾ ਸਾਹਿਬ ਵਿਖੇ ਨਵੇਂ ਇੰਫਰਮੇਸ਼ਨ ਅਤੇ ਕਾਉਂਸਲਿੰਗ ਸੈਂਟਰ ਦੀ ਸ਼ੁਰੂਆਤ



**ਮਾਛੀਵਾੜਾ ਸਾਹਿਬ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਗੁਣਵੱਤਾ ਭਰਪੂਰ ਉੱਚ ਸਿੱਖਿਆ ਤੱਕ ਪਹੁੰਚ ਵਧਾਉਣ ਵੱਲ ਇੱਕ ਵੱਡਾ ਕਦਮ ਚੁੱਕਦੇ ਹੋਏ ਅੱਜ ਦੇਸ਼ ਭਗਤ ਯੂਨੀਵਰਸਿਟੀ ਪੰਜਾਬ ਨੇ ਗ੍ਰੇਮੈਟਰਸ ਐਜੂਕੇਸ਼ਨਲ ਮਾਛੀਵਾੜਾ ਸਾਹਿਬ ਦੇ ਸਹਿਯੋਗ ਨਾਲ ਮਾਛੀਵਾੜਾ ਸਾਹਿਬ ਵਿੱਚ ਆਪਣੇ ਨਵੇਂ ਇੰਫਰਮੇਸ਼ਨ ਅਤੇ ਕਾਂਊਸਲਿੰਗ ਸੈਂਟਰ (ਆਈ.ਸੀ.ਸੀ.) ਦਾ ਅਧਿਕਾਰਤ ਤੌਰ ’ਤੇ ਉਦਘਾਟਨ ਕੀਤਾ ਹੈ।

ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੇਸ਼ ਭਗਤ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ,ਡਾ. ਬੂਟਾ ਸਿੰਘ ਸਿੱਧੂ, ਡਾ. ਚੇਤਨ ਗੁਪਤਾ, ਗੁਰਿੰਦਰ ਜੀਤ ਸਿੰਘ, ਤਾਰਾ ਚੰਦ, ਜੀ.ਐਮ., ਓਡੀਐਲ ਅਤੇ ਔਨਲਾਈਨ ਸਿੱਖਿਆ ਡੀ.ਬੀ.ਯੂ. ਨੇ ਕਿਹਾ ਕਿ ਨਵਾ ਲਾਂਚ ਕੀਤਾ ਗਿਆ,ਡੀ.ਬੀ.ਯੂ .ਆਈ.ਸੀ.ਸੀ. ਮਾਛੀਵਾੜਾ ਸਾਹਿਬ ਰੈਗੂਲਰ ਡਿਗਰੀ ਪ੍ਰੋਗਰਾਮ, ਔਨਲਾਈਨ ਲਰਨਿੰਗ ਕੋਰਸ, ਓਪਨ ਐਂਡ ਡਿਸਟੈਂਸ ਲਰਨਿੰਗ (ਓਡੀਐਲ), ਅਤੇ ਡੀ.ਬੀ.ਯੂ. ਅਮਰੀਕਾਸ ਇੰਟਰਨੈਸ਼ਨਲ ਐਜੂਕੇਸ਼ਨ ਟਰੈਕ ਸਮੇਤ ਕਈ ਤਰ੍ਹਾਂ ਦੇ ਪ੍ਰੋਗਰਾਮਾਂ ਵਿੱਚ ਮਾਹਿਰ ਮਾਰਗਦਰਸ਼ਨ ਅਤੇ ਸਹਾਇਤਾ ਪ੍ਰਦਾਨ ਕਰੇਗਾ।

ਅਤਿ-ਆਧੁਨਿਕ ਬੁਨਿਆਦੀ ਢਾਂਚੇ ਅਤੇ ਤਜੁਰਬੇਕਾਰ ਅਕਾਦਮਿਕ ਸਲਾਹਕਾਰਾਂ ਦੀ ਇੱਕ ਟੀਮ ਨਾਲ ਲੈਸ, ਮਾਛੀਵਾੜਾ ਸਾਹਿਬ ਸੈਂਟਰ ਸਿਖਿਆਰਥੀਆਂ ਨੂੰ ਵਿਅਕਤੀਗਤ ਸਲਾਹ, ਵਿਸਤ੍ਰਿਤ ਪ੍ਰੋਗਰਾਮ ਸੂਝ, ਦਾਖਲਾ ਸਹਾਇਤਾ, ਅਤੇ ਕਰੀਅਰ ਯੋਜਨਾਬੰਦੀ ਸੇਵਾਵਾਂ ਪ੍ਰਦਾਨ ਕਰਨ ਲਈ ਤਿਆਰ ਕੀਤਾ ਗਿਆ ਹੈ।

ਇਸ ਮੌਕੇ ਬੋਲਦਿਆਂ ਡਾ. ਹਰਸ਼ ਸਦਾਵਰਤੀ ਨੇ ਕਿਹਾ ਕਿ ਡੀ.ਬੀ.ਯੂ. ਦੀ ਸਮਾਵੇਸ਼ ਪ੍ਰਤੀ ਵਿਆਪਕ ਵਚਨਬੱਧਤਾ ਇਸਦੇ ਸਕਾਲਰਸ਼ਿਪ ਪ੍ਰੋਗਰਾਮਾਂ ਦੀ ਸ਼੍ਰੇਣੀ ਵਿੱਚ ਝਲਕਦੀ ਹੈ, ਜੋ ਹੋਣਹਾਰ ਵਿਦਿਆਰਥੀਆਂ, ਖਿਡਾਰੀਆਂ, ਅਪਾਹਜ ਵਿਦਿਆਰਥੀਆਂ ਅਤੇ ਆਰਥਿਕ ਤੌਰ ’ਤੇ ਕਮਜ਼ੋਰ ਵਰਗਾਂ ਦੇ ਲੋਕਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਦੇ ਹਨ। ਸ਼ਕਤੀ ਸਕਾਲਰਸ਼ਿਪ ਵਿਦਿਆਰਥਣਾਂ ਨੂੰ ਸਸ਼ਕਤ ਬਣਾਉਂਦੀ ਹੈ, ਉਨ੍ਹਾਂ ਨੂੰ ਕਲਾਸਰੂਮ ਤੋਂ ਬੋਰਡਰੂਮ ਤੱਕ ਤਿਆਰ ਕਰਦੀ ਹੈ।

ਗ੍ਰੇਮੈਟਰਸ ਐਜੂਕੇਸ਼ਨਲ ਦੇ ਡਾਇਰੈਕਟਰ, ਸ਼੍ਰੀ ਗੁਰਿੰਦਰ ਜੀਤ ਸਿੰਘ ਨੇ ਕਿਹਾ ਕਿ ਸਾਡਾ ਟੀਚਾ ਖੇਤਰ ਦੇ ਹਰੇਕ ਸਿਖਿਆਰਥੀ ਨੂੰ ਸਹੀ ਸਾਧਨਾਂ ਅਤੇ ਦਿਸ਼ਾ-ਨਿਰਦੇਸ਼ ਨਾਲ ਸਸ਼ਕਤ ਬਣਾਉਣਾ ਹੈ।

ਡੀਬੀਯੂ ਆਈਸੀਸੀ ਗ੍ਰੇਮੈਟਰਸ ਐਜੂਕੇਸ਼ਨਲ ਤੁਹਾਡੇ ਦਰਵਾਜ਼ੇ ’ਤੇ ਆਧੁਨਿਕ ਸਿੱਖਿਆ ਮਾਰਗਾਂ ਤੱਕ ਪਹੁੰਚ ਨੂੰ ਯਕੀਨੀ ਬਣਾਉਂਦਾ ਹੈ।

ਡੀਬੀਯੂ ਆਈਸੀਸੀ ਹੁਣ ਬੇਸਮੈਂਟ ਉੱਪਰੀ ਮੰਜ਼ਿਲ, ਸਕਾਈਲਾਰਕਸ ਇਮੀਗ੍ਰੇਸ਼ਨ, ਦੁਸਹਿਰਾ ਗਰਾਊਂਡ ਦੇ ਨੇੜੇ, ਮਾਛੀਵਾੜਾ ਸਾਹਿਬ ਵਿਖੇ ਜਨਤਾ ਲਈ ਖੁੱਲ੍ਹਾ ਹੈ ਅਤੇ ਅਕਾਦਮਿਕ ਸਲਾਹ-ਮਸ਼ਵਰੇ ਲਈ ਵਾਕ-ਇਨ ਅਤੇ ਮੁਲਾਕਾਤਾਂ ਦਾ ਸਵਾਗਤ ਕਰਦਾ ਹੈ।

ਇਸ ਦੌਰਾਨ ਡੀ.ਬੀ.ਯੂ. ਦੇ ਜਨਰਲ ਮੈਨੇਜਰ ਤਾਰਾ ਚੰਦ ਸੈਣੀ ਸਮੇਤ ਪਤਵੰਤੇ ਸੱਜਣ ਮੌਜੂਦ ਸਨ,ਡੀਬੀਯੂ ਆਈਸੀਸੀ ਗ੍ਰੇਮੈਟਰਸ ਐਜੂਕੇਸ਼ਨਲ ਤੁਹਾਡੇ ਦਰਵਾਜ਼ੇ ’ਤੇ ਜਿਨ੍ਹਾਂ ਨੇ ਨਵੇਂ ਕਾਉਂਸਲਿੰਗ ਸੈਂਟਰ ਦੀ ਮਹੱਤਤਾ ’ਤੇ ਜ਼ੋਰ ਦਿੱਤਾ।

# ਜਲੰਧਰ ਸਮੇਤ ਚਾਰ ਜ਼ਿਲ੍ਹਿਆਂ ਦੇ ਬਲਾਕ ਕੋਆਰਡੀਨੇਟਰਾਂ ਦੇ ਟ੍ਰੇਨਿੰਗ ਸੈਸ਼ਨ ਵਿੱਚ ਕੀਤੀ ਸ਼ਿਰਕਤ

**ਜਲੰਧਰ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਿਆਂ ਖਿਲਾਫ਼ ਵਿਆਪਕ ਜੰਗ ਹੈ। ਉਨ੍ਹਾਂ ਕਿਹਾ ਕਿ ਸਮੂਹਿਕ ਇਕਜੁੱਟਤਾ ਨਾਲ ਹੰਭਲਾ ਮਾਰ ਕੇ ਹੀ ਨਸ਼ੇ ਦੇ ਕੋਹੜ ਨੂੰ ਜੜ੍ਹੋਂ ਖ਼ਤਮ ਕੀਤਾ ਜਾ ਸਕਦਾ ਹੈ।

ਇਸ ਮੌਕੇ ਕੈਬਨਿਟ ਮੰਤਰੀ ਮੋਹਿੰਦਰ ਭਗਤ, ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ, ਵਿਧਾਇਕ ਹਲਕਾ ਕਰਤਾਰਪੁਰ ਬਲਕਾਰ ਸਿੰਘ, ਵਿਧਾਇਕ ਨਕੋਦਰ ਇੰਦਰਜੀਤ ਕੌਰ ਮਾਨ, ਵਿਧਾਇਕ ਟਾਂਡਾ ਜਸਬੀਰ ਸਿੰਘ ਰਾਜਾ ਗਿੱਲ, ਵਿਧਾਇਕ ਹੁਸ਼ਿਆਰਪੁਰ ਬ੍ਰਮ ਸ਼ੰਕਰ ਜਿੰਪਾ, ਵਿਧਾਇਕ ਚੱਬੇਵਾਲ ਡਾ. ਇਸ਼ਾਂਕ ਕੁਮਾਰ, ਵਿਧਾਇਕ ਦਸੂਹਾ ਕਰਮਬੀਰ ਸਿੰਘ ਘੁੰਮਣ ਅਤੇ ਵਿਧਾਇਕ ਬੰਗਾ ਡਾ. ਸੁਖਵਿੰਦਰ ਕੁਮਾਰ ਸੁੱਖੀ ਤੋਂ ਇਲਾਵਾ ਜਲੰਧਰ, ਕਪੂਰਥਲਾ, ਸ਼ਹੀਦ ਭਗਤ ਸਿੰਘ ਨਗਰ ਅਤੇ ਹੁਸ਼ਿਆਰਪੁਰ ਦੇ ਹਲਕਾ ਇੰਚਾਰਜ ਅਤੇ ਭਾਰੀ ਗਿਣਤੀ ਵਿੱਚ ਬਲਾਕ ਕੋਆਰਡੀਨੇਟਰ ਮੌਜੂਦ ਸਨ।

ਨਸ਼ਿਆਂ ਖਿਲਾਫ਼ ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੰਦਿਆਂ ਸ਼੍ਰੀ ਸਿਸੋਦੀਆ ਨੇ ਕਿਹਾ ਕਿ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਪਿੰਡਾਂ ਅਤੇ ਵਾਰਡਾਂ ਵਿੱਚ ਜਾ ਕੇ ਨਸ਼ਾ ਵੇਚਣ ਵਾਲਿਆਂ ਬਾਰੇ ਜਾਣਕਾਰੀ ਦਿੱਤੀ ਜਾਵੇ, ਤਾਂ ਜੋ ਉਨ੍ਹਾਂ ’ਤੇ ਸਖ਼ਤ ਤੋਂ ਸਖ਼ਤ ਕਾਰਵਾਈ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਦੂਰਅੰਦੇਸ਼ੀ ਸੋਚ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਨਸ਼ਿਆਂ ਖਿਲਾਫ਼ ਵੱਡੇ ਪੱਧਰ ’ਤੇ ਜੰਗ ਲੜੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਿਥੇ ਨਸ਼ਿਆਂ ’ਤੇ ਨਿਰਭਰ ਵਿਅਕਤੀਆਂ ਨੂੰ ਨਸ਼ੇ ਤੋਂ ਮੁਕਤ ਕੀਤਾ ਜਾ ਰਿਹਾ ਹੈ, ਉਥੇ ਨਸ਼ੇ ਦਾ ਕਾਰੋਬਾਰ ਕਾਰਨ ਵਾਲੇ ਵਿਅਕਤੀਆਂ ਨੂੰ ਜੇਲ੍ਹਾਂ ਵਿੱਚ ਡੱਕਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਤਸਕਰਾਂ ਦੀਆਂ ਪ੍ਰਾਪਰਟੀਆਂ ’ਤੇ ਬੁਲਡੋਜ਼ਰ ਵੀ ਚਲਾਏ ਜਾ ਰਹੇ ਹਨ, ਤਾਂ ਜੋ ਭਵਿੱਖ ਵਿੱਚ ਕੋਈ ਵੀ ਨਸ਼ਾ ਤਸਕਰ ਅਜਿਹਾ ਕੰਮ ਕਰਨ ਦੇ ਅੰਜਾਮ ਬਾਰੇ ਇਕ ਵਾਰ ਜ਼ਰੂਰ ਸੋਚੇ।



ਉਨ੍ਹਾਂ ਬਲਾਕ ਕੋਆਰਡੀਨੇਟਰਾਂ ਨੂੰ ਉਤਸ਼ਾਹਿਤ ਕਰਦਿਆਂ ਕਿਹਾ ਕਿ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਨੂੰ ਇਕ ਐਕਸ਼ਨ ਨਾ ਮੰਨਿਆ ਜਾਵੇ ਬਲਕਿ ਇਕ ਯੁੱਧ ਦੀ ਤਰ੍ਹਾਂ ਲਿਆ ਜਾਵੇ ਅਤੇ ਪੰਜਾਬ ਨੂੰ ‘ਰੰਗਲਾ ਪੰਜਾਬ’ ਬਣਾਉਣ ਲਈ ਇਸ ਯੁੱਧ ਨੂੰ ਜਿੱਤਣ ਲਈ ਬਣਦਾ ਯੋਗਦਾਨ ਪਾਇਆ ਜਾਵੇ। ਉਨ੍ਹਾਂ ਕਿਹਾ ਕਿ ਉਹ ਵੱਖ-ਵੱਖ ਜ਼ਿਲ੍ਹਿਆਂ ਵਿੱਚ ਬਲਾਕ ਕੋਆਰਡੀਨੇਟਰਾਂ ਦੇ ਟ੍ਰੇਨਿੰਗ ਸੈਸ਼ਨਾਂ ਵਿਚ ਹਿੱਸਾ ਲੈ ਰਹੇ ਹਨ ਅਤੇ ਭਵਿੱਖ ਵਿੱਚ ਜ਼ਿਲ੍ਹਾ ਪੱਧਰ ’ਤੇ ਟ੍ਰੇਨਿੰਗ ਸੈਸ਼ਨ/ਮੀਟਿੰਗਾਂ ਵੀ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਵਾਸੀਆਂ ਦੀ ਇਕਜੁੱਟਤਾ ਨਾਲ ਨਸ਼ਾ ਮੁਕਤ-ਰੰਗਲਾ ਪੰਜਾਬ ਬਣੇਗਾ।

ਉਨ੍ਹਾਂ ਹਲਕਾ ਵਿਧਾਇਕਾਂ ਅਤੇ ਹਲਕਾ ਇੰਚਾਰਜਾਂ ਨੂੰ ਕਿਹਾ ਕਿ ਉਹ ਜ਼ਮੀਨੀ ਪੱਧਰ ’ਤੇ ਖੁਦ ਇਸ ਯੁੱਧ ਲਈ ਮੈਦਾਨ ਵਿੱਚ ਨਿਤਰਣ ਅਤੇ ਬਲਾਕ ਕੋਆਰਡੀਨੇਟਰਾਂ ਵਲੋਂ ਕੀਤੀ ਜਾ ਰਹੀ ਕਾਰਵਾਈ ਦੀ ਬਾਰੀਕੀ ਨਾਲ ਨਿਗਰਾਨੀ ਕਰਨ।

ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਨਸ਼ਾ ਤਸਕਰਾਂ ਖਿਲਾਫ਼ ਵੱਡੀ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਖਿਲਾਫ਼ ਇਸ ਕਾਰਵਾਈ ਨੂੰ ਭਵਿੱਖ ਵਿੱਚ ਵੀ ਜਾਰੀ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਨਸ਼ਿਆਂ ਖਿਲਾਫ਼ ਅਪਣਾਏ ਗਏ ਸਖ਼ਤ ਰੁਖ਼ ਸਦਕਾ ਅੱਜ ਨਸ਼ੇ ਦਾ ਕਾਰੋਬਾਰ ਕਰਨ ਵਾਲੇ ਜੇਲ੍ਹਾਂ ਦੀਆਂ ਸਲਾਖਾਂ ਪਿੱਛੇ ਹਨ ਜਾਂ ਸੂਬਾ ਛੱਡਕੇ ਜਾ ਚੁੱਕੇ ਹਨ।

ਇਸ ਤੋਂ ਪਹਿਲਾਂ ਨਸ਼ਾ ਮੁਕਤੀ ਮੋਰਚਾ ਦੋਆਬਾ ਜ਼ੋਨ ਦੇ ਕੋਆਰਡੀਨੇਟਰ ਨਯਨ ਛਾਬੜਾ ਵਲੋਂ ਬਲਾਕ ਕੋਆਰਡੀਨੇਟਰਾਂ ਦਾ ਟ੍ਰੇਨਿੰਗ ਸੈਸ਼ਨ ਕਰਵਾਇਆ ਗਿਆ। ਇਸ ਟ੍ਰੇਨਿੰਗ ਸੈਸ਼ਨ ਵਿੱਚ ਬਲਾਕ ਕੋਆਰਡੀਨੇਟਰ ਆਨਲਾਈਨ ਵੀ ਜੁੜੇ ਹੋਏ ਸਨ।

ਇਸ ਮੌਕੇ ਚੇਅਰਮੈਨ ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਪਵਨ ਕੁਮਾਰ ਟੀਨੂੰ, ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਅੰਮ੍ਰਿਤਪਾਲ ਸਿੰਘ, ਚੇਅਰਮੈਨ ਇੰਪਰੂਵਮੈਂਟ ਟਰੱਸਟ ਰਮਣੀਕ ਸਿੰਘ ਰੰਧਾਵਾ, ਵਾਈਸ ਚੇਅਰਮੈਨ ਪੰਜਾਬ ਸਕੂਲ ਸਿੱਖਿਆ ਬੋਰਡ ਪ੍ਰਿੰ. ਪ੍ਰੇਮ ਕੁਮਾਰ, ਹਲਕਾ ਇੰਚਾਰਜ ਰਾਜਵਿੰਦਰ ਕੌਰ ਥਿਆੜਾ, ਨਿਤਿਨ ਕੋਹਲੀ, ਦਿਨੇਸ਼ ਢੱਲ, ਹਰਜੀ ਮਾਨ ਹਲਕਾ ਇੰਚਾਰਜ ਫ਼ਗਵਾੜਾ, ਨਸ਼ਾ ਮੁਕਤੀ ਮੋਰਚਾ ਦੋਆਬਾ ਜ਼ੋਨ ਦੇ ਵਾਈਸ ਕੋਆਰਡੀਨੇਟਰ ਅਤਿਨ ਅਗਨੀਹੋਤਰੀ ਅਤੇ ਵੱਖ-ਵੱਖ ਜ਼ਿਲ੍ਹਾ ਤੇ ਹਲਕਾ ਇੰਚਾਰਜਾਂ ਤੋਂ ਇਲਾਵਾ ਬਲਾਕ ਕੋਆਰਡੀਨੇਟਰ ਵੀ ਮੌਜੂਦ ਸਨ।

# ਪੰਜਾਬ ’ਚ ਅਫੀਮ-ਭੁੱਕੀ ਦੀ ਖੇਤੀ ਦੀ ਮੰਗ ਨੂੰ ਲੈ ਕੇ ਕਿਸਾਨ ਆਗੂਆਂ ਵਿਚਾਲੇ ਛਿੜੀ ਜੰਗ



**ਚੰਡੀਗੜ੍ਹ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਕਿਸਾਨ ਯੂਨੀਅਨ ਕਾਦੀਆਂ) ਦੇ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਵੱਲੋਂ ਅਫੀਮ ਅਤੇ ਭੁੱਕੀ ਦੇ ਠੇਕੇ ਖੋਲ੍ਹਣ ਦੀ ਕੀਤੀ ਹਮਾਇਤ ਨੇ ਕਿਸਾਨ ਜਥੇਬੰਦੀਆਂ ਨੂੰ ਦੋਫਾੜ ਕਰ ਦਿੱਤਾ ਹੈ। ਬੀਕੇਯੂ ਕਾਦੀਆਂ ਦੇ ਪ੍ਰਧਾਨ ਹਰਮੀਤ ਸਿੰਘ ਕਾਦੀਆਂ ਨੇ ਦਲੀਲ ਦਿੱਤੀ ਹੈ ਕਿ, ਜੇਕਰ ਰਾਜਸਥਾਨ, ਮੱਧ ਪ੍ਰਦੇਸ਼ ਅਤੇ ਉੱਤਰ ਪ੍ਰਦੇਸ਼ ਵਰਗੇ ਰਾਜਾਂ ਵਿੱਚ ਅਫੀਮ ਦੀ ਖੇਤੀ ਲਈ ਲਾਇਸੈਂਸ ਮਿਲ ਸਕਦੇ ਹਨ, ਤਾਂ ਪੰਜਾਬ ਦੇ ਕਿਸਾਨਾਂ ਨੂੰ ਇਸ ਤੋਂ ਵਾਂਝਾ ਕਿਉਂ ਰੱਖਿਆ ਜਾ ਰਿਹਾ ਹੈ ? ਉਨ੍ਹਾਂ ਮੁਤਾਬਕ, ਅਫੀਮ ਅਤੇ ਭੁੱਕੀ ਦੀ ਕਾਨੂੰਨੀ ਵਿਕਰੀ ਨਾਲ ਨੌਜਵਾਨਾਂ ਨੂੰ ਮਾਰੂ ‘ਚਿੱਟੇ’ ਤੋਂ ਬਚਾਇਆ ਜਾ ਸਕਦਾ ਹੈ ਅਤੇ ਕਿਸਾਨਾਂ ਦੀ ਆਰਥਿਕ ਹਾਲਤ ਵੀ ਸੁਧਰ ਸਕਦੀ ਹੈ।

ਦੂਜੇ ਪਾਸੇ, ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਦੇ ਆਗੂ ਜਗਜੀਤ ਸਿੰਘ ਡੱਲੇਵਾਲ ਨੇ ਇਸ ਮੰਗ ਦਾ ਸਖ਼ਤ ਵਿਰੋਧ ਕੀਤਾ ਹੈ। ਉਨ੍ਹਾਂ ਕਿਹਾ, ਨਸ਼ੇ ਦਾ ਵਿਕਲਪ ਨਸ਼ਾ ਨਹੀਂ ਹੋ ਸਕਦਾ। ਅਫੀਮ ਜਾਂ ਭੁੱਕੀ ਨੂੰ ਉਤਸ਼ਾਹਿਤ ਕਰਨਾ ਸਮਾਜ ਨੂੰ ਜੜ੍ਹ ਤੋਂ ਖ਼ਤਮ ਕਰਨ ਦੇ ਬਰਾਬਰ ਹੈ। ਅਸੀਂ ਅਜਿਹੀ ਕਿਸੇ ਵੀ ਮੰਗ ਦੇ ਹੱਕ ਵਿੱਚ ਨਹੀਂ ਹਾਂ ਜੋ ਨੌਜਵਾਨੀ ਨੂੰ ਕੁਰਾਹੇ ਪਾਵੇ। ਕਿਸਾਨ ਆਗੂ ਬਲਦੇਵ ਸਿੰਘ ਸਿਰਸਾ ਨੇ ਵੀ ਕਾਦੀਆਂ ਦੇ ਬਿਆਨ ਨਾਲ ਅਸਹਿਮਤੀ ਜਤਾਉਂਦਿਆਂ ਕਿਹਾ ਕਿ ਕਿਸਾਨਾਂ ਦਾ ਕੰਮ ਅੰਨ ਪੈਦਾ ਕਰਨਾ ਹੈ, ਨਸ਼ਾ ਵੇਚਣਾ ਨਹੀਂ।

ਪੰਜਾਬ ਦੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਨੇ ਇਸ ਮੰਗ ਨੂੰ ਸਿਰੇ ਤੋਂ ਖਾਰਜ ਕਰਦਿਆਂ ਕਿਸਾਨਾਂ ਨੂੰ ਸਲਾਹ ਦਿੱਤੀ ਕਿ ਉਹ ‘ਓਪੀਅਮ ਵਾਰ’ ਦਾ ਇਤਿਹਾਸ ਪੜ੍ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ, ਨਾਰਕੋਟਿਕਸ ਅਤੇ NDPS ਐਕਟ ਨਾਲ ਸਬੰਧਤ ਕਾਨੂੰਨ ਸਿਰਫ਼ ਕੇਂਦਰ ਸਰਕਾਰ ਹੀ ਬਣਾ ਜਾਂ ਬਦਲ ਸਕਦੀ ਹੈ। ਵਰਤਮਾਨ ਵਿੱਚ ਅਫੀਮ ਅਤੇ ਭੁੱਕੀ ਦੀ ਤਸਕਰੀ ਜਾਂ ਖੇਤੀ NDPS ਐਕਟ ਅਧੀਨ ਗੰਭੀਰ ਅਪਰਾਧ ਹੈ।

# ਵੋਟਰ ਆਪਣੀ ਵੋਟ ਦੀ ਜਾਣਕਾਰੀ ਸਹੀ ਰੱਖਣ ਲਈ ਸਹਿਯੋਗ ਦੇਣ : ਚੋਣਕਾਰ ਰਜਿਸਟ੍ਰੇਸ਼ਨ ਅਫਸਰ

**ਮਲੇਰਕੋਟਲਾ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿੱਚ ਕਿਸੇ ਵੀ ਸਮੇਂ ਸਪੈਸ਼ਲ ਇੰਟੈਂਸਿਵ ਰੀਵੀਜ਼ਨ ਦਾ ਕੰਮ ਸ਼ੁਰੂ ਹੋ ਸਕਣ ਦੇ ਮੱਦੇਨਜ਼ਰ ਵਿਧਾਨ ਸਭਾ ਚੋਣ ਹਲਕਾ 105-ਮਾਲੇਰਕੋਟਲਾ ਦੀਆਂ ਤਿਆਰੀਆਂ ਨੂੰ ਹੋਰ ਮਜ਼ਬੂਤ ਬਣਾਉਣ ਲਈ ਚੋਣਕਾਰ ਰਜਿਸਟ੍ਰੇਸ਼ਨ ਅਫਸਰ-ਕਮ-ਉਪ ਮੰਡਲ ਮੈਜਿਸਟਰੇਟ, ਮਾਲੇਰਕੋਟਲਾ ਕਨੂ ਗਰਗ ਵੱਲੋਂ ਹਲਕੇ ਦੇ ਸਮੂਹ ਸੁਪਰਵਾਈਜਰਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਸੁਪਰਡੇਂਟ ਬਲਵੀਰ ਸਿੰਘ ਅਤੇ ਚੋਣ ਕਲਰਕ ਸਵਿਤਾ ਗੋਇਲ ਵੀ ਮੌਜੂਦ ਸਨ। ਮੀਟਿੰਗ ਵਿੱਚ ਸੁਪਰਵਾਈਜਰਾਂ ਦੇ ਅਧੀਨ ਆਉਂਦੇ ਬੀ.ਐਲ.ਓਜ਼ ਦੇ ਮੈਪਿੰਗ ਦੇ ਕੰਮ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ। ਇਸ ਮੌਕੇ ਚੋਣਕਾਰ ਰਜਿਸਟ੍ਰੇਸ਼ਨ ਅਫਸਰ ਨੇ ਦੱਸਿਆ ਕਿ 2025 ਦੀ ਫੋਟੋ ਵੋਟਰ ਸੂਚੀ ਨੂੰ ਸਾਲ 2003 ਦੀ ਵੋਟਰ ਸੂਚੀ ਨਾਲ ਮੈਪਿੰਗ ਕਰਨਾ ਬਹੁਤ ਮਹੱਤਵਪੂਰਨ ਹੈ, ਜਿਸ ਨਾਲ ਸਪੈਸ਼ਲ ਇੰਟੈਂਸਿਵ ਰੀਵੀਜ਼ਨ ਦੌਰਾਨ ਕੰਮ ਨੂੰ ਸੁਚਾਰੂ ਢੰਗ ਨਾਲ ਅਤੇ ਬਿਨਾਂ ਕਿਸੇ ਮੁਸ਼ਕਲ ਦੇ ਪੂਰਾ ਕੀਤਾ ਜਾ ਸਕੇਗਾ।ਉਨ੍ਹਾਂ ਸੁਪਰਵਾਈਜਰਾਂ ਨੂੰ ਹਦਾਇਤ ਕੀਤੀ ਕਿ ਉਹ ਆਪਣੇ ਅਧੀਨ ਆਉਂਦੇ ਬੀ.ਐਲ.ਓਜ਼ ਨਾਲ ਨਿਰੰਤਰ ਸੰਪਰਕ ਵਿੱਚ ਰਹਿ ਕੇ ਮੈਪਿੰਗ ਦੇ ਕੰਮ ਨੂੰ ਸਮੇਂ ਸਿਰ ਪੂਰਾ ਕਰਵਾਉਣ ਅਤੇ ਕਿਸੇ ਵੀ ਤਰ੍ਹਾਂ ਦੀ ਦਿੱਕਤ ਆਉਣ ’ਤੇ ਤੁਰੰਤ ਦਫਤਰ ਨੂੰ ਜਾਣਕਾਰੀ ਦੇਣ।

ਉਨ੍ਹਾਂ ਹਲਕੇ ਦੇ ਸਮੂਹ ਵੋਟਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੀ ਵੋਟਰ ਸੂਚੀ ਵਿੱਚ ਦਰਜ ਜਾਣਕਾਰੀ ਦੀ ਜਾਂਚ ਕਰਦੇ ਰਹਿਣ ਅਤੇ ਚੋਣ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਚੋਣ ਵਿਭਾਗ ਨਾਲ ਪੂਰਾ ਸਹਿਯੋਗ ਦੇਣ।

# ਰੋਗਾਂ ਦੇ ਜਾਲ਼ 'ਚ ਫਸਾ ਰਿਹਾ ਕੰਮ ਦਾ ਬੋਝ



ਭਾਰਤ ਵਿਚ ਦਿਲ ਦੀਆਂ ਬੀਮਾਰੀਆਂ ਅਤੇ ਡਾਇਬਟੀਜ਼ ਨਾਲ ਜੁੜੇ ਚਿੰਤਾਜਨਕ ਅੰਕੜੇ ਅਕਸਰ ਚਰਚਾ ਦਾ ਵਿਸ਼ਾ ਬਣਦੇ ਹਨ। ਲੱਖਾਂ ਲੋਕਾਂ ਦੀ ਜ਼ਿੰਦਗੀ ਖ਼ਤਰੇ ਵਿਚ ਪਾ ਰਹੇ ਜਾਨਲੇਵਾ ਪ੍ਰਦੂਸ਼ਣ 'ਤੇ ਵੀ ਬਹੁਤ ਚਰਚਾ ਹੋ ਰਹੀ ਹੈ ਪਰ ਸਿਹਤ ਨਾਲ ਜੁੜੀ ਇਕ ਹੋਰ ਚੁਣੌਤੀ ਵੀ ਹੈ ਜਿਸ ਦਾ ਜ਼ਿਕਰ ਓਨਾ ਨਹੀਂ ਹੋ ਰਿਹਾ, ਇਹ ਚੁਣੌਤੀ ਹੈ ਥਕਾਨ। ਹਾਲੀਆ ਜਾਰੀ ਇਕ ਰਿਪੋਰਟ ਵਿਚ ਦੱਸਿਆ ਗਿਆ ਹੈ ਕਿ 18 ਤੋਂ 64 ਸਾਲ ਦੇ ਲੋਕਾਂ ਦੀ ਆਬਾਦੀ ਵਿਚ 22 ਫ਼ੀਸਦੀ ਲੋਕ ਅਜਿਹੇ ਹਨ ਜਿਨ੍ਹਾਂ ਨੂੰ ਸਭ ਤੋਂ ਵੱਧ ਪਰੇਸ਼ਾਨੀ ਥਕਾਵਟ ਤੋਂ ਹੈ। ਮਿਟੇਲ ਨਾਂ ਦੀ ਸੰਸਥਾ ਵੱਲੋਂ ਜਾਰੀ ਇਸ ਰਿਪੋਰਟ ਮੁਤਾਬਕ ਲੋਕਾਂ ਲਈ ਇਹ ਹਾਈ ਬਲੱਡ ਪ੍ਰੈਸ਼ਰ ਅਤੇ ਡਾਇਬਟੀਜ਼ ਤੋਂ ਵੀ ਵੱਡੀ ਚਿੰਤਾ ਹੈ। ਔਰਤਾਂ ਇਸ ਤੋਂ ਜ਼ਿਆਦਾ ਪਰੇਸ਼ਾਨ ਹਨ। 25 ਫ਼ੀਸਦੀ ਔਰਤਾਂ ਦਾ ਕਹਿਣਾ ਹੈ ਕਿ ਉਹ ਸਭ ਤੋਂ ਜ਼ਿਆਦਾ ਪਰੇਸ਼ਾਨ ਥਕਾਵਟ ਦੀ ਸਮੱਸਿਆ ਤੋਂ ਹਨ। ਮਿਟੇਲ ਦੀ ਇਹ ਰਿਪੋਰਟ ਇਕ ਸਰਵੇਖਣ 'ਤੇ ਆਧਾਰਿਤ ਹੈ। ਬੀਤੇ ਸਾਲ ਜੂਨ ਵਿਚ 3, 029 ਲੋਕ ਇਸ ਸਰਵੇਖਣ ਦਾ ਹਿੱਸਾ ਬਣੇ ਸਨ।

ਦੁਨੀਆ ਦੇ ਮਸ਼ਹੂਰ ਅਰਥ ਸ਼ਾਸਤਰੀ ਜਾਨ ਕੀਨਸ ਨੇ ਇਕ ਵਾਰ ਕਿਹਾ ਸੀ ਕਿ ਭਵਿੱਖ ਵਿਚ ਲੋਕਾਂ ਕੋਲ ਫੁਰਸਤ ਦੇ ਕਾਫੀ ਪਲ ਹੋਣਗੇ ਪਰ ਲੱਗਦਾ ਹੈ ਕਿ ਭਾਰਤ ਨੂੰ ਇਸ ਭਵਿੱਖਬਾਣੀ ਨੂੰ ਗ਼ਲਤ ਸਾਬਤ ਕਰਨ ਵਾਲੇ ਦੇਸ਼ ਦੇ ਰੂਪ ਵਿਚ ਚੁਣਿਆ ਜਾ ਸਕਦਾ ਹੈ। ਹਾਲਾਂਕਿ ਭਾਰਤ ਵਿਚ ਨਿੱਜੀ ਖੇਤਰ ਦੀ ਮਸਰੂਫ਼ੀਅਤ ਦੇਖੀਏ ਤਾਂ ਇਹ ਅੰਕੜੇ ਹੈਰਾਨੀ ਪੈਦਾ ਨਹੀਂ ਕਰਦੇ। ਕੰਮ ਅਤੇ ਜ਼ਿੰਦਗੀ ਵਿਚ ਸੰਤੁਲਨ ਸਾਡੇ ਦੇਸ਼ ਵਿਚ ਚੁਟਕਲਿਆਂ ਦਾ ਵਿਸ਼ਾ ਬਣ ਚੁੱਕਾ ਹੈ। ਇਥੇ ਇਕ ਕਰਮਚਾਰੀ ਸਾਲ ਭਰ ਵਿਚ ਔਸਤਨ 2200 ਘੰਟੇ ਕੰਮ ਕਰਦਾ ਹੈ। ਇਹ ਅੰਕੜਾ ਬਾਕੀ ਦੇਸ਼ਾਂ ਦੀ ਤੁਲਨਾ ਵਿਚ ਕਿਤੇ ਜ਼ਿਆਦਾ ਹੈ। ਭਾਰਤ ਦੇ ਲੋਕ ਪ੍ਰਤੀ ਹਫ਼ਤਾ ਔਸਤਨ 52 ਘੰਟੇ ਕੰਮ ਕਰਦੇ ਹਨ ਅਤੇ ਇਹ ਅੰਕੜਾ ਅਮਰੀਕਾ, ਬ੍ਰਿਟੇਨ ਅਤੇ ਚੀਨ ਤੋਂ ਕਾਫ਼ੀ ਵੱਧ ਹੈ। ਪਿਛਲੇ ਸਾਲ ਉਨ੍ਹਾਂ ਦੇਸ਼ਾਂ ਦੀ ਸੂਚੀ ਵਿਚ ਭਾਰਤ ਚੌਥੇ ਸਥਾਨ 'ਤੇ ਸੀ ਜਿਥੇ ਲੋਕਾਂ ਨੂੰ ਸਭ ਤੋਂ ਘੱਟ ਛੁੱਟੀਆਂ ਮਿਲ ਰਹੀਆਂ ਹਨ। ਕੰਮਕਾਜੀ ਆਬਾਦੀ ਦੀ ਥਕਾਵਟ ਆਉਣ ਵਾਲੇ ਸਮੇਂ ਵਿਚ ਇਕ ਵੱਡੀ ਸਮੱਸਿਆ ਸਾਬਿਤ ਹੋਣ ਵਾਲੀ ਹੈ। ਥਕਾਵਟ ਦਾ ਮਤਲਬ ਸਿਰਫ਼ ਥਕਾਨ ਨਹੀਂ ਸਗੋਂ ਅਨੀਮੀਆ, ਡਿਪ੍ਰੈਸ਼ਨ ਅਤੇ ਡਾਇਬਟੀਜ਼ ਵਰਗੀਆਂ ਹੋਰ ਬਿਮਾਰੀਆਂ ਦੀ ਵੀ ਕਨਸੋਅ ਹੈ। ਮਾਹਿਰਾਂ ਮੁਤਾਬਕ ਭਾਰਤ ਨੂੰ ਇਸ ਸਮੱਸਿਆ 'ਤੇ ਗੰਭੀਰਤਾ ਨਾਲ ਸੋਚਣ ਅਤੇ ਕਾਰਜ ਪ੍ਰਣਾਲੀ ਦੀ ਨਵੇਂ ਸਿਰੇ ਤੋਂ ਸਮੀਖਿਆ ਕਰਨ ਦੀ ਲੋੜ ਹੈ। •



# ਰੈਸਟਲੈੱਸ ਸਿੰਡਰੋਮ

## ਲੱਛਣ ਤੇ ਇਲਾਜ

ਜੇ ਕਰ ਤੁਹਾਨੂੰ ਬੈਠੇ ਜਾਂ ਲੇਟੇ ਹੋਏ ਪੈਰ ਹਿਲਾਉਣ ਦੀ ਆਦਤ ਹੈ ਤਾਂ ਸੁਚੇਤ ਹੋ ਜਾਓ। ਇਹ ਰੈਸਟਲੈੱਸ ਸਿੰਡਰੋਮ ਦੇ ਲੱਛਣ ਹੋ ਸਕਦੇ ਹਨ। ਇਸ ਦਾ ਕਾਰਨ ਆਇਰਨ ਦੀ ਕਮੀ ਹੋਣਾ ਹੈ। ਇਹ ਸਮੱਸਿਆ 10 ਫ਼ੀਸਦੀ ਲੋਕਾਂ ਨੂੰ ਹੁੰਦੀ ਹੈ। ਜ਼ਿਆਦਾਤਰ 35 ਸਾਲ ਤੋਂ ਵੱਧ ਦੀ ਉਮਰ ਦੇ ਮਨੁੱਖਾਂ ਨੂੰ ਇਹ ਸਮੱਸਿਆ ਹੁੰਦੀ ਹੈ। ਹਾਰਵਰਡ ਮੈਡੀਕਲ ਸਕੂਲ ਬੋਸਟਨ ਦੇ ਪ੍ਰੋਫੈਸਰ ਅਤੇ ਇਸ ਜਾਂਚ ਦੇ ਪ੍ਰਮੁੱਖ ਡਾ. ਡਬਲਿਊ ਵਿੰਕਮੈਨ ਦਾ ਕਹਿਣਾ ਹੈ ਕਿ ਇਸ ਰੋਗ ਨਾਲ ਪੀੜਤ ਵਿਅਕਤੀ ਔਸਤਨ ਨੀਂਦ ਨਾ ਆਉਣ ਤੋਂ ਪਹਿਲਾਂ 200-300 ਵਾਰ ਆਪਣੇ ਪੈਰ ਹਿਲਾਉਂਦਾ ਹੈ। ਖੋਜਕਾਰਾਂ ਦਾ ਇਹ ਸਪਸ਼ਟ ਕਹਿਣਾ ਹੈ ਕਿ ਲਗਾਤਾਰ ਪੈਰ ਹਿਲਾਉਣ ਵਰਗੇ ਰੋਗ ਤੋਂ ਦਿਲ ਦਾ ਦੌਰਾ ਪੈਣ ਦੀ ਸੰਭਾਵਨਾ ਵੱਧ ਜਾਂਦੀ ਹੈ।

### ਕੀ ਹੈ ਰੈਸਟਲੈੱਸ ਸਿੰਡਰੋਮ

ਇਹ ਨਰਵਸ ਸਿਸਟਮ ਨਾਲ ਜੁੜਿਆ ਰੋਗ ਹੈ। ਪੈਰ ਹਿਲਾਉਣ ਉੱਤੇ ਵਿਅਕਤੀ ਵਿਚ ਡੋਪਾਮਾਇਨ ਹਾਰਮੋਨ ਕਾਰਨ ਉਸ ਨੂੰ ਅਜਿਹਾ ਵਾਰ-ਵਾਰ ਕਰਨ ਦਾ ਦਿਲ ਕਰਦਾ ਹੈ। ਇਸ ਨੂੰ ਸਲੀਪ ਡਿਸ-ਆਰਡਰ ਵੀ ਕਹਿੰਦੇ ਹਨ। ਨੀਂਦ ਪੂਰੀ ਨਾ ਹੋਣ ਉੱਤੇ ਉਹ ਥੱਕਿਆ ਹੋਇਆ ਮਹਿਸੂਸ ਕਰਦਾ ਹੈ। ਜਾਂਚ ਲੱਛਣਾਂ ਦੇ ਆਧਾਰ ਉੱਤੇ ਬਲੱਡ ਟੈਸਟ ਕੀਤਾ ਜਾਂਦਾ ਹੈ। ਨੀਂਦ ਨਾ ਆਉਣ ਦੀ ਮੁਸ਼ਕਿਲ ਵਧਣ ਉੱਤੇ ਪਾਲੀਸੋਮਨੋਗਰਾਫੀ (ਪੀਏਸਜੀ) ਵੀ ਕਰਵਾ ਕੇ ਇਸ ਦੀ ਪੁਸ਼ਟੀ ਕੀਤੀ ਜਾਂਦੀ ਹੈ। ਇਸ ਜਾਂਚ ਤੋਂ ਨੀਂਦ ਨਾ ਆਉਣ ਦੇ ਕਾਰਣਾਂ ਬਾਰੇ ਪਤਾ ਲਗਾਇਆ ਜਾਂਦਾ ਹੈ।

### ਲੱਛਣ

ਪੈਰਾਂ ਵਿਚ ਝੁੰਜਲਾਹਟ ਅਤੇ ਕੀੜੀਆਂ ਚੱਲਣ ਵਰਗਾ ਮਹਿਸੂਸ ਹੋਣਾ। ਦਿਨ ਵਿਚ ਬੈਠਣ ਅਤੇ ਕੁਝ ਲੋਕਾਂ ਵਿਚ ਰਾਤ ਨੂੰ ਸੌਂਦੇ ਸਮੇਂ ਵੀ ਪੈਰ ਹਿਲਾਉਣਾ, ਪੈਰ ਘੁਟਾਉਣ ਦੀ ਇੱਛਾ ਕਰਨਾ ਅਤੇ ਥਕਾਵਟ ਆਦਿ ਕੁਝ ਮੁੱਖ ਲੱਛਣ ਹਨ।

> ਇਹ ਨਰਵਸ ਸਿਸਟਮ ਨਾਲ ਜੁੜਿਆ ਰੋਗ ਹੈ ਜੋ ਕਿ ਆਇਰਨ ਦੀ ਕਮੀ ਕਾਰਨ ਹੁੰਦਾ ਹੈ।ਸ਼ੂਗਰ ਤੇ ਬੀਪੀ ਰੋਗੀਆਂ 'ਚ ਇਸ ਦਾ ਖ਼ਤਰਾ ਵੱਧਦਾ ਹੈ।

### ਕਾਰਨ

ਇਹ ਰੋਗ ਆਇਰਨ ਦੀ ਕਮੀ ਕਾਰਨ ਹੁੰਦਾ ਹੈ। ਇਸ ਤੋਂ ਇਲਾਵਾ ਕਿਡਨੀ, ਪਾਰਕਿੰਸੰਸ ਪੀੜਿਤ ਮਰੀਜ਼ਾਂ ਅਤੇ ਗਰਭਵਤੀਆਂ ਵਿਚ ਡਲਿਵਰੀ ਦੇ ਅੰਤਿਮ ਦਿਨਾਂ ਵਿਚ ਹਾਰਮੋਨਲ ਬਦਲਾਅ ਵੀ ਕਾਰਨ ਹੋ ਸਕਦੇ ਹਨ। ਜ਼ਿਆਦਾ ਸ਼ਰਾਬ ਪੀਣ ਅਤੇ ਕੁਝ ਖ਼ਾਸ ਦਵਾਈਆਂ (ਜ਼ੁਕਾਮ ਅਤੇ ਐਲਰਜੀ) ਤੋਂ ਵੀ ਹੋਣ ਦਾ ਖ਼ਤਰਾ ਰਹਿੰਦਾ ਹੈ। ਸ਼ੂਗਰ, ਬੀਪੀ ਅਤੇ ਹਿਰਦਾ ਰੋਗੀਆਂ ਵਿਚ ਇਸ ਦਾ ਖ਼ਤਰਾ ਵਧਦਾ ਹੈ।

### ਇਲਾਜ

ਇਲਾਜ ਦੇ ਤੌਰ 'ਤੇ ਆਇਰਨ ਦੀਆਂ ਦਵਾਈਆਂ ਦਿੱਤੀਆਂ ਜਾਂਦੀਆਂ ਹਨ। ਬੀਮਾਰੀ ਗੰਭੀਰ ਹੋਣ ਉੱਤੇ ਹੋਰ ਦਵਾਈਆਂ ਵੀ ਦਿੱਤੀਆਂ ਜਾਂਦੀਆਂ ਹਨ ਜੋ ਸੌਣ ਤੋਂ ਦੋ ਘੰਟੇ ਪਹਿਲਾਂ ਖਾਣੀਆਂ ਹੁੰਦੀਆਂ ਹਨ। ਇਹ ਉਨੀਂਦਰਾ ਦੂਰ ਕਰ ਹਾਲਤ ਸਥਿਰ ਕਰਦੀਆਂ ਹਨ। ਕੁਝ ਖ਼ਾਸ ਕਸਰਤ ਜਿਵੇਂ ਹੌਟ ਐਂਡ ਕੋਲਡ ਬਾਥ, ਵਾਇਬਰੇਟਿੰਗ ਪੈਡ ਉੱਤੇ ਪੈਰ ਰੱਖਣ ਨਾਲ ਵੀ ਰਾਹਤ ਮਿਲਦੀ ਹੈ। ਜੇਕਰ ਤੁਹਾਨੂੰ ਅਜਿਹੇ ਲੱਛਣ ਦਿਖਾਈ ਦਿੰਦੇ ਹਨ ਤਾਂ ਤੁਰੰਤ ਡਾਕਟਰੀ ਸਲਾਹ ਲਵੋ। ਘਰ ਬੈਠੇ ਰਹਿਣ ਨਾਲ ਰੋਗ ਵਧੇਗਾ। ਇਸ ਲਈ ਬਿਹਤਰ ਇਹੀ ਹੈ ਕਿ ਸਮੇਂ ਸਿਰ ਡਾਕਟਰ ਦੀ ਸਲਾਹ ਲਓ ਤੇ ਇਲਾਜ ਸ਼ੁਰੂ ਕਰੋ।

### ਛੱਡੋ ਇਹ ਆਦਤਾਂ

ਰਾਤ ਨੂੰ ਸੌਣ ਤੋਂ ਪਹਿਲਾਂ ਜਾਂ ਬਿਸਤਰੇ 'ਤੇ ਲੇਟੇ ਹੋਇਆਂ ਪੈਰ ਹਿਲਾਉਣ ਦੀ ਆਦਤ ਠੀਕ ਨਹੀਂ ਹੈ। ਪੈਰ ਹਿਲਾਉਣ ਵਾਲੇ ਵਿਅਕਤੀ ਬਾਰੇ ਵਿਚ ਕਿਹਾ ਜਾਂਦਾ ਹੈ ਕਿ ਉਹ ਆਪਣੇ ਪਰਿਵਾਰ ਬਾਰੇ ਜ਼ਿਆਦਾ ਸੋਚਦੇ ਹਨ। ਅਜਿਹਾ ਕਰਨ ਨਾਲ ਵਿਅਕਤੀ ਦੇ ਨਕਾਰਾਤਮਕ ਵਿਚਾਰਾਂ ਨੂੰ ਊਰਜਾ ਮਿਲਦੀ ਹੈ ਜੋ ਸਕਾਰਾਤਮਕ ਸੋਚ 'ਤੇ ਹਾਵੀ ਹੋ ਜਾਂਦੀ ਹੈ। ਅਜਿਹੇ ਵਿਅਕਤੀ ਆਪਣੇ ਕੰਮ ਵਿਚ ਨਿਰਾਸ਼ ਰਹਿੰਦੇ ਹਨ। ਜੋ ਵਿਅਕਤੀ ਜ਼ਿਆਦਾ ਚਿੰਤਾ ਵਿਚ ਰਹਿੰਦਾ ਹੈ, ਉਸ ਨੂੰ ਪੈਰ ਹਿਲਾਉਣ ਦੀ ਆਦਤ ਹੋ ਜਾਂਦੀ ਹੈ। ਜ਼ਿਆਦਾਤਰ ਲੋਕ ਜਿਨ੍ਹਾਂ ਨੂੰ ਘਰ-ਪਰਿਵਾਰ ਦੀ ਜ਼ਿਆਦਾ ਚਿੰਤਾ ਸਤਾਉਂਦੀ ਹੈ, ਉਹ ਸੌਂਦੇ ਸਮੇਂ ਪੈਰ ਹਿਲਾਉਂਦੇ ਵੇਖੇ ਜਾ ਸਕਦੇ ਹਨ।

ਸੋ, ਮਾਮੂਲੀ ਜਿਹਾ ਦਿਖਾਈ ਦੇਣ ਵਾਲੀ ਇਹ ਆਦਤ ਗੰਭੀਰ ਰੋਗ ਦਾ ਇਸ਼ਾਰਾ ਹੋ ਸਕਦਾ ਹੈ। ਪਰ ਸਹੀ ਜਾਣਕਾਰੀ ਰੱਖੋ ਅਤੇ ਸਮੇਂ ਸਿਰ ਡਾਕਟਰੀ ਇਲਾਜ ਜ਼ਰੂਰ ਕਰਵਾਓ। ਆਪਣੇ ਘਰੇਲੂ ਡਾਕਟਰ ਖ਼ੁਦ ਕਦੇ ਨਾ ਬਣੋ।

• ਡਾ: ਰਿਪੁਦਮਨ ਸਿੰਘ
98152001343

> ਮੁੱਢਲੀ ਸੁਰੱਖਿਆ ਹਫ਼ਤੇ ਦਾ ਮਕਸਦ ਲੋਕਾਂ ਨੂੰ ਸੁਰੱਖਿਆ ਕਦਮਾਂ ਬਾਰੇ ਜਾਗਰੂਕ ਕਰਕੇ ਹਾਦਸਿਆਂ ਤੋਂ ਬਚਾਅ ਲਈ ਪ੍ਰੇਰਿਤ ਕਰਨਾ ਹੈ। ਸਮੇਂ ਸਿਰ ਦਿੱਤੀ ਫਰਸਟ ਏਡ ਨਾਲ ਕੀਮਤੀ ਜਾਨ ਬਚਾ ਸਕਦੀ ਹੈ...

ਕੌਮੀ ਸੁਰੱਖਿਆ ਸਪਤਾਹ



# ਜੀਵਨ ਸੁਰੱਖਿਆ ਲਈ ਅਪਣਾਓ ਫਰਸਟ ਏਡ

> ਜ਼ਖ਼ਮੀ ਵਿਅਕਤੀ ਨੂੰ ਦੇਖਦਿਆਂ ਸਾਰ ਹੀ ਸੰਭਾਵੀ ਖ਼ਤਰੇ ਨੂੰ ਭਾਂਪੋ। ਜ਼ਖ਼ਮੀ ਦੀ ਸਰੀਰਕ ਹਿੱਲਜੁਲ ਅਤੇ ਸਾਹ-ਪ੍ਰਣਾਲੀ ਦੀ ਜਾਂਚ ਕਰੋ ਅਤੇ ਇਹ ਵੀ ਯਕੀਨੀ ਬਣਾਓ ਕਿ ਉਸ ਦੇ ਸਾਹ ਲੈਣ 'ਚ ਕੋਈ ਰੁਕਾਵਟ ਤਾਂ ਪੈਦਾ ਨਹੀਂ ਹੋ ਰਹੀ ?

ਕੌਮੀ ਪੱਧਰ 'ਤੇ 4 ਤੋਂ 10 ਮਾਰਚ ਤਕ ਦਾ ਸਮਾਂ ਨੈਸ਼ਨਲ ਸੇਫਟੀ ਵੀਕ ਦੇ ਤੌਰ 'ਤੇ ਮਨਾਇਆ ਜਾ ਰਿਹਾ ਹੈ ਤਾਂ ਜੋ ਲੋਕਾਂ ਨੂੰ ਸੁਰੱਖਿਆ ਲਈ ਚੁੱਕੇ ਜਾਣ ਵਾਲੇ ਕਦਮਾਂ ਬਾਰੇ ਜਾਗਰੂਕ ਕਰਕੇ ਹਾਦਸਿਆਂ ਤੋਂ ਬਚਾਅ ਕਰਨ ਲਈ ਪ੍ਰੇਰਿਤ ਕੀਤਾ ਜਾ ਸਕੇ। ਘਰਾਂ, ਦਫ਼ਤਰਾਂ, ਫੈਕਟਰੀਆਂ, ਬਹੁ-ਮੰਜ਼ਲੀ ਇਮਾਰਤਾਂ, ਗੋਦਾਮਾਂ, ਖੇਤਾਂ, ਜੰਗਲਾਂ, ਮੈਰਿਜ ਪੈਲੇਸਾਂ, ਸਿਨੇਮਾ ਹਾਲਜ਼ ਆਦਿ ਵਿੱਚ ਅਕਸਰ ਹੀ ਦੁਰਘਟਨਾਵਾਂ ਵਾਪਰ ਜਾਂਦੀਆਂ ਹਨ। ਇਹਨਾਂ ਦੁਰਘਟਨਾਵਾਂ ਵਿਚ ਜਿੱਥੇ ਭਾਰੀ ਮਾਲੀ ਨੁਕਸਾਨ ਹੁੰਦਾ ਹੈ, ਉੱਥੇ ਜਾਨੀ ਨੁਕਸਾਨ ਹੋ ਜਾਣ ਨਾਲ ਵੀ ਕਈ ਘਰਾਂ ਦੇ ਚਿਰਾਗ਼ ਬੁਝ ਜਾਂਦੇ ਹਨ। ਸੜਕਾਂ 'ਤੇ ਵਾਹਨਾਂ ਦੀ ਦਿਨੋਂ-ਦਿਨ ਵੱਧ ਰਹੀ ਆਵਾਜਾਈ ਅਤੇ ਸਾਡੀ ਤੇਜ਼ ਹੁੰਦੀ ਜਾ ਰਹੀ ਰਫ਼ਤਾਰ ਨੇ ਵੀ ਸਾਡੇ ਜੀਵਨ ਦੀ ਰਫ਼ਤਾਰ ਨੂੰ ਬਹੁਤ ਛੋਟਾ ਕਰ ਦਿੱਤਾ ਹੈ। ਸੜਕੀ ਹਾਦਸੇ ਪਲਾਂ ਵਿਚ ਹੀ ਕਿਸੇ ਹੱਸਦੀ-ਖੇਡਦੀ ਜ਼ਿੰਦਗੀ ਨੂੰ ਖ਼ਤਮ ਕਰ ਜਾਂਦੇ ਹਨ ਅਤੇ ਇਹਨਾਂ ਹਾਦਸਿਆਂ 'ਚੋਂ ਜ਼ਿੰਦਾ ਬਚੇ ਫੱਟੜ ਵਿਅਕਤੀ ਅਪਾਹਜਤਾ ਭਰੀ ਜ਼ਿੰਦਗੀ ਜਿਊਣ ਲਈ ਮਜਬੂਰ ਹੋ ਜਾਂਦੇ ਹਨ। ਇਹਨਾਂ ਦੁਰਘਟਨਾਵਾਂ ਦਾ ਇੱਕ ਦੁਖਦਾਈ ਪਹਿਲੂ ਇਹ ਵੀ ਹੈ ਕਿ ਇਹਨਾਂ ਹਾਦਸਿਆਂ ਦੇ ਸ਼ਿਕਾਰ ਵਿਅਕਤੀਆਂ 'ਚੋਂ ਬਹੁਤੀਆਂ ਮੌਤਾਂ ਸਮੇਂ ਸਿਰ ਫਰਸਟ ਏਡ ਜਾਂ ਡਾਕਟਰੀ ਸਹਾਇਤਾ ਨਾ ਮਿਲਣ ਕਰ ਕੇ ਹੋ ਜਾਂਦੀਆਂ ਹਨ।

ਹਾਦਸਿਆਂ ਦੇ ਕਾਰਨ ਭਾਵੇਂ ਕੁਝ ਵੀ ਰਹੇ ਹੋਣ ਪਰੰਤੂ ਹਾਦਸਿਆਂ ਦੌਰਾਨ ਜੀਵਨ ਸੁਰੱਖਿਆ ਬੜੀ ਅਹਿਮ ਹੁੰਦੀ ਹੈ। ਫੱਟੜਾਂ/ਸੱਟੜਾਂ ਨੂੰ ਜੇਕਰ ਸਮੇਂ ਸਿਰ ਫਰਸਟ ਏਡ ਮਿਲ ਸਕੇ ਤਾਂ ਜਿੱਥੇ ਉਹਨਾਂ ਦੇ ਦੁੱਖ-ਦਰਦ ਨੂੰ ਘੱਟ ਕੀਤਾ ਜਾ ਸਕਦਾ ਹੈ, ਉੱਥੇ ਕਿਸੇ ਕੀਮਤੀ ਜਾਨ ਨੂੰ ਵੀ ਬਚਾਇਆ ਜਾ ਸਕਦਾ ਹੈ। ਹਾਦਸਿਆਂ ਦੌਰਾਨ ਜੋ ਵੀ ਨੇੜੇ ਦੇ ਲੋਕ ਹਨ ਜਾਂ ਐਕਸੀਡੈਂਟ ਤੋਂ ਬਚੇ ਹਨ, ਫੱਟੜਾਂ ਦੀ ਜਾਨ ਬਚਾਉਣਾ ਬਹੁਤਾ ਇਹਨਾਂ 'ਤੇ ਨਿਰਭਰ ਕਰਦਾ ਹੈ। ਸਾਡੀ ਥੋੜ੍ਹੀ ਜਿਹੀ ਹੁਸ਼ਿਆਰੀ ਅਤੇ ਸਿਆਣਪ ਹਾਦਸਾਗ੍ਰਸਤ ਵਿਅਕਤੀ ਨੂੰ ਇਕ ਨਵੀਂ ਜ਼ਿੰਦਗੀ ਬਖਸ਼ ਸਕਦੀ ਹੈ। ਦੁਰਘਟਨਾਵਾਂ ਦੌਰਾਨ ਹਮੇਸ਼ਾ ਡੀਆਰਏਬੀਸੀ ਯਾਦ ਰੱਖੋ। ਡੀ ਫਾਰ ਡੇਂਜਰ ਭਾਵ ਆਪਣੇ ਅਤੇ ਪੀੜਤ ਲਈ ਕਿਸੇ ਕਿਸਮ ਦੇ ਸੰਭਾਵਿਤ ਖ਼ਤਰੇ ਨੂੰ ਭਾਂਪੋ ਤਾਂ ਜੋ ਤੁਹਾਡਾ ਅਤੇ ਪੀੜਤ ਦਾ ਜੀਵਨ ਸੁਰੱਖਿਅਤ ਰਹੇ। ਆਰ ਫਾਰ ਰਿਸਪਾਂਸ ਭਾਵ ਪੀੜਤ ਵਿਅਕਤੀ ਦੀ ਪ੍ਰਤਿਕਿਰਿਆ ਚੈੱਕ ਕਰੋ ਕਿ ਪੀੜਤ ਹੋਸ਼ ਵਿੱਚ ਹੈ ਜਾਂ ਬੇਹੋਸ਼, ਉਹ ਜੀਉਂਦਾ ਹੈ ਜਾਂ ਮੋਇਆ। ਏ ਫਾਰ ਏਅਰਵੇਜ਼ ਭਾਵ ਪੀੜਤ ਵਿਅਕਤੀ ਦੇ ਸਾਹ ਲੈਣ ਵਾਲੇ ਰਸਤੇ ਨੱਕ ਤੇ ਮੂੰਹ ਨੂੰ ਚੈੱਕ ਕਰੋ। ਸਾਹ ਵਾਲੇ ਰਸਤੇ 'ਚ ਕੋਈ ਖ਼ੂਨ, ਉਲਟੀ, ਝੱਗ, ਟੁੱਟੇ ਦੰਦ, ਜੀਭ, ਤੰਗ ਕੱਪੜੇ ਵਗੈਰਾ ਚੈੱਕ ਕਰੋ, ਰੁਕਾਵਟ ਨਾਲ ਸਾਹ ਬੰਦ ਹੋ ਸਕਦਾ ਹੈ, ਰੁਕਾਵਟ ਨੂੰ ਦੂਰ ਕਰੋ। ਬੀ ਫਾਰ ਬ੍ਰੀਦਿੰਗ ਭਾਵ ਪੀੜਤ ਦੀ ਸਾਹ ਕਿਰਿਆ ਚੈੱਕ ਕਰੋ। ਸਾਹ ਚੈੱਕ ਕਰਨ ਲਈ ਲੁੱਕ, ਲਿਸਨ ਐਂਡ ਫੀਲ ਦਾ ਫਾਰਮੂਲਾ ਯਾਦ ਰੱਖੋ। ਛਾਤੀ ਜਾਂ ਪੇਟ ਵਾਲੇ ਹਿੱਸੇ ਦੀ ਹਿੱਲਜੁਲ ਵੇਖ ਕੇ ਸਾਹ ਦਾ ਪਤਾ ਕਰੋ। ਨੱਕ ਨੇੜੇ ਕੰਨ ਕਰਕੇ ਸਾਹ ਦੀ ਆਵਾਜ਼ ਨੂੰ ਸੁਣੋ ਜਾਂ ਫੇਰ ਹੱਥ ਦਾ ਪਿਛਲਾ ਪਾਸਾ ਪੀੜਤ ਵਿਅਕਤੀ ਦੇ ਨੱਕ ਕੋਲ ਕਰੋ ਅਤੇ ਅੰਦਰੋਂ ਬਾਹਰ ਆ ਰਹੀ ਗਰਮ ਹਵਾ ਨੂੰ ਫੀਲ ਭਾਵ ਮਹਿਸੂਸ ਕਰ ਕੇ ਸਾਹ ਦੇ ਚੱਲਣ ਜਾਂ ਰੁਕਣ ਦਾ ਪਤਾ ਲਗਾਓ। ਸੀ ਫਾਰ ਸਰਕੂਲੇਸ਼ਨ ਭਾਵ ਲਹੂ ਗੇੜ ਪ੍ਰਣਾਲੀ ਦੇ ਚੱਲਣ ਦਾ ਪਤਾ ਲਗਾਉਣ ਲਈ ਦਿਲ ਦੀ ਧੜਕਣ ਚੈੱਕ ਕਰੋ। ਧੜਕਣ ਪਤਾ ਲਗਾਉਣ ਲਈ ਗੁੱਟ ਜਾਂ ਗਲ 'ਤੇ ਨਬਜ਼ ਚੈੱਕ ਕਰੋ। ਦਿਲ ਦੀ ਧੜਕਣ ਅਤੇ ਸਾਹ ਬੰਦ ਹੋਵੇ ਤਾਂ ਬਨਾਉਟੀ ਸਾਹ ਦੇਣ ਦੇ ਢੰਗ ਤਰੀਕੇ ਅਤੇ ਸੀ.ਪੀ.ਆਰ. ਮੈਥਡ ਜ਼ਿਲ੍ਹਿਆਂ ਵਿੱਚ ਕੰਮ ਕਰਦੀਆਂ ਰੈੱਡ ਕਰਾਸ ਸੰਸਥਾਵਾਂ ਦੇ ਮਾਹਿਰਾਂ ਵੱਲੋਂ ਫਰਸਟ ਏਡ ਟ੍ਰੇਨਿੰਗ ਦੌਰਾਨ ਸਿਖਾਏ ਜਾਂਦੇ ਹਨ। ਜੀਵਨ ਸੁਰੱਖਿਆ ਲਈ ਇਹਨਾਂ ਸੰਸਥਾਵਾਂ ਪਾਸੋਂ ਇਹ ਜੀਵਨ ਬਚਾਊ ਟ੍ਰੇਨਿੰਗ ਹਰੇਕ ਨਾਗਰਿਕ ਨੂੰ ਲੈ ਲੈਣੀ ਚਾਹੀਦੀ ਹੈ।

ਜਾਨ ਨੂੰ ਖ਼ਤਰੇ ਵਿੱਚ ਪਾਉਣ ਵਾਲੀਆਂ ਇਹਨਾਂ ਹਾਲਤਾਂ ਤੋਂ ਬਾਅਦ ਵੇਖੋ ਕਿ ਪੀੜਤ ਦੇ ਕਿਤੋਂ ਬਾਹਰੀ ਖ਼ੂਨ ਤਾਂ ਨਹੀਂ ਵਗ ਰਿਹਾ। ਫੱਟਾਂ 'ਚੋਂ ਖ਼ੂਨ ਵਗ ਰਿਹਾ ਹੋਵੇ ਤਾਂ ਅੰਗ ਨੂੰ ਥੋੜ੍ਹਾ ਉੱਚਾ ਕਰ ਕੇ ਰੱਖੋ ਅਤੇ ਖ਼ੂਨ ਨੂੰ ਰੋਕਣ ਦੇ ਉਪਰਾਲੇ ਕਰੋ। ਖ਼ੂਨ ਵਗਣ ਵਾਲੀ ਜਗ੍ਹਾ 'ਤੇ ਸਾਫ਼ ਰੁਮਾਲ/ਕੱਪੜੇ ਜਾਂ ਪੱਟੀਆਂ ਆਦਿ ਨਾਲ ਦਬਾਅ ਬਣਾ ਕੇ ਰੱਖੋ। ਕਈ ਵਾਰ ਅੰਦਰੂਨੀ ਸੱਟਾਂ ਕਾਰਣ ਖ਼ੂਨ ਦਾ ਵਗਣਾ ਵੀ ਹੋ ਸਕਦਾ ਹੈ ਅਤੇ ਕੁਝ ਸਮੇਂ ਬਾਅਦ ਵਿਅਕਤੀ ਦੀ ਜਾਨ ਜਾ ਸਕਦੀ ਹੈ। ਫੱਟੜ ਦੇ ਆਲ਼ੇ-ਦੁਆਲ਼ੇ ਬਹੁਤੀ ਭੀੜ ਇਕੱਠੀ ਨਾ ਹੋਣ ਦਿਓ ਕਿਉਂਕਿ ਮਰੀਜ਼ ਨੂੰ ਤਾਜ਼ੀ ਹਵਾ ਦੀ ਲੋੜ ਹੁੰਦੀ ਹੈ। ਭੀੜ ਤੋਂ ਕਿਸੇ ਵੀ ਕਿਸਮ ਦੀ ਮਦਦ ਲਈ ਜਾ ਸਕਦੀ ਹੈ। ਫੱਟੜਾਂ ਨੂੰ ਇੱਕਦਮ ਚੁੱਕਣ ਦੀ ਕਾਹਲ ਨਾ ਕਰੋ। ਕਈ ਵਾਰ ਲੋਕਾਂ ਦੀ ਭਾਵਨਾ ਹੁੰਦੀ ਹੈ ਕਿ ਪੀੜਤ ਵਿਅਕਤੀ ਨੂੰ ਛੇਤੀ ਹੀ ਖੜ੍ਹਾ ਕੀਤਾ ਜਾਵੇ ਜਾਂ ਬਿਠਾ ਕੇ ਕਿਸੇ ਵਹੀਕਲ ਵਿਚ ਪਾਇਆ ਜਾਵੇ। ਜਲਦਬਾਜ਼ੀ ਵਿਚ ਉਸ ਦੀ ਖਿੱਚ-ਧੂਹ ਕੀਤੀ ਜਾਂਦੀ ਹੈ ਜਾਂ ਫਿਰ ਚੁੱਕਣ ਆਦਿ ਵੇਲੇ ਸਹੀ ਢੰਗਾਂ ਦਾ ਪਤਾ ਨਹੀਂ ਹੁੰਦਾ। ਹਾਦਸੇ ਵੇਲੇ ਪੀੜਤ ਵਿਅਕਤੀ ਦੀ ਰੀੜ੍ਹ ਦੀ ਹੱਡੀ, ਖ਼ਾਸ ਕਰ ਕੇ ਧੌਣ ਵਿੱਚ ਸੱਟ ਲੱਗੀ ਹੋਵੇ ਤਾਂ ਫੱਟੜ ਨੂੰ ਬਹੁਤ ਹੀ ਤਰੀਕੇ ਨਾਲ ਸੰਭਾਲ ਕੇ ਚੁੱਕਣਾ ਚਾਹੀਦਾ ਹੈ ਕਿਉਂਕਿ ਰੀੜ੍ਹ ਦੀ ਹੱਡੀ ਵਿਚਕਾਰ ਸਪਾਈਨਲ ਕਾਰਡ ਹੁੰਦੀ ਹੈ ਇਸ ਦੀ ਸੱਟ ਨਾਲ ਵਿਅਕਤੀ ਦਾ ਕੋਈ ਵੀ ਸਰੀਰਕ ਹਿੱਸਾ ਸਦਾ ਲਈ ਅਪਾਹਜ ਹੋ ਸਕਦਾ ਹੈ। ਹੱਡੀਆਂ ਦੇ ਢਾਂਚੇ ਜਾਂ ਲੱਤਾਂ-ਬਾਹਾਂ, ਪੱਸਲੀਆਂ ਸੱਟ ਕਾਰਨ ਟੁੱਟੀਆਂ ਵੀ ਹੋ ਸਕਦੀਆਂ ਹਨ। ਇਸ ਹਾਲਤ ਵਿਚ ਪੀੜਤ ਵਿਅਕਤੀ ਨੂੰ ਚੁੱਕਣ ਤੋਂ ਪਹਿਲਾਂ ਇਹ ਜ਼ਰੂਰ ਵੇਖ ਲਓ ਕਿ ਕੋਈ ਹੱਡੀ ਤਾਂ ਨਹੀਂ ਟੁੱਟੀ? ਅੰਗ ਦੇ ਆਕਾਰ ਦਾ ਟੇਢਾਪਣ, ਦਰਦ, ਸੋਜ ਆਦਿ ਨਾਲ ਹੱਡੀ ਟੁੱਟੀ ਦਾ ਅੰਦਾਜ਼ਾ ਲਗਾਇਆ ਜਾ ਸਕਦਾ ਹੈ। ਅਜਿਹੀਆਂ ਹਾਲਤਾਂ ਵਾਲੇ ਵਿਅਕਤੀਆਂ ਦੀ ਸ਼ਿਫਟਿੰਗ ਆਮ ਤੌਰ 'ਤੇ ਫੱਟੇ ਜਾਂ ਸਟਰੈੱਚਰ 'ਤੇ ਹੀ ਹੋਣੀ ਚਾਹੀਦੀ ਹੈ।

ਫਰੈੱਕਚਰ ਕੇਸਾਂ ਵਿੱਚ ਟੁੱਟੀਆਂ ਹੱਡੀਆਂ ਨੂੰ ਸਹਾਰਾ ਦੇਣ ਵਾਸਤੇ ਫੱਟੀਆਂ ਭਾਵ ਸਪਲਿੰਟਸ ਦੀ ਵਰਤੋਂ ਵੀ ਕਰਨੀ ਜਰੂਰੀ ਹੁੰਦੀ ਹੈ। ਮੌਕੇ 'ਤੇ ਇਹ ਕੰਮ ਕਿਸੇ ਦਰਖ਼ਤ ਦੀ ਟਾਹਣੀ, ਫੱਟੀ, ਸੋਟੀ, ਰੱਦੀ ਤਹਿ ਕੀਤੇ ਅਖ਼ਬਾਰ/ਮੈਗਜ਼ੀਨ, ਗੱਤੇ ਆਦਿ ਤੋਂ ਚਲਾਇਆ ਜਾ ਸਕਦਾ ਹੈ। ਫਰੈੱਕਚਰ ਕੇਸਾਂ ਵਿੱਚ ਵਿਅਕਤੀ ਨੂੰ ਸਹੀ ਤਰੀਕੇ ਨਾਲ ਚੁੱਕ ਕੇ ਉਸ ਨੂੰ ਸਦਾ ਲਈ ਅਪਾਹਜ ਹੋਣ ਤੋਂ ਬਚਾਇਆ ਜਾ ਸਕਦਾ ਹੈ।

ਬੇਹੋਸ਼ ਵਿਅਕਤੀ ਨੂੰ ਲੈ ਜਾਣ ਵੇਲੇ ਟੇਢਾ ਕਰ ਕੇ ਭਾਵ ਵੱਖੀ ਪਰਨੇ (ਜਿਸ ਨੂੰ ਰਿਕਵਰੀ ਪੁਜੀਸ਼ਨ ਕਹਿੰਦੇ ਹਨ) ਵਾਲੀ ਹਾਲਤ 'ਚ ਪਾ ਕੇ ਹਸਪਤਾਲ ਲੈ ਜਾਇਆ ਜਾਵੇ ਤਾਂ ਜੋ ਅੰਦਰੋਂ ਨਿਕਲਣ ਵਾਲਾ ਖ਼ੂਨ ਜਾਂ ਉਲਟੀ ਫੇਫੜਿਆਂ ਵਿਚ ਨਾ ਚਲੀ ਜਾਵੇ ਜੋ ਕਿ ਜਾਨਲੇਵਾ ਹੋ ਸਕਦੀ ਹੈ। ਡਰਾਈਵਿੰਗ ਕਰਦੇ ਸਮੇਂ ਨਸ਼ਿਆਂ ਅਤੇ ਮੋਬਾਇਲ ਫੋਨ ਦੀ ਵਰਤੋਂ ਨਾ ਕਰੋ। ਧਿਆਨ ਭੰਗ ਹੋ ਕੇ ਦੁਰਘਟਨਾ ਹੋ ਸਕਦੀ ਹੈ। ਐਕਸੀਡੈਂਟ ਹੋਣ ਦੀ ਸੂਰਤ ਵਿਚ ਸੀਟ ਬੈਲਟਾਂ ਤੁਹਾਡੀ ਜ਼ਿੰਦਗੀ ਬਚਾ ਸਕਦੀਆਂ ਹਨ। ਕਾਰ ਚਲਾਉਣ ਵੇਲੇ ਡਰਾਈਵਰ ਅਤੇ ਸਵਾਰੀਆਂ ਨੂੰ ਸੀਟ ਬੈਲਟਾਂ ਦੀ ਵਰਤੋਂ ਜ਼ਰੂਰ ਕਰਨੀ ਚਾਹੀਦੀ ਹੈ। ਦੋਪਹੀਆ ਵਾਹਨਾਂ ਵਾਲਿਆਂ ਨੂੰ ਸਿਰ ਦੀਆਂ ਸੱਟਾਂ ਦੇ ਬਚਾਅ ਲਈ ਹੈਲਮੈਟ ਦੀ ਵਰਤੋਂ ਕਰਨੀ ਚਾਹੀਦੀ ਹੈ। ਕਿਸੇ ਵੀ ਹਾਦਸੇ ਵਿਚ ਹੌਸਲਾ ਕਾਇਮ ਰੱਖੋ ਅਤੇ ਘਬਰਾਓ ਨਾ। ਸਹਾਇਤਾ ਮਿਲਣ ਤਕ ਰੋਗੀ ਜਾਂ ਉਸਦੇ ਰਿਸ਼ਤੇਦਾਰਾਂ ਨੂੰ ਵੀ ਮਾਨਸਿਕ ਹੌਸਲਾ ਅਤੇ ਤਸੱਲੀ ਦੇਣ ਦੀ ਕੋਸ਼ਿਸ਼ ਕਰੋ। ਇਸ ਨਾਲ ਫ਼ਿਕਰ ਅਤੇ ਬੇਚੈਨੀ ਘੱਟਦੀ ਹੈ। ਭੁੱਲ-ਭੁਲੇਖੇ ਵੀ ਕਦੀ ਕਿਸੇ ਜ਼ਖ਼ਮੀ, ਦੌਰੇ ਵਾਲੇ ਵਿਅਕਤੀ ਅਤੇ ਬੇਹੋਸ਼ੀ ਦੀ ਹਾਲਤ ਵਾਲੇ ਦੇ ਮੂੰਹ ਵਿਚ ਪਾਣੀ ਨਾ ਪਾਓ। ਇਹ ਪਾਣੀ ਫੇਫੜਿਆਂ ਵਿਚ ਜਾ ਕੇ ਸਾਹ ਦੀ ਰੁਕਾਵਟ ਕਰ ਸਕਦਾ ਹੈ। ਛੇਤੀ ਤੋਂ ਛੇਤੀ ਫੱਟੜਾਂ ਨੂੰ ਹਸਪਤਾਲ ਪਹੁੰਚਾਉਣ ਦੇ ਪ੍ਰਬੰਧ ਕਰੋ ਅਤੇ ਜ਼ਿਲ੍ਹੇ ਦੇ ਜ਼ਿੰਮੇਵਾਰ ਅਧਿਕਾਰੀਆਂ ਨੂੰ ਸੂਚਿਤ ਕਰੋ ਤਾਂ ਜੋ ਪੁਲਿਸ ਅਤੇ ਡਾਕਟਰੀ ਮਦਦ ਹਾਦਸੇ ਵਾਲੀ ਥਾਂ ਪਹੁੰਚ ਸਕੇ।

ਸਰਕਾਰਾਂ ਜਿੱਥੇ ਸੜਕੀ ਹਾਦਸਿਆਂ ਨੂੰ ਘੱਟ ਕਰਨ ਲਈ ਸੁਰੱਖਿਆ ਨੀਤੀਆਂ ਅਮਲ ਵਿਚ ਲਿਆਉਂਦੀਆਂ ਹਨ, ਉੱਥੇ ਫਰਸਟ ਏਡ ਦੇ ਗਿਆਨ ਨੂੰ ਵੀ ਹਰੇਕ ਲਈ ਲਾਜ਼ਮੀ ਕਰਾਰ ਦਿੱਤਾ ਜਾਣਾ ਚਾਹੀਦਾ ਹੈ ਤਾਂ ਜੋ ਹਾਦਸਿਆਂ ਦੌਰਾਨ ਲੋਕ ਇਸ ਗਿਆਨ ਜ਼ਰੀਏ ਜੀਵਨ ਸੁਰੱਖਿਆ ਕਰ ਸਕਣ। ਵੱਧ ਤੋਂ ਵੱਧ ਜਾਗਰੂਕਤਾ ਹੀ ਜ਼ਿੰਦਗੀ ਰੂਪੀ ਤੋਹਫ਼ੇ ਦੀ ਸੁਰੱਖਿਆ ਨੂੰ ਯਕੀਨੀ ਬਣਾ ਸਕਦੀ ਹੈ

• ਨਰੇਸ਼ ਪਠਾਣੀਆ
98557-00157

# ਮੌਸਮ ਤੋਂ ਪਹਿਲਾਂ ਖ਼ੁਦ ਨੂੰ ਬਦਲੋ



> ਮੌਸਮ ਕਰਵਟ ਲੈ ਰਿਹਾ ਹੈ। ਲੋੜ ਹੈ ਇਸ ਬਦਲਾਅ ਲਈ ਤਿਆਰੀ ਕਰੀਏ ਤਾਂ ਜੋ ਗਰਮੀਆਂ ਦਾ ਜਸ਼ਨ ਮਨਾ ਸਕੀਏ!

ਸਰਦੀਆਂ ਵਿਦਾ ਲੈ ਰਹੀਆਂ ਹਨ। ਗਰਮ ਮੋਟੇ ਕੱਪੜਿਆਂ ਦੇ ਨਾਲ ਨਾਲ ਸਰੀਰ 'ਤੇ ਜਮ੍ਹਾ ਹੋਈ ਚਰਬੀ ਦੀਆਂ ਪਰਤਾਂ ਨੂੰ ਅਲਵਿਦਾ ਕਹਿਣ ਦੇ ਦਿਨ ਆ ਰਹੇ ਹਨ। ਆਓ, ਪਾਣੀ ਦੀ ਮਦਦ ਨਾਲ ਸਰੀਰ ਦੀ ਵਾਧੂ ਚਰਬੀ ਪਿਘਲਾਉਣ ਬਾਰੇ ਗੱਲ ਕਰੀਏ ਤੇ ਗਰਮੀਆਂ ਦੇ ਜਸ਼ਨ ਲਈ ਤਿਆਰ ਹੋਈਏ!

ਇਤਿਹਾਸ ਅਤੇ ਮੌਸਮ ਦੋਵੇਂ ਖ਼ੁਦ ਨੂੰ ਦੁਹਰਾਉਂਦੇ ਹਨ। ਕੋਸੀ ਸਰਦੀ ਤੋਂ ਬਾਅਦ ਹੁਣ ਦੌਰ ਹੈ ਗਰਮੀਆਂ ਦੀ ਸੁਨਹਿਰੀ ਸ਼ੁਰੂਆਤ ਦਾ। ਸਵੇਰੇ-ਸ਼ਾਮ ਹਲਕੀ ਠੰਢ ਅਤੇ ਦੁਪਹਿਰ ਵਿਚ ਖ਼ੁਸ਼ਗਵਾਰ ਧੁੱਪ ਇਸ਼ਾਰਾ ਕਰ ਰਹੀ ਹੈ ਕਿ ਮੌਸਮ ਹੌਲੀ-ਹੌਲੀ ਕਰਵਟ ਲੈ ਰਿਹਾ ਹੈ। ਸੁਚੇਤ ਰਹਾਂਗੇ ਤਾਂ ਮੌਸਮ ਦਾ ਇਹ ਬਦਲਾਅ ਖ਼ੁਸ਼ੀਆਂ ਲਿਆਏਗਾ ਪਰ ਜੇ ਜ਼ਰਾ ਜਿੰਨੀ ਵੀ ਲਾਪਰਵਾਹੀ ਹੋਈ ਤਾਂ ਬਿਮਾਰੀ ਘੇਰ ਸਕਦੀ ਹੈ। ਕੁਦਰਤ ਅਤੇ ਇਸ ਦੀ ਖ਼ੂਬਸੂਰਤੀ ਨੂੰ ਇਕ ਸਿਹਤਮੰਦ ਸਰੀਰ ਹੀ ਪੂਰੇ ਆਨੰਦ ਨਾਲ ਮਹਿਸੂਸ ਕਰ ਸਕਦਾ ਹੈ। ਇਸ ਲਈ ਜ਼ਰੂਰੀ ਹੈ ਕਿ ਇਹ ਹਰ ਬਦਲਦੇ ਮੌਸਮ ਮੁਤਾਬਕ ਢਲ਼ ਜਾਣ ਲਈ ਤਿਆਰ ਹੋਵੇ। ਇਸ ਲਈ ਜ਼ਰੂਰੀ ਸ਼ਰਤ ਹੈ ਇਮਿਊਨਿਟੀ ਅਤੇ ਉਸ ਲਈ ਸਭ ਤੋਂ ਵੱਡੀ ਲੋੜ ਹੈ ਸਰੀਰ ਦਾ ਆਪਣੇ ਮੂਲ ਰੂਪ ਵਿਚ ਰਹਿਣਾ, ਜ਼ਹਿਰੀਲੇ ਅਤੇ ਗ਼ੈਰ-ਜ਼ਰੂਰੀ ਤੱਤਾਂ ਤੋਂ ਸੁਰੱਖਿਅਤ ਰਹਿਣਾ। ਅੱਜਕੱਲ੍ਹ ਦੀ ਜੀਵਨਸ਼ੈਲੀ ਕੁਝ ਅਜਿਹੀ ਹੈ ਕਿ ਨਾ ਚਾਹੁੰਦੇ ਹੋਏ ਵੀ ਅਸੀਂ ਸਰੀਰ ਨੂੰ ਉਨ੍ਹਾਂ ਚੀਜ਼ਾਂ-ਆਦਤਾਂ ਨਾਲ ਭਰਦੇ ਰਹਿੰਦੇ ਹਾਂ ਜਿਨ੍ਹਾਂ ਦਾ ਨਤੀਜਾ ਸਾਡੀ ਸਿਹਤ ਨੂੰ ਕਈ ਤਰ੍ਹਾਂ ਦੇ ਨੁਕਸਾਨ ਦੇ ਰੂਪ ਵਿਚ ਨਿਕਲਦਾ ਹੈ। ਲੋੜ ਤੋਂ ਵੱਧ ਖਾਣਾ, ਸਰੀਰ ਲਈ ਗ਼ੈਰ-ਜ਼ਰੂਰੀ ਪੋਸ਼ਕ ਤੱਤਾਂ ਦੀ ਖ਼ੁਰਾਕ ਦਾ ਵਾਧਾ, ਨਸ਼ੀਲੇ ਪਦਾਰਥਾਂ ਦੀ ਵਰਤੋਂ ਆਦਿ ਕੁਝ ਅਜਿਹੀਆਂ ਗੱਲਾਂ ਹਨ ਜੋ ਸਰੀਰ ਤੇ ਦਿਮਾਗ਼ ਨੂੰ ਬੇਲੋੜੀ ਬੋਝ, ਭਾਰੀ ਅਤੇ ਰੋਗ-ਗ੍ਰਸਤ ਬਣਾਉਂਦੀ ਹੈ। ਪੂਰਬ ਹੋਵੇ ਜਾਂ ਪੱਛਮ, ਇਹ ਸਮੱਸਿਆ ਧਰਤੀ ਦੇ ਹਰ ਪਾਸੇ ਹੀ ਮੌਜੂਦ ਹੈ। ਇਸ ਲਿਹਾਜ਼ ਨਾਲ ਇਸ ਦੇ ਸਾਂਝੇ ਹੱਲ ਤੇ ਇਲਾਜ ਵੀ ਸੰਭਵ ਹਨ। ਸਰੀਰ ਨੂੰ ਹਲਕਾ ਰੱਖਣ ਦੀ ਇਹ ਪ੍ਰਕਿਰਿਆ ਪੂਰਬੀ ਦੇਸ਼ਾਂ ਵਿਚ ਵਰਤ ਦੇ ਰੂਪ ਵਿਚ ਦੇਖੀ ਜਾ ਸਕਦੀ ਹੈ ਜਦਕਿ ਪੱਛਮੀ ਸੱਭਿਅਤਾ ਇਸ ਨੂੰ 'ਡਿਟਾਕਸੀਫਿਕੇਸ਼ਨ ਪ੍ਰਾਸੈੱਸ' ਦਾ ਨਾਂ ਦਿੰਦੀ ਹੈ। ਇਸ ਪ੍ਰਕਿਰਿਆ ਵਿਚ ਸਰੀਰ ਵਿਚ ਪਾਣੀ ਦੀ ਮਾਤਰਾ ਵਧਾ ਕੇ ਸਰੀਰ ਨੂੰ ਗ਼ੈਰ-ਜ਼ਰੂਰੀ ਤੱਤਾਂ ਤੋਂ ਮੁਕਤ ਕੀਤਾ ਜਾਂਦਾ ਹੈ। ਦਿਲਚਸਪ ਗੱਲ ਇਹ ਹੈ ਕਿ ਖ਼ੁਰਾਕ ਮਾਹਿਰਾਂ ਨੇ ਡਿਟਾਕਸੀਫਿਕੇਸ਼ਨ ਵਿਚ ਨਵੇਂ-ਨਵੇਂ ਪ੍ਰਯੋਗ ਕਰਕੇ ਇਸ ਨੂੰ ਇਕ ਅਕੇਵੇਂ ਭਰੀ ਪ੍ਰਕਿਰਿਆ ਦੀ ਥਾਂ ਦਿਲਚਸਪ ਤਰੀਕਿਆਂ ਵਿਚ ਤਬਦੀਲ ਕਰ ਦਿੱਤਾ ਹੈ।

### ਸ਼ੁਰੂ ਕਰੋ ਤਿਆਰੀ

ਜੇ ਤੁਸੀਂ ਵੀ ਗਰਮੀਆਂ ਦੇ ਮੌਸਮ ਵਿਚ ਸਿਹਤਮੰਦ ਅਤੇ ਖ਼ੂਬਸੂਰਤ ਦਿਖਣਾ ਚਾਹੁੰਦੇ ਹੋ ਤਾਂ ਇਹੀ ਸਮਾਂ ਹੈ ਕਿ ਰਜਾਈ-ਕੰਬਲ ਗੋਲ ਕਰੋ ਅਤੇ ਖ਼ੁਦ ਨੂੰ ਡਿਟਾਕਸ ਪ੍ਰੋਗਰਾਮ ਲਈ ਤਿਆਰ ਕਰ ਲਓ। ਆਪਣੇ ਸਰੀਰ ਨੂੰ ਜ਼ਰਾ ਧਿਆਨ ਨਾਲ ਦੇਖੋ! ਸਰਦੀਆਂ ਦੀ ਖ਼ੁਰਾਕ ਕਿਵੇਂ ਸਰੀਰ 'ਤੇ ਤਹਿਆਂ ਵਾਂਗ ਜੰਮ ਚੁੱਕੀ ਹੈ। ਆਲੂ ਦੇ ਪਰੌਂਠੇ, ਮਸਾਲੇਦਾਰ ਸਬਜ਼ੀਆਂ ਤੇ ਵਿਆਹਾਂ ਦੀਆਂ ਦਾਅਵਤਾਂ ਦਾ ਅਸਰ ਚਿਹਰੇ ਤੋਂ ਲੈ ਕੇ ਚਾਲ ਤਕ ਸਾਫ ਦਿਖਾਈ ਦੇ ਰਿਹਾ ਹੈ। ਵਧਿਆ ਹੋਇਆ ਪੇਟ ਤੇ ਸੁਸਤੀ ਮਾਰਿਆ ਥੁਲਥੁਲਾ ਸਰੀਰ। ਕੀ ਇਹੀ ਸਰੀਰ ਲੈ ਕੇ ਗਰਮੀਆਂ ਵਿਚ ਗੋਆ ਜਾਣ ਦਾ ਇਰਾਦਾ ਹੈ? ਨਹੀਂ ਨਾ! ਫਿਰ ਗਰਮੀਆਂ 'ਚ ਫਿੱਟ ਰਹਿਣ ਦੀ ਤਿਆਰੀ ਹੁਣੇ ਤੋਂ ਸ਼ੁਰੂ ਕਰਨੀ ਪਵੇਗੀ ।

### ਕੀ ਹੈ ਡਿਟਾਕਸੀਫਿਕੇਸ਼ਨ

ਇਹ ਪ੍ਰਕਿਰਿਆ ਬਹੁਤ ਆਸਾਨ ਹੈ। ਸੌਖੇ ਸ਼ਬਦਾਂ ਵਿਚ ਸਮਝੀਏ ਤਾਂ ਇਹ ਸਰੀਰਰ ਨੂੰ ਅੰਦਰ ਤੋਂ ਸਾਫ਼ ਕਰਨ ਦੀ ਸਾਧਾਰਨ ਪ੍ਰਕਿਰਿਆ ਹੈ ਅਤੇ ਇਸ ਦਾ ਪ੍ਰਮੁੱਖ ਤੱਤ ਹੈ ਪਾਣੀ। ਪਾਣੀ ਦੀ ਮਾਤਰਾ ਵਧਾ ਕੇ ਸਰੀਰ 'ਚੋਂ ਜ਼ਹਿਰੀਲੇ ਤੱਤ ਬਾਹਰ ਨਿਕਲਦੇ ਹਨ।



### ਕਿਹੋ ਜਿਹੇ ਹੋਣ ਡ੍ਰਿੰਕ?

ਹਾਲਾਂਕਿ ਦਿਨ ਵਿਚ ਕਈ ਵਾਰ ਸਾਦਾ ਪਾਣੀ ਪੀਣਾ ਡਿਟਾਕਸੀਫਿਕੇਸ਼ਨ ਲਈ ਕਾਫ਼ੀ ਹੈ ਪਰ ਆਧੁਨਿਕ ਜੀਵਨਸ਼ੈਲੀ ਦੀਆਂ ਲੋੜਾਂ ਮੁਤਾਬਕ ਡਾਈਟੀਸ਼ਿਅਨਜ਼ ਇਸ ਲਈ ਫਰੂਟ ਜੂਸ ਅਤੇ ਸ਼ਰਬਤ ਦੀ ਸਿਫ਼ਾਰਿਸ਼ ਕਰਦੇ ਹਨ। ਭਾਰਤੀ ਸਮਾਜ ਵਿਚ ਸ਼ਰਬਤ ਕਾਫੀ ਪ੍ਰਚਲਿਤ ਹੈ। ਪਰ ਡਿਟਾਕਸੀਫਿਕੇਸ਼ਨ ਪ੍ਰੋਸੈੱਸ ਵਿਚ ਏਨਾ ਹੀ ਫ਼ਰਕ ਹੈ ਕਿ ਜ਼ਾਇਕੇਦਾਰ ਪਾਣੀ ਵਿਚ ਚੀਨੀ ਜਾਂ ਲੂਣ ਨਹੀਂ ਪਾਇਆ ਜਾਂਦਾ। ਨਤੀਜੇ ਵਜੋਂ ਫਲਾਂ ਦਾ ਰਸ ਹੀ ਸਾਹਮਣੇ ਆਉਂਦਾ ਹੈ ਜੋ ਪੋਸ਼ਕ ਤੱਤਾਂ ਨਾਲ ਭਰਪੂਰ ਹੁੰਦੇ ਹਨ ਅਤੇ ਸਰੀਰ ਦੇ ਮੈਟਾਬੌਲਿਜ਼ਮ ਨੂੰ ਰਫ਼ਤਾਰ ਦਿੰਦੇ ਹਨ। ਸੰਤਰਾ, ਅਨਾਨਾਸ, ਸਟ੍ਰੌਬੇਰੀ ਆਦਿ ਨੂੰ ਦਾਲਚੀਨੀ ਵਰਗੇ ਮਸਾਲਿਆਂ ਅਤੇ ਪੁਦੀਨੇ ਦੀਆਂ ਪੱਤੀਆਂ ਨਾਲ ਮਿਲਾ ਕੇ ਸੁਆਦੀ ਜੂਸ ਤਿਆਰ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਵੀ ਆਪਣੀ ਪਸੰਦ ਮੁਤਾਬਕ ਕਈ ਹੋਰ ਪ੍ਰਯੋਗ ਵੀ ਕਰ ਸਕਦੇ ਹੋ। ਚੀਨੀ ਅਤੇ ਲੂਣ ਤੋਂ ਪਰਹੇਜ਼ ਕਰਨਾ ਹੈ। ਆਪਣੇ ਮਨਪਸੰਦ ਫਲਾਂ ਦੇ ਟੁਕੜਿਆਂ ਨੂੰ ਪੁਦੀਨੇ ਅਤੇ ਨਿੰਬੂ ਦੇ ਟੁਕੜਿਆਂ ਨਾਲ ਮਲਮਲ ਦੇ ਇਕ ਟੁਕੜੇ ਵਿਚ ਬੰਨ੍ਹ ਦਿਓ। ਇਸ ਨੂੰ 12-14 ਘੰਟੇ ਲਈ ਪਾਣੀ 'ਚ ਭਿਓਂ ਕੇ ਰੱਖੋ ਤੇ ਲਓ ਜ਼ਾਇਦੇਦਾਰ ਫਲ਼ਾਂ ਦੇ ਪਾਣੀ ਦਾ ਆਨੰਦ। ਤਬੀਅਤ ਖ਼ਰਾਬ ਹੋਵੇ ਜਾਂ ਮੂਡ, ਇਕ ਗਿਲਾਸ ਜੂਸ ਦੋਹਾਂ ਨੂੰ ਦਰੁਸਤ ਕਰਨ ਲਈ ਕਾਫੀ ਹੈ। ਫਰੂਟ ਜੂਸ ਦੇ ਨਾਂ 'ਤੇ ਵਿਕਣ ਵਾਲੇ ਚੀਨੀ ਵਾਲੇ ਪੈਕਟਬੰਦ ਜੂਸ ਤੋਂ ਬਚੋ। ਘਰ ਤਿਆਰ ਕੀਤੇ ਗਏ ਰਸ ਨਾਲ ਭਰਪੂਰ ਪੋਸ਼ਣ ਅਤੇ ਫਾਈਬਰ ਦੋਵੇਂ ਮਿਲਦੇ ਹਨ।

• ਸਿਸ਼ਟੀ ਵਰਮਾ



# ਡਾ. ਬਲਬੀਰ ਸਿੰਘ ਨੇ ਤ੍ਰਿਪੜੀ ਦੇ ਵਪਾਰੀਆਂ ਨਾਲ ਕੀਤੀ ਅਹਿਮ ਮੀਟਿੰਗ



ਪਟਿਆਲਾ, 28 ਮਾਰਚ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਅਤੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਤ੍ਰਿਪੜੀ ਖੇਤਰ ਦੇ ਵਪਾਰੀਆਂ ਨਾਲ ਇੱਕ ਅਹਿਮ ਮੀਟਿੰਗ ਕੀਤੀ, ਜਿਸ ਵਿੱਚ ਇਲਾਕੇ ਦੇ ਵਪਾਰਕ ਅਤੇ ਨਗਰ ਸਹੂਲਤਾਂ ਨਾਲ ਜੁੜੇ ਮਸਲਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।

ਮੀਟਿੰਗ ਦੌਰਾਨ ਵਪਾਰੀਆਂ ਨੇ ਸਫਾਈ ਪ੍ਰਬੰਧ, ਟ੍ਰੈਫਿਕ ਸਮੱਸਿਆਵਾਂ, ਪਾਰਕਿੰਗ ਦੀ ਕਮੀ ਅਤੇ ਬੁਨਿਆਦੀ ਢਾਂਚੇ ਦੇ ਸੁਧਾਰ ਸਬੰਧੀ ਆਪਣੀਆਂ ਚਿੰਤਾਵਾਂ ਮੰਤਰੀ ਸਾਹਿਬ ਅੱਗੇ ਰੱਖੀਆਂ। ਡਾ. ਬਲਬੀਰ ਸਿੰਘ ਨੇ ਵਪਾਰੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ ਅਤੇ ਸੰਬੰਧਤ ਵਿਭਾਗਾਂ ਨੂੰ ਤੁਰੰਤ ਕਾਰਵਾਈ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।

ਇਸ ਮੌਕੇ ਉਨ੍ਹਾਂ ਨੇ ਸਿਹਤਮੰਦ ਪੰਜਾਬ ਦੇ ਵਿਜ਼ਨ 'ਤੇ ਵੀ ਜ਼ੋਰ ਦਿੰਦਿਆਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਸਿਰਫ ਇਲਾਜ ਨਹੀਂ, ਸਗੋਂ ਰੋਕਥਾਮ ਅਤੇ ਸਿਹਤ ਪ੍ਰਤੀ ਜਾਗਰੂਕਤਾ ਵਧਾਉਣਾ ਵੀ ਹੈ। ਉਨ੍ਹਾਂ ਕਿਹਾ ਕਿ ਸਾਫ-ਸੁਥਰਾ ਵਾਤਾਵਰਣ, ਚੰਗੀ ਸਫਾਈ ਅਤੇ ਸੁਧਰੇ ਹੋਏ ਨਗਰ ਪ੍ਰਬੰਧ ਸਿਹਤਮੰਦ ਸਮਾਜ ਦੀ ਨੀਂਹ ਹਨ। ਇਸ ਮੌਕੇ 'ਤੇ ਪਟਿਆਲਾ ਦੇ ਐਸ.ਡੀ.ਐਮ ਸ੍ਰੀ ਗੁਰਦੇਵ ਸਿੰਘ ਧਮ ਵੀ ਮੌਜੂਦ ਸਨ। ਉਨ੍ਹਾਂ ਨੇ ਕਿਹਾ ਕਿ ਪ੍ਰਸ਼ਾਸਨ ਵਪਾਰੀਆਂ ਨਾਲ ਮਿਲ ਕੇ ਮਸਲਿਆਂ ਦਾ ਜਲਦੀ ਹੱਲ ਕਰੇਗਾ ਅਤੇ ਜ਼ਮੀਨੀ ਪੱਧਰ 'ਤੇ ਕਾਰਵਾਈ ਨੂੰ ਯਕੀਨੀ ਬਣਾਇਆ ਜਾਵੇਗਾ।

ਮੰਤਰੀ ਨੇ ਵਪਾਰੀਆਂ ਨੂੰ ਅਪੀਲ ਕੀਤੀ ਕਿ ਉਹ ਸਫਾਈ ਅਤੇ ਕਾਨੂੰਨ-ਵਿਵਸਥਾ ਬਣਾਈ ਰੱਖਣ ਵਿੱਚ ਪ੍ਰਸ਼ਾਸਨ ਦਾ ਸਹਿਯੋਗ ਕਰਨ। ਮੀਟਿੰਗ ਦੌਰਾਨ ਸਰਕਾਰ ਅਤੇ ਵਪਾਰੀਆਂ ਵਿਚਕਾਰ ਸਹਿਯੋਗ ਨੂੰ ਹੋਰ ਮਜ਼ਬੂਤ ਬਣਾਉਣ 'ਤੇ ਵੀ ਜ਼ੋਰ ਦਿੱਤਾ ਗਿਆ।

ਇਸ ਮੌਕੇ ਸਿਹਤ ਵਿਭਾਗ, ਐਕਸਾਈਜ਼ ਐਂਡ ਟੈਕਸੇਸ਼ਨ, ਫੂਡ ਸਪਲਾਈ, ਲੇਬਰ ਵਿਭਾਗ, ਪੁਲਿਸ ਵਿਭਾਗ ਅਤੇ ਨਗਰ ਨਿਗਮ ਦੇ ਅਧਿਕਾਰੀ ਮੌਜੂਦ ਸਨ।

# ਮਾਲੇਰਕੋਟਲਾ 'ਚ ਵਪਾਰੀਆਂ ਦੀਆਂ ਸਮੱਸਿਆਵਾਂ ਸੁਣਨ ਦਾ ਸਿਲਸਿਲਾ ਲਗਾਤਾਰ ਜਾਰੀ

## ਪੰਜਾਬ ਸਰਕਾਰ ਵਪਾਰ ਲਈ ਸਾਜ਼ਗਾਰ ਮਾਹੌਲ ਬਣਾਉਣ ਲਈ ਵਚਨਬੱਧ : ਚੇਅਰਮੈਨ

ਮਲੇਰਕੋਟਲਾ, 28 ਮਾਰਚ
-ਕੌਮੀ ਪੱਤ੍ਰਿਕਾ ਬਿਊਰੋ-




ਪੰਜਾਬ ਸਰਕਾਰ ਵੱਲੋਂ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਤਰਜੀਹ ਦੇ ਆਧਾਰ 'ਤੇ ਸੁਣ ਕੇ ਉਨ੍ਹਾਂ ਦਾ ਸਮੇਂ-ਸਿਰ ਹੱਲ ਕਰਨ ਦੇ ਉਦੇਸ਼ ਨਾਲ ਮਾਲੇਰਕੋਟਲਾ ਵਿੱਚ ਵਪਾਰਕ ਵਰਗ ਨਾਲ ਸਿੱਧੀ ਗੱਲਬਾਤ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਇਸੇ ਕੜੀ ਤਹਿਤ ਪੰਜਾਬ ਟਰੇਡ ਕਮਿਸ਼ਨ ਦੇ ਜ਼ਿਲ੍ਹਾ ਮਾਲੇਰਕੋਟਲਾ ਦੇ ਚੇਅਰਮੈਨ ਆਜਮ ਦਾਰਾ ਅਤੇ ਵਿਧਾਨ ਸਭਾ ਹਲਕਾ ਮਾਲੇਰਕੋਟਲਾ ਦੇ ਟਰੇਡਰਜ਼ ਕਮਿਸ਼ਨ ਚੇਅਰਮੈਨ ਇਮਤਾਜ ਅਲੀ ਬਾਬੂ ਦੀ ਅਗਵਾਈ ਹੇਠ ਸਥਾਨਕ ਛੋਟਾ ਬਾਜ਼ਾਰ ਵਿਖੇ ਵਪਾਰੀਆਂ ਦੀਆਂ ਮੁਸ਼ਕਲਾਂ ਸੁਣਨ ਲਈ ਵਿਸ਼ੇਸ਼ ਮੀਟਿੰਗ ਕਰਵਾਈ ਗਈ।ਮੀਟਿੰਗ ਦੌਰਾਨ ਵੱਖ-ਵੱਖ ਵਪਾਰਕ ਸੰਸਥਾਵਾਂ ਅਤੇ ਦੁਕਾਨਦਾਰਾਂ ਦੇ ਨੁਮਾਇੰਦਿਆਂ ਨੇ ਆਪਣੇ ਮੁੱਦੇ ਪ੍ਰਸ਼ਾਸਨਿਕ ਅਧਿਕਾਰੀਆਂ ਸਾਹਮਣੇ ਰੱਖੇ।

ਇਸ ਮੌਕੇ ਚੇਅਰਮੈਨ ਆਜਮ ਦਾਰਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਉਨ੍ਹਾਂ ਦੇ ਬੂਹੇ ਤੱਕ ਪਹੁੰਚ ਕੇ ਸੁਣਨ ਅਤੇ ਹੱਲ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਵਪਾਰੀਆਂ ਨਾਲ ਸਿੱਧਾ ਰਾਬਤਾ ਬਣਾਕੇ ਉਨ੍ਹਾਂ ਦੇ ਮੁੱਦਿਆਂ ਦਾ ਤੁਰੰਤ ਨਿਪਟਾਰਾ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਵਪਾਰੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ, ਇਸ ਲਈ ਸਾਰੇ ਸੰਬੰਧਿਤ ਵਿਭਾਗਾਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਉਹ ਵਪਾਰੀਆਂ ਦੇ ਮੁੱਦਿਆਂ ਦਾ ਸਮੇਂ-ਸਿਰ ਹੱਲ ਯਕੀਨੀ ਬਣਾਉਣ।

ਮੀਟਿੰਗ ਦੌਰਾਨ ਵਪਾਰੀਆਂ ਵੱਲੋਂ ਬਿਜਲੀ ਦੇ ਖੰਭਿਆਂ, ਬਾਜ਼ਾਰ ਦੀ ਸਾਫ਼-ਸਫ਼ਾਈ, ਬਿਜਲੀ ਦੀਆਂ ਤਾਰਾਂ ਅਤੇ ਹੋਰ ਪ੍ਰਸ਼ਾਸਨਿਕ ਸੇਵਾਵਾਂ ਨਾਲ ਸੰਬੰਧਿਤ ਮੁੱਦੇ ਉਠਾਏ ਗਏ। ਮੌਜੂਦ ਅਧਿਕਾਰੀਆਂ ਨੇ ਇਨ੍ਹਾਂ ਮਸਲਿਆਂ 'ਤੇ ਗੰਭੀਰਤਾ ਨਾਲ ਵਿਚਾਰ ਕਰਦੇ ਹੋਏ ਉਨ੍ਹਾਂ ਦੇ ਜਲਦ ਅਤੇ ਪ੍ਰਭਾਵਸ਼ਾਲੀ ਹੱਲ ਦਾ ਭਰੋਸਾ ਦਿਵਾਇਆ।

ਇਸ ਮੌਕੇ ਈ.ਟੀ.ਓ. ਸੁਨੀਲ ਗਰਗ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਪਾਰੀਆਂ ਦੀਆਂ ਸਮੱਸਿਆਵਾਂ ਸੁਣਨ ਅਤੇ ਉਨ੍ਹਾਂ ਦਾ ਮੌਕੇ 'ਤੇ ਹੱਲ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਸਥਾਨਕ ਜਰਗ ਚੌਕ ਵਿਸ਼ੇਸ਼ ਵਪਾਰਿਕ ਮਿਲਣੀ ਮੀਟਿੰਗਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ।

ਉਨ੍ਹਾਂ ਸਮੂਹ ਵਪਾਰੀਆਂ ਅਤੇ ਦੁਕਾਨਦਾਰਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਮੀਟਿੰਗਾਂ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਅਤੇ ਆਪਣੀਆਂ ਸਮੱਸਿਆਵਾਂ ਸਿੱਧੇ ਤੌਰ 'ਤੇ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਉਣ ਤਾਂ ਜੋ ਉਨ੍ਹਾਂ ਦਾ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਕੀਤਾ ਜਾ ਸਕੇ।

ਇਸ ਮੌਕੇ ਕਮਿਸ਼ਨ ਦੇ ਮੈਂਬਰ ਬਰ ਆਦਿਲ, ਮੁਹੰਮਦ ਖਲੀਦ, ਮੁਹੰਮਦ ਇਕਰਮ, ਰਣਜੀਤ ਸ਼ਰਮਾ, ਮੁਹੰਮਦ ਸ਼ਕੀਲ, ਹਰੀਸ਼ ਪੱਸੀ, ਮੁਹੰਮਦ ਇਕਬਾਲ, ਮੁਹੰਮਦ ਸਦੀਕ, ਨਾਇਰ ਜੁਬੈਰੀ, ਮੁਹੰਮਦ ਯਾਸੀਨ ਜੋਸ਼, ਐਸ.ਆਈ.ਪੀ.ਓ ਕਰਨਦੀਪ ਸਿੰਘ, ਲੇਬਰ ਇੰਸਪੈਕਟਰ ਹਿਮਾਂਸ਼ੂ ਬਾਂਸਲ, ਐਸ.ਈ.ਪੀ.ਓ ਗੁਰਪ੍ਰੀਤ ਸਿੰਘ, ਐਸ.ਡੀ.ਓ ਮੋਹਿਤ ਕੁਮਾਰ ਟੁਟੇਜਾ, ਖੁਰਾਕ ਅਤੇ ਸਿਵਲ ਸਪਲਾਈ ਵਿਭਾਗ ਦੇ ਇੰਸਪੈਕਟਰ ਜਸਪ੍ਰੀਤ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਨੁਮਾਇੰਦੇ ਵੀ ਮੌਜੂਦ ਸਨ।

# ਮਹਿਲਾਵਾਂ ਦੀ ਸਿਹਤ ਸੁਰੱਖਿਆ ਵੱਲ ਪੰਜਾਬ ਸਰਕਾਰ ਦਾ ਵੱਡਾ ਕਦਮ

## 28 ਕਰੋੜ ਨਾਲ ਮੁਫ਼ਤ ਸੈਨਟਰੀ ਪੈਡ ਵੰਡ: ਡਾ. ਬਲਜੀਤ ਕੌਰ

ਚੰਡੀਗੜ੍ਹ, 28 ਮਾਰਚ
-ਕੌਮੀ ਪੱਤ੍ਰਿਕਾ ਬਿਊਰੋ-



ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਦੂਰਦਰਸ਼ੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਸਿਹਤ, ਸਵੱਛਤਾ ਅਤੇ ਸਨਮਾਨ ਨੂੰ ਮਜ਼ਬੂਤ ਕਰਨ ਲਈ ਲਗਾਤਾਰ ਲੋਕ-ਕੇਂਦਰਿਤ ਕਦਮ ਚੁੱਕੇ ਜਾ ਰਹੇ ਹਨ। ਇਹ ਜਾਣਕਾਰੀ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦਿੰਦਿਆਂ ਦੱਸਿਆ ਕਿ ਗਰੀਬ ਅਤੇ ਲੋੜਵੰਦ ਮਹਿਲਾਵਾਂ ਨੂੰ ਮੁਫ਼ਤ ਸੈਨਟਰੀ ਪੈਡ ਮੁਹੱਈਆ ਕਰਵਾ ਕੇ ਉਨ੍ਹਾਂ ਦੀ ਰੋਜ਼ਾਨਾ ਜ਼ਿੰਦਗੀ ਨੂੰ ਹੋਰ ਸੁਰੱਖਿਅਤ, ਸਿਹਤਮੰਦ ਅਤੇ ਸਨਮਾਨਤ ਬਣਾਇਆ ਜਾ ਰਿਹਾ ਹੈ।

ਡਾ. ਬਲਜੀਤ ਕੌਰ ਨੇ ਦੱਸਿਆ ਕਿ ਚਾਲੂ ਸਾਲ ਦੌਰਾਨ ਪੰਜਾਬ ਸਰਕਾਰ ਵੱਲੋਂ ਲਗਭਗ 28 ਕਰੋੜ ਦੀ ਲਾਗਤ ਨਾਲ 7.37 ਕਰੋੜ ਤੋਂ ਵੱਧ ਸੈਨਟਰੀ ਪੈਡ ਮੁਫ਼ਤ ਵੰਡੇ ਗਏ ਹਨ। ਉਨ੍ਹਾਂ ਕਿਹਾ ਕਿ ਇਹ ਪਹਿਲ ਮਹਿਲਾਵਾਂ ਵਿੱਚ ਮਹਾਵਾਰੀ ਸਫ਼ਾਈ ਬਾਰੇ ਜਾਗਰੂਕਤਾ ਵਧਾਉਣ ਦੇ ਨਾਲ-ਨਾਲ ਮਹਿਲਾਵਾਂ ਦੀ ਸਿਹਤ ਸੁਰੱਖਿਆ ਨੂੰ ਵੀ ਮਜ਼ਬੂਤ ਕਰ ਰਹੀ ਹੈ, ਖ਼ਾਸ ਕਰਕੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਵਿੱਚ।

ਉਨ੍ਹਾਂ ਹੋਰ ਦੱਸਿਆ ਕਿ ਇਸ ਯੋਜਨਾ ਤਹਿਤ ਸੂਬੇ ਦੀਆਂ 13.65 ਲੱਖ ਤੋਂ ਵੱਧ ਮਹਿਲਾਵਾਂ ਨੂੰ ਸਿੱਧਾ ਲਾਭ ਮਿਲਿਆ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਅਤੇ ਪਿੱਛੜੇ ਵਰਗਾਂ ਦੀਆਂ ਮਹਿਲਾਵਾਂ ਨੂੰ ਨਾ ਸਿਰਫ਼ ਆਰਥਿਕ ਰਾਹਤ ਮਿਲੀ ਹੈ, ਸਗੋਂ ਉਹ ਆਪਣੀ ਸਿਹਤ ਅਤੇ ਸਵੱਛਤਾ ਪ੍ਰਤੀ ਹੋਰ ਜਾਗਰੂਕ ਹੋਈਆਂ ਹਨ, ਜਿਸ ਨਾਲ ਉਹ ਹੋਰ ਸਿਹਤਮੰਦ ਅਤੇ ਸਨਮਾਨਤ ਜੀਵਨ ਬਤੀਤ ਕਰ ਰਹੀਆਂ ਹਨ।

ਡਾ. ਬਲਜੀਤ ਕੌਰ ਨੇ ਅੱਗੇ ਦੱਸਿਆ ਕਿ 'ਨਵੀਂ ਦਿਸ਼ਾ' ਸਕੀਮ ਤਹਿਤ ਸੂਬੇ ਦੇ 27,314 ਆਂਗਨਵਾੜੀ ਸੈਂਟਰਾਂ ਰਾਹੀਂ ਹਰ ਮਹੀਨੇ ਲੋੜਵੰਦ ਮਹਿਲਾਵਾਂ ਨੂੰ 9 ਸੈਨਟਰੀ ਪੈਡ ਮੁਫ਼ਤ ਪ੍ਰਦਾਨ ਕੀਤੇ ਜਾ ਰਹੇ ਹਨ। ਇਸ ਨਾਲ ਇਹ ਯਕੀਨੀ ਬਣਾਇਆ ਜਾ ਰਿਹਾ ਹੈ ਕਿ ਮਹਿਲਾਵਾਂ ਨੂੰ ਇਹ ਜ਼ਰੂਰੀ ਸਹੂਲਤ ਨਿਯਮਿਤ ਅਤੇ ਆਸਾਨੀ ਨਾਲ ਮਿਲਦੀ ਰਹੇ।

ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਹ ਪਹਿਲ ਮਹਾਵਾਰੀ ਸੰਬੰਧੀ ਝਿਜਕ ਅਤੇ ਸਮਾਜਿਕ ਧਾਰਣਾਵਾਂ ਨੂੰ ਤੋੜਨ ਵਿੱਚ ਵੀ ਅਹਿਮ ਭੂਮਿਕਾ ਨਿਭਾ ਰਹੀ ਹੈ ਅਤੇ ਮਹਿਲਾਵਾਂ ਅਤੇ ਕਿਸ਼ੋਰੀਆਂ ਨੂੰ ਬੁਨਿਆਦੀ ਸਿਹਤ ਸਹੂਲਤਾਂ ਤੱਕ ਆਸਾਨ ਪਹੁੰਚ ਯਕੀਨੀ ਬਣਾ ਰਹੀ ਹੈ।

ਭਵਿੱਖੀ ਯੋਜਨਾਵਾਂ ਬਾਰੇ ਦੱਸਦਿਆਂ ਮੰਤਰੀ ਨੇ ਕਿਹਾ ਕਿ ਚਾਲੂ ਵਿੱਤੀ ਸਾਲ ਦੌਰਾਨ ?14.60 ਕਰੋੜ ਦੀ ਲਾਗਤ ਨਾਲ 3.68 ਕਰੋੜ ਤੋਂ ਵੱਧ ਸੈਨਟਰੀ ਪੈਡ ਵੰਡਣ ਦਾ ਟੀਚਾ ਰੱਖਿਆ ਗਿਆ ਹੈ, ਜਿਸ ਨਾਲ ਹੋਰ ਵੱਡੀ ਗਿਣਤੀ ਵਿੱਚ ਮਹਿਲਾਵਾਂ ਨੂੰ ਇਸ ਯੋਜਨਾ ਨਾਲ ਜੋੜਿਆ ਜਾਵੇਗਾ।

ਡਾ. ਬਲਜੀਤ ਕੌਰ ਨੇ ਕਿਹਾ, ਮਾਨ ਸਰਕਾਰ ਦਾ ਮੁੱਖ ਉਦੇਸ਼ ਹੈ ਕਿ ਹਰ ਮਹਿਲਾ ਨੂੰ ਸਿਹਤਮੰਦ, ਸੁਰੱਖਿਅਤ ਅਤੇ ਸਨਮਾਨਤ ਜੀਵਨ ਲਈ ਜ਼ਰੂਰੀ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ ਅਤੇ ਕੋਈ ਵੀ ਮਹਿਲਾ ਬੁਨਿਆਦੀ ਸਿਹਤ ਸਹੂਲਤਾਂ ਤੋਂ ਵਾਂਝੀ ਨਾ ਰਹੇ।

ਉਨ੍ਹਾਂ ਦ੍ਰਿੜਤਾ ਨਾਲ ਕਿਹਾ ਕਿ ਪੰਜਾਬ ਸਰਕਾਰ ਮਹਿਲਾਵਾਂ ਦੀ ਭਲਾਈ ਲਈ ਇਸ ਤਰ੍ਹਾਂ ਦੀਆਂ ਮਹਿਲਾ-ਕੇਂਦਰਿਤ ਅਤੇ ਲੋਕ-ਹਿਤੈਸ਼ੀ ਯੋਜਨਾਵਾਂ ਨੂੰ ਲਗਾਤਾਰ ਜਾਰੀ ਰੱਖੇਗੀ, ਤਾਂ ਜੋ ਸੂਬੇ ਵਿੱਚ ਮਹਿਲਾਵਾਂ ਨੂੰ ਸਿਹਤਮੰਦ, ਸੁਰੱਖਿਅਤ ਅਤੇ ਸਨਮਾਨਤ ਜੀਵਨ ਮੁਹੱਈਆ ਕਰਵਾਇਆ ਜਾ ਸਕੇ।

# ਦੁੱਧਨਸਾਧਾ ਮਹਾ ਰੈਲੀ 'ਚ ਸ਼ਾਮਿਲ ਹੋਣ ਲਈ ਅਪੀਲ

ਸਨੌਰ,28 ਮਾਰਚ
-ਕੌਮੀ ਪੱਤ੍ਰਿਕਾ ਬਿਊਰੋ-

ਵਿਧਾਨ ਸਭਾ ਹਲਕਾ ਸਨੌਰ ਦੀ ਦੁੱਧਨਸਾਧਾ ਅਨਾਜ ਮੰਡੀ ਵਿਖੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਹੇਠ ਮਹਾਂ ਰੈਲੀ ਹੋਣ ਜਾ ਰਹੀ ਹੈ ਜਿਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ 30 ਮਾਰਚ ਨੂੰ ਦੁਧਨ ਸਾਧਾਂ ਵਿਖੇ ਮਹਾ-ਰੈਲੀ ਨੂੰ ਸਬੋਧਨ ਕਰਨ ਪਹੁੰਚ ਰਹੇ ਹਨ , ਇਸ ਸਬੰਧੀ ਅਮਰਿੰਦਰ ਸਿੰਘ ਸਰਪੰਚ ਪਿੰਡ ਰਾਠੀਆ, ਬਲਾਕ ਸੰਮਤੀ ਮੈਂਬਰ ਮਨਦੀਪ ਸਿੰਘ ਬੱਤੀ ਨੇ ਕਿਹਾ ਕਿ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਮਹਿਲਾਵਾਂ ਨੂੰ 1000 ਰੁਪਏ ਪ੍ਰਤੀ ਮਹੀਨਾ ਅਤੇ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਮਹਿਲਾਵਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਦੇਣ ਦਾ ਐਲਾਨ ਮਿਲਣਗੇ , 600 ਯੂਨਿਟ ਮੁਫ਼ਤ ਬਿਜਲੀ, 65,000 ਤੋਂ ਵੱਧ ਸਰਕਾਰੀ ਨੌਕਰੀਆਂ, ਅਤੇ 881 ਆਮ ਆਦਮੀ ਕਲੀਨਿਕਾਂ ਰਾਹੀਂ ਆਮ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਲਈ ਨਹਿਰੀ ਪਾਣੀ ਤੇ ਮੁਆਵਜ਼ੇ ਵਰਗੇ ਇਤਿਹਾਸਕ ਫੈਸਲੇ ਲਏ ਗਏ ਹਨ ਸਿੱਖਿਆ ਅਤੇ ਸਿਹਤ ਦੇ ਖੇਤਰ ਵਿੱਚ ਹੋਏ ਵੱਡੇ ਸੁਧਾਰਾਂ ਦੇ ਨਾਲ-ਨਾਲ ਸੜਕ ਸੁਰੱਖਿਆ ਫੋਰਸ ਦਾ ਗਠਨ ਪੰਜਾਬ ਨੂੰ ਇੱਕ ਸੁਰੱਖਿਅਤ ਅਤੇ 'ਰੰਗਲਾ ਪੰਜਾਬ' ਬਣਾਉਣ ਵੱਲ ਇੱਕ ਮਜ਼ਬੂਤ ਕਦਮ ਚੁੱਕਿਆ ਗਿਆ ਹੈ।

# ਸੂਬੇ ਦੇ ਲੋਕੀ ਭਗਵੰਤ ਸਿੰਘ ਮਾਨ ਸਰਕਾਰ ਦੇ ਚਾਰ ਸਾਲ ਦੇ ਸ਼ਾਨਦਾਰ ਕਾਰਜਕਾਲ ਤੋਂ ਪੂਰੀ ਤਰ੍ਹਾਂ ਸੰਤੁਸ਼ਟ: ਕੁਲਵੰਤ ਸਿੰਘ

ਮੁਹਾਲੀ, 28 ਮਾਰਚ
-ਕੌਮੀ ਪੱਤ੍ਰਿਕਾ ਬਿਊਰੋ- )




: ਪੰਜਾਬ ਦੇ ਲੋਕ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਚਾਰ ਸਾਲਾਂ ਦੇ ਕਾਰਜਕਾਲ ਤੋਂ ਬਹੁਤ ਹੀ ਖੁਸ਼ ਅਤੇ ਤਸੱਲੀ ਭਰੇ ਮੂਡ ਵਿੱਚ ਹਨ , ਕਿਉਂਕਿ ਜਿਸ ਉਤਸ਼ਾਹ ਅਤੇ ਉਮੀਦਾਂ ਦੇ ਨਾਲ ਪੰਜਾਬ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਜਿਤਾ ਕੇ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਈ ਸੀ, ਸਰਕਾਰ ਲੋਕਾਂ ਦੀਆਂ ਉਮੀਦਾਂ ਤੇ ਪੂਰੀ ਤਰਹਾਂ ਖਰੀ ਉੱਤਰੀ ਹੈ, ਇਹ ਗੱਲ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਹੀ, ਵਿਧਾਇਕ ਕੁਲਵੰਤ ਸਿੰਘ ਅੱਜ ਫੇਜ਼-1 ਵਿਖੇ ਸਰਕਾਰ ਦੇ ?ਨਦਾਰ 4 ਸਾਲ - ਭਗਵੰਤ ਮਾਨ ਦੇ ਨਾਲ÷ ਦੇ ਤਹਿਤ ਰੱਖੇ ਗਏ ਸੰਵਾਦ ਦੇ ਪ੍ਰੋਗਰਾਮ ਦੌਰਾਨ ਇਲਾਕਾ ਵਾਸੀਆਂ ਨੂੰ ਸੰਬੋਧਨ ਕਰ ਰਹੇ ਸਨ। ਇਸ ਚਰਚਾ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 4 ਸਾਲਾਂ ਵਿੱਚ ਕੀਤੇ ਕੰਮਾਂ ਬਾਰੇ ਲੋਕਾਂ ਨੂੰ ਜਾਣੂ ਕਰਵਾਇਆ ਗਿਆ। ਇਸ ਸਮਾਗਮ ਵਿੱਚ ਇਲਾਕਾ ਵਾਸੀਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੇ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਉਹਨਾਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਜੋ ਵਾਅਦੇ ਅਤੇ ਜੋ ਗਰੰਟੀਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਹੋਰਾਂ ਵੱਲੋਂ ਸੂਬੇ ਦੇ ਲੋਕਾਂ ਨਾਲ ਨੂੰ ਦਿੱਤੀਆਂ ਗਈਆਂ ਸਨ, ਉਹਨਾਂ ਨੂੰ ਇੱਕ- ਇੱਕ ਕਰਕੇ ਪੂਰਾ ਕਰ ਲਿਆ ਗਿਆ ਹੈ ਅਤੇ ਉਸ ਤੋਂ ਵੀ ਅਗਾਹ ਜਾਂਦੇ ਹੋਏ ਪੰਜਾਬ ਦੇ ਸਰਪੱਖੀ ਵਿਕਾਸ ਦੀ ਰਫਤਾਰ ਹੋਰ ਤੇਜ਼ ਕਰ ਦਿੱਤੀ ਗਈ ਹੈ। ਉਹਨਾਂ ਕਿਹਾ ਕਿ ਲੋਕਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਤਹਿਤ 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਦੀ ਸਹੂਲਤ ਲੋਕਾਂ ਨੂੰ ਦਿੱਤੀ ਗਈ, ਇਸ ਤੋਂ ਇਲਾਵਾ 50 ਹਜ਼ਾਰ ਤੋਂ ਵੀ ਵੱਧ ਪੰਜਾਬ ਦੇ ਬੇਰੁਜ਼ਗਾਰਾਂ ਨੂੰ ਰੋਜ਼ਗਾਰ ਦਿੱਤਾ ਗਿਆ ਅਤੇ ਕੱਚੇ ਮੁਲਾਜ਼ਮਾਂ ਨੂੰ ਵੱਡੇ ਪੱਧਰ ਤੇ ਪੱਕੇ ਕੀਤਾ ਗਿਆ, ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਪੰਜਾਬ ਦੇ ਵਿੱਚ ਸਰਕਾਰ ਹੋਂਦ ਵਿੱਚ ਆਉਂਦੇ ਸਾਰ ਕੁਝ ਦਿਨਾਂ ਵਿੱਚ ਪੰਜਾਬ ਦੇ ਲੋਕਾਂ ਲਈ ਬਿਜਲੀ ਤੇ 600 ਯੂਨਿਟ ਪ੍ਰਤੀ ਬਿੱਲ ਮੁਆਫ ਕੀਤੀ ਗਈ, ਜਿਸ ਦੇ ਚਲਦਿਆਂ ਅੱਜ ਲੋਕਾਂ ਨੂੰ ਬਿਜਲੀ ਦਾ ਬਿੱਲ ਜ਼ੀਰੋ ਆ ਰਿਹਾ ਹੈ, ਇਸ ਦੇ ਨਾਲ ਹੀ ਪੰਜਾਬ ਵਿੱਚ ਥਾਂ-ਥਾਂ ਖੋਲੇ ਗਏ ਮੁਹੱਲਾ ਕਲੀਨਿਕਾਂ ਦੇ ਵਿੱਚ ਵਧੀਆ ਮਾਹਿਰ ਡਾਕਟਰਾਂ ਦੀ ਟੀਮ ਕੰਮ ਕਰ ਰਹੀ ਹੈ, ਜਿੱਥੇ ਰੋਜ਼ਾਨਾ ਲੱਖਾਂ ਦੀ ਗਿਣਤੀ ਦੇ ਵਿੱਚ ਮਰੀਜ਼ ਪਹੁੰਚ ਕੇ ਆਪਣੀ ਸਿਹਤ ਨਾਲ ਸੰਬੰਧਿਤ ਮਾਹਰ ਡਾਕਟਰਾਂ ਦੀ ਟੀਮ ਤੋਂ ਜਾਂਚ ਕਰਵਾਉਂਦੇ ਹਨ। ਅਤੇ ਇੱਥੇ ਉਹਨਾਂ ਨੂੰ ਜਿੱਥੇ ਮੁਫਤ ਲੋੜੀਂਦੇ ਜਰੂਰੀ ਟੈਸਟ ਕੀਤੇ ਜਾਂਦੇ ਹਨ, ਉੱਥੇ ਦਵਾਈਆਂ ਵੀ ਮੁਫਤ ਦਿੱਤੀਆਂ ਜਾਂਦੀਆਂ ਹਨ। ਇਸ ਤੋਂ ਇਲਾਵਾ ਪੰਜਾਬ ਨੂੰ ਫਿਰ ਤੋਂ ਰੰਗਲਾ ਪੰਜਾਬ ਬਣਾਉਣ ਦੇ ਲਈ ਪੰਜਾਬ ਦੇ ਯੂਥ ਨੂੰ ਖੇਡਾਂ ਵੱਲ ਪਾਉਣ ਦੇ ਲਈ ਵੱਡੇ ਪੱਧਰ ਤੇ ਸਟੇਡੀਅਮ ਦੀ ਉਸਾਰੀ ਕੀਤੀ ਜਾ ਰਹੀ ਹੈ, ਤਾਂ ਕਿ ਇੱਕ ਤੰਦਰੁਸਤ ਪੰਜਾਬ ਬਣਾਉਣ ਦੀ ਮੁਹਿੰਮ ਦੇ ਤਹਿਤ ਸੂਬੇ ਦੇ ਸੂਬੇ ਦਾ ਯੂਥ ਵਿੰਗ ਖੇਡ ਮੈਦਾਨ ਵੱਲ ਨੂੰ ਚੱਲ ਪਵੇ, ਉਹਨਾਂ ਕਿਹਾ ਕਿ ਪੰਜਾਬ ਦੀਆਂ ਲਿੰਕ ਸੜਕਾਂ ਦੀ ਮੁਰੰਮਤ ਦਾ ਕੰਮ ਵੀ ਵੱਡੇ ਪੱਧਰ ਤੇ ਚੱਲ ਰਿਹਾ ਹੈ, ਉਹਨਾਂ ਦੱਸਿਆ ਕਿ ਮੋਹਾਲੀ ਵਿੱਚ ਸ਼ਹਿਰ ਦੀ ਬਿਊਟੀਫਿਕੇਸ਼ਨ ਨੂੰ ਧਿਆਨ ਵਿੱਚ ਰੱਖਦੇ ਹੋਏ ਅਤੇ ਖਾਸ ਕਰਕੇ ਟਰੈਫਿਕ ਦੀ ਸਮੱਸਿਆ ਨੂੰ ਕੰਟਰੋਲ ਕਰਨ ਦੇ ਲਈ ਕਈ ਚੌਂਕ ਬਣ ਚੁੱਕੇ ਹਨ ਅਤੇ ਕਈਆਂ ਤੇ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ, ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਇਸ ਤੋਂ ਇਲਾਵਾ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਰੋਜ਼ਾਨਾ 60 ਤੋਂ ਵੀ ਵੱਧ ਬੱਸਾਂ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ, ਦੁਰਗਿਆਨਾ ਮੰਦਿਰ, ਜਲਿਆਂਵਾਲਾ ਬਾਗ, ਰਾਮ ਤੀਰਥ ਵਾਲਮੀਕੀ ਮੰਦਰ ਅਤੇ ਵਾਹਗਾ ਬਾਰਡਰ ਤੇ ਜਾ ਕੇ ਆ ਰਹੇ ਹਨ ਅਤੇ ਸੰਗਤੀ ਰੂਪ ਵਿੱਚ ਇੰਨੀ ਵੱਡੀ ਪੱਧਰ ਤੇ ਲੋਕਾਂ ਦਾ ਤੀਰਥ ਸਥਾਨ ਤੇ ਜਾਣਾ ਪੰਜਾਬ ਦੇ ਲੋਕਾਂ ਦੇ ਵਿੱਚ ਆਪਸੀ ਭਾਈਚਾਰਕ ਸਾਂਝ ਨੂੰ ਪਹਿਲਾਂ ਦੇ ਮੁਕਾਬਲੇ ਹੋਰ ਮਜਬੂਤ ਕਰਨ ਵੱਲ ਚੁੱਕਿਆ ਗਿਆ ਵੱਡਾ ਕਦਮ ਹੈ, ਇਸ ਮੌਕੇ ਤੇ ਕੌਂਸਲਰ ਗੁਰਮੀਤ ਕੌਰ, ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਕੁਲਦੀਪ ਸਿੰਘ ਸਮਾਣਾ ,ਡਾਕਟਰ ਕੁਲਦੀਪ ਸਿੰਘ,ਹਰਵਿੰਦਰ ਸਿੰਘ- ਬਲਾਕ ਪ੍ਰਧਾਨ, ਗੁਰਮੁਖ ਸਿੰਘ ਸੋਹਲ ਇਕਬਾਲ ਸਿੰਘ ਸਰਪੰਚ ਜੁਝਾਰ ਨਗਰ ਗੁਰਵਿੰਦਰ ਸਿੰਘ ਬਿੰਕੀ, ਧਰਮਪ੍ਰੀਤ ਸਿੰਘ, ਬਲਜੀਤ ਸਿੰਘ ਹੈਪੀ ,ਸ਼ਰਨਜੀਤ ਕੌਰ- ਬਲਾਕ ਪ੍ਰਧਾਨ, ਰੇਨੂ ਸੂਦ - ਬਲਾਕ ਕੋਆਰਡੀਨੇਟਰ ਮਹਿਲਾ ਵਿੰਗ, ਹਰਮੀਤ ਸਿੰਘ- ਯੂਥ ਕੋਆਰਡੀਨੇਟਰ, ਪਰਗਟ ਸਿੰਘ, ਸੁਖਵਿੰਦਰ ਸਿੰਘ, ਜਸ਼ਨਪ੍ਰੀਤ ਸਿੰਘ, ਲਵਪ੍ਰੀਤ ਸਿੰਘ, ਹਰਵਿੰਦਰ ਪਾਲ ਸਿੰਘ ਮੋਹਾਲੀ ,ਗੁਰ ਫਤਿਹ ਸਿੰਘ ਗਿੱਲ, ਵੀ ਹਾਜ਼ਰ ਸਨ।

# ਤੇਜ਼ ਰ.ਫਤਾਰ ਮੋਟਰਸਾਈਕਲ ਦੀ ਟੱਕਰ ਨਾਲ ਪਿਓ-ਧੀ ਜ਼ਖ਼ਮੀ, ਮਾਮਲਾ ਦਰਜ

ਸਮਾਣਾ, 28 ਮਾਰਚ
-ਕੌਮੀ ਪੱਤ੍ਰਿਕਾ ਬਿਊਰੋ-

ਮੋਟਰਸਾਈਕਲ ਨਾਲ ਟੱਕਰ ਮਾਰ ਕੇ ਬਾਈਕ ਸਵਾਰ ਪਿਓ-ਧੀ ਨੂੰ ਜ਼ਖ਼ਮੀ ਕਰਨ ਦੇ ਮਾਮਲੇ ਵਿੱਚ ਸਿਟੀ ਪੁਲਸ ਨੇ ਮੋਟਰਸਾਈਕਲ ਚਾਲਕ ਵਿਕਾਸ ਗਰਗ, ਨਿਵਾਸੀ ਸਮਾਣਾ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਮਾਮਲੇ ਦੇ ਜਾਂਚ ਅਧਿਕਾਰੀ ਸਿਟੀ ਪੁਲਿਸ ਦੇ ਏ.ਐੱਸ.ਆਈ. ਜਜਪਾਲ ਸਿੰਘ ਨੇ ਦੱਸਿਆ ਕਿ ਚਰਨਜੀਤ ਸਿੰਘ (ਨਿਵਾਸੀ ਭਾਖੜਾ ਐਨਕਲੇਵ, ਮਾਲੋ ਮਾਜਰਾ ਪਟਿਆਲਾ, ਹਾਲ ਆਬਾਦ ਭਵਾਨੀਗੜ੍ਹ) ਵੱਲੋਂ ਦਰਜ ਕਰਵਾਈ ਸ਼ਿਕਾਇਤ ਅਨੁਸਾਰ 17 ਮਾਰਚ ਨੂੰ ਜਦੋਂ ਉਹ ਆਪਣੀ ਧੀ ਨਾਲ ਸਹਿਜਪੁਰਾ ਚੌਕ ਸਮਾਣਾ ਨੇੜੇ ਜਾ ਰਿਹਾ ਸੀ ਤਾਂ ਮੁਲਜ਼ਮ ਚਾਲਕ ਨੇ ਆਪਣਾ ਤੇਜ਼ ਰਫ਼ਤਾਰ ਮੋਟਰਸਾਈਕਲ ਲਾਪਰਵਾਹੀ ਨਾਲ ਉਹਨਾਂ ਵਿੱਚ ਮਾਰ ਦਿੱਤਾ।ਸੜਕ 'ਤੇ ਡਿੱਗਣ ਕਾਰਨ ਦੋਵੇਂ ਗੰਭੀਰ ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਲਿਜਾਇਆ ਗਿਆ।

ਪੁਲਸ ਅਧਿਕਾਰੀ ਅਨੁਸਾਰ ਸ਼ਿਕਾਇਤ ਦੇ ਆਧਾਰ 'ਤੇ ਮੁਲਜ਼ਮ ਖ਼ਿਲਾਫ਼ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕਰਕੇ ਉਸ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਹੈ।

# ਸ਼ਿਵ ਸੈਨਾ ਹਿੰਦੁਸਤਾਨ ਦਾ 23ਵਾਂ ਸਥਾਪਨਾ ਦਿਵਸ ਪ੍ਰਾਚੀਨ ਸ਼੍ਰੀ ਭੂਤਨਾਥ ਮੰਦਰ ਵਿੱਚ ਹਵਨ ਯੱਗ ਦਾ ਆਯੋਜਨ ਕਰਕੇ ਮਨਾਇਆ ਜਾਵੇਗਾ

ਪਟਿਆਲਾ, 28 ਮਾਰਚ
-ਕੌਮੀ ਪੱਤ੍ਰਿਕਾ ਬਿਊਰੋ-



ਸ਼ਿਵ ਸੈਨਾ ਹਿੰਦੁਸਤਾਨ ਜ਼ਿਲ੍ਹਾ, ਪਟਿਆਲਾ ਦੇ ਸਾਰੇ ਸੀਨੀਅਰ ਆਗੂਆਂ ਦੀ ਇੱਕ ਮੀਟਿੰਗ ਪਾਰਟੀ ਦੇ ਰਾਸ਼ਟਰੀ ਦਫ਼ਤਰ ਦਰਸ਼ਨ ਸਿੰਘ ਨਗਰ, ਅਲੀਪੁਰ ਰੋਡ ਵਿਖੇ ਹੋਈ। ਮੀਟਿੰਗ ਦੀ ਪ੍ਰਧਾਨਗੀ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਸ੍ਰੀ ਪਵਨ ਗੁਪਤਾ ਨੇ ਕੀਤੀ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਟਿਆਲਾ ਤੋਂ ਸੀਨੀਅਰ ਪਾਰਟੀ ਆਗੂ ਮੌਜੂਦ ਸਨ, ਜਿਨ੍ਹਾਂ ਵਿੱਚ ਹਿੰਦੁਸਤਾਨ ਵਪਾਰ ਸੈਨਾ ਦੇ ਸੂਬਾ ਪ੍ਰਧਾਨ ਕ੍ਰਿਸ਼ਨ ਕੁਮਾਰ ਗਾਬਾ, ਹਿੰਦੁਸਤਾਨ ਆਈਟੀ ਸੈਨਾ ਦੇ ਪੰਜਾਬ ਪ੍ਰਧਾਨ ਹਿਤੇਸ਼ ਰਿੰਕੂ, ਜ਼ਿਲ੍ਹਾ ਉਪ ਪ੍ਰਧਾਨ ਪਟਿਆਲਾ ਭੋਲਾ ਸ਼ਰਮਾ, ਜ਼ਿਲ੍ਹਾ ਉਪ ਪ੍ਰਧਾਨ ਪਟਿਆਲਾ ਹਰਪ੍ਰੀਤ ਸ਼ਰਮਾ (ਸਮਾਣਾ ਤੋਂ), ਜ਼ਿਲ੍ਹਾ ਉਪ ਪ੍ਰਧਾਨ ਪਟਿਆਲਾ, ਨੰਦਲਾਲ, ਜ਼ਿਲ੍ਹਾ ਉਪ ਪ੍ਰਧਾਨ ਪਟਿਆਲਾ (ਨਾਭਾ ਤੋਂ), ਅਤੇ ਨਾਭਾ ਤੋਂ ਮਹਿਲਾ ਇਕਾਈ ਦੀ ਪ੍ਰਧਾਨ ਵਿਮਲਾ ਦੇਵੀ ਸ਼ਾਮਲ ਸਨ।

ਇਸ ਮੀਟਿੰਗ ਵਿੱਚ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਸ਼ਿਵ ਸੈਨਾ ਹਿੰਦੁਸਤਾਨ ਦਾ 23ਵਾਂ ਸਥਾਪਨਾ ਦਿਵਸ ਸਵੇਰੇ 9:00 ਵਜੇ ਪਟਿਆਲਾ ਦੇ ਪ੍ਰਾਚੀਨ ਸ਼੍ਰੀ ਭੂਤਨਾਥ ਮੰਦਰ ਵਿੱਚ ਹਵਨ ਯੱਗ ਦਾ ਆਯੋਜਨ ਕਰਕੇ ਬਹੁਤ ਧੂਮਧਾਮ ਨਾਲ ਮਨਾਇਆ ਜਾਵੇਗਾ।

ਯਾਦ ਰੱਖੋ, ਪਾਰਟੀ ਦੀ ਸਥਾਪਨਾ 30 ਮਾਰਚ, 2003 ਨੂੰ ਪੰਜਾਬ ਦੇ ਜਲੰਧਰ ਵਿੱਚ ਹੋਈ ਸੀ। ਸ਼ਿਵ ਸੈਨਾ ਹਿੰਦੁਸਤਾਨ ਦੀ ਸਥਾਪਨਾ ਰਾਸ਼ਟਰਵਾਦ ਦੀ ਵਿਚਾਰਧਾਰਾ ਦੇ ਤਹਿਤ ਕੀਤੀ ਗਈ ਸੀ, ਜੋ ਬਾਲਾ ਸਾਹਿਬ ਠਾਕਰੇ ਦੀ ਸ਼ਿਵ ਸੈਨਾ ਦੀਆਂ ਮਰਾਠਾਵਾਦ (ਖੇਤਰੀਵਾਦ) ਨੀਤੀਆਂ ਦਾ ਵਿਰੋਧ ਕਰਦੀ ਸੀ ਅਤੇ ਪ੍ਰਾਂਤਵਾਦ ਦੀ ਵਿਚਾਰਧਾਰਾ ਨੂੰ ਰੱਦ ਕਰਦੀ ਸੀ। ਇਸਦੀ ਸਥਾਪਨਾ ਮੌਜੂਦਾ ਰਾਸ਼ਟਰੀ ਪ੍ਰਧਾਨ, ਸ਼੍ਰੀ ਪਵਨ ਗੁਪਤਾ ਨੇ ਆਪਣੇ ਸਾਥੀਆਂ ਨਾਲ ਮਿਲ ਕੇ, ਰਾਸ਼ਟਰੀ ਪੱਧਰ 'ਤੇ ਹਿੰਦੂਤਵ ਦੀ ਵਿਚਾਰਧਾਰਾ ਨੂੰ ਅੱਗੇ ਵਧਾਉਣ ਦੇ ਉਦੇਸ਼ ਨਾਲ ਕੀਤੀ ਸੀ। ਅੱਜ, ਸ਼ਿਵ ਸੈਨਾ ਹਿੰਦੁਸਤਾਨ ਨੇ ਆਪਣੇ ਰਾਸ਼ਟਰ ਦੇ ਅੰਦਰ ਹਿੰਦੂਤਵ ਦੀ ਵਿਚਾਰਧਾਰਾ ਨੂੰ ਅੱਗੇ ਵਧਾਉਂਦੇ ਹੋਏ, 15 ਰਾਜਾਂ ਵਿੱਚ ਆਪਣਾ ਸੰਗਠਨ ਸਫਲਤਾਪੂਰਵਕ ਸਥਾਪਿਤ ਕੀਤਾ ਹੈ।

# ਤੀਰਥ ਯਾਤਰਾ ਸਕੀਮ ਦਾ ਲੋਕਾਂ ਚ ਭਾਰੀ ਉਤਸ਼ਾਹ : ਅਜੀਤਪਾਲ ਕੋਹਲੀ

ਪਟਿਆਲਾ, 28 ਮਾਰਚ
-ਕੌਮੀ ਪੱਤ੍ਰਿਕਾ ਬਿਊਰੋ-

ਆਮ ਆਦਮੀ ਪਾਰਟੀ ਦੇ ਪਟਿਆਲਾ ਸ਼ਹਿਰੀ ਦੇ ਵਿਧਾਇਕ ਸ੍ਰੀ ਅਜੀਤਪਾਲ ਸਿੰਘ ਕੋਹਲੀ ਨੇ ਅੱਜ ਵਾਰਡ ਨੰਬਰ 54 ਬਡੂੰਗਰ ਤੋਂ ਕੌਂਸਲਰ ਜਗਮੋਹਨ ਸਿੰਘ ਚੌਹਾਨ, ਅਸ਼ੋਕ ਬੰਗੜ ਅਤੇ ਗੋਬਿੰਦ ਬਡੂੰਗਰ ਦੀ ਦੇਖ ਰੇਖ ਹੇਠ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਅਧੀਨ ਯਾਤਰੀਆਂ ਨਾਲ ਭਰੀ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕਰਦਿਆਂ ਕੀਤਾ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਦਸਿਆ ਕਿ ਇਹ ਬੱਸ ਵੱਖ ਵੱਖ ਧਾਰਮਿਕ ਅਸਥਾਨਾਂ ਤੇ ਜਾਏਗੀ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮਕਸਦ ਹਰ ਇਕ ਨਾਗਰਿਕ ਤੱਕ ਸਹੂਲਤਾਂ ਪਹੁੰਚਾਉਣਾ ਹੈ ਅਤੇ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਵਿਅਕਤੀ ਆਪਣੀਆਂ ਧਾਰਮਿਕ ਭਾਵਨਾਵਾਂ ਨੂੰ ਪੂਰਾ ਕਰਨ ਤੋਂ ਵਾਂਝਾ ਨਾ ਰਹੇ।

ਵਿਧਾਇਕ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਇਸ ਦਿਸ਼ਾ ਵਿੱਚ ਇੱਕ ਵਿਸ਼ੇਸ਼ ਅਤੇ ਸ਼ਲਾਘਾਯੋਗ ਉਪਰਾਲਾ ਹੈ, ਜਿਸ ਨਾਲ ਆਮ ਜਨਤਾ, ਖ਼ਾਸ ਕਰਕੇ ਬਜ਼ੁਰਗਾਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਦਾ ਸੁਨਿਹਰਾ ਮੌਕਾ ਮਿਲ ਰਿਹਾ ਹੈ।

ਉਨ੍ਹਾਂ ਅੱਗੇ ਕਿਹਾ ਕਿ ਇਸ ਯੋਜਨਾ ਤਹਿਤ ਯਾਤਰੀਆਂ ਲਈ ਆਵਾਜਾਈ, ਰਹਿਣ-ਸਹਿਣ ਅਤੇ ਹੋਰ ਜ਼ਰੂਰੀ ਸੁਵਿਧਾਵਾਂ ਦਾ ਪੂਰਾ ਪ੍ਰਬੰਧ ਕੀਤਾ ਗਿਆ ਹੈ, ਤਾਂ ਜੋ ਉਹ ਬਿਨਾ ਕਿਸੇ ਚਿੰਤਾ ਦੇ ਆਪਣੀ ਯਾਤਰਾ ਦਾ ਆਨੰਦ ਮਾਣ ਸਕਣ।

# ਮਹਿਮਦਪੁਰ ਬਣੇਗਾ 'ਆਲੂ ਮੰਡੀ ਹੱਬ', ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਕੀਤਾ ਨਵੀਂ ਸਬਜ਼ੀ ਮੰਡੀ ਦਾ ਉਦਘਾਟਨ

**➢ 9.50 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੀ 16.05 ਕਿਲੋਮੀਟਰ ਲੰਬਾਈ ਵਾਲੀ ਲਿੰਕ ਸੜਕ ਦੇ ਨਿਰਮਾਣ ਕਾਰਜ ਕਰਵਾਏ ਸ਼ੁਰੂ ➢ ਕਿਸਾਨਾਂ ਦੀ ਆਮਦਨ ਵਿੱਚ ਹੋਵੇਗਾ ਵਾਧਾ, ਦੇਸ਼ ਭਰ ਦੀਆਂ ਮੰਡੀਆਂ ਤੱਕ ਫਸਲਾਂ ਪਹੁੰਚਾਉਣੀਆਂ ਹੋਣਗੀਆਂ ਆਸਾਨ**

ਪਟਿਆਲਾ, 28 ਮਾਰਚ
-ਕੌਮੀ ਪੱਤ੍ਰਿਕਾ ਬਿਊਰੋ-



ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਅੱਜ ਮੰਡੀ ਮਹਿਮਦਪੁਰ ਵਿਖੇ ਨਵੀਂ ਸਬਜ਼ੀ ਮੰਡੀ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਨੇ ਆਲੂ, ਮਟਰ ਅਤੇ ਪਿਆਜ ਦੀ ਖਰੀਦ ਸ਼ੁਰੂ ਕਰਵਾਈ। ਇਸ ਦੌਰਾਨ ਸ. ਬਰਸਟ ਨੇ ਇਸ ਮੰਡੀ ਨੂੰ 'ਆਲੂ ਮੰਡੀ ਹੱਬ' ਵਜੋਂ ਵਿਕਸਤ ਕਰਨ ਦਾ ਐਲਾਨ ਕੀਤਾ। ਇਸਦੇ ਨਾਲ ਹੀ ਚੇਅਰਮੈਨ ਵੱਲੋਂ 9.50 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੀ 16.05 ਕਿਲੋਮੀਟਰ ਲੰਬਾਈ ਵਾਲੀ ਲਿੰਕ ਸੜਕ ਦੇ ਨਿਰਮਾਣ ਕਾਰਜ ਦਾ ਵੀ ਉਦਘਾਟਨ ਕੀਤਾ ਗਿਆ, ਜੋ ਕਿ ਪਟਿਆਲਾ-ਸੰਗਰੂਰ ਹਾਈਵੇ (ਮਹਿਮਦਪੁਰ) ਤੋਂ ਨਾਭਾ ਵਾਇਆ ਬਰਸਟ, ਸੌਜਾ, ਰੌਹਟੀ, ਬਸਤਾ ਨੂੰ ਜਾਂਦੀ ਹੈ। ਸਮੂਹ ਇਲਾਕਾ ਨਿਵਾਸੀਆਂ ਵੱਲੋਂ ਸ. ਹਰਚੰਦ ਸਿੰਘ ਬਰਸਟ ਦਾ ਸਵਾਗਤ ਕੀਤਾ ਗਿਆ।

ਸਮਾਗਮ ਦੌਰਾਨ ਸ. ਹਰਚੰਦ ਸਿੰਘ ਬਰਸਟ ਨੇ ਇਲਾਕਾ ਨਿਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਮੰਡੀ ਇਸ ਖੇਤਰ ਦੇ ਆਰਥਿਕ ਵਿਕਾਸ ਵਿੱਚ ਮੀਲ ਪੱਥਰ ਸਾਬਤ ਹੋਵੇਗੀ। ਇਸ ਹੱਬ ਦੇ ਬਣਨ ਨਾਲ ਇਲਾਕੇ ਵਿੱਚ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ। ਇੱਥੋਂ ਕਿਸਾਨਾਂ ਦੀਆਂ ਫਸਲਾਂ ਨੂੰ ਦੇਸ਼ ਭਰ ਦੀਆਂ ਮੰਡੀਆਂ ਤੱਕ ਪਹੁੰਚਾਉਣਾ ਆਸਾਨ ਹੋ ਜਾਵੇਗਾ, ਜਿਸ ਨਾਲ ਕਿਸਾਨਾਂ ਨੂੰ ਉਨ੍ਹਾਂ ਦੀ ਮਿਹਨਤ ਦਾ ਚੰਗਾ ਮੁੱਲ ਮਿਲੇਗਾ। ਉਨ੍ਹਾਂ ਕਿਹਾ ਕਿ ਇਹ ਮੰਡੀ ਮੇਨ ਸੜਕ ਤੇ ਸਥਿਤ ਹੈ, ਜੋ ਕਿ ਬਹੁਤ ਹੀ ਲਾਹੇਵੰਦ ਹੈ। ਉਨ੍ਹਾਂ ਦੱਸਿਆ ਕਿ ਇਹ ਮੰਡੀ ਆਧੁਨਿਕ ਸੁਵਿਧਾਵਾਂ ਨਾਲ ਭਰਪੂਰ ਹੋਵੇਗੀ ਅਤੇ ਇਸ ਮੰਡੀ ਵਿੱਚ ਵਿਸ਼ਵ ਪੱਧਰ ਦਾ ਇਨਫਰਾਸਟਰਕਚਰ ਤਿਆਰ ਕੀਤਾ ਜਾਵੇਗਾ।

ਇਸ ਮੰਡੀ ਦੇ ਸ਼ੁਰੂ ਹੋਣ ਨਾਲ ਆਲੇ-ਦੁਆਲੇ ਦੇ ਕਰੀਬ 25 ਕਿਲੋਮੀਟਰ ਦੇ ਰੇਡੀਅਸ ਦੇ ਕਿਸਾਨਾਂ ਨੂੰ ਬਹੁਤ ਲਾਭ ਹੋਵੇਗਾ। ਹੁਣ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਲਈ ਦੂਰ-ਦੁਰਾਡੇ ਦੀਆਂ ਮੰਡੀਆਂ ਵਿੱਚ ਨਹੀਂ ਜਾਣਾ ਪਵੇਗਾ, ਜਿਸ ਨਾਲ ਉਨ੍ਹਾਂ ਦੇ ਟਰਾਂਸਪੋਰਟ ਖਰਚੇ ਦੀ ਬਚਤ ਹੋਵੇਗੀ ਅਤੇ ਖੱਜਲ-ਖੁਆਰੀ ਖਤਮ ਹੋਵੇਗੀ। ਸ. ਬਰਸਟ ਨੇ ਵਿਸ਼ੇਸ਼ ਤੌਰ 'ਤੇ ਮਹਿਮਦਪੁਰ ਦੀ ਪੰਚਾਇਤ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਪਹਿਲਾਂ ਇੱਥੇ ਸਿਰਫ 4 ਏਕੜ ਵਿੱਚ ਸੀਜ਼ਨਲ ਮੰਡੀ ਲੱਗਦੀ ਸੀ, ਪਰ ਉਨ੍ਹਾਂ ਦੇ ਕਹਿਣ ਤੇ ਪੰਚਾਇਤ ਵੱਲੋਂ ਮੰਡੀ ਬੋਰਡ ਨੂੰ ਮੰਡੀ ਬਣਾਉਣ ਲਈ ਜਮੀਨ ਦਿੱਤੀ ਗਈ। ਉਨ੍ਹਾਂ ਕਿਹਾ ਕਿ 20 ਏਕੜ ਵਿੱਚ ਫੈਲੀ ਇਹ ਮੰਡੀ ਇੱਕ ਆਧੁਨਿਕ ਮੰਡੀ ਵਜੋਂ ਉਭਰੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿੱਚ ਵਿਕਾਸ ਕਾਰਜਾਂ ਦੀ ਹਨੇਰੀ ਚੱਲ ਰਹੀ ਹੈ। ਪੰਜਾਬ ਸਰਕਾਰ ਵੱਲੋਂ ਲਗਾਤਾਰ ਕਿਸਾਨਾਂ ਅਤੇ ਆਮ ਜਨਤਾ ਦੇ ਹਿੱਤ ਵਿੱਚ ਇਤਿਹਾਸਕ ਫੈਸਲੇ ਲਏ ਜਾ ਰਹੇ ਹਨ। ਪੰਜਾਬ ਮੰਡੀ ਬੋਰਡ ਵੱਲੋਂ ਸੂਬੇ ਦੀਆਂ ਮੰਡੀਆਂ ਦੇ ਨਵੀਨੀਕਰਨ ਅਤੇ ਕਿਸਾਨਾਂ ਨੂੰ ਆਧੁਨਿਕ ਸਹੂਲਤਾਂ ਪ੍ਰਦਾਨ ਕਰਨ ਲਈ ਵਿਸ਼ੇਸ਼ ਯੋਜਨਾਵਾਂ ਤਹਿਤ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਕਿਸਾਨਾਂ ਅਤੇ ਆਮ ਜਨਤਾ ਦੇ ਹਿੱਤ ਵਿੱਚ ਇਸੇ ਤਰ੍ਹਾਂ ਲਗਾਤਾਰ ਕਾਰਜ ਕਰਦੀ ਰਹੇਗੀ। ਇਸ ਦੌਰਾਨ ਸਥਾਨਕ ਕਿਸਾਨਾਂ ਅਤੇ ਇਲਾਕਾ ਨਿਵਾਸੀਆਂ ਨੇ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਦਾ ਧੰਨਵਾਦ ਕੀਤਾ।

ਇਸ ਮੌਕੇ ਅਸੋਕ ਕੁਮਾਰ ਸਿਰਸਵਾਲ ਚੇਅਰਮੈਨ ਮਾਰਕਿਟ ਕਮੇਟੀ ਪਟਿਆਲਾ, ਹਨੀ ਮਾਹਲਾ ਚੇਅਰਮੈਨ ਮਾਰਕਿਟ ਕਮੇਟੀ ਡਕਾਲਾ, ਜਸਬੀਰ ਸਿੰਘ ਤਰੈਂ ਮੈਂਬਰ ਜਿਲ੍ਹਾ ਪਰਿਸ਼ਦ, ਬਲਜਿੰਦਰ ਸਿੰਘ ਪਹਾੜਪੁਰ ਬਲਾਕ ਸਮੰਤੀ ਮੈਂਬਰ, ਦਰਬਾਰਾ ਸਿੰਘ ਤੁੱਲੇਵਾਲ ਬਲਾਕ ਸੰਮਤੀ ਮੈਂਬਰ, ਇੰਦਰਜੀਤ ਸਿੰਘ ਬਲਾਕ ਸੰਮਤੀ ਮੈਂਬਰ, ਬਲਕਾਰ ਸਿੰਘ ਰਾਜਗੜ੍ਹ ਵਾਇਸ ਚੇਅਰਮੈਨ ਬਲਾਕ ਸਮੰਤੀ ਮੈਂਬਰ, ਗੁਰਮੇਲ ਸਿੰਘ ਜਿਲ੍ਹਾ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਡਕੌਂਦਾ, ਸਤਵੰਤ ਸਿੰਘ ਬਲਾਕ ਪ੍ਰਧਾਨ, ਅਸਲਮ ਮੁਹੰਮਦ ਜਿਲ੍ਹਾ ਮੰਡੀ ਅਫ਼ਸਰ, ਅੰਮ੍ਰਿਤਪਾਲ ਸਿੰਘ ਕਾਰਜਕਾਰੀ ਇੰਜੀਨੀਅਰ, ਰਾਮ ਸਿੰਘ ਸਰਪੰਚ ਫਤਿਹਪੁਰ, ਜਗਦੀਪ ਸਿੰਘ ਸਰਪੰਚ ਪਹਾੜਪੁਰ, ਪਰਗਟ ਸਿੰਘ ਸਰਪੰਚ ਢਕੜੱਬਾ, ਜਸਵੰਤ ਸਿੰਘ ਸਰਪੰਚ ਚੂਹੜਪੁਰ, ਸੁਖਚੈਨ ਸਿੰਘ ਸਰਪੰਚ ਖੂੰਟੀ ਛੰਨਾ, ਰਾਜਿੰਦਰ ਸਿੰਘ ਸਰਪੰਚ ਸਾਹਿਬਪੁਰਾ, ਅਮਰਜੀਤ ਸਿੰਘ ਸਰਪੰਚ ਭੇਡਪੁਰਾ, ਸੋਮ ਚੰਦ ਸੋਮੀ ਸਰਪੰਚ ਤਰਖਾਣ ਮਾਜਰਾ, ਨਰਿੰਦਰ ਸਿੰਘ ਸਰਪੰਚ ਬਰਸਟ, ਭਰਪੂਰ ਸਿੰਘ ਨੰਬਰਦਾਰ, ਯਾਦਵਿੰਦਰ ਸਿੰਘ ਸਰਪੰਚ ਪਸਿਆਣਾ, ਪ੍ਰੇਮ ਸਰਪੰਚ ਖੇੜੀ ਮੁਸਲਮਾਨੀਆਂ, ਅਕਾਸ਼ਦੀਪ ਸਿੰਘ ਸਰਪੰਚ ਬਨੇਰਾ, ਜਗਦੀਪ ਸਿੰਘ ਸਰਪੰਚ ਛੰਨਾ, ਭੁਪਿੰਦਰ ਸਿੰਘ ਸਰਪੰਚ ਖੇੜੀ ਗੋੜੀਆਂ, ਸਤਗੁਰ ਸਿੰਘ ਸਰਪੰਚ ਤਰੋੜਾ, ਅਮਰੀਕ ਸਿੰਘ ਸਰਪੰਚ ਭਾਨਰੀ, ਹਰਪਾਲ ਸਿੰਘ ਫਤਿਹਪੁਰ, ਹਰਦੀਪ ਸਿੰਘ ਸੇਖੂਪੁਰ, ਗੁਰਸੇਵਕ ਸਿੰਘ ਪੰਚ ਦਦਹੇੜਾ, ਗੁਰਸੇਵਕ ਸਿੰਘ ਪੰਚ ਰੱਖੜਾ, ਗੁਲਜਾਰ ਸਿੰਘ ਦੁਘਾਟ, ਬਲਕਾਰ ਡਕਾਲਾ, ਹੇਮਇੰਦਰ ਸਿੰਘ ਮਾਲੋਮਾਜਰਾ, ਗੁਰਜੀਤ ਸਿੰਘ ਗ੍ਰੀਨ ਪਾਰਕ, ਹਰਪਿੰਦਰ ਸਿੰਘ ਰਾਠੀ, ਲਖਵਿੰਦਰ ਸਿੰਘ ਸਾਬਕਾ ਸਰਪੰਚ ਲਲੋਛੀ, ਭਰਪੂਰ ਸਿੰਘ ਸਵਾਜਪੁਰ, ਮਨਦੀਪ ਸਿੰਘ ਗਿੰਨੀ ਤਰੋੜਾ, ਸੋਨੂੰ ਕੋਰਜੀਵਾਲ, ਪਰਗਟ ਸਿੰਘ ਜਾਹਲਾ, ਜਗਤਾਰ ਸਿੰਘ ਸ਼ੇਖੂਪੁਰ, ਜਗਰੂਪ ਸਿੰਘ ਯੂਪੀ ਸਾਬਕਾ ਸਰਪੰਚ ਫਤਿਹਪੁਰ, ਚਰਨਜੀਤ ਸਿੰਘ ਮਹਿਮਦਪੁਰ, ਦਰਸ਼ਨ ਸਿੰਘ ਨੰਬਰਦਾਰ ਧਬਲਾਨ, ਹਰਮੀਤ ਸਿੰਘ ਧਬਲਾਨ, ਕਰਮਜੀਤ ਸਿੰਘ ਸੌਜਾ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

# ਬਿਜਲੀ ਕਰਮਚਾਰੀਆਂ ਸ੍ਰੀ ਸੁਖਮਨੀ ਸਾਹਿਬ ਦੀ ਬਾਣੀ ਦੇ ਪਾਠ ਦਾ ਭੋਗ ਪਾਇਆ



ਪਟਿਆਲਾ, 28 ਮਾਰਚ
-ਕੌਮੀ ਪੱਤ੍ਰਿਕਾ ਬਿਊਰੋ-

66 ਕੇਵੀ ਗਰਿੱਡ ਸਬ ਸਟੇਸ਼ਨ ਬਲਬੇੜਾ ਵਿਖੇ ਬਿਜਲੀ ਕਰਮਚਾਰੀਆਂ ਵੱਲੋਂ ਵਾਹਿਗੁਰੂ ਦਾ ਸ਼ੁਕਰਾਨਾ ਕਰਨ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈ ਕੇ ਸ੍ਰੀ ਸੁਖਮਨੀ ਸਾਹਿਬ ਦੀ ਬਾਣੀ ਦੇ ਪਾਠ ਦਾ ਭੋਗ ਪਾਇਆ ਗਿਆ

ਇਸ ਮੌਕੇ ਤੇ ਅਗਰਵਾਲ ਕਲੀਅਰ ਸਾਈਟ ਹਸਪਤਾਲ ਦੇ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਚੈੱਕਅਪ ਕੈਂਪ ਲਗਾਇਆ ਗਿਆ ਇਸ ਮੌਕੇ ਤੇ ਵਧੀਕ ਨਿਗਰਾਨ ਇੰਜੀਨੀਅਰ ਓ ਅਤੇ ਐਮ ਸ੍ਰੀ ਗੁਰਪ੍ਰੀਤਪਾਲ ਸਿੰਘ ,ਐਸ਼ ਐਸ਼ ਈ ਸ੍ਰੀ ਹਰਮਨਦੀਪ ਸਿੰਘ ਵਿਰਕ,ਐਸ਼ ਡੀ ਓ ਸਾਹਿਬ ਸ੍ਰੀ ਸਤਿੰਦਰ ਸਿੰਘ,ਵਾਈਸ ਪ੍ਰੈਜ਼ੀਡੈਂਟ TSU ਸਰਕਲ ਪਟਿਆਲਾ , ਇੰਜ਼ ਹਰਭਜਨ ਸਿੰਘ ਸੈਣੀ, ਡਵੀਜ਼ਨ ਸਕੱਤਰ TSU ਸ੍ਰੀ ਸੁਖਵੰਤ ਸਿੰਘ ਅਤੇ ਸਬ ਡਵੀਜਨ ਬਲਬੇੜਾ ਦੇ ਸਾਰੇ ਕਰਮਚਾਰੀ ਹਾਜ਼ਰ ਹੋਏ।

# ਅਸਲੀ ਦੌਲਤ ਗੁਰੂ ਦੇ ਚਰਣਾਂ ਵਿੱਚ ਅਤੇ ਨਾਮ ਦੀ ਕਮਾਈ ਵਿੱਚ ਹੈ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅਸਲੀ ਦੌਲਤ ਗੁਰੂ ਦੇ ਚਰਣਾਂ ਵਿੱਚ ਅਤੇ ਨਾਮ ਦੀ ਕਮਾਈ ਵਿੱਚ ਹੈ। ਅੱਜ ਦੀ ਭੱਜ-ਦੌੜ ਭਰੀ ਜਿੰਦਗੀ ਵਿੱਚ ਸ਼ਾਂਤੀ ਗੁਰੂ ਦੀ ਸੰਗਤ ਵਿੱਚ ਹੀ ਮਿਲਦੀ ਹੈ। ਮੁੱਖ ਮੰਤਰੀ ਵੀਰਵਾਰ ਨੂੰ ਪੰਜਾਬ, ਲੁਧਿਆਣਾ ਦੇ ਗੁਰੂਦੁਆਰਾ ਸ਼੍ਰੀ ਨਾਨਕਸਰ ਸਾਹਿਬ ਵਿੱਚ ਆਯੋਜਿਤ ਸਮਾਗਮ ਦੇ ਸਮਾਪਨ ਸਮਾਰੋਹ ਨੂੰ ਸੰਬੋਧਿਤ ਕਰ ਰਹੇ ਸਨ। ਇਸ ਮੌਕੇ 'ਤੇ ਬਾਬਾ ਘਾਲਾ ਸਿੰਘ ਜੀ, ਅਨੇਕ ਸੰਤ-ਮਹਾਪੁਰਖ ਅਤੇ ਦੇਸ਼-ਵਿਦੇਸ਼ ਤੋਂ ਪਹੁੰਚੀ ਸਾਧ ਸੰਗਤ ਮੌਜੂਦ ਸੀ।

ਸ੍ਰੀ ਨਾਇਬ ਸਿੰਘ ਸੈਣੀ ਨੇ ਸਮਾਗਮ ਵਿੱਚ ਮੌਜੂਦ ਸੰਗਤ ਨੂੰ ਦੁਰਗਾਸ਼ਟਮੀ ਅਤੇ ਰਾਮਨਵਮੀ ਦੀ ਵਧਾਈ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਸ਼੍ਰੀ ਨਾਨਕਸਰ ਸਾਹਿਬ ਉਹੀ ਪਵਿੱਤਰ ਸਥਾਨ ਹੈ, ਜਿਸ ਦੀ ਨੀਂਹ ਬਾਬਾ ਨੰਦ ਸਿੰਘ ਜੀ ਮਹਾਰਾਜ ਨੇ ਆਪਣੇ ਕਠੋਰ ਤੱਪ ਨਾਲ ਰੱਖੀ ਸੀ। ਉਨ੍ਹਾਂ ਨੇ ਭਗਤੀ ਦੀ ਉਸ ਜੋਤ ਨੂੰ ਜਲਾਇਆ, ਜਿਸ ਦੀ ਲੋਅ ਅੱਜ ਕਰੋੜਾਂ ਦਿੱਲਾਂ ਨੂੰ ਰੋਸ਼ਨ ਕਰ ਰਹੀ ਹੈ। ਉਨ੍ਹਾਂ ਦੇ ਪਦਚਿਨ੍ਹਾਂ 'ਤੇ ਚਲਦੇ ਹੋਏ ਬਾਬਾ ਇਸ਼ਰ ਸਿੰਘ ਜੀ ਮਹਾਰਾਜ ਨੇ ਇੱਥੇ ਸੱਤ ਸਾਲਾਂ ਤੱਕ ਏਕਾਂਤਵਾਸ ਵਿੱਚ ਸਿਮਰਨ ਕੀਤਾ। ਉਨ੍ਹਾਂ ਨੇ ਕਿਹਾ ਕਿ ਇਹ ਉਨ੍ਹਾਂ ਹੀ ਮਹਾਪੁਰਸ਼ਾਂ ਦੀ ਕਮਾਈ ਦਾ ਫੱਲ ਹੈ ਕਿ ਅੱਜ ਇੱਥੇ ਕਦਮ ਰੱਖਦੇ ਹੀ ਮਨ ਨੂੰ ਬਹੁਤ ਸ਼ਾਂਤੀ ਮਿਲਦੀ ਹੈ।

ਮੁੱਖ ਮੰਤਰੀ ਨੇ ਬਾਬਾ ਇਸ਼ਰ ਸਿੰਘ ਜੀ ਦੇ ਪ੍ਰਕਾਸ਼ ਉਤਸਵ ਦੀ ਵੀ ਵਧਾਈ ਦਿੱਤੀ ਅਤੇ ਸਾਰਿਆਂ ਨੂੰ ਮਿਲ-ਜੁਲ ਕੇ ਨਫਰਤ ਨੂੰ ਮਿਟਾਉਣ ਅਤੇ ਪ੍ਰੇਮ, ਸੇਵਾ ਤੇ ਸਿਮਰਨ ਦੇ ਮਾਰਗ 'ਤੇ ਚੱਲਣ ਦੀ ਗੁਰੂ ਚਰਣਾਂ ਵਿੱਚ ਅਰਦਾਸ ਕੀਤੀ। ਉਨ੍ਹਾਂ ਨੇ ਬਾਬਾ ਨਰਾਇਣ ਸਿੰਘ ਜੀ ਦੇ ਚਰਣਾਂ ਵਿੱਚ ਵੀ ਆਪਣੀ ਸ਼ਰਧਾ ਅਰਪਿਤ ਕੀਤੀ ਅਤੇ ਕਿਹਾ ਕਿ ਉਨ੍ਹਾਂ ਦਾ ਜੀਵਨ ਸਾਨੂੰ ਸਿਖਾਉਂਦਾ ਹੈ ਕਿ ਸੇਵਾ ਅਤੇ ਆਦੇਸ਼ ਦਾ ਪਾਲਣ ਕੀ ਹੁੰਦਾ ਹੈ। ਬਾਬਾ ਇਸ਼ਰ ਸਿੰਘ ਜੀ ਦੇ ਇੱਕ ਵਚਨ 'ਤੇ ਉਨ੍ਹਾਂ ਨੇ ਸੱਤ ਸਾਲਾਂ ਤੱਕ 24 ਕਿਲੋਮੀਟਰ ਦੂਰ ਤੋਂ ਜਲ ਦੀ ਸੇਵਾ ਕੀਤੀ। ਬਿਨ੍ਹਾ ਥਕੇ, ਬਿਨ੍ਹਾ ਰੁਕੇ, ਸਿਰਫ ਗੁਰੂ ਦੀ ਪ੍ਰਸੰਨਤਾ ਦੇ ਲਈ।

ਉਨ੍ਹਾਂ ਨੇ ਸਾਧ ਸੰਗਤ ਨੂੰ ਦਸਿਆ ਕਿ ਇਸ ਵਿਸ਼ਾਲ ਸਥਾਨ ਦਾ ਕੋਈ ਲਿਖਤ ਨਕਸ਼ਾ ਨਹੀਂ ਸੀ। ਇਹ ਤਾਂ ਬਾਬਾ ਨਰਾਇਣ ਸਿੰਘ ਜੀ ਦੇ ਮੁੱਖ ਤੋਂ ਨਿਕਲੇ ਦਿਵਅ ਆਦੇਸ਼ ਅਤੇ ਕਾਰੀਗਰਾਂ ਦੀ ਸ਼ਰਧਾ ਸੀ, ਜਿਸ ਨਾਲ ਇਹ ਸ਼ਾਨਦਾਰ ਗੁਰੂਘਰ ਤਿਆਰ ਹੋਇਆ। ਇਹ ਸਾਬਤ ਕਰਦਾ ਹੈ ਕਿ ਜਦੋਂ ਨੀਅਤ ਸਾਫ ਹੋਵੇ ਅਤੇ ਗੁਰੂ 'ਤੇ ਪੂਰਾ ਭਰੋਸਾ ਹੋਵੇ, ਤਾਂ ਕੁਦਰਤ ਖੁਦ-ਬ-ਖੁਦ ਰਸਤਾ ਬਣਾਉਂਦੀ ਹੈ। ਉਨ੍ਹਾਂ ਨੇ ਭਵਅ ਸ਼੍ਰੀ ਨਾਨਕਸਰ ਸਾਹਿਬ ਬਣਵਾ ਕੇ ਆਪਣੇ ਗੁਰੂ ਦੇ ਪ੍ਰਤੀ ਜੋ ਸਮਰਪਣ ਦਿਖਾਇਆ, ਉਹ ਇਤਿਹਾਸ ਦੇ ਪੰਨਿਆਂ ਵਿੱਚ ਸੁਨਹਿਰੇ ਅੱਖਰਾਂ ਵਿੱਚ ਦਰਜ ਹੈ।

ਸ੍ਰੀ ਸੈਣੀ ਨੇ ਇਸ ਪਵਿੱਤਰ ਸਥਾਨ 'ਤੇ ਕੀਤੀ ਜਾ ਰਹੀ ਭੋਜਨ ਵਿਵਸਥਾ ਦੀ ਪ੍ਰਸ਼ੰਸਾਂ ਕਰਦੇ ਹੋਏ ਕਿਹਾ ਕਿ ਇੱਥੇ ਕੋਈ ਸੰਸਥਾਗਤ ਲੰਗਰ ਨਹੀਂ ਬਣਦਾ, ਸਗੋ ਸੰਗਤ ਖੁਦ ਆਪਣੇ ਘਰਾਂ ਤੋਂ ਲੰਗਰ ਬਣਾ ਕੇ ਲਿਆਉਂਦੀ ਹੈ। ਇਹ ਸੱਚੇ ਅਰਥਾਂ ਵਿੱਚ ਸਾਂਝੀਵਾਲਤਾ ਦਾ ਪ੍ਰਤੀਕ ਹੈ। ਇੱਥੇ ਅਮੀਰ-ਗਰੀਬ ਦਾ ਭੇਦ ਮਿੱਟ ਜਾਂਦਾ ਹੈ ਅਤੇ ਸਿਰਫ ਸੰਗਤ ਬਾਕੀ ਰਹਿ ਜਾਂਦੀ ਹੈ। ਉਨ੍ਹਾਂ ਨੇ ਬਾਬਾ ਘਾਲਾ ਸਿੰਘ ਜੀ ਦੀ ਜਿਮੇਵਾਰੀ ਅਤੇ ਨਿਮਰਤਾ ਦੇ ਨਾਲ ਇਸ ਸਥਾਨ ਦੀ ਸੇਵਾ ਕਰਨ ਦੇ ਪੁਨੀਤ ਕੰਮ ਦੀ ਸ਼ਲਾਘਾ ਕੀਤੀ।

ਉਨ੍ਹਾਂ ਨੇ ਦਸਿਆ ਕਿ ਗੁਰੂ ਸਾਹਿਬਾਨ ਅਤੇ ਹੋਰ ਸੰਤ-ਮਹਾਤਮਾਂਵਾਂ, ਅਤੇ ਮਹਾਪੁਰਸ਼ਾਂ ਨੇ ਭੂਲੀ-ਭਟਕੀ ਮਨੁੱਖਤਾ ਨੂੰ ਜੀਵਨ ਦਾ ਸੱਚਾ ਰਸਤਾ ਦਿਖਾਇਆ ਹੈ। ਉਨ੍ਹਾਂ ਦੇ ਸੰਦੇਸ਼ ਨੂੰ ਜਨ-ਜਨ ਤੱਕ ਪਹੁੰਚਾਉਣ ਲਈ ਹਰਿਆਣਾ ਸਰਕਾਰ ਵੱਲੋਂ ਸੰਤ-ਮਹਾਪੁਰਸ਼ ਸਨਮਾਨ ਵਿਚਾਰ ਪ੍ਰਸਾਰ ਅਤੇ ਪ੍ਰਚਾਰ ਯੋਜਨਾ ਚਲਾਈ ਜਾ ਰਹੀ ਹੈ। ਇਸ ਯੋਜਨਾ ਤਹਿਤ ਸ਼੍ਰੀ ਗੁਰੂ ਨਾਨਕ ਦੇਵ ਜੀ, ਸ਼੍ਰੀ ਗੁਰੂ ਤੇਗ ਬਹਾਦੁਰ ਜੀ, ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਸਮੇਤ ਅਨੇਕ ਸੰਤਾਂ ਤੇ ਮਹਾਪੁਰਸ਼ਾਂ ਦੀ ਜੈਯੰਤੀਆਂ ਰਾਜ ਪੱਧਰ 'ਤੇ ਮਨਾਈ ਜਾਂਦੀਆਂ ਹਨ। ਨਵੰਬਰ, 2025 ਵਿੱਚ ਸ਼੍ਰੀ ਗੁਰੂ ਤੇਗ ਬਹਾਦੁਰ ਜੀ ਦੇ 350ਵੇਂ ਸ਼ਹੀਦੀ ਦਿਵਸ ਦੇ ਮੌਕੇ ਵਿੱਚ ਪੂਰੇ ਸੂਬੇ ਵਿੱਚ ਅਨੇਕ ਪ੍ਰੋਗਰਾਮ ਆਯੋਜਿਤ ਕੀਤੇ ਗਏ।

ਸ੍ਰੀ ਨਾਇਬ ਸਿੰਘ ਸੈਣੀ ਨੇ ਦਸਿਆ ਕਿ ਜੋਤੀਸਰ, ਕੁਰੂਕਸ਼ੇਤਰ ਵਿੱਚ ਬੀਤੀ 25 ਨਵੰਬਰ ਨੂੰ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਰਾਜ ਪੱਧਰੀ ਸਮਾਗਮ ਆਯੋਜਿਤ ਕੀਤਾ ਗਿਆ। ਇਸ ਵਿੱਚ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਸ਼ਾਮਿਲ ਹੋ ਕੇ ਸ਼੍ਰੀ ਗੁਰੂ ਤੇਗ ਬਹਾਦੁਰ ਜੀ ਨੂੰ ਸਮਰਪਿਤ ਸਿੱਕੇ, ਡਾਕ ਟਿਕਟ ਅਤੇ ਕਾਫੀ ਟੇਬਲ ਬੁੱਕ ਦਾ ਵਿਮੋਚਨ ਕੀਤਾ ਸੀ। ਮੁੱਖ ਮੰਤਰੀ ਨੇ ਦਸਿਆ ਕਿ ਯਮੁਨਾਨਗਰ ਜਿਲ੍ਹਾ ਦੇ ਕਲੇਸਰ ਵਿੱਚ ਜਿੱਥੇ ਸ਼੍ਰੀ ਗੁਰੂ ਤੇਗ ਬਹਾਦੁਰ ਜੀ ਦੇ ਨਾਮ 'ਤੇ ਵਨ ਲਗਾਉਣ ਦਾ ਫੈਸਲਾ ਕੀਤਾ ਗਿਆ ਹੈ, ਉੱਥੇ ਸ਼੍ਰੀ ਗੁਰੂ ਤੇਗ ਬਹਾਦੁਰ ਜੀ ਦੀ ਯਾਦ ਵਿੱਚ ਯਾਦਗਾਰੀ ਗੇਟ ਵੀ ਬਣਾਇਆ ਗਿਆ ਹੈ।

ਉਨ੍ਹਾਂ ਨੇ ਹਰਿਆਣਾ ਸਰਕਾਰ ਵੱਲੋਂ ਕੀਤੇ ਗਏ ਮਹਤੱਵਪੂਰਣ ਫੈਸਲੇ ਦੀ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਸਾਲ 1984 ਵਿੱਚ ਹੋਏ ਦੰਗਿਆਂ ਵਿੱਚ ਅਨੇਕ ਸਿੱਖ ਪਰਿਵਾਰਾਂ ਨੇ ਆਪਣਿਆਂ ਨੂੰ ਖੋਹਿਆ ਸੀ। ਸੂਬਾ ਸਰਕਾਰ ਨੇ ਸੂਬੇ ਦੇ ਅਜਿਹੇ 121 ਪਰਿਵਾਰਾਂ ਦੇ ਇੱਕ-ਇੱਕ ਮੈਂਬਰ ਨੂੰ ਨੌਕਰੀ ਦੇਣ ਦਾ ਪ੍ਰਾਵਧਾਨ ਕੀਤਾ ਹੈ, ਜਿੰਨ੍ਹਾਂ ਦੇ ਕਿਸੇ ਮੈਂਬਰ ਦੀ ਜਾਨ ਦੰਗੇ ਵਿੱਚ ਚਲੀ ਗਈ ਸੀ।

ਉਨ੍ਹਾਂ ਨੇ ਕਿਹਾ ਕਿ ਪੰਚਕੂਲਾ ਵਿੱਚ ਬੀਤੇ 24 ਦਸੰਬਰ ਨੂੰ ਵੀਰ ਬਾਲ ਦਿਵਸ ਮੌਕੇ ਵਿੱਚ ਆਯੋਜਿਤ ਪ੍ਰੋਗਰਾਮ ਵਿੱਚ ਕੇਂਦਰੀ ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ ਸ਼ਾਮਿਲ ਹੋਏ ਅਤੇ ਉਨ੍ਹਾਂ ਨੇ ਆਪਣੇ ਹੱਥਾਂ ਨਾਲ ਦੰਗਾ ਪੀੜਤ ਪਰਿਵਾਰਜਨਾਂ ਨੂੰ ਨਿਯੁਕਤੀ ਪੱਤਰ ਵੀ ਸੌਂਪੇ।

ਸ੍ਰੀ ਸੈਣੀ ਨੇ ਗੁਰੂਆਂ ਦੀ ਯਾਦ ਵਿੱਚ ਕੀਤੇ ਜਾ ਰਹੇ ਕੰਮਾਂ ਦੀ ਅੱਗੇ ਜਾਣਕਾਰੀ ਦਿੰਦੇ ਹੋਏ ਦਸਿਆ ਕਿ ਸਿਰਸਾ ਸਥਿਤ ਚੌਧਰੀ ਦੇਵੀਲਾਲ ਯੂਨੀਵਰਸਿਟੀ ਵਿੱਚ ਸ਼੍ਰੀ ਗੁਰੂ ਤੇਗ ਬਹਾਦੁਰ ਜੀ 'ਤੇ ਖੋਜ ਲਈ ਚੇਅਰ ਸਥਾਪਿਤ ਕੀਤੀ ਗਈ ਹੈ।

ਉਨ੍ਹਾਂ ਨੇ ਇਹ ਵੀ ਦਸਿਆ ਕਿ ਬੀਤੇ 11 ਨਵੰਬਰ ਨੂੰ ਗਵਰਨਮੈਂਟ ਪੋਲੀਟੈਕਨਿਕ ਕਾਲਜ, ਅੰਬਾਲਾ ਦਾ ਨਾਮ ਸ਼੍ਰੀ ਗੁਰੂ ਤੇਗ ਬਹਾਦੁਰ ਜੀ ਦੇ ਨਾਮ 'ਤੇ ਕੀਤਾ ਅਿਗਾ, ਟੋਹਾਨਾ-ਜੀਂਦ-ਧਮਤਾਨ ਸਾਹਿਬ ਰੋਡ ਦਾ ਨਾਮ ਸ਼੍ਰੀ ਗੁਰੂ ਤੇਗ ਬਹਾਦੁਰ ਮਾਰਗ ਰੱਖਿਆ ਗਿਆ, ਯਮੁਨਾਨਗਰ ਵਿੱਚ ਬਨਣ ਵਾਲੇ ਮੈਡੀਕਲ ਕਾਲਜ ਦਾ ਨਾਮ ਹਿੰਦ ਦੀ ਚਾਦਰ ਸ਼੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ ਦੇ ਨਾਮ 'ਤੇ ਰੱਖਿਆ ਹੈ, ਅਸੰਧ ਦੇ ਕਾਲਜ ਦਾ ਨਾਮ ਸਰਬੰਸਦਾਨੀ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜਾਦੇ ਬਾਬਾ ਫਤਿਹ ਸਿੰਘ ਜੀ ਦੇ ਨਾਮ 'ਤੇ ਰੱਖਿਆ ਗਿਆ ਹੈ। ਲੱਖਨੌਰ ਸਾਹਿਬ ਵਿੱਚ ਮਾਤਾ ਗੁੱਜਰ ਕੌਰ ਜੀ ਦੇ ਨਾਮ ਨਾਲ ਬੀਐਲਡੀਏ ਕਾਲਜ ਸਥਾਪਿਤ ਕੀਤਾ ਗਿਆ ਹੈ।

ਇੰਨ੍ਹਾਂ ਤੋਂ ਇਲਾਵਾ, ਬੀਤੀ 27 ਅਕਤੂਬਰ ਨੂੰ ਹੀ ਲੋਹਗੜ੍ਹ, ਯਮੁਨਾਨਗਰ ਵਿੱਚ ਬਾਬਾ ਬੰਦਾ ਸਿੰਘ ਬਹਾਦੁਰ ਸਮਾਰਕ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਸ਼੍ਰੀ ਹਜ਼ੂਰ ਸਾਹਿਬ ਗੁਰੂਦੁਆਰਾ, ਸ਼੍ਰੀ ਨਨਕਾਨਾ ਸਾਹਿਬ, ਸ਼੍ਰੀ ਹੇਮਕੁੰਡ ਸਾਹਿਬ ਅਤੇ ਸ਼੍ਰੀ ਪਟਨਾ ਸਾਹਿਬ ਜਾਣ ਵਾਲੇ ਸੂਬੇ ਦੇ ਤੀਰਥ ਯਾਤਰੀਆਂ ਨੂੰ ਮਾਲੀ ਸਹਾਇਤਾ ਦੇਣ ਦੇ ਉਦੇਸ਼ ਨਾਲ ਸਵਰਣ ਜੈਯੰਤੀ ਗੁਰੂ ਦਰਸ਼ਨ ਯਾਤਰਾ ਯੋਜਨਾ ਸ਼ੁਰੂ ਕੀਤੀ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਸਰਕਾਰ ਗੁਰੂ ਸਾਹਿਬਾਨਾਂ ਦੇ ਸਿਦਾਂਤਾਂ ਅਤੇ ਸਿਖਿਆਵਾਂ ਨੂੰ ਜਨ-ਜਨ ਤੱਕ ਪਹੁੰਚਾਉਣ ਦਾ ਕੰਮ ਲਗਾਤਾਰ ਕਰ ਰਹੀ ਹੈ।ਇਸ ਮੌਕੇ 'ਤੇ ਸਰਦਾਰ ਬਾਬਾ ਜੋਗਾ ਸਿੰਘ, ਭਾਜਪਾ ਦੇ ਜਿਲ੍ਹਾ ਪ੍ਰਧਾਨ ਡਾ. ਰਾਜੇਂਦਰ ਸ਼ਰਮਾ, ਬਾਬਾ ਹਰਵਿੰਦਰ ਸਿੰਘ ਨਾਨਕਸਰ, ਬਾਬਾ ਅਰਜੁਨ ਸਿੰਘ ਪਟਿਆਲਾ ਵਾਲੇ, ਬਾਬਾ ਮੇਹਰ ਸਿੰਘ ਨਾਨਕਸਰ, ਬਾਬਾ ਗੁਰਚਰਣ ਸਿੰਘ ਦਿੱਲੀ ਵਾਲੇ ਸਮੇਤ ਅਨੇਕ ਮਾਣਯੋਗ ਵਿਅਕਤੀ ਮੌਜੂਦ ਸਨ।

# ਮੁੱਖ ਮੰਤਰੀ ਦੀ ਅਗਵਾਈ ਹੇਠ ਹੋਈ ਹਾਈ ਪਾਰਵਰਡ ਪਰਚੇਜ਼ ਕਮੇਟੀ ਦੀ ਮੀਟਿੰਗ

**ਚੰਡੀਗੜ੍ਹ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਅੱਜ ਇੱਥੇ ਹੋਈ ਹਾਈ ਪਾਰਵਰਡ ਪਰਚੇਜ਼ ਕਮੇਟੀ ਦੀ ਮੀਟਿੰਗ ਵਿੱਚ ਰਬੀ 2026-2027 ਸੀਜ਼ਨ ਲਈ ਭੰਡਾਰਣ ਵਿਵਸਥਾਵਾਂ ਨੂੰ ਮਜਬੂਤ ਬਨਾਉਣ ਦੇ ਉਦੇਸ਼ ਨਾਲ ਮਹਤੱਵਪੂਰਣ ਫੈਸਲੇ ਕੀਤੇ ਗਏ।

ਮੀਟਿੰਗ ਵਿੱਚ 550 ਕਰੋੜ ਰੁਪਏ ਨਾਲ ਜੂਟ ਤੇ ਹੋਰ ਬੈਗਾਂ ਦੀ ਖਰੀਦ ਦੇ ਦੋ ਏਜੰਡੇ ਸਨ, ਨੈਗੋਸਇਏਸ਼ਨ ਕਰ ਕੇ 80 ਕਰੋੜ ਰੁਪਏ ਬਚਾਏ ਗਏ। ਕਣਕ ਦੇ ਸੁਰੱਖਿਅਤ ਭੰਡਾਰਣ ਨੂੰ ਯਕੀਨੀ ਕਰਨ ਲਈ ਜੂਟ ਬੈਗਾਂ ਅਤੇ ਹੋਰ ਬੈਗਾਂ ਦੀ ਖਰੀਦ ਨੂੰ ਮੰਜੂਰੀ ਪ੍ਰਦਾਨ ਕੀਤੀ ਗਈ।

ਇਸ ਫੈਸਲੇ ਨਾਲ ਰਾਜ ਵਿੱਚ ਅਨਾਜ ਭੰਡਾਰਣ ਦੀ ਸਮਰੱਥਾ ਨੂੰ ਹੋਰ ਵੱਧ ਮਜਬੂਤ ਕੀਤਾ ਜਾ ਸਕੇਗਾ ਅਤੇ ਕਿਸਾਨਾਂ ਤੋਂ ਖਰੀਦੇ ਗਏ ਕਣਕ ਦੇ ਸੁਰੱਖਿਅਤ ਰੱਖ-ਰਖਾਵ ਵਿੱਚ ਕਿਸੇ ਤਰ੍ਹਾ ਦੀ ਰੁਕਾਵਟ ਨਹੀਂ ਆਵੇਗੀ।

ਇਹ ਖਰੀਦ ਪ੍ਰਕ੍ਰਿਆ ਖੁਰਾਕ ਅਤੇ ਸਪਲਾਈ ਵਿਭਾਗ, ਹੈਫੇਡ ਅਤੇ ਹਰਿਆਣਾ ਰਾਜ ਵੇਅਰਹਾਊਸ ਨਿਗਮ ਦੀ ਜਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਕੀਤੀ ਜਾ ਰਹੀ ਹੈ।

ਇਸ ਦੌਰਾਨ ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਖਰੀਦ ਪ੍ਰਕ੍ਰਿਆ ਪੂਰੀ ਤਰ੍ਹਾ ਪਾਰਦਰਸ਼ੀ, ਸਮੇਂਬੱਧ ਅਤੇ ਗੁਣਵੱਤਾ ਮਾਨਕਾਂ ਦੇ ਅਨੁਰੂਪ ਯਕੀਨੀ ਕੀਤੀ ਜਾਵੇ, ਤਾਂ ਜੋ ਸਰਕਾਰੀ ਸਰੋਤਾਂ ਦੀ ਸਰਵੋਤਮ ਵਰਤੋ ਹੋ ਸਕੇ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਅਤੇ ਖੇਤੀਬਾੜੀ ਉਤਪਾਦਾਂ ਦੇ ਸੁਰੱਖਿਅਤ ਭੰਡਾਰਣ ਲਈ ਪ੍ਰਤੀਬੱਧ ਹੈ।

ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਰਬੀ ਸੀਜ਼ਨ ਦੀ ਤਿਆਰੀਆਂ ਸਮੇਂ ਰਹਿੰਦੇ ਪੂਰੀਆਂ ਕਰ ਲਈਆਂ ਜਾਣ, ਤਾਂ ਜੋ ਮੰਡੀਆਂ ਵਿੱਚ ਆਉਣ ਵਾਲੀ ਫਸਲ ਦੇ ਪ੍ਰਬੰਧਨ ਵਿੱਚ ਕਿਸੇ ਤਰ੍ਹਾ ਦੀ ਮੁਸ਼ਕਲ ਨਾ ਹੋਵੇ।

ਮੀਟਿੰਗ ਵਿੱਚ ਹਰਿਆਣਾ ਸ਼ਹਿਰੀ ਸਥਾਨਕ ਸਰਕਾਰ ਮੰਤਰੀ ਸ੍ਰੀ ਵਿਪੁਲ ਗੋਇਲ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ, ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਸ੍ਰੀ ਅਰੁਣ ਗੁਪਤਾ ਤੇ ਹੋਰ ਅਧਿਕਾਰੀ ਮੌਜੂਦ ਰਹੇ।

# ਸ਼੍ਰੀ ਹਰਿਦਾਸ ਨਿਕੁੰਜ ਬਿਹਾਰੀ ਸੇਵਾ ਸਮਿਤੀ ਸੁਨਾਮ ਦੀ ਹੋਈ ਅਹਿਮ ਮੀਟਿੰਗ



**ਸੁਨਾਮ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੀ ਹਰਿਦਾਸ ਨਿਕੁੰਜ ਬਿਹਾਰੀ ਸੇਵਾ ਸਮਿਤੀ ਸੁਨਾਮ ਵੱਲੋਂ 24 ਮਾਰਚ 2026 ਨੂੰ ਇਕ ਮਹੱਤਵਪੂਰਨ ਮੀਟਿੰਗ ਬੀਕਾਨੇਰ ਸਵੀਟਸ ਵਿੱਚ ਕੀਤੀ ਗਈ, ਜਿਸ ਦੀ ਅਗਵਾਈ ਸੰਸਥਾਪਕ ਅਮਿਤ ਕੌਸ਼ਲ, ਪ੍ਰਧਾਨ ਕਰੁਣ ਬਾਂਸਲ, ਚੇਅਰਮੈਨ ਰਾਜੀਵ ਮੱਖਣ ਅਤੇ ਸਕੱਤਰ ਰਾਜੇਸ਼ ਅਗਰਵਾਲ ਨੇ ਕੀਤੀ। ਇਸ ਮੀਟਿੰਗ ਦੌਰਾਨ ਸਮਿਤੀ ਵੱਲੋਂ ਦੱਸਿਆ ਗਿਆ ਕਿ ਨਵੀਂ ਅਨਾਜ ਮੰਡੀ, ਸੁਨਾਮ ਵਿੱਚ 9 ਮਾਰਚ ਤੋਂ 15 ਮਾਰਚ 2026 ਤੱਕ ਕਰਵਾਇਆ ਗਿਆ ਸ਼੍ਰੀਮਦ ਭਾਗਵਤ ਕਥਾ ਸਮਾਗਮ ਬੜੀ ਧੂਮਧਾਮ ਅਤੇ ਭਗਤੀ ਭਾਵਨਾ ਨਾਲ ਸਫਲਤਾਪੂਰਵਕ ਸੰਪੰਨ ਹੋਇਆ।

ਇਸ ਪਾਵਨ ਕਥਾ ਦਾ ਰਸਭਰਿਆ ਵਚਨ ਵਿਸ਼ਵ ਪ੍ਰਸਿੱਧ ਆਚਾਰਯ ਸ਼੍ਰੀ ਗੌਰਵ ਕ੍ਰਿਸ਼ਨ ਗੋਸਵਾਮੀ ਜੀ ਵੱਲੋਂ ਕੀਤਾ ਗਿਆ, ਜਿਨ੍ਹਾਂ ਨੇ ਸੰਗਤਾਂ ਨੂੰ ਭਗਤੀ ਰਸ ਵਿੱਚ ਡੁੱਬੋ ਦਿੱਤਾ। ਸਮਾਗਮ ਦੌਰਾਨ ਉਨ੍ਹਾਂ ਨੇ ਪ੍ਰਭੂ ਦੇ ਭਜਨਾਂ ਅਤੇ ਕਥਾ ਰਾਹੀਂ ਸੁਨਾਮ ਨੂੰ ਦੂਜਾ ਵ੍ਰਿੰਦਾਵਨ ਧਾਮ ਬਣਾ ਦਿੱਤਾ।

ਇਸ ਪਾਵਨ ਸਮਾਗਮ ਵਿੱਚ ਕੈਬਿਨੇਟ ਮੰਤਰੀ ਪੰਜਾਬ ਸ਼੍ਰੀ ਅਮਨ ਅਰੋੜਾ ਨੇ ਮੁੱਖ ਅਤੀਥੀ ਵਜੋਂ ਸ਼ਿਰਕਤ ਕੀਤੀ। ਸਮਿਤੀ ਵੱਲੋਂ ਉਨ੍ਹਾਂ ਦਾ ਧੰਨਵਾਦ ਕਰਦਿਆਂ ਕਿਹਾ ਗਿਆ ਕਿ ਉਨ੍ਹਾਂ ਦੇ ਸਹਿਯੋਗ ਨਾਲ ਇਹ ਭਵਿਆ ਸਮਾਗਮ ਸਫਲ ਹੋ ਸਕਿਆ। ਇਸ ਮੌਕੇ ਤੇ ਸ਼੍ਰੀਮਤੀ ਦਮਨ ਥਿੰਦ ਬਾਜਵਾ, ਸ਼੍ਰੀ ਵਿਨਰਜੀਤ ਸਿੰਘ ਗੋਲਡੀ, ਸ਼੍ਰੀ ਜਸਵਿੰਦਰ ਧੀਮਾਨ, ਸ਼੍ਰੀਮਤੀ ਗੀਮਾ ਸ਼ਰਮਾ ਅਤੇ ਸ਼੍ਰੀ ਰਜਿੰਦਰ ਦੀਪਾ ਨੇ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ।

ਮੀਟਿੰਗ ਦੌਰਾਨ ਦੱਸਿਆ ਗਿਆ ਕਿ ਸਮਾਗਮ ਵਿੱਚ ਹਰ ਰੋਜ਼ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਹਾਜ਼ਰੀ ਲਗਾ ਕੇ ਧਾਰਮਿਕ ਲਾਭ ਪ੍ਰਾਪਤ ਕੀਤਾ। ਹਰ ਪੜਾਅ 'ਤੇ ਸ਼ਰਧਾ ਅਤੇ ਉਤਸ਼ਾਹ ਦਾ ਵਿਸ਼ੇਸ਼ ਮਾਹੌਲ ਦੇਖਣ ਨੂੰ ਮਿਲਿਆ। ਕਥਾ ਸਥਲ 'ਤੇ ਬਿਹਤਰੀਨ ਪ੍ਰਬੰਧ, ਬੈਠਣ ਦੀ ਸੁਵਿਧਾ, ਸਫਾਈ ਅਤੇ ਸੇਵਾਦਾਰਾਂ ਦੀ ਲਗਨ ਨੇ ਸਭ ਦਾ ਮਨ ਮੋਹ ਲਿਆ। ਸਮਾਗਮ ਦੀ ਸਫਲਤਾ ਤੋਂ ਬਾਅਦ ਸੰਸਥਾ ਵੱਲੋਂ ਸਾਰੇ ਮੈਂਬਰਾਂ, ਸੇਵਾਦਾਰਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਗਿਆ ਅਤੇ ਉਨ੍ਹਾਂ ਦਾ ਸਨਮਾਨ ਵੀ ਕੀਤਾ ਗਿਆ। ਮੁੱਖ ਯਜਮਾਨ ਸ਼੍ਰੀ ਰਾਜਨ ਸਿੰਗਲਾ ਅਤੇ ਸੀ.ਏ. ਦੀਪਕ ਗੋਯਲ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

ਇਸ ਤੋਂ ਇਲਾਵਾ ਸੰਯੋਜਕ ਵੀ.ਬੀ. ਇੰਫਰਾ ਅਤੇ ਬੀ.ਜੀ. ਇੰਫਰਾ ਦਾ ਵੀ ਧੰਨਵਾਦ ਕੀਤਾ ਗਿਆ। ਮੰਡੀ ਦੇ ਸੁਚਾਰੂ ਪ੍ਰਬੰਧ ਲਈ ਮਾਰਕਿਟ ਕਮੇਟੀ ਦੇ ਚੇਅਰਮੈਨ ਸ਼੍ਰੀ ਮੁਕੇਸ਼ ਜੁਨੇਜਾ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਸੰਸਥਾ ਵੱਲੋਂ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦਾ ਵੀ ਸਹਿਯੋਗ ਲਈ ਧੰਨਵਾਦ ਕੀਤਾ ਗਿਆ।

ਸੰਸਥਾਪਕ ਅਮਿਤ ਕੌਸ਼ਲ, ਪ੍ਰਧਾਨ ਕਰੁਣ ਬਾਂਸਲ, ਚੇਅਰਮੈਨ ਰਾਜੀਵ ਮੱਖਣ, ਸਕੱਤਰ ਰਾਜੇਸ਼ ਅਗਰਵਾਲ, ਡਾ. ਮਨੋਜ ਸਿੰਗਲਾ ਅਤੇ ਯਸ਼ਪਾਲ ਮੰਗਲਾ ਨੇ ਕਿਹਾ ਕਿ ਇਹ ਸਫਲਤਾ ਸੰਗਤਾਂ ਦੇ ਵਿਸ਼ਵਾਸ ਅਤੇ ਸੇਵਾਦਾਰਾਂ ਦੀ ਨਿਸ਼ਕਾਮ ਸੇਵਾ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਪਿਆਰ ਅਤੇ ਸਹਿਯੋਗ ਭਵਿੱਖ ਵਿੱਚ ਹੋਰ ਵੱਡੇ ਧਾਰਮਿਕ ਅਤੇ ਸਮਾਜਿਕ ਪ੍ਰੋਗਰਾਮ ਕਰਨ ਲਈ ਪ੍ਰੇਰਿਤ ਕਰਦਾ ਹੈ।

ਮੀਟਿੰਗ ਦੌਰਾਨ ਕਰੁਣ ਬਾਂਸਲ ਨੇ ਆਏ ਹੋਏ ਮੈਂਬਰਾਂ ਦਾ ਸਵਾਗਤ ਕੀਤਾ ਅਤੇ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਯਸ਼ਪਾਲ ਮੰਗਲਾ, ਜਗਦੀਪ ਭਾਰਦਵਾਜ, ਰਾਜੀਵ ਬਾਂਸਲ ਮੱਖਣ, ਡਾ. ਮਨੋਜ ਸਿੰਗਲਾ, ਸੌਰਭ ਜੈਨ, ਦੇਵਿੰਦਰਪਾਲ ਸਿੰਘ ਰਿੰਪੀ, ਰਾਜੇਸ਼ ਅਗਰਵਾਲ, ਇੰਜੀਨੀਅਰ ਰਾਜੇਸ਼ ਗਗ ਸਮੇਤ ਕਈ ਮੈਂਬਰਾਂ ਨੇ ਆਪਣੇ ਵਿਚਾਰ ਪ੍ਰਗਟ ਕੀਤੇ।

ਸਭ ਮੈਂਬਰਾਂ ਨੇ ਇਕਜੁੱਟ ਹੋ ਕੇ ਇਸ ਸਮਾਗਮ ਨੂੰ ਸਫਲ ਬਣਾਉਣ ਵਿੱਚ ਆਪਣਾ ਯੋਗਦਾਨ ਦਿੱਤਾ, ਜਿਸ ਲਈ ਉਨ੍ਹਾਂ ਦਾ ਸਨਮਾਨ ਕੀਤਾ ਗਿਆ।

ਇਸ ਮੌਕੇ ਮੁਕੇਸ਼ ਜੁਨੇਜਾ, ਨਵੀਨ ਗਰਗ, ਦੀਪਕ ਕਾਂਸਲ, ਦੀਪਕ ਜੈਨ, ਵਿਜੇ ਦਿਰਬਾ, ਅਸ਼ੋਕ ਕਾਂਸਲ, ਰਾਜੇਸ਼ ਬਾਂਸਲ, ਰਾਜੇਸ਼ ਗਰਗ, ਰਚਿਨ ਗੁਪਤਾ, ਸੁਨੀਲ ਜੈਨ, ਰਾਕੇਸ਼ ਅਰੋੜਾ, ਅਰਪਿਤ ਕਾਂਸਲ, ਸ਼੍ਰੀਧਰ ਗਰਗ, ਰਾਹੁਲ ਗਰਗ, ਗਿਰਜੇਸ਼ ਮਿਸ਼ਰਾ, ਕਰੁਣ ਗੋਯਲ, ਨਰਿੰਦਰ ਗਰਗ, ਪੁਨੀਤ ਮਿੱਤਲ, ਰਾਕੇਸ਼ ਮੁੰਜਾਲ, ਹੈਪੀ ਗੇਰਾ, ਸੰਦੀਪ ਜੋਨੀ, ਅਮਿਤ ਗਰਗ, ਵਿਵੇਕ ਸਿੰਗਲਾ, ਦੀਪਿੰਦਰ ਜੋਸ਼ੀ, ਮੁਨੀਸ਼ ਖੇਰਾ, ਗੋਲਡੀ, ਸ਼ਿਆਮ ਸੁੰਦਰ, ਅਖਿਲ ਜਿੰਦਲ ਆਦਿ ਹਾਜ਼ਰ ਰਹੇ।

# ਮਾਨ ਸਰਕਾਰ ਨੇ ਪੰਜਾਬ ਦੇ ਕਲਾਸਰੂਮਾਂ ਨੂੰ ਭਵਿੱਖਮੁਖੀ ਬਣਾਇਆ, ਏਆਈ ਹੈਕਾਥੌਨ ਦੌਰਾਨ 1000 ਤੋਂ ਵੱਧ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਅਤਿ : ਆਧੁਨਿਕ ਤਕਨਾਲੋਜੀ ਦੀ ਸਿਖਲਾਈ

**ਚੰਡੀਗੜ੍ਹ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**




ਸਕੂਲੀ ਸਿੱਖਿਆ ਵਿੱਚ ਨਿਵੇਕਲੀਆਂ ਤਕਨੀਕਾਂ ਨੂੰ ਸ਼ਾਮਲ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਏਆਈ ਹੈਕਾਥੌਨ ਕਰਵਾਈ ਗਈ, ਜੋ ਆਪਣੀ ਕਿਸਮ ਦੇ ਪਹਿਲੇ ਪਾਇਲਟ ਪ੍ਰੋਜੈਕਟ ਦਾ ਗ੍ਰੈਂਡ ਫਿਨਾਲੇ ਹੋ ਨਿਬੜੀ। ਇਸ ਪ੍ਰਾਜੈਕਟ ਦਾ ਉਦੇਸ਼ ਵਿਦਿਆਰਥੀਆਂ ਦਰਮਿਆਨ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) ਹੁਨਰਾਂ ਨੂੰ ਉਤਸ਼ਾਹਿਤ ਕਰਨਾ ਹੈ। ਇਹ ਪ੍ਰੋਜੈਕਟ ਫਸਟ ਅਕੈਡਮੀ ਆਫ ਆਰਟੀਫੀਸ਼ੀਅਲ ਇੰਟੈਲੀਜੈਂਸ (ਐਫਏਏਆਈ) ਅਤੇ ਸਕਿੱਲੀਅਰੀਅਮ ਦੇ ਸਹਿਯੋਗ ਨਾਲ ਸ਼ੁਰੂ ਕੀਤਾ ਗਿਆ, ਜਿਸ ਤਹਿਤ ਪੰਜਾਬ ਭਰ ਦੇ 22 ਸਕੂਲਾਂ ਦੇ 1,000 ਤੋਂ ਵੱਧ ਵਿਦਿਆਰਥੀ ਅਤੇ 22 ਅਧਿਆਪਕ ਨੇ ਸਿਖਲਾਈ ਪ੍ਰਾਪਤ ਕੀਤੀ।

ਪੀਐਸਈਬੀ ਅਤੇ ਇਸ ਪ੍ਰੋਗਰਾਮ ਵਿੱਚ ਜੇਤੂ ਰਹਿਣ ਵਾਲਿਆਂ ਨੂੰ ਵਧਾਈ ਦਿੰਦਿਆਂ ਸਕੂਲ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਕਿਹਾ, ਨੌਜਵਾਨ ਸਿਖਿਆਰਥੀਆਂ ਵਿੱਚ ਨਵੀਨਤਾ, ਤਕਨੀਕੀ ਹੁਨਰ, ਰਚਨਾਤਮਕਤਾ ਅਤੇ ਲੀਡਰਸ਼ਿਪ ਗੁਣਾਂ ਨੂੰ ਉਤਸ਼ਾਹਿਤ ਕਰਨ ਲਈ ਤਿਆਰ ਕੀਤੇ ਗਏ ਇਸ ਪ੍ਰਾਜੈਕਟ ਤਹਿਤ ਵਿਦਿਆਰਥੀਆਂ ਨੂੰ ਭਵਿੱਖ ਦੇ ਉੱਦਮੀ ਬਣਨ ਲਈ ਉਤਸ਼ਾਹਿਤ ਕੀਤਾ ਗਿਆ। ਇਹ ਪਹਿਲ ਏਆਈ ਆਧਾਰਤ ਐਪਲੀਕੇਸ਼ਨਾਂ ਦੀ ਪ੍ਰਭਾਵਸ਼ਾਲੀ ਵਰਤੋਂ ਲਈ ਤਕਨੀਕੀ ਹੁਨਰ ਪ੍ਰਦਾਨ ਕਰਨ 'ਤੇ ਕੇਂਦ੍ਰਿਤ ਰਹੀ, ਜਿਸ ਤਹਿਤ ਏਆਈ ਮਾਹਰਾਂ ਵੱਲੋਂ ਵਿਦਿਆਰਥੀਆਂ ਲਈ 12 ਹਫ਼ਤਿਆਂ ਦੀਆਂ ਲਾਈਵ, ਇੰਟਰਐਕਟਿਵ ਆਨਲਾਈਨ ਕਲਾਸਾਂ ਲਗਾਈਆਂ ਗਈਆਂ।

ਮੰਤਰੀ ਨੇ ਦੱਸਿਆ ਕਿ ਸਿੱਖਿਆ ਵਿਭਾਗ ਵੱਲੋਂ ਆਉਣ ਵਾਲੇ ਅਕਾਦਮਿਕ ਸੈਸ਼ਨ ਵਿੱਚ ਏਆਈ ਹੁਨਰ ਵਿਕਾਸ ਪ੍ਰੋਗਰਾਮ ਤਹਿਤ ਸੂਬੇ ਭਰ ਦੇ ਹੋਰ ਸਕੂਲਾਂ ਨੂੰ ਸ਼ਾਮਲ ਕਰਨ ਦੀ ਯੋਜਨਾ ਹੈ। ਇਹ ਸਿਰਫ਼ ਇੱਕ ਮੁਕਾਬਲਾ ਨਹੀਂ ਸਗੋਂ ਸਾਡੇ ਬੱਚਿਆਂ ਨੂੰ ਭਵਿੱਖ ਲਈ ਤਿਆਰ ਦਾ ਤਹੱਈਆ ਹੈ। ਏਆਈ ਹੁਣ ਕੋਈ ਭਵਿੱਖੀ ਵਿਸ਼ਾ ਨਹੀਂ ਹੈ।

ਇਹ ਅਜੋਕੀ ਭਾਸ਼ਾ ਹੈ। ਇਸ ਪਾਇਲਟ ਪ੍ਰੋਜੈਕਟ ਅਤੇ ਹੈਕਾਥੌਨ ਰਾਹੀਂ ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਤਕਨੀਕੀ ਕ੍ਰਾਂਤੀ ਵਿੱਚ ਕਿਸੇ ਪੱਖੋਂ ਵੀ ਪਿੱਛੇ ਨਾ ਰਹਿਣ।

ਉਨ੍ਹਾਂ ਕਿਹਾ ਕਿ ਏਆਈ ਹੈਕਾਥੌਨ ਵਿਦਿਆਰਥੀਆਂ ਦੇ ਤਕਨੀਕੀ ਹੁਨਰ ਵਿੱਚ ਵਾਧਾ ਕਰੇਗੀ ਅਤੇ ਨਵੀਨਤਾ ਦੇ ਰੁਝਾਨ ਨੂੰ ਉਤਸ਼ਾਹਿਤ ਕਰੇਗੀ। ਅੱਜ ਅਸੀਂ ਜਿਸ ਉਤਸ਼ਾਹ ਅਤੇ ਗੁਣਵੱਤਾ ਵਾਲੇ ਪ੍ਰੋਜੈਕਟ ਨੂੰ ਦੇਖਿਆ ਹੈ, ਉਸ ਨਾਲ ਇਹ ਸਾਬਤ ਹੁੰਦਾ ਹੈ ਕਿ ਜਦੋਂ ਵਿਦਿਆਰਥੀਆਂ ਨੂੰ ਯੋਗ ਅਗਵਾਈ ਅਤੇ ਮੌਕੇ ਪ੍ਰਦਾਨ ਕੀਤੇ ਜਾਂਦੇ ਹਨ ਤਾਂ ਉਹ ਉੱਚ ਪੱਧਰ 'ਤੇ ਬਿਹਤਰ ਢੰਗ ਨਾਲ ਮੁਕਾਬਲਾ ਕਰਨ ਦੇ ਯੋਗ ਹਨ। ਇਹ ਸਿਰਫ਼ ਸ਼ੁਰੂਆਤ ਹੈ। ਇਸ ਸਮਾਗਮ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਤਕਨੀਕੀ ਸਿੱਖਿਆ ਪ੍ਰਤੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ ਹੈ।

ਪੀਐਸਈਬੀ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਨੇ ਕਿਹਾ, ਏਆਈ ਹੈਕਾਥੌਨ ਵਿੱਚ 20 ਸਕੂਲਾਂ ਦੇ ਵਿਦਿਆਰਥੀ ਸ਼ਾਮਲ ਹੋਏ, ਜਿਸ ਵਿੱਚ 60 ਵਿਦਿਆਰਥੀਆਂ (ਹਰੇਕ ਸਕੂਲ ਤੋਂ ਤਿੰਨ) ਨੇ ਮੁਕਾਬਲੇ ਵਿੱਚ ਹਿੱਸਾ ਲਿਆ। ਹਰੇਕ ਟੀਮ ਨੂੰ ਆਪਣੇ ਨਵੀਨਤਾਕਾਰੀ ਪ੍ਰੋਜੈਕਟ ਪੇਸ਼ ਕਰਨ ਲਈ ਇੱਕ ਘੰਟੇ ਦਾ ਸਮਾਂ ਦਿੱਤਾ ਗਿਆ, ਜਿਸਦਾ ਮੁਲਾਂਕਣ ਏਆਈ ਮਾਹਿਰਾਂ ਦੇ ਇੱਕ ਪੈਨਲ ਵੱਲੋਂ ਕੀਤਾ ਗਿਆ। ਭਾਗ ਲੈਣ ਵਾਲੀਆਂ ਟੀਮਾਂ ਨੇ ਤਕਨੀਕੀ ਨਵੀਨਤਾ, ਵੀਡੀਓ ਬਣਾਉਣ, ਕਾਰੋਬਾਰੀ ਯੋਜਨਾਬੰਦੀ ਅਤੇ ਵੈੱਬ ਡਿਵੈਲਪਮੈਂਟ ਵਰਗੇ ਖੇਤਰਾਂ ਵਿੱਚ ਆਪਣੀ ਮੁਹਾਰਤ ਦਾ ਪ੍ਰਦਰਸ਼ਨ ਕੀਤਾ ਅਤੇ ਆਧੁਨਿਕ ਇਨ੍ਹਾਂ ਖੇਤਰਾਂ ਲਈ ਏਆਈ ਟੂਲਸ ਦੀ ਪ੍ਰਭਾਵਸ਼ਾਲੀ ਢੰਗ ਨਾਲ ਵਰਤੋਂ ਕੀਤੀ।

ਉਨ੍ਹਾਂ ਕਿਹਾ ਕਿ ਚੋਟੀ ਦੀਆਂ ਤਿੰਨ ਟੀਮਾਂ ਨੂੰ ਸਰਟੀਫਿਕੇਟਾਂ ਸਮੇਤ ਨਕਦ ਇਨਾਮ ਦਿੱਤੇ ਗਏ। 11,000 ਰੁਪਏ ਦਾ ਪਹਿਲਾ ਇਨਾਮ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਆਦਰਸ਼ ਸੀਨੀਅਰ ਸੈਕੰਡਰੀ ਸਕੂਲ, ਖਟਕੜ ਕਲਾਂ (ਐਸ.ਬੀ.ਐਸ. ਨਗਰ) ਨੇ ਜਿੱਤਿਆ ਜਦਕਿ 5,100 ਰੁਪਏ ਦਾ ਦੂਜਾ ਇਨਾਮ ਰਵਿੰਦਰ ਖੁੱਲਰ ਮੈਮੋਰੀਅਲ ਜੀ.ਐਮ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਮਾਡਲ ਟਾਊਨ (ਜਲੰਧਰ) ਨੇ ਹਾਸਲ ਕੀਤਾ ਅਤੇ 3,100 ਰੁਪਏ ਦਾ ਤੀਜਾ ਇਨਾਮ ਸ਼ਹੀਦ ਊਧਮ ਸਿੰਘ ਵਾਲਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ), ਸੁਨਾਮ ਊਧਮ ਸਿੰਘ ਵਾਲਾ (ਸੰਗਰੂਰ) ਨੇ ਜਿੱਤਿਆ।

ਚੇਅਰਮੈਨ ਨੇ ਦੱਸਿਆ ਕਿ ਜੀ.ਟੀ.ਬੀ. ਖਾਲਸਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਦਸੂਹਾ (ਹੁਸ਼ਿਆਰਪੁਰ) ਨੂੰ 3,100 ਰੁਪਏ ਦਾ ਹੌਸਲਾ-ਵਧਾਊ ਇਨਾਮ ਦਿੱਤਾ ਗਿਆ। ਕੁੜੀਆਂ ਦੀ ਸ਼੍ਰੇਣੀ ਵਿੱਚ, ਸਰਕਾਰੀ ਗਰਲਜ਼ ਸੀਨੀਅਰ ਸੈਕੰਡਰੀ ਸਕੂਲ, ਮੰਡੀ ਗੋਬਿੰਦਗੜ੍ਹ (ਫ਼ਤਹਿਗੜ੍ਹ ਸਾਹਿਬ) ਨੂੰ ਵੀ 3,100 ਰੁਪਏ ਦਾ ਹੌਸਲਾ-ਵਧਾਊ ਇਨਾਮ ਦਿੱਤਾ ਗਿਆ।

# ਭਗਵੰਤ ਮਾਨ ਸਰਕਾਰ ਨੇ ਸਿੱਖਿਆ ਖੇਤਰ ਅਤੇ ਭਲਾਈ ਸਕੀਮਾਂ ਦਾ ਕੀਤਾ ਵਿਸਥਾਰ, ਹਰ ਜ਼ਿਲ੍ਹੇ ਤੱਕ ਸਕਾਲਰਸ਼ਿਪ ਅਤੇ ਨਵੇਂ ਮੌਕਿਆਂ ਦੀ ਪਹੁੰਚ ਬਣਾਈ ਯਕੀਨੀ : ਡਾ. ਬਲਜੀਤ ਕੌਰ




**ਚੰਡੀਗੜ੍ਹ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਮਾਜਿਕ ਨਿਆਂ, ਸਸ਼ਕਤੀਕਰਨ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਦੱਸਿਆ ਕਿ ਭਗਵੰਤ ਮਾਨ ਸਰਕਾਰ ਨੇ ਵਿਦਿਅਕ ਸਸ਼ਕਤੀਕਰਨ ਵੱਲ ਵੱਡਾ ਕਦਮ ਚੁੱਕਦਿਆਂ ਪੰਜਾਬ ਦੇ ਅਨੁਸੂਚਿਤ ਜਾਤੀ ਅਤੇ ਹੋਰ ਵਿਦਿਆਰਥੀਆਂ ਲਈ ਵਜ਼ੀਫ਼ੇ ਵੰਡਣ ਵਿੱਚ ਕੌਮੀ ਪੱਧਰ 'ਤੇ ਦੂਜਾ ਸਥਾਨ ਪ੍ਰਾਪਤ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਇਸ ਤੋਂ ਇਲਾਵਾ ਸਰਕਾਰ ਵੱਲੋਂ ਪੂਰੀ ਸਰਗਰਮੀ ਨਾਲ ਹਰ ਜ਼ਿਲ੍ਹੇ ਅਤੇ ਲਾਭਪਾਤਰੀ ਤੱਕ ਭਲਾਈ ਸਕੀਮਾਂ ਪਹੁੰਚਾਈਆਂ ਜਾ ਰਹੀਆਂ ਹਨ।

ਮੋਹਾਲੀ ਦੇ ਕਾਲਕਟ ਭਵਨ ਵਿਖੇ ਛੇ ਜ਼ਿਲ੍ਹਿਆਂ ਨੂੰ ਕਵਰ ਕਰਨ ਲਈ ਟੂਲ ਕਿੱਟ ਵੰਡ ਅਤੇ ਜਾਗਰੂਕਤਾ ਪ੍ਰੋਗਰਾਮ ਦੀ ਪ੍ਰਧਾਨਗੀ ਕਰਦਿਆਂ ਮੰਤਰੀ ਡਾ. ਬਲਜੀਤ ਕੌਰ ਨੇ ਮੌਜੂਦਾ ਸਰਕਾਰ ਦੇ ਸਮੇਂ ਦੌਰਾਨ ਹੋਈ ਵਿਦਿਅਕ ਪ੍ਰਗਤੀ ਬਾਰੇ ਦੱਸਦਿਆਂ ਕਿਹਾ, "ਪੰਜਾਬ ਨੇ ਅਨੁਸੂਚਿਤ ਜਾਤੀ ਅਤੇ ਹੋਰ ਵਿਦਿਆਰਥੀਆਂ ਨੂੰ ਸਿੱਖਿਆ ਵੱਲ ਹੋਰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਵਜ਼ੀਫ਼ੇ ਵੰਡਣ ਵਿੱਚ ਕੌਮੀ ਪੱਧਰ 'ਤੇ ਦੂਜਾ ਸਥਾਨ ਪ੍ਰਾਪਤ ਕੀਤਾ ਹੈ। ਭਗਵੰਤ ਮਾਨ ਸਰਕਾਰ ਦੇ ਕਾਰਜਕਾਲ ਦੌਰਾਨ ਲਗਭਗ 10 ਲੱਖ ਵਿਦਿਆਰਥੀਆਂ ਨੇ ਆਪਣੇ ਮਨਚਾਹੇ ਖੇਤਰਾਂ ਵਿੱਚ ਸਿੱਖਿਆ ਪ੍ਰਾਪਤ ਕੀਤੀ ਹੈ।"

ਭਗਵੰਤ ਮਾਨ ਸਰਕਾਰ ਦੇ ਹੁਨਰ ਵਿਕਾਸ ਅਤੇ ਸਵੈ-ਨਿਰਭਰਤਾ 'ਤੇ ਧਿਆਨ ਕੇਂਦਰਿਤ ਕਰਨ ਬਾਰੇ ਦੱਸਦਿਆਂ ਉਨ੍ਹਾਂ ਕਿਹਾ, " ਆਈ.ਟੀ.ਆਈ. ਦੇ ਸਿਖਿਆਰਥੀਆਂ ਨੂੰ ਟੂਲ ਕਿੱਟਾਂ ਦੀ ਵੰਡ , ਐਸ.ਸੀ. ਵਿਦਿਆਰਥੀਆਂ ਲਈ ਮੁਫਤ ਪਾਠ-ਪੁਸਤਕਾਂ ਅਤੇ ਟੂਲ ਕਿੱਟਾਂ ਯੋਜਨਾ ਦਾ ਹਿੱਸਾ ਹੈ , ਜੋ 100 ਫੀਸਦੀ ਪੰਜਾਬ ਸਰਕਾਰ ਵੱਲੋਂ ਫੰਡਡ ਹੈ। ਇਸ ਪਹਿਲਕਦਮੀ ਤਹਿਤ ਪਹਿਲੇ ਪੜਾਅ ਵਿੱਚ ਐਸ.ਏ.ਐਸ. ਨਗਰ, ਰੂਪਨਗਰ, ਸ਼ਹੀਦ ਭਗਤ ਸਿੰਘ ਨਗਰ, ਪਟਿਆਲਾ, ਫਤਿਹਗੜ੍ਹ ਸਾਹਿਬ ਅਤੇ ਲੁਧਿਆਣਾ ਦੇ 630 ਵਿਦਿਆਰਥੀ ਨੂੰ ਕਵਰ ਕਰਦਿਆਂ ਸੂਬੇ ਦੀਆਂ 32 ਸਰਕਾਰੀ ਆਈ.ਟੀ.ਆਈ.ਦੇ ਕੁੱਲ 1506 ਵਿਦਿਆਰਥੀ ਲਾਭ ਹਾਸਲ ਕਰਨਗੇ।

ਇਸ ਵਿਸ਼ੇਸ਼ ਪਹਿਲਕਦਮੀ ਦੀ ਅਹਿਮੀਅਤ 'ਤੇ ਜ਼ੋਰ ਦਿੰਦੇ ਹੋਏ ਮੰਤਰੀ ਡਾ. ਬਲਜੀਤ ਕੌਰ ਨੇ ਅੱਗੇ ਕਿਹਾ, "ਇਸ ਪਹਿਲਕਦਮੀ ਦਾ ਮੁੱਖ ਉਦੇਸ਼ ਨੌਜਵਾਨਾਂ ਵਿੱਚ ਉੱਦਮਤਾ ਨੂੰ ਉਤਸ਼ਾਹਿਤ ਕਰਕੇ ਹੁਨਰ-ਅਧਾਰਤ ਰੁਜ਼ਗਾਰ ਰਾਹੀਂ ਵੱਡੇ ਟੀਚੇ ਹਾਸਲ ਕਰਨ ਵੱਲ ਪ੍ਰੇਰਿਤ ਕਰਨਾ ਹੈ।"

ਭਲਾਈ ਸਕੀਮਾਂ ਦੀ ਕਵਰੇਜ ਦੇ ਵਿਸਥਾਰ ਬਾਰੇ ਦੱਸਦਿਆਂ ਉਨ੍ਹਾਂ ਕਿਹਾ, "ਪਹਿਲਾਂ ਪੰਜਾਬ ਦੇ ਸਿਰਫ਼ ਦੋ ਜ਼ਿਲ੍ਹੇ ਭਾਰਤ ਸਰਕਾਰ ਦੇ ਘੱਟ ਗਿਣਤੀ ਸਕਾਲਰਸ਼ਿਪ ਪ੍ਰੋਗਰਾਮ ਦਾ ਲਾਭ ਲੈਣ ਦੇ ਯੋਗ ਸਨ, ਪਰ ਪੰਜਾਬ ਸਰਕਾਰ ਦੇ ਨਿਰੰਤਰ ਯਤਨਾਂ ਸਦਕਾ ਇਸ ਯੋਜਨਾ ਨੂੰ ਹੁਣ ਸਾਰੇ ਜ਼ਿਲ੍ਹਿਆਂ ਵਿੱਚ ਵਧਾ ਦਿੱਤਾ ਗਿਆ ਹੈ।"

ਇਨ੍ਹਾਂ ਯਤਨਾਂ ਦੀ ਅਗਵਾਈ ਕਰਨ ਵਾਲੀ ਡੂੰਘੀ ਸਮਾਜਿਕ ਚੇਤਨਾ ਦਾ ਜ਼ਿਕਰ ਕਰਦਿਆਂ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ, "ਬਾਬਾ ਸਾਹਿਬ ਅੰਬੇਡਕਰ ਵਰਗੇ ਸਮਾਜ ਸੁਧਾਰਕਾਂ ਅਤੇ ਸਿੱਖ ਧਰਮ ਦੀਆਂ ਸਿੱਖਿਆਵਾਂ ਨੇ ਜਾਤ ਦੇ ਆਧਾਰ 'ਤੇ ਵਿਤਕਰੇ ਨੂੰ ਖਤਮ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ ਅਤੇ ਪੰਜਾਬ ਸਰਕਾਰ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨੂੰ ਉੱਚਾ ਚੁੱਕਣ ਲਈ ਵਚਨਬੱਧ ਹੈ।"

ਵਿਧਾਇਕ ਕੁਲਵੰਤ ਸਿੰਘ ਅਤੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਵੀ ਇਸ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਕਿਹਾ, "ਟੂਲ ਕਿੱਟਾਂ ਆਈ.ਟੀ.ਆਈ. ਸਿਖਿਆਰਥੀਆਂ ਨੂੰ ਸਵੈ-ਨਿਰਭਰ ਬਣਨ ਅਤੇ ਸਨਮਾਨ ਨਾਲ ਜੀਵਨ ਜਿਊਣ ਵਿੱਚ ਮਦਦ ਕਰਨਗੀਆਂ। ਪੰਜਾਬ ਸਰਕਾਰ ਸਾਰਿਆਂ ਨੂੰ ਮਿਆਰੀ ਸਿੱਖਿਆ ਅਤੇ ਸਿਹਤ ਸੰਭਾਲ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ।"

ਪ੍ਰਮੁੱਖ ਸਕੱਤਰ ਵੀ. ਕੇ. ਮੀਨਾ ਨੇ ਵਿਸਥਾਰ ਨਾਲ ਵਿਭਾਗ ਦੀਆਂ ਵੱਖ-ਵੱਖ ਭਲਾਈ ਯੋਜਨਾਵਾਂ ਤੋਂ ਜਾਣੂ ਕਰਵਾਇਆ, ਜਦਕਿ ਡਾਇਰੈਕਟਰ ਵਿੰਮੀ ਭੁੱਲਰ ਨੇ ਮੌਜੂਦ ਪਤਵੰਤਿਆਂ ਦਾ ਸਵਾਗਤ ਕੀਤਾ ਅਤੇ ਯੋਜਨਾ ਦੇ ਮੁੱਖ ਪਹਿਲੂਆਂ 'ਤੇ ਚਾਨਣਾ ਪਾਇਆ।

ਏ.ਡੀ.ਸੀ. (ਪੇਂਡੂ ਵਿਕਾਸ) ਸੋਨਮ ਚੌਧਰੀ ਨੇ ਧੰਨਵਾਦ ਕੀਤਾ ਅਤੇ ਕਮਜ਼ੋਰ ਵਰਗਾਂ ਲਈ ਭਲਾਈ ਯੋਜਨਾਵਾਂ ਨੂੰ ਪ੍ਰਭਾਵੀ ਢੰਗ ਨਾਲ ਲਾਗੂ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਦੀ ਵਚਨਬੱਧਤਾ ਦੁਹਰਾਈ।

# ਵਪਾਰੀਆਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕਰਨ ਲਈ ਵਚਨਬੱਧ ਪੰਜਾਬ ਸਰਕਾਰ : ਨੀਨਾ ਮਿੱਤਲ

**ਰਾਜਪੁਰਾ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**




ਟ੍ਰੇਡਰ ਕਮਿਸ਼ਨ ਦੀ ਹਲਕਾ ਰਾਜਪੁਰਾ ਦੇ ਵਪਾਰੀਆਂ ਨਾਲ ਮਹਿੰਦਰ ਗੰਜ ਬਾਜ਼ਾਰ ਪੁਰਾਣਾ ਬੱਸ ਸਟੈਂਡ ਮਾਰਕਿਟ ਰਾਜਪੁਰਾ ਵਿੱਚ ਟ੍ਰੇਡਰ ਕਮਿਸ਼ਨ ਦੇ ਚੇਅਰਮੈਨ ਟਿੰਕੂ ਬਾਂਸਲ ਦੀ ਅਗਵਾਈ ਵਿੱਚ ਮੀਟਿੰਗ ਹੋਈ।

ਇਸ ਮੀਟਿੰਗ ਵਿੱਚ ਐਮਐਲ ਏ ਨੀਨਾ ਮਿੱਤਲ ਅਤੇ ਟ੍ਰੇਡਰ ਕਮਿਸ਼ਨ ਦੇ ਜ਼ਿਲ੍ਹਾ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੋਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਹੇਠਲੇ ਪੱਧਰ 'ਤੇ ਹੀ ਤੁਰੰਤ ਹੱਲ ਕਰਨ ਲਈ ਵਚਨਬੱਧ ਹੈ। ਧਮੋਲੀ ਨੇ ਕਿਹਾ ਹੈ ਭਗਵੰਤ ਮਾਨ ਸਰਕਾਰ ਵਪਾਰੀਆਂ ਦੇ ਹਿਤਾਂ ਦੀ ਰਾਖੀ ਲਈ ਤਤਪਰ ਹੈ।ਇਸ ਮੀਟਿੰਗ ਵਿੱਚ ਵਪਾਰੀਆਂ ਨੇ ਆਪਣੀ ਸਮੱਸਿਆਵਾਂ ਦੱਸੀਆਂ, ਜਿਸ 'ਤੇ ਐੱਸ ਡੀ ਐੱਮ ਨਮਨ ਮਾਰਕਨ ਅਤੇ ਡੀ ਐੱਸ ਪੀ ਮਨਜੀਤ ਸਿੰਘ ਨੇ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ ਕਿ ਉਹ ਰਾਜਪੁਰਾ ਦੇ ਬਜ਼ਾਰਾਂ ਵਿੱਚ ਆ ਰਹੀਆਂ ਸਮੱਸਿਆਵਾਂ ਨੂੰ ਹੱਲ ਕਰਨ। ਵਪਾਰੀਆਂ ਨੇ ਸਫ਼ਾਈ ਪ੍ਰਬੰਧ, ਟ੍ਰੈਫਿਕ ਸਮੱਸਿਆਵਾਂ, ਪਾਰਕਿੰਗ ਦੀ ਕਮੀ ਤੇ ਬੁਨਿਆਦੀ ਢਾਂਚੇ ਦੇ ਸੁਧਾਰ ਸਬੰਧੀ ਆਪਣੀਆਂ ਚਿੰਤਾਵਾਂ ਰੱਖੀਆਂ।ਟ੍ਰੇਡਰ ਕਮਿਸ਼ਨ ਦੇ ਚੇਅਰਮੈਨ ਟਿੰਕੂ ਬਾਂਸਲ ਨੇ ਵਪਾਰੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ ਅਤੇ ਸੰਬੰਧਤ ਵਿਭਾਗਾਂ ਨੂੰ ਤੁਰੰਤ ਕਾਰਵਾਈ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।ਬੈਠਕ ਦੌਰਾਨ ਐਡਵੋਕੇਟ ਲਵਿਸ਼ ਮਿੱਤਲ, ਵਪਾਰ ਮੰਡਲ ਦੇ ਪ੍ਰਧਾਨ ਰਮੇਸ਼ ਪਾਹੂਜਾ, ਗਗਨ ਖੁਰਾਨਾ, ਦਾਰਾ ਸਿੰਘ, ਸੋਹਣਾ ਗਾਰਮੈਂਟਸ, ਰਿੰਪੀ, ਲੱਕੀ ਮੈਨਰੋ, ਰਾਕੇਸ਼ ਮੈਨਰੋ, ਪਰਵਿੰਦਰ ਸਿੰਘ, ਮਨੋਜ ਸਮੇਤ ਟ੍ਰੇਡਰ ਕਮਿਸ਼ਨ ਦੇ ਮੈਂਬਰ ਬਿਕਰਮ ਸਿੰਘ, ਜਸਵਿੰਦਰ ਸਿੰਘ ਸੁਨੇਜਾ, ਮਨੀਸ਼ ਸ਼ਰਮਾ, ਮੁਕੇਸ਼ ਗੁਪਤਾ, ਅਸ਼ੋਕ ਕੁਮਾਰ ਤੇ ਸੰਗਠਨ ਇੰਚਾਰਜ ਰਿਤੇਸ਼ ਬਾਂਸਲ, ਸਚਿਨ ਮਿੱਤਲ ਮਹਿੰਦਰਗੰਜ ਮਾਰਕੀਟ ਪ੍ਰਧਾਨ ਜਸਬੀਰ ਸਿੰਘ ਚੀਮਾ, ਰਾਜੇਸ਼ ਬਾਵਾ, ਜਸਪ੍ਰੀਤ, ਰਤਨੇਸ਼ ਜਿੰਦਲ, ਪੰਕਜ ਲੂਥਰਾ, ਭਵਨ ਉਤਰੇਜਾ, ਰਾਮ ਸ਼ਰਨ, ਦਿਨੇਸ਼ ਪੁਰੀ, ਐਡਵੋਕੇਟ ਸੰਦੀਪ ਬਾਵਾ, ਅਮਨ ਸੈਣੀ, ਮੇਜਰ, ਨਿਤਿਨ ਪਹੁਜਾ, ਰਿਸ਼ੀ ਸ਼ਾਹੀ ਆਦਿ ਮੌਜੂਦ ਸਨ।

# ਵਿਜੀਲਸ ਬਿਊਰੋ ਵੱਲੋਂ 20 ਹਜਾਰ ਰੁਪਏ ਰਿਸ਼ਵਤ ਲੈਂਦਾ ਸਹਾਇਕ ਸਬ ਇੰਸਪੈਕਟਰ ਰੰਗੇ ਹੱਥੀਂ ਕਾਬੂ

**ਪਟਿਆਲਾ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਕਾਊਂਟਰ ਇੰਟੈਲੀਜੈਂਸ ਦਫ਼ਤਰ, ਜ਼ਿਲ੍ਹਾ ਪਟਿਆਲਾ ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ ਹਰਪਾਲ ਸਿੰਘ ਨੂੰ 20 ਹਜਾਰ ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤਾ ਹੈ।

ਇੱਥੇ ਇਹ ਖੁਲਾਸਾ ਕਰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਉਕਤ ਮੁਲਜ਼ਮ ਨੂੰ ਤਹਿਸੀਲ ਨਾਭਾ,ਜ਼ਿਲ੍ਹਾ ਪਟਿਆਲਾ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਬੁਲਾਰੇ ਨੇ ਕਿਹਾ ਕਿ ਸ਼ਿਕਾਇਤਕਰਤਾ ਦੇ ਰਿਸ਼ਤੇਦਾਰ ਦੇ ਸਾਲ 2023 ਵਿੱਚ ਖਾਲਿਸਤਾਨੀ ਲਹਿਰ ਵਿੱਚ ਸ਼ਾਮਲ ਹੋਣ ਸਬੰਧੀ ਜਾਂਚ ਕੀਤੀ ਗਈ ਸੀ। ਇਸ ਸਬੰਧ ਵਿੱਚ, ਦੋਸ਼ੀ ਏਐਸਆਈ ਨੇ ਸ਼ਿਕਾਇਤਕਰਤਾ ਨੂੰ ਕਾਊਂਟਰ ਇੰਟੈਲੀਜੈਂਸ ਦਫ਼ਤਰ ਬੁਲਾਇਆ ਅਤੇ ਉਸਨੂੰ ਕਿਹਾ ਕਿ ਉਹ, ਆਪਣੇ ਰਿਸ਼ਤੇਦਾਰ ਦੇ ਨਾਲ, ਖਾਲਿਸਤਾਨੀ ਲਹਿਰ ਵਿੱਚ ਵੀਂ ਸ਼ਾਮਲ ਸੀ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਮੁਲਜ਼ਮ ਏ.ਐਸ.ਆਈ. ਨੇ ਸ਼ਿਕਾਇਤਕਰਤਾ ਨੂੰ ਉਸਦੇ ਪੱਖ ਵਿਚ ਰਿਪੋਰਟ ਜਾਰੀ ਕਰਨ ਬਦਲੇ 20,000 ਰੁਪਏ ਰਿਸ਼ਵਤ ਦੀ ਮੰਗ ਕੀਤੀ, ਜੋ ਕਿ ਸ਼ਿਕਾਇਤਕਰਤਾ ਨੂੰ ਵਿਦੇਸ਼ ਜਾਣ ਲਈ ਲੋੜੀਂਦੀ ਸੀ।

ਕਿਸੇ ਵੀ ਕਿਸਮ ਦੀ ਗੈਰ-ਕਾਨੂੰਨੀ ਰਿਸ਼ਵਤ ਦੇਣ ਲਈ ਤਿਆਰ ਨਾ ਹੋਣ ਕਰਕੇ, ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਰੇਂਜ ਪਟਿਆਲਾ ਨਾਲ ਸੰਪਰਕ ਕੀਤਾ। ਉਸਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਦੋਸ਼ੀ ਏਐਸਆਈ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 20,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।

# ਭਾਸ਼ਾ ਵਿਭਾਗ ਪੰਜਾਬ ਜਲਦ ਹੀ ਲੋਕ ਅਰਪਣ ਕਰੇ ਸ਼ਬਦਮਾਲਾ ਐਪ : ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ

**ਪਟਿਆਲਾ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਸ਼ਾ ਵਿਭਾਗ ਪੰਜਾਬ ਵੱਲੋਂ ਡਾਇਰੈਕਟਰ ਸ. ਜਸਵੰਤ ਸਿੰਘ ਜ਼ਫ਼ਰ ਦੀ ਅਗਵਾਈ ਵਿੱਚ ਇੱਥੇ ਭਾਸ਼ਾ ਭਵਨ ਵਿਖੇ 'ਕਥਾ ਪ੍ਰਵਾਹ ਤੇ ਸੰਵਾਦ' ਸਿਰਲੇਖ ਤਹਿਤ ਕੈਨੇਡਾ ਵਸਦੀ ਕਹਾਣੀਕਾਰਾ ਗੁਰਮੀਤ ਪਨਾਗ ਨਾਲ ਸੰਵਾਦ ਰਚਾਇਆ ਗਿਆ। ਵਿਭਾਗ ਦੇ ਸਹਾਇਕ ਨਿਰਦੇਸ਼ਕ ਤੇਜਿੰਦਰ ਸਿੰਘ ਗਿੱਲ ਨੇ ਆਏ ਮਹਿਮਾਨਾਂ ਦਾ ਸਵਾਗਤ ਕੀਤਾ। ਸੰਵਾਦ ਕਰਤਾ ਡਾ. ਪਰਮਜੀਤ ਸਿੰਘ ਨੇ ਗੁਰਮੀਤ ਪਨਾਗ ਦੀ ਕਹਾਣੀ ਕਲਾ ਬਾਰੇ ਕਿਹਾ ਕਿ ਉਨ੍ਹਾਂ ਦੀਆਂ ਕਹਾਣੀਆਂ ਪੜ੍ਹਕੇ ਅਹਿਸਾਸ ਹੁੰਦਾ ਹੈ ਕਿ ਸਾਡੇ ਸਮਾਜ ਵਾਂਗ ਹੀ ਹੋਰਨਾਂ ਭਾਈਚਾਰਿਆਂ ਕੋਲ ਵੀ ਵੱਡੇ ਨਾਇਕ ਅਤੇ ਸੰਕਟ ਹਨ। ਉਨ੍ਹਾਂ ਦੀਆਂ ਕਹਾਣੀਆਂ ਦੇ ਪਾਤਰ ਸੰਘਰਸ਼ ਕਰਦੇ ਹਨ ਨਾ ਕਿ ਟੁੱਟਦੇ ਹਨ। ਸ੍ਰੀਮਤੀ ਪਨਾਗ ਦੀਆਂ ਕਹਾਣੀਆਂ 'ਚ ਕਿਧਰੇ ਵੀ ਮਹਿਸੂਸ ਨਹੀਂ ਹੁੰਦਾ ਕਿ ਉਹ ਹੋਰ ਭਾਸ਼ਾ ਦੇ ਲੋਕਾਂ ਦੇ ਦੁੱਖ-ਦਰਦਾਂ ਦੀ ਗੱਲ ਕਰ ਰਹੇ ਹਨ। ਉਨ੍ਹਾਂ ਦੀਆਂ ਕਹਾਣੀਆਂ ਦਾ ਅੰਤ ਬਹੁਤ ਸਹਿਜਮਈ ਹੁੰਦਾ ਹੈ। ਇਸ ਉਪਰੰਤ ਗੁਰਮੀਤ ਪਨਾਗ ਨੇ ਆਪਣੀ ਕਹਾਣੀ 'ਆਈ ਐਮ ਓਕ' ਸੁਣਾਈ। ਪੰਜਾਬ ਵਿੱਚ ਅੰਗਰੇਜ਼ੀ ਦੇ ਕੌਮੀ ਅਖ਼ਬਾਰਾਂ 'ਚ ਨੌਕਰੀ ਕਰਨ ਉਪਰੰਤ 1993 'ਚ ਕੈਨੇਡਾ ਪ੍ਰਵਾਸ ਕਰਨ ਵਾਲੀ ਗੁਰਮੀਤ ਪਨਾਗ ਨੇ ਅਖ਼ਬਾਰੀ ਕਾਲਮ ਤੋਂ ਕਹਾਣੀ ਸਿਰਜਣਾ ਤੱਕ ਪੁੱਜਣ ਦਾ ਸਫ਼ਰ ਬਹੁਤ ਸਰਲ ਤੇ ਰੋਚਕ ਤਰੀਕੇ ਨਾਲ ਸਾਂਝਾ ਕੀਤਾ। ਉਨ੍ਹਾਂ ਦੱਸਿਆ ਕਿ ਆਪਣੇ ਪਿਤਾ ਜੀ ਤੋਂ ਉਸ ਨੂੰ ਅਖ਼ਬਾਰ ਤੇ ਪੁਸਤਕਾਂ ਪੜ੍ਹਨ ਦੀ ਚੇਟਕ ਲੱਗੀ ਅਤੇ ਫਿਰ ਉਨ੍ਹਾਂ ਦੇ ਪਤੀ ਨੇ ਉਚੇਰੀ ਪੜ੍ਹਾਈ ਕਰਨ ਤੇ ਕਹਾਣੀਆਂ ਦੀ ਸਿਰਜਣਾ ਲਈ ਮਾਹੌਲ ਪ੍ਰਦਾਨ ਕੀਤਾ।

# ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਤਹਿਤ 7 ਮੁਕੱਦਮੇ ਕੀਤੇ ਦਰਜ, 12 ਦੋਸ਼ੀ ਕੀਤੇ ਗ੍ਰਿਫਤਾਰ

**ਸੁਨਾਮ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਜ਼ਿਲ੍ਹਾ ਪੁਲਿਸ ਮੁਖੀ ਸੰਗਰੂਰ ਸਰਤਾਜ ਸਿੰਘ ਚਾਹਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਬ ਡਵੀਜਨ ਸੁਨਾਮ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਅਤੇ ਪਿੰਡਾਂ ਦੇ ਪਹਿਰੇਦਾਰ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ 19 ਮਾਰਚ ਤੋਂ 25 ਮਾਰਚ ਤੱਕ 05 ਮੁਕੱਦਮੇ ਐਨ.ਡੀ.ਪੀ.ਐਸ ਐਕਟ ਤਹਿਤ ਦਰਜ ਕਰਕੇ 10 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਜਿਨ੍ਹਾਂ ਪਾਸੋਂ 44 ਗ੍ਰਾਮ ਹੈਰੋਇਨ / ਚਿੱਟਾ ਅਤੇ 02 ਮੁਕੱਦਮੇ ਐਕਸਾਇਜ ਐਕਟ ਤਹਿਤ ਦਰਜ ਕਰਕੇ 02 ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਜਿਨ੍ਹਾਂ ਪਾਸੋਂ 72 ਬੋਤਲਾਂ ਨਜ਼ਾਇਜ ਸ਼ਰਾਬ ਬਰਾਮਦ ਕੀਤੀ ਗਈ। ਨਸ਼ੇ ਦੀ ਦਲਦਲ ਵਿੱਚ ਫਸੇ 02 ਵਿਅਕਤੀਆਂ ਨੂੰ ਓਟ ਸੈਂਟਰ ਵਿੱਚੋਂ ਦਵਾਈ / ਮੈਡੀਸ਼ਨ ਦਿਵਾਈ ਗਈ ਹੈ।

ਇਸ ਤੋਂ ਇਲਾਵਾ ਟਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਹੀਕਲਾਂ ਦੇ ਵੱਖ-ਵੱਖ ਜੁਰਮਾਂ ਤਹਿਤ ਕਰੀਬ 125 ਟਰੈਫਿਕ ਚਲਾਨ ਕੀਤੇ ਗਏ ਹਨ। ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ। ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ / ਸਪੋਰਟਸ ਕਲੱਬਾਂ / ਮੋਹਤਵਰ ਪੁਰਸ਼ਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਅਤੇ ਨੌਜਵਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਆਮ ਪਬਲਿਕ ਨੂੰ ਨਸ਼ੇ ਦਾ ਧੰਦਾ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹਾਂ ਦੇਣ ਲਈ ਪ੍ਰੇਰਿਤ ਕੀਤਾ ਗਿਆ ਹੈ ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ। ਨਸ਼ੇ ਦਾ ਧੰਦਾ ਕਰਨ ਵਾਲੇ ਅਤੇ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰਦੇ ਹੋਏ ਨਸ਼ਿਆਂ ਦੀ ਰੋਕਥਾਮ ਲਈ ਠੋਸ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਨਸ਼ਿਆਂ

## ਟਰੰਪ ਨੇ ਵਧਾਈ ਹੋਰਮੁਜ਼ ਡੈੱਡਲਾਈਨ; ਸ਼ੇਅਰ ਬਾਜ਼ਾਰ 'ਚ ਭਾਰੀ ਗਿਰਾਵਟ

**ਦੁਬਈ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਇਰਾਨ ਦੇ ਊਰਜਾ ਪਲਾਂਟਾਂ 'ਤੇ ਹਮਲਾ ਕਰਨ ਦੀ ਆਪਣੀ ਧਮਕੀ ਨੂੰ ਫਿਲਹਾਲ ਟਾਲ ਦਿੱਤਾ ਹੈ। ਟਰੰਪ ਨੇ 'ਸਟ੍ਰੇਟ ਆਫ ਹੋਰਮੁਜ਼' ਨੂੰ ਖੋਲ੍ਹਣ ਲਈ ਦਿੱਤੀ ਗਈ ਮੋਹਲਤ ਨੂੰ 6 ਅਪਰੈਲ ਤੱਕ ਵਧਾ ਦਿੱਤਾ ਹੈ, ਕਿਉਂਕਿ ਉਨ੍ਹਾਂ ਅਨੁਸਾਰ ਸ਼ਾਂਤੀ ਗੱਲਬਾਤ ਸਹੀ ਦਿਸ਼ਾ ਵਿੱਚ ਜਾ ਰਹੀ ਹੈ। ਦੂਜੇ ਪਾਸੇ, ਇਸ ਜੰਗ ਦੇ ਪ੍ਰਭਾਵ ਕਾਰਨ ਅਮਰੀਕੀ ਸ਼ੇਅਰ ਬਾਜ਼ਾਰ ਵਿੱਚ ਵੱਡੀ ਗਿਰਾਵਟ ਦੇਖਣ ਨੂੰ ਮਿਲੀ ਹੈ ਅਤੇ ਤੇਲ ਦੀਆਂ ਕੀਮਤਾਂ ਅਸਮਾਨੀ ਚੜ੍ਹ ਗਈਆਂ ਹਨ। ਟਰੰਪ ਨੇ ਕਿਹਾ ਕਿ ਇਰਾਨ ਨੇ ਖੁਦ ਸਮਝੌਤੇ ਲਈ ਸਮਾਂ ਮੰਗਿਆ ਹੈ, ਹਾਲਾਂਕਿ ਇਰਾਨੀ ਆਗੂਆਂ ਨੇ ਜਨਤਕ ਤੌਰ 'ਤੇ ਅਜਿਹੀ ਕਿਸੇ ਵੀ ਗੱਲਬਾਤ ਤੋਂ ਇਨਕਾਰ ਕੀਤਾ ਹੈ।



ਇਸ ਦੌਰਾਨ ਜੰਗੀ ਮੈਦਾਨ ਵਿੱਚ ਤਣਾਅ ਲਗਾਤਾਰ ਵਧ ਰਿਹਾ ਹੈ। ਇਜ਼ਰਾਇਲੀ ਫੌਜ ਨੇ ਸ਼ੁੱਕਰਵਾਰ ਤੜਕੇ ਇਰਾਨ ਦੀ ਰਾਜਧਾਨੀ ਤਹਿਰਾਨ ਦੇ ਦਿਲ ਵਿੱਚ ਕਈ ਹਮਲੇ ਕੀਤੇ ਹਨ, ਜਿਸ ਕਾਰਨ ਪੂਰੇ ਇਲਾਕੇ ਵਿੱਚ ਧੂੰਏਂ ਦੇ ਬੱਦਲ ਛਾ ਗਏ। ਇਰਾਨ ਨੇ ਵੀ ਜਵਾਬੀ ਕਾਰਵਾਈ ਕਰਦਿਆਂ ਇਜ਼ਰਾਈਲ 'ਤੇ ਮਿਜ਼ਾਈਲਾਂ ਦਾਗੀਆਂ ਅਤੇ ਕੁਵੈਤ ਵਰਗੇ ਗੁਆਂਢੀ ਦੇਸ਼ਾਂ ਵੱਲ ਡਰੋਨ ਭੇਜੇ। ਇਸ ਭਿਆਨਕ ਜੰਗ ਵਿੱਚ ਹੁਣ ਤੱਕ ਇਰਾਨ ਅਤੇ ਲੇਬਨਾਨ ਵਿੱਚ ਹਜ਼ਾਰਾਂ ਲੋਕ ਮਾਰੇ ਜਾ ਚੁੱਕੇ ਹਨ ਅਤੇ ਲੱਖਾਂ ਬੇਘਰ ਹੋ ਗਏ ਹਨ।

ਮਾਹਿਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਇਹ ਜੰਗ ਲੰਬੀ ਖਿੱਚੀ ਗਈ ਤਾਂ ਦੁਨੀਆ ਭਰ ਵਿੱਚ ਮਹਿੰਗਾਈ ਅਤੇ ਭੋਜਨ ਦੀ ਕਿੱਲਤ ਵਰਗੇ ਗੰਭੀਰ ਆਰਥਿਕ ਸੰਕਟ ਪੈਦਾ ਹੋ ਸਕਦੇ ਹਨ।

ਪੱਛਮੀ ਏਸ਼ੀਆ ਵਿੱਚ ਜੰਗ ਦਾ ਪਹਿਲਾ ਮਹੀਨਾ ਪੂਰਾ ਹੋਣ ਦੇ ਨੇੜੇ ਹੈ, ਪਰ ਸ਼ਾਂਤੀ ਦੀ ਕੋਈ ਕਿਰਨ ਦਿਖਾਈ ਨਹੀਂ ਦੇ ਰਹੀ। ਸ਼ੁੱਕਰਵਾਰ ਤੜਕੇ ਇਜ਼ਰਾਈਲ ਨੇ ਇਰਾਨ ਦੀ ਰਾਜਧਾਨੀ ਤਹਿਰਾਨ ਦੇ ਬਿਲਕੁਲ ਕੇਂਦਰ ਵਿੱਚ ਭਾਰੀ ਬੰਬਾਰੀ ਕੀਤੀ। ਇਜ਼ਰਾਈਲ ਦਾ ਕਹਿਣਾ ਹੈ ਕਿ ਉਸ ਨੇ ਇਰਾਨ ਦੇ ਹਥਿਆਰ ਬਣਾਉਣ ਵਾਲੇ ਪਲਾਂਟਾਂ ਨੂੰ ਨਿਸ਼ਾਨਾ ਬਣਾਇਆ ਹੈ। ਦੂਜੇ ਪਾਸੇ, ਬੇਰੂਤ (ਲੇਬਨਾਨ) ਦੇ ਅਸਮਾਨ ਵਿੱਚ ਵੀ ਧੂੰਏਂ ਦੇ ਗੁਬਾਰ ਦੇਖੇ ਗਏ, ਜਦੋਂਕਿ ਇਰਾਨ ਵੱਲੋਂ ਦਾਗੀਆਂ ਗਈਆਂ ਮਿਜ਼ਾਈਲਾਂ ਕਾਰਨ ਪੂਰੇ ਇਜ਼ਰਾਈਲ ਵਿੱਚ ਖ਼ਤਰੇ ਦੇ ਸਾਇਰਨ ਗੂੰਜਦੇ ਰਹੇ। ਇਰਾਨ ਨੇ ਆਪਣੇ ਗੁਆਂਢੀ ਅਰਬ ਦੇਸ਼ਾਂ ਕੁਵੈਤ ਅਤੇ ਸੰਯੁਕਤ ਅਰਬ ਅਮੀਰਾਤ 'ਤੇ ਵੀ ਡਰੋਨ ਹਮਲੇ ਕੀਤੇ ਹਨ।

: ਸਰਕਾਰ ਨੇ ਪੈਟਰੋਲ 'ਤੇ ਐਕਸਾਈਜ਼ ਡਿਊਟੀ (ਆਬਕਾਰੀ ਡਿਊਟੀ) ਘਟਾ ਕੇ 3 ਰੁਪਏ ਪ੍ਰਤੀ ਲੀਟਰ ਕਰ ਦਿੱਤੀ ਹੈ ਅਤੇ ਡੀਜ਼ਲ ਨੂੰ ਇਸ ਤੋਂ ਪੂਰੀ ਤਰ੍ਹਾਂ ਮੁਕਤ ਕਰ ਦਿੱਤਾ ਹੈ। ਇਹ ਕਦਮ ਐੱਚ ਪੀ ਸੀ ਐੱਲ , ਬੀ ਪੀ ਸੀ ਐੱਲ ਅਤੇ ਆਈ ਓ ਸੀ (9®3) ਵਰਗੀਆਂ ਤੇਲ ਮਾਰਕੀਟਿੰਗ ਕੰਪਨੀਆਂ ਨੂੰ ਮੱਧ ਪੂਰਬ ਵਿੱਚ ਜੰਗ ਦੌਰਾਨ ਵਧ ਰਹੀਆਂ ਅੰਤਰਰਾਸ਼ਟਰੀ ਕੱਚੇ ਤੇਲ ਦੀਆਂ ਕੀਮਤਾਂ ਨਾਲ ਨਜਿੱਠਣ ਵਿੱਚ ਮਦਦ ਕਰਨ ਲਈ ਚੁੱਕਿਆ ਗਿਆ ਹੈ। ਵਿੱਤ ਮੰਤਰਾਲੇ ਨੇ 26 ਮਾਰਚ ਦੇ ਇੱਕ ਨੋਟੀਫਿਕੇਸ਼ਨ ਵਿੱਚ ਪੈਟਰੋਲ 'ਤੇ ਐਕਸਾਈਜ਼ ਡਿਊਟੀ ਨੂੰ ਪਹਿਲਾਂ ਦੇ 13 ਰੁਪਏ ਪ੍ਰਤੀ ਲੀਟਰ ਤੋਂ ਘਟਾ ਕੇ 3 ਰੁਪਏ ਪ੍ਰਤੀ ਲੀਟਰ ਕਰ ਦਿੱਤਾ ਹੈ, ਜਦਕਿ ਡੀਜ਼ਲ 'ਤੇ ਲੱਗਣ ਵਾਲੀ 10 ਰੁਪਏ ਦੀ ਡਿਊਟੀ ਨੂੰ ਘਟਾ ਕੇ ਸਿਫ਼ਰ ਕਰ ਦਿੱਤਾ ਗਿਆ ਹੈ। ਮੰਤਰਾਲੇ ਨੇ ਕਿਹਾ ਕਿ ਡਿਊਟੀ ਵਿੱਚ ਇਹ ਕਟੌਤੀ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਈ ਹੈ। ਦਿੱਲੀ ਵਿੱਚ ਇੱਕ ਲੀਟਰ ਆਮ ਪੈਟਰੋਲ ਦੀ ਕੀਮਤ 94.77 ਰੁਪਏ ਬਣੀ ਹੋਈ ਹੈ, ਜਦਕਿ ਉਸੇ ਗ੍ਰੇਡ ਦੇ ਡੀਜ਼ਲ ਦੀ ਕੀਮਤ 87.67 ਰੁਪਏ ਪ੍ਰਤੀ ਲੀਟਰ ਹੈ। ਭਾਰਤ ਆਪਣੀ ਕੱਚੇ ਤੇਲ ਦੀ ਲੋੜ ਦਾ 88 ਫੀਸਦੀ ਅਤੇ ਕੁਦਰਤੀ ਗੈਸ ਦੀ ਲੋੜ ਦਾ ਲਗਭਗ ਅੱਧਾ ਹਿੱਸਾ ਦਰਾਮਦ ਕਰਦਾ ਹੈ, ਜੋ ਜ਼ਿਆਦਾਤਰ ਹੋਰਮੁਜ਼ ਜਲਡਮਰੂ ( ਰਾਹੀਂ ਆਉਂਦਾ ਹੈ। ਸੰਘਰਸ਼ ਤੇਜ਼ ਹੋਣ ਕਾਰਨ ਇਰਾਨ ਨੇ ਇਸ ਰਸਤੇ ਨੂੰ ਬੰਦ ਕਰ ਦਿੱਤਾ ਹੈ ਅਤੇ ਬੀਮਾ ਕੰਪਨੀਆਂ ਨੇ ਕਵਰੇਜ ਵਾਪਸ ਲੈ ਲਈ ਹੈ, ਜਿਸ ਨਾਲ ਟੈਂਕਰਾਂ ਦੀ ਆਵਾਜਾਈ ਪ੍ਰਭਾਵਸ਼ਾਲੀ ਢੰਗ ਨਾਲ ਰੁਕ ਗਈ ਹੈ।

ਦੋ ਦਿਨਾਂ ਦੀ ਤੇਜ਼ੀ ਤੋਂ ਬਾਅਦ ਸ਼ੁੱਕਰਵਾਰ ਨੂੰ ਸ਼ੁਰੂਆਤੀ ਕਾਰੋਬਾਰ ਵਿੱਚ ਬੈਂਚਮਾਰਕ ਸੂਚਕ ਸੈਂਸੈਕਸ ਅਤੇ ਨਿਫਟੀ ਵਿੱਚ ਭਾਰੀ ਗਿਰਾਵਟ ਦੇਖੀ ਗਈ। ਇਹ ਗਿਰਾਵਟ ਵਿਸ਼ਵਵਿਆਪੀ ਬਾਜ਼ਾਰਾਂ ਦੇ ਕਮਜ਼ੋਰ ਰੁਝਾਨ ਨੂੰ ਦਰਸਾਉਂਦੀ ਹੈ, ਕਿਉਂਕਿ ਅਮਰੀਕਾ-ਇਰਾਨ ਸੰਘਰਸ਼ ਬਾਜ਼ਾਰਾਂ ਲਈ ਇੱਕ ਮੁੱਖ ਚਿੰਤਾ ਬਣਿਆ ਹੋਇਆ ਹੈ। ਕੱਚੇ ਤੇਲ ਦੀਆਂ ਕੀਮਤਾਂ ਦਾ 100 ਡਾਲਰ ਪ੍ਰਤੀ ਬੈਰਲ ਤੋਂ ਉੱਪਰ ਰਹਿਣਾ ਅਤੇ ਵਿਦੇਸ਼ੀ ਫੰਡਾਂ ਦੀ ਲਗਾਤਾਰ ਨਿਕਾਸੀ ਨੇ ਵੀ ਨਿਵੇਸ਼ਕਾਂ ਨੂੰ ਚੌਕਸ ਕਰ ਦਿੱਤਾ ਹੈ। ਸ਼ੁਰੂਆਤੀ ਕਾਰੋਬਾਰ ਵਿੱਚ 30 ਸ਼ੇਅਰਾਂ ਵਾਲਾ ਬੀ ਐੱਸ ਈ ਸੈਂਸੈਕਸ 926.92 ਅੰਕ ਡਿੱਗ ਕੇ 74,346.53 'ਤੇ ਆ ਗਿਆ। 50 ਸ਼ੇਅਰਾਂ ਵਾਲਾ ਐੱਨ ਐੱਸ ਈ ਨਿਫਟੀ 280.95 ਅੰਕ ਘਟ ਕੇ 23,025.50 'ਤੇ ਆ ਗਿਆ।

ਸੈਂਸੈਕਸ ਦੀਆਂ 30 ਕੰਪਨੀਆਂ ਵਿੱਚੋਂ ਬਜਾਜ ਫਾਈਨਾਂਸ, ਲਾਰਸਨ ਐਂਡ ਟੂਬਰੋ, ਰਿਲਾਇੰਸ ਇੰਡਸਟਰੀਜ਼, ਇਟਰਨਲ, ਇੰਟਰਗਲੋਬ ਐਵੀਏਸ਼ਨ ਅਤੇ ਬਜਾਜ ਫਿਨਸਰਵ ਪ੍ਰਮੁੱਖ ਤੌਰ 'ਤੇ ਘਾਟੇ ਵਿੱਚ ਰਹੇ। ਜਦਕਿ ਟਾਟਾ ਕੰਸਲਟੈਂਸੀ ਸਰਵਿਸਿਜ਼, ਐੱਚ.ਸੀ.ਐੱਲ. ਟੈੱਕ, ਟੈੱਕ ਮਹਿੰਦਰਾ ਅਤੇ ਟ੍ਰੈਂਟ ਵਾਧਾ ਦਰਜ ਕਰਨ ਵਾਲਿਆਂ ਵਿੱਚ ਸ਼ਾਮਲ ਸਨ।

## ਸਰਕਾਰ ਨੇ ਪੈਟਰੋਲ, ਡੀਜ਼ਲ 'ਤੇ ਐਕਸਾਈਜ਼ ਡਿਊਟੀ ਘਟਾਈ

### ਖਪਤਕਾਰਾਂ 'ਤੇ ਨਹੀਂ ਪਵੇਗਾ ਤੇਲ ਕੀਮਤਾਂ ਦਾ ਬੋਝ; ਸਰਕਾਰ ਝੱਲੇਗੀ ਨੁਕਸਾਨ: ਪੁਰੀ

**ਨਵੀਂ ਦਿੱਲੀ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰ ਨੇ ਪੈਟਰੋਲ 'ਤੇ ਐਕਸਾਈਜ਼ ਡਿਊਟੀ (ਆਬਕਾਰੀ ਡਿਊਟੀ) ਘਟਾ ਕੇ 3 ਰੁਪਏ ਪ੍ਰਤੀ ਲੀਟਰ ਕਰ ਦਿੱਤੀ ਹੈ ਅਤੇ ਡੀਜ਼ਲ ਨੂੰ ਇਸ ਤੋਂ ਪੂਰੀ ਤਰ੍ਹਾਂ ਮੁਕਤ ਕਰ ਦਿੱਤਾ ਹੈ। ਇਹ ਕਦਮ ਐੱਚ ਪੀ ਸੀ ਐੱਲ (8♦3*), ਬੀ ਪੀ ਸੀ ਐੱਲ ਅਤੇ ਆਈ ਓ ਸੀ (9®3) ਵਰਗੀਆਂ ਤੇਲ ਮਾਰਕੀਟਿੰਗ ਕੰਪਨੀਆਂ ਨੂੰ ਮੱਧ ਪੂਰਬ ਵਿੱਚ ਜੰਗ ਦੌਰਾਨ ਵਧ ਰਹੀਆਂ ਅੰਤਰਰਾਸ਼ਟਰੀ ਕੱਚੇ ਤੇਲ ਦੀਆਂ ਕੀਮਤਾਂ ਨਾਲ ਨਜਿੱਠਣ ਵਿੱਚ ਮਦਦ ਕਰਨ ਲਈ ਚੁੱਕਿਆ ਗਿਆ ਹੈ।

ਵਿੱਤ ਮੰਤਰਾਲੇ ਨੇ 26 ਮਾਰਚ ਦੇ ਇੱਕ ਨੋਟੀਫਿਕੇਸ਼ਨ ਵਿੱਚ ਪੈਟਰੋਲ 'ਤੇ ਐਕਸਾਈਜ਼ ਡਿਊਟੀ ਨੂੰ ਪਹਿਲਾਂ ਦੇ 13 ਰੁਪਏ ਪ੍ਰਤੀ ਲੀਟਰ ਤੋਂ ਘਟਾ ਕੇ 3 ਰੁਪਏ ਪ੍ਰਤੀ ਲੀਟਰ ਕਰ ਦਿੱਤਾ ਹੈ, ਜਦਕਿ ਡੀਜ਼ਲ 'ਤੇ ਲੱਗਣ ਵਾਲੀ 10 ਰੁਪਏ ਦੀ ਡਿਊਟੀ ਨੂੰ ਘਟਾ ਕੇ ਸਿਫ਼ਰ ਕਰ ਦਿੱਤਾ ਗਿਆ ਹੈ। ਮੰਤਰਾਲੇ ਨੇ ਕਿਹਾ ਕਿ ਡਿਊਟੀ ਵਿੱਚ ਇਹ ਕਟੌਤੀ ਤੁਰੰਤ ਪ੍ਰਭਾਵ ਨਾਲ ਲਾਗੂ ਹੋ ਗਈ ਹੈ।

ਭਾਰਤ ਵਿੱਚ ਤੇਲ ਮਾਰਕੀਟਿੰਗ ਕੰਪਨੀਆਂ ਦਬਾਅ ਹੇਠ ਹਨ ਕਿਉਂਕਿ 28 ਫਰਵਰੀ ਤੋਂ ਅੰਤਰਰਾਸ਼ਟਰੀ ਤੇਲ ਕੀਮਤਾਂ ਵਿੱਚ ਲਗਪਗ 50 ਫੀਸਦੀ ਉਛਾਲ ਆਉਣ ਦੇ ਬਾਵਜੂਦ ਪੈਟਰੋਲ ਅਤੇ ਡੀਜ਼ਲ ਦੀਆਂ ਪ੍ਰਚੂਨ ਕੀਮਤਾਂ ਸਥਿਰ ਰੱਖੀਆਂ ਗਈਆਂ ਹਨ। ਜ਼ਿਕਰਯੋਗ ਹੈ ਕਿ 28 ਫਰਵਰੀ ਨੂੰ ਅਮਰੀਕਾ ਅਤੇ ਇਜ਼ਰਾਈਲ ਨੇ ਇਰਾਨ ਵਿਰੁੱਧ ਫੌਜੀ ਹਮਲੇ ਕੀਤੇ ਸਨ, ਜਿਸ ਤੋਂ ਬਾਅਦ ਤਹਿਰਾਨ ਨੇ ਵੀ ਭਾਰੀ ਜਵਾਬੀ ਕਾਰਵਾਈ ਕੀਤੀ ਸੀ।

ਕੇਂਦਰੀ ਪੈਟਰੋਲੀਅਮ ਮੰਤਰੀ ਹਰਦੀਪ ਪੁਰੀ ਨੇ ਸ਼ੁੱਕਰਵਾਰ ਨੂੰ ਸਪੱਸ਼ਟ ਕੀਤਾ ਭਾਰਤ ਵਿੱਚ ਸਰਕਾਰ ਨੇ ਵਧ ਰਹੀਆਂ ਵਿਸ਼ਵਵਿਆਪੀ ਕੱਚੇ ਤੇਲ ਦੀਆਂ ਕੀਮਤਾਂ ਦਾ ਬੋਝ ਖਪਤਕਾਰਾਂ 'ਤੇ ਪਾਉਣ ਦੀ ਬਜਾਏ ਖ਼ੁਦ ਸਹਿਣ ਦਾ ਫ਼ੈਸਲਾ ਕੀਤਾ ਹੈ।

ਪੁਰੀ ਨੇ ਕਿਹਾ ਕਿ ਸਰਕਾਰ ਵਿਸ਼ਵ ਪੱਧਰ 'ਤੇ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਹੋਏ ਵਾਧੇ ਕਾਰਨ ਪੈਟਰੋਲ 'ਤੇ 24 ਰੁਪਏ ਪ੍ਰਤੀ ਲਿਟਰ ਅਤੇ ਡੀਜ਼ਲ 'ਤੇ 30 ਰੁਪਏ ਪ੍ਰਤੀ ਲਿਟਰ ਦਾ ਨੁਕਸਾਨ ਖ਼ੁਦ ਸਹਿ ਰਹੀ ਹੈ। ਮੰਤਰੀ ਨੇ ਕਿਹਾ ਕਿ ਦੂਜੀਆਂ ਅਰਥਵਿਵਸਥਾਵਾਂ ਦੇ ਉਲਟ, ਜਿੱਥੇ ਪੱਛਮੀ ਏਸ਼ੀਆ ਸੰਕਟ ਕਾਰਨ ਵਿਸ਼ਵਵਿਆਪੀ ਲਾਗਤਾਂ ਆਸਮਾਨ ਨੂੰ ਛੂਹਣ ਤੋਂ ਬਾਅਦ ਘਰੇਲੂ ਤੇਲ ਦੀਆਂ ਕੀਮਤਾਂ ਵਿੱਚ ਵਾਧਾ ਕੀਤਾ ਗਿਆ ਹੈ, ਭਾਰਤ ਵਿੱਚ ਅਜਿਹਾ ਕੋਈ ਵਾਧਾ ਨਹੀਂ ਹੋਇਆ ਹੈ। ਉਨ੍ਹਾਂ ਐਕਸ 'ਤੇ ਕਿਹਾ, ਅੰਤਰਰਾਸ਼ਟਰੀ ਕੱਚੇ ਤੇਲ ਦੀਆਂ ਕੀਮਤਾਂ ਪਿਛਲੇ 1 ਮਹੀਨੇ ਵਿੱਚ ਲਗਪਗ 70 ਡਾਲਰ/ਬੈਰਲ ਤੋਂ ਵਧ ਕੇ ਲਗਭਗ 122 ਡਾਲਰ/ਬੈਰਲ ਤੱਕ ਪਹੁੰਚ ਕੇ ਆਸਮਾਨ ਨੂੰ ਛੂਹ ਗਈਆਂ ਹਨ। ਸਿੱਟੇ ਵਜੋਂ, ਪੂਰੀ ਦੁਨੀਆ ਵਿੱਚ ਖਪਤਕਾਰਾਂ ਲਈ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਧ ਗਈਆਂ ਹਨ। ਦੱਖਣ-ਪੂਰਬੀ ਏਸ਼ੀਆਈ ਦੇਸ਼ਾਂ ਵਿੱਚ ਕੀਮਤਾਂ ਲਗਪਗ 30-50 ਫੀਸਦੀ, ਉੱਤਰੀ ਅਮਰੀਕੀ ਦੇਸ਼ਾਂ ਵਿੱਚ 30 ਫੀਸਦੀ, ਯੂਰਪ ਵਿੱਚ 20 ਫੀਸਦੀ ਅਤੇ ਅਫ਼ਰੀਕੀ ਦੇਸ਼ਾਂ ਵਿੱਚ 50 ਫੀਸਦੀ ਵਧੀਆਂ ਹਨ।

## ਪਤੀ 'ਤੇ ਹਮਲੇ ਦੀ ਸਾਜ਼ਿਸ਼ ਰਚਣ ਦੇ ਦੋਸ਼ ਵਿੱਚ ਪਤਨੀ ਕਥਿਤ ਪ੍ਰੇਮੀ ਸਮੇਤ ਗ੍ਰਿਫ਼ਤਾਰ

**ਨਵੀਂ ਦਿੱਲੀ, 28 ਮਾਰਚ**
**--ਕੌਮੀ ਪੱਤ੍ਰਿਕਾ ਬਿਊਰੋ-**

ਇੱਕ ਪਾਰਕ ਵਿੱਚ ਅਣਪਛਾਤੇ ਹਮਲਾਵਰਾਂ ਵੱਲੋਂ ਚਾਕੂ ਮਾਰਨ ਦੀ ਇੱਕ ਰਹੱਸਮਈ ਘਟਨਾ ਵਜੋਂ ਸ਼ੁਰੂ ਹੋਇਆ ਮਾਮਲਾ ਧੋਖੇ ਅਤੇ ਸਾਜ਼ਿਸ਼ ਦੀ ਇੱਕ ਖ਼ੌਫ਼ਨਾਕ ਕਹਾਣੀ ਵਿੱਚ ਬਦਲ ਗਿਆ। ਪੁਲੀਸ ਨੇ ਪਟੇਲ ਨਗਰ ਸਥਿਤ ਘਰ ਦੇ ਅੰਦਰ ਹੀ ਆਪਣੇ ਪਤੀ 'ਤੇ ਜਾਨਲੇਵਾ ਹਮਲਾ ਕਰਵਾਉਣ ਦੇ ਦੋਸ਼ ਵਿੱਚ ਇੱਕ 24 ਸਾਲਾ ਔਰਤ ਅਤੇ ਉਸ ਦੇ ਕਥਿਤ ਸਾਥੀ ਨੂੰ ਗ੍ਰਿਫ਼ਤਾਰ ਕੀਤਾ ਹੈ। ਅਧਿਕਾਰੀਆਂ ਨੇ ਸ਼ੁੱਕਰਵਾਰ ਨੂੰ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਲਕਸ਼ਮੀ (24) ਅਤੇ ਕਰਨ (22) ਵਜੋਂ ਹੋਈ ਹੈ। ਪੀੜਤ, ਜੋ ਕਿ ਦਿੱਲੀ ਦੇ ਬਲਜੀਤ ਨਗਰ ਦਾ ਰਹਿਣ ਵਾਲਾ ਹੈ, ਦੇ ਸਰੀਰ 'ਤੇ ਚਾਕੂ ਦੇ ਕਈ ਜ਼ਖ਼ਮ ਹਨ ਅਤੇ ਇਸ ਵੇਲੇ ਰਾਮ ਮਨੋਹਰ ਲੋਹੀਆ ਹਸਪਤਾਲ ਵਿੱਚ ਉਸਦਾ ਇਲਾਜ ਚੱਲ ਰਿਹਾ ਹੈ। ਪੁਲੀਸ ਅਨੁਸਾਰ ਪੀੜਤ ਦੀ ਪਤਨੀ ਲਕਸ਼ਮੀ ਨੇ ਸ਼ੁਰੂ ਵਿੱਚ ਦਾਅਵਾ ਕੀਤਾ ਸੀ ਕਿ ਜਦੋਂ ਉਸਦਾ ਪਤੀ ਖਾਣਾ ਖਰੀਦਣ ਲਈ ਬਾਹਰ ਗਿਆ ਸੀ, ਤਾਂ ਦੋ ਤੋਂ ਤਿੰਨ ਅਣਪਛਾਤੇ ਵਿਅਕਤੀਆਂ ਨੇ ਉਸ 'ਤੇ ਹਮਲਾ ਕਰ ਦਿੱਤਾ।

ਡਿਪਟੀ ਕਮਿਸ਼ਨਰ ਆਫ਼ ਪੁਲੀਸ (ਸੈਂਟਰਲ) ਰੋਹਿਤ ਰਾਜਬੀਰ ਨੇ ਇੱਕ ਬਿਆਨ ਵਿੱਚ ਦੱਸਿਆ ਕਿ ਉਸ ਦੇ ਬਿਆਨ ਦੇ ਅਧਾਰ 'ਤੇ, ਪਟੇਲ ਨਗਰ ਪੁਲੀਸ ਸਟੇਸ਼ਨ ਵਿੱਚ ਭਾਰਤੀ ਨਿਆ ਸੰਹਿਤਾ ਦੀਆਂ ਸਬੰਧਤ ਧਾਰਾਵਾਂ ਤਹਿਤ ਐੱਫ ਆਈ ਆਰ ਦਰਜ ਕੀਤੀ ਗਈ ਸੀ।

ਡੀਸੀਪੀ ਨੇ ਅੱਗੇ ਦੱਸਿਆ ਕਿ ਜਦੋਂ ਜਾਂਚਕਰਤਾਵਾਂ ਨੇ ਇਲਾਕੇ ਦੇ ਸੀਸੀਟੀਵੀ ਫੁਟੇਜ ਦੀ ਜਾਂਚ ਸ਼ੁਰੂ ਕੀਤੀ ਤਾਂ ਸ਼ੱਕ ਵਧ ਗਿਆ। ਪੁਲੀਸ ਅਧਿਕਾਰੀ ਨੇ ਕਿਹਾ, ਸ਼ਿਕਾਇਤਕਰਤਾ ਦੁਆਰਾ ਦੱਸੇ ਗਏ ਸਮੇਂ ਅਤੇ ਘਟਨਾਵਾਂ ਦੇ ਕ੍ਰਮ ਵਿੱਚ ਸਪੱਸ਼ਟ ਅਸੰਗਤੀਆਂ ਸਨ। ਫੁਟੇਜ ਉਸਦੇ ਬਿਆਨਾਂ ਦਾ ਸਮਰਥਨ ਕਰਨ ਵਿੱਚ ਅਸਫ਼ਲ ਰਹੀ, ਜਿਸ ਕਾਰਨ ਡੂੰਘਾਈ ਨਾਲ ਪੁੱਛਗਿੱਛ ਕੀਤੀ ਗਈ।

ਪੁਲੀਸ ਨੂੰ ਪਤਾ ਲੱਗਾ ਕਿ ਲਕਸ਼ਮੀ ਨੇ ਬਲਜੀਤ ਨਗਰ ਦੇ ਰਹਿਣ ਵਾਲੇ ਕਰਨ ਨਾਲ ਮਿਲ ਕੇ ਸਾਜ਼ਿਸ਼ ਰਚੀ ਸੀ, ਜਿਸ ਨਾਲ ਉਹ ਪਿਛਲੇ ਕੁਝ ਸਾਲਾਂ ਤੋਂ ਸੰਪਰਕ ਵਿੱਚ ਸੀ। ਰਾਜਬੀਰ ਨੇ ਅੱਗੇ ਦੱਸਿਆ ਕਿ ਵਿੱਤੀ ਸਥਿਰਤਾ ਲਈ ਪੀੜਤ ਨਾਲ ਵਿਆਹ ਕਰਨ ਦੇ ਬਾਵਜੂਦ, ਅਕਸਰ ਝਗੜਿਆਂ ਕਾਰਨ ਉਸ ਦੇ ਪਤੀ ਨਾਲ ਸਬੰਧ ਸਮੇਂ ਦੇ ਨਾਲ ਵਿਗੜ ਗਏ ਸਨ।

ਜਾਂਚਕਰਤਾਵਾਂ ਨੇ ਖ਼ੁਲਾਸਾ ਕੀਤਾ ਕਿ ਲਕਸ਼ਮੀ ਨੇ ਕਰਨ ਨਾਲ ਆਪਣੇ ਸਬੰਧ ਦੁਬਾਰਾ ਜੋੜ ਲਏ ਸਨ ਅਤੇ ਦੋਵਾਂ ਨੇ ਮਿਲ ਕੇ ਪਤੀ ਨੂੰ ਆਪਣੀ ਜ਼ਿੰਦਗੀ ਵਿੱਚੋਂ ਹਟਾਉਣ ਦੀ ਸਾਜ਼ਿਸ਼ ਰਚੀ। ਘਟਨਾ ਵਾਲੇ ਦਿਨ, ਉਸ ਨੇ ਕਥਿਤ ਤੌਰ 'ਤੇ ਕਰਨ ਨੂੰ ਪੀੜਤ ਨੂੰ ਧਮਕਾਉਣ ਦੇ ਬਹਾਨੇ ਆਪਣੇ ਘਰ ਬੁਲਾਇਆ ਸੀ।

ਪਰ ਇਹ ਟਕਰਾਅ ਹਿੰਸਕ ਰੂਪ ਧਾਰਨ ਕਰ ਗਿਆ ਕਿਉਂਕਿ ਕਰਨ ਦੀ ਪੀੜਤ ਨਾਲ ਬਹਿਸ ਹੋ ਗਈ ਅਤੇ ਉਸਨੇ ਫ਼ਰਾਰ ਹੋਣ ਤੋਂ ਪਹਿਲਾਂ ਉਸ ਨੂੰ ਕਈ ਵਾਰ ਚਾਕੂ ਮਾਰ ਦਿੱਤੇ। ਪੁਲਿਸ ਅਧਿਕਾਰੀ ਨੇ ਅੱਗੇ ਦੱਸਿਆ ਕਿ ਇਸ ਜੋੜੀ ਨੇ ਪੁਲੀਸ ਨੂੰ ਗੁੰਮਰਾਹ ਕਰਨ ਲਈ ਇੱਕ ਪਾਰਕ ਵਿੱਚ ਅਣਪਛਾਤੇ ਵਿਅਕਤੀਆਂ ਦੁਆਰਾ ਹਮਲੇ ਦੀ ਝੂਠੀ ਕਹਾਣੀ ਘੜੀ।

ਤਕਨੀਕੀ ਸਬੂਤਾਂ ਅਤੇ ਸਥਾਨਕ ਸੂਝ-ਬੂਝ ਦੇ ਅਧਾਰ 'ਤੇ ਕਾਰਵਾਈ ਕਰਦੇ ਹੋਏ, ਪੁਲੀਸ ਨੇ ਕਰਨ ਦਾ ਪਿੱਛਾ ਕੀਤਾ ਅਤੇ ਉਸ ਨੂੰ 25 ਮਾਰਚ ਦੀ ਦੇਰ ਰਾਤ ਸ਼ਾਦੀਪੁਰ ਫਲਾਈਓਵਰ ਦੇ ਹੇਠਾਂ ਤੋਂ ਫੜ ਲਿਆ। ਇਸ ਤੋਂ ਬਾਅਦ ਲਕਸ਼ਮੀ ਨੂੰ ਸਾਜ਼ਿਸ਼ ਵਿੱਚ ਉਸਦੀ ਭੂਮਿਕਾ ਲਈ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

## ਦਿੱਲੀ 'ਚ ਗੈਸ ਸਿਲੰਡਰਾਂ ਦੀ ਕਾਲਾਬਾਜ਼ਾਰੀ ਦਾ ਪਰਦਾਫਾਸ਼; ਪਿਓ-ਪੁੱਤ ਗ੍ਰਿਫ਼ਤਾਰ

**ਨਵੀਂ ਦਿੱਲੀ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਪੁਲੀਸ ਦੀ ਅਪਰਾਧਿਕ ਸ਼ਾਖਾ ਬ੍ਰਾਂਚ ਨੇ ਬਾਹਰੀ ਦਿੱਲੀ ਦੇ ਰੋਹਿਣੀ-ਕੰਜਾਵਲਾ ਇਲਾਕੇ ਵਿੱਚ ਗੈਰ-ਕਾਨੂੰਨੀ ਰੂਪ ਵਿੱਚ ਚੱਲ ਰਹੇ ਐਲ.ਪੀ.ਜੀ. ਸਿਲੰਡਰਾਂ ਦੇ ਕਾਲਾਬਾਜ਼ਾਰੀ ਰੈਕੇਟ ਦਾ ਪਰਦਾਫਾਸ਼ ਕੀਤਾ ਹੈ। ਪੁਲੀਸ ਨੇ ਸੁਖਬੀਰ ਨਗਰ ਅਤੇ ਰਾਮਾ ਵਿਹਾਰ ਵਿੱਚ ਛਾਪੇਮਾਰੀ ਕਰਕੇ 50 ਘਰੇਲੂ ਗੈਸ ਸਿਲੰਡਰ ਬਰਾਮਦ ਕੀਤੇ ਹਨ ਅਤੇ ਇਸ ਮਾਮਲੇ ਵਿੱਚ ਪਿਓ-ਪੁੱਤ, ਕੁੰਵਰ ਪਾਲ (55) ਅਤੇ ਪੰਕਜ ਪਾਲ (21) ਨੂੰ



ਗ੍ਰਿਫ਼ਤਾਰ ਕੀਤਾ ਹੈ।

ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਕੁੰਵਰ ਪਾਲ ਇੱਕ ਗੈਸ ਏਜੰਸੀ ਦਾ ਅਧਿਕਾਰਤ ਡਿਲੀਵਰੀ ਮੈਨ ਸੀ, ਜੋ ਗਾਹਕਾਂ ਨੂੰ ਸਿਲੰਡਰ ਦੇਣ ਦੀ ਬਜਾਏ ਉਨ੍ਹਾਂ ਨੂੰ ਆਪਣੇ ਘਰ ਜਮ੍ਹਾ ਕਰ ਲੈਂਦਾ ਸੀ ਅਤੇ ਗੈਰ-ਕਾਨੂੰਨੀ ਢੰਗ ਨਾਲ ਰੀਫਿਲਿੰਗ ਕਰਕੇ ਮਹਿੰਗੇ ਭਾਅ 'ਤੇ ਵੇਚਦਾ ਸੀ।

ਪੁਲਿਸ ਅਨੁਸਾਰ ਬਰਾਮਦ ਕੀਤੇ ਗਏ 50 ਸਿਲੰਡਰਾਂ ਵਿੱਚੋਂ 29 ਭਰੇ ਹੋਏ ਸਨ ਅਤੇ 21 ਖਾਲੀ ਸਨ। ਮੌਕੇ ਤੋਂ ਸਿਲੰਡਰ ਢੋਣ ਵਾਲੀ ਗੱਡੀ ਅਤੇ ਕੰਡਾ (ਵੇਇੰਗ ਸਕੇਲ) ਵੀ ਜ਼ਬਤ ਕੀਤਾ ਗਿਆ ਹੈ। ਮੁਲਜ਼ਮਾਂ ਖਿਲਾਫ ਜ਼ਰੂਰੀ ਵਸਤਾਂ ਐਕਟ ਅਤੇ ਭਾਰਤੀ ਨਿਆ ਸੰਹਿਤਾ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ।

## ਡਾ. ਰਵਜੋਤ ਸਿੰਘ ਨੇ ਜੇਲ੍ਹ ਮੰਤਰੀ ਦਾ ਅਹੁਦਾ ਸੰਭਾਲਿਆ

**ਚੰਡੀਗੜ੍ਹ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵਿੱਚ ਨਵੇਂ ਜੇਲ੍ਹ ਮੰਤਰੀ ਵਜੋਂ ਡਾ. ਰਵਜੋਤ ਸਿੰਘ ਨੇ ਅੱਜ ਪੰਜਾਬ ਸਿਵਲ ਸਕੱਤਰੇਤ ਵਿਖੇ ਆਪਣੇ ਅਹੁਦੇ ਦਾ ਚਾਰਜ ਸੰਭਾਲ ਲਿਆ। ਇਸ ਤੋਂ ਇਲਾਵਾ ਉਹ ਐਨ.ਆਰ.ਆਈ. ਅਤੇ ਸੰਸਦੀ ਮਾਮਲੇ ਆਦਿ ਵਿਭਾਗਾਂ ਦੀ ਜ਼ਿੰਮੇਵਾਰੀ ਵੀ ਨਿਭਾ ਰਹੇ ਹਨ।

ਚਾਰਜ ਸੰਭਾਲਣ ਤੋਂ ਬਾਅਦ ਡਾ. ਰਵਜੋਤ ਸਿੰਘ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ ਅਤੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਇਹ ਜ਼ਿੰਮੇਵਾਰੀ ਦੇ ਕੇ, ਜੋ ਭਰੋਸਾ ਜਤਾਇਆ ਹੈ, ਉਹ ਉਸ 'ਤੇ ਖਰੇ ਉਤਰਣ ਦੀ ਪੂਰੀ ਕੋਸ਼ਿਸ਼ ਕਰਨਗੇ।

ਇਸ ਮੌਕੇ ਉਨ੍ਹਾਂ ਨੇ ਜੇਲ੍ਹ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨਾਲ ਇਕ ਮਹੱਤਵਪੂਰਨ ਮੀਟਿੰਗ ਕੀਤੀ, ਜਿਸ ਵਿੱਚ ਵਿਭਾਗ ਦੇ ਚੱਲ ਰਹੇ ਕੰਮਾਂ, ਪ੍ਰਾਪਤੀਆਂ ਅਤੇ ਭਵਿੱਖੀ ਯੋਜਨਾਵਾਂ 'ਤੇ ਵਿਚਾਰ-ਵਟਾਂਦਰਾ ਕੀਤਾ।

ਉਨ੍ਹਾਂ ਕਿਹਾ ਕਿ ਜੇਲ੍ਹ ਵਿਭਾਗ ਨੂੰ ਹੋਰ ਸੁਧਾਰਿਆ ਜਾਵੇਗਾ ਅਤੇ ਕੈਦੀਆਂ ਲਈ ਬਿਹਤਰ ਸੁਵਿਧਾਵਾਂ ਅਤੇ ਸੁਧਾਰਾਤਮਕ ਪ੍ਰਣਾਲੀ ਨੂੰ ਮਜ਼ਬੂਤ ਬਣਾਉਣ ਲਈ ਕਦਮ ਚੁੱਕੇ ਜਾਣਗੇ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਜੇਲ੍ਹਾਂ ਨੂੰ ਸਿਰਫ਼ ਸਜ਼ਾ ਦੇ ਕੇਂਦਰ ਨਹੀਂ, ਸਗੋਂ ਸੁਧਾਰ ਦੇ ਕੇਂਦਰ ਬਣਾਉਣ 'ਤੇ ਖਾਸ ਧਿਆਨ ਦਿੱਤਾ ਜਾਵੇਗਾ।

ਮੀਟਿੰਗ ਦੌਰਾਨ ਜੇਲ੍ਹ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਵੱਲੋਂ ਇੱਕ ਪੇਸ਼ਕਾਰੀ ਰਾਹੀਂ ਵਿਭਾਗ ਦੇ ਚੱਲ ਰਹੇ ਪ੍ਰੋਜੈਕਟਾਂ, ਪਹਿਲਕਦਮੀਆਂ ਅਤੇ ਚੁਣੌਤੀਆਂ ਬਾਰੇ ਨਵੇਂ ਮੰਤਰੀ ਨੂੰ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।

ਨਵੇਂ ਜੇਲ ਮੰਤਰੀ ਡਾ. ਰਵਜੋਤ ਸਿੰਘ ਨੇ ਅਧਿਕਾਰੀਆਂ ਨੂੰ ਵਿਭਾਗ ਵਿੱਚ ਪਾਰਦਰਸ਼ਤਾ, ਜਵਾਬਦੇਹੀ ਅਤੇ ਮਨੁੱਖੀ ਅਧਿਕਾਰਾਂ ਦੀ ਪਾਲਣਾ ਅਤੇ ਜੇਲ ਪ੍ਰਣਾਲੀ ਨੂੰ ਆਧੁਨਿਕ ਅਤੇ ਪ੍ਰਭਾਵਸ਼ਾਲੀ ਬਣਾਉਣਾ ਯਕੀਨੀ ਬਣਾਉਣ ਲਈ ਵੀ ਕਿਹਾ।

ਇਸ ਮੌਕੇ ਜੇਲ੍ਹ ਵਿਭਾਗ ਦੇ ਪ੍ਰਮੁੱਖ ਸਕੱਤਰ ਭਾਵਨਾ ਗਰਗ, ਸਕੱਤਰ ਮੁਹੰਮਦ ਤਈਅਬ ਅਤੇ ਏਡੀਜੀਪੀ ਜੇਲ੍ਹਾਂ ਅਰੁਣਪਾਲ ਸਿੰਘ ਸਮੇਤ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।

## ਰੈਪਰ ਤੋਂ ਨੇਤਾ ਬਣੇ 'ਬਾਲੇਨ' ਨੇ ਨੇਪਾਲ ਦੇ 47ਵੇਂ ਪ੍ਰਧਾਨ ਮੰਤਰੀ ਵਜੋਂ ਹਲਫ਼ ਲਿਆ

**ਕਾਠਮੰਡੂ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਨੇਪਾਲ ਵਿੱਚ 'ਜੇਨ ਜ਼ੀ' ਦੇ ਵਿਰੋਧ ਪ੍ਰਦਰਸ਼ਨਾਂ ਕਾਰਨ ਕੇ ਪੀ ਸ਼ਰਮਾ ਓਲੀ ਦੀ ਅਗਵਾਈ ਵਾਲੀ ਸਰਕਾਰ ਦੇ ਸੱਤਾ ਤੋਂ ਲਾਂਭੇ ਹੋਣ ਦੇ ਛੇ ਮਹੀਨਿਆਂ ਬਾਅਦ ਬਾਲੇਂਦਰ ਸ਼ਾਹ 'ਬਾਲੇਨ' ਨੇ ਸ਼ੁੱਕਰਵਾਰ ਨੂੰ ਨੇਪਾਲ ਦੇ ਲੋਕਤੰਤਰੀ ਤਰੀਕੇ ਨਾਲ ਚੁਣੇ ਗਏ ਪ੍ਰਧਾਨ ਮੰਤਰੀ ਵਜੋਂ ਸਹੁੰ ਚੁੱਕ ਲਈ ਹੈ। ਰੈਪਰ ਤੋਂ ਨੇਤਾ ਬਣੇ ਰਾਸ਼ਟਰੀ ਸੁਤੰਤਰ ਪਾਰਟੀ ਦੇ 35 ਸਾਲਾ ਆਗੂ ਨੇ ਸੀਤਲ ਨਿਵਾਸ ਸਥਿਤ ਰਾਸ਼ਟਰਪਤੀ ਦਫ਼ਤਰ ਵਿਖੇ ਦੁਪਹਿਰ 12 ਵੱਜ ਕੇ 34 ਮਿੰਟ ਦੇ 'ਸ਼ੁਭ ਮਹੂਰਤ' ਵਿੱਚ ਸਹੁੰ ਚੁੱਕੀ।



ਬਾਲੇਨ ਨੇਪਾਲ ਵਿੱਚ ਇਸ ਅਹੁਦੇ ਲਈ ਲੋਕਤੰਤਰੀ ਤੌਰ 'ਤੇ ਚੁਣੇ ਗਏ ਸਭ ਤੋਂ ਨੌਜਵਾਨ ਆਗੂ ਹਨ ਅਤੇ ਉਹ ਕਾਰਜਪਾਲਿਕਾ ਦਾ ਸਰਬਉੱਚ ਅਹੁਦਾ ਸੰਭਾਲਣ ਵਾਲੇ ਮਧੇਸ਼ ਖੇਤਰ ਦੇ ਪਹਿਲੇ ਵਿਅਕਤੀ ਵੀ ਹਨ। ਉਨ੍ਹਾਂ ਨੂੰ ਰਾਸ਼ਟਰਪਤੀ ਰਾਮ ਚੰਦਰ ਪੌਡੇਲ ਨੇ ਸੰਵਿਧਾਨ ਦੀ ਧਾਰਾ 76 (1) ਅਨੁਸਾਰ ਸ਼ੁੱਕਰਵਾਰ ਨੂੰ 47ਵੇਂ ਪ੍ਰਧਾਨ ਮੰਤਰੀ ਵਜੋਂ ਨਿਯੁਕਤ ਕੀਤਾ।

ਬਾਲੇਨ ਸਾਬਕਾ ਪ੍ਰਧਾਨ ਮੰਤਰੀ ਓਲੀ ਦੀ ਅਗਵਾਈ ਵਾਲੀ ਗੱਠਜੋੜ ਸਰਕਾਰ ਦੇ ਪਿਛਲੇ ਸਾਲ ਸਤੰਬਰ ਵਿੱਚ ਸੱਤਾ ਤੋਂ ਬੇਦਖ਼ਲ ਹੋਣ ਤੋਂ ਬਾਅਦ ਸਹੁੰ ਚੁੱਕਣ ਵਾਲੇ ਲੋਕਤੰਤਰੀ ਤੌਰ 'ਤੇ ਚੁਣੇ ਗਏ ਪਹਿਲੇ ਪ੍ਰਧਾਨ ਮੰਤਰੀ ਹਨ। ਭ੍ਰਿਸ਼ਟਾਚਾਰ, ਭਾਈ-ਭਤੀਜਾਵਾਦ ਅਤੇ ਸੋਸ਼ਲ ਮੀਡੀਆ 'ਤੇ ਪਾਬੰਦੀ ਵਿਰੁੱਧ ਨੌਜਵਾਨਾਂ ਦੀ ਅਗਵਾਈ ਵਾਲਾ 'ਜੇਨ-ਜ਼ੀ' ਵਿਰੋਧ ਪ੍ਰਦਰਸ਼ਨ ਹਿੰਸਕ ਹੋ ਗਿਆ ਸੀ, ਜਿਸ ਤੋਂ ਬਾਅਦ ਓਲੀ ਸਰਕਾਰ ਨੂੰ ਸੱਤਾ ਛੱਡਣੀ ਪਈ ਸੀ।

ਬਾਲੇਨ ਦੇ ਸਹੁੰ ਚੁੱਕ ਸਮਾਗਮ ਵਿੱਚ ਹਿੰਦੂ ਅਤੇ ਬੋਧ ਧਾਰਮਿਕ ਪਰੰਪਰਾਵਾਂ ਦਾ ਅਨੋਖਾ ਸੰਗਮ ਦੇਖਣ ਨੂੰ ਮਿਲਿਆ। ਸਮਾਗਮ ਵਿੱਚ ਵਿਸਤ੍ਰਿਤ ਧਾਰਮਿਕ ਰਸਮਾਂ ਨਿਭਾਈਆਂ ਗਈਆਂ। ਇਸ ਦੌਰਾਨ ਸੱਤ ਬ੍ਰਾਹਮਣਾਂ ਨੇ ਸ਼ੰਖਨਾਦ ਕੀਤਾ, 108 ਹਿੰਦੂ ਬਟੁਕਾਂ (ਨੌਜਵਾਨ ਬ੍ਰਾਹਮਣਾਂ) ਨੇ ਵੈਦਿਕ ਮੰਤਰਾਂ ਦਾ ਉਚਾਰਨ ਜਾਂ ਸਵਸਤੀ ਵਾਚਨ ਕੀਤਾ ਅਤੇ 107 ਲਾਮਾ ਨੇ ਮੰਗਲ ਵਾਚਨ ਜਾਂ ਬੋਧ ਗ੍ਰੰਥਾਂ ਦਾ ਪਾਠ ਕੀਤਾ।

ਸੂਤਰਾਂ ਨੇ ਦੱਸਿਆ ਕਿ ਬਾਲੇਨ ਸੰਭਵ ਤੌਰ 'ਤੇ 15 ਤੋਂ 18 ਮੰਤਰੀਆਂ ਵਾਲਾ ਇੱਕ ਛੋਟਾ ਮੰਤਰੀ ਮੰਡਲ ਗਠਿਤ ਕਰਨਗੇ। 5 ਮਾਰਚ ਨੂੰ ਹੋਈਆਂ ਆਮ ਚੋਣਾਂ ਵਿੱਚ ਕਾਠਮੰਡੂ ਦੇ ਸਾਬਕਾ ਮੇਅਰ ਨੇ ਝਾਪਾ-5 ਚੋਣ ਖੇਤਰ ਤੋਂ ਓਲੀ ਨੂੰ ਭਾਰੀ ਅੰਤਰ ਨਾਲ ਹਰਾਇਆ ਸੀ। ਆਰ ਐੱਸ ਪੀ ਨੇ ਚੋਣਾਂ ਵਿੱਚ ਪ੍ਰਤੀਨਿਧੀ ਸਭਾ ਦੀਆਂ ਕੁੱਲ 275 ਸੀਟਾਂ ਵਿੱਚੋਂ 182 ਸੀਟਾਂ ਜਿੱਤ ਕੇ ਸ਼ਾਨਦਾਰ ਜਿੱਤ ਹਾਸਲ ਕੀਤੀ ਹੈ।

## ਸਰਕਾਰ ਵੱਲੋਂ ਵਪਾਰੀਆਂ ਦੀਆਂ 1,386 ਸ਼ਿਕਾਇਤਾਂ ਦੀ ਸਮੀਖਿਆ, ਪੀ.ਐਸ.ਟੀ.ਸੀ. ਰਾਹੀਂ ਸਮਾਂਬੱਧ ਹੱਲ 'ਤੇ ਜ਼ੋਰ: ਹਰਪਾਲ ਸਿੰਘ ਚੀਮਾ

**ਚੰਡੀਗੜ੍ਹ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਪੰਜਾਬ ਰਾਜ ਵਪਾਰੀ ਕਮਿਸ਼ਨ (ਪੀ.ਐਸ.ਟੀ.ਸੀ.) ਦੀ ਸੂਬਾ ਪੱਧਰੀ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਿਹਾ ਕਿ ਭਗਵੰਤ ਮਾਨ ਸਰਕਾਰ ਇੱਕ ਸਖ਼ਤ, ਜਵਾਬਦੇਹ ਅਤੇ ਪਾਰਦਰਸ਼ੀ ਪ੍ਰਣਾਲੀ ਰਾਹੀਂ ਵਪਾਰੀਆਂ ਦੀਆਂ ਸ਼ਿਕਾਇਤਾਂ ਦਾ ਸਮਾਂਬੱਧ ਹੱਲ ਪ੍ਰਦਾਨ ਕਰਨ ਲਈ ਫੈਸਲਾਕੁੰਨ ਕਦਮ ਚੁੱਕ ਰਹੀ ਹੈ।



ਪੰਜਾਬ ਭਰ ਵਿੱਚ ਹੋਈਆਂ 256 ਮੀਟਿੰਗਾਂ ਦੀ ਪ੍ਰਗਤੀ ਅਤੇ 1,386 ਸ਼ਿਕਾਇਤਾਂ ਦੀ ਸਮੀਖਿਆ ਕਰਦਿਆਂ, ਵਿੱਤ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਰਕਾਰ ਨੇ ਵਪਾਰੀ ਭਾਈਚਾਰੇ ਨਾਲ ਇੱਕ ਢਾਂਚਾਗਤ ਗੱਲਬਾਤ ਨੂੰ ਸੰਸਥਾਗਤ ਰੂਪ ਦਿੱਤਾ ਹੈ, ਐਸ.ਓ.ਪੀ. ਦੀ ਸਖ਼ਤ ਪਾਲਣਾ ਨੂੰ ਲਾਗੂ ਕੀਤਾ ਹੈ ਅਤੇ ਹਰ ਪੱਧਰ 'ਤੇ ਸਪੱਸ਼ਟ ਪ੍ਰਸ਼ਾਸਕੀ ਜ਼ਿੰਮੇਵਾਰੀ ਤੈਅ ਕਰਦੇ ਹੋਏ ਮਸਲਿਆਂ ਦੇ ਜ਼ਮੀਨੀ ਪੱਧਰ 'ਤੇ ਤੁਰੰਤ ਹੱਲ ਨੂੰ ਯਕੀਨੀ ਬਣਾਉਣ ਲਈ ਤਿੰਨ-ਪੱਧਰੀ ਪੀ.ਐਸ.ਟੀ.ਸੀ. ਢਾਂਚੇ ਨੂੰ ਸਰਗਰਮ ਕੀਤਾ ਹੈ।

ਮੀਟਿੰਗ ਦਾ ਮੁੱਖ ਕੇਂਦਰ ਸ਼ਿਕਾਇਤਾਂ ਦੀ ਮਾਸਟਰ ਸੂਚੀ ਦੀ ਡੂੰਘਾਈ ਨਾਲ ਸਮੀਖਿਆ ਕਰਨਾ ਸੀ, ਜੋ ਕਿ ਲੰਬਿਤ ਪਏ ਮਾਮਲਿਆਂ ਨੂੰ ਹੱਲ ਕਰਨ ਅਤੇ ਵਪਾਰਕ ਭਾਈਚਾਰੇ ਦੁਆਰਾ ਉਠਾਈਆਂ ਗਈਆਂ ਨਵੀਆਂ ਚਿੰਤਾਵਾਂ ਨੂੰ ਸਰਗਰਮੀ ਨਾਲ ਨੋਟ ਕਰਨ ਦੀ ਦਿਸ਼ਾ ਵਿੱਚ ਇੱਕ ਅਹਿਮ ਕਦਮ ਹੈ।

ਪੀ.ਐਸ.ਟੀ.ਸੀ. ਦੇ ਜ਼ਮੀਨੀ ਪੱਧਰ ਦੇ ਪ੍ਰਭਾਵ ਨੂੰ ਉਜਾਗਰ ਕਰਦੇ ਹੋਏ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ÷ਸੂਬੇ ਭਰ ਵਿੱਚ ਪਹਿਲਾਂ ਹੀ 256 ਮੀਟਿੰਗਾਂ ਸਫਲਤਾਪੂਰਵਕ ਕਰਵਾਈਆਂ ਜਾ ਚੁੱਕੀਆਂ ਹਨ। ਇਸ ਢਾਂਚੇ ਦਾ ਮੁੱਖ ਉਦੇਸ਼ ਸੂਬਾ ਪ੍ਰਸ਼ਾਸਨ ਅਤੇ ਵਪਾਰੀ ਭਾਈਚਾਰੇ ਵਿਚਕਾਰ ਇੱਕ ਨਿਯਮਤ, ਢਾਂਚਾਗਤ ਅਤੇ ਆਪਸੀ ਲਾਹੇਵੰਦ ਗੱਲਬਾਤ ਦੀ ਸਹੂਲਤ ਪ੍ਰਦਾਨ ਕਰਨਾ ਹੈ। ਇਸ ਰਸਮੀ ਪ੍ਰਣਾਲੀ ਨੂੰ ਮਜ਼ਬੂਤ ਕਰਕੇ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਉਦੇਸ਼ ਵਪਾਰੀਆਂ ਨੂੰ ਆਪਣੀਆਂ ਚਿੰਤਾਵਾਂ ਪ੍ਰਗਟ ਕਰਨ ਲਈ ਇੱਕ ਬਹੁਤ ਹੀ ਪਾਰਦਰਸ਼ੀ ਅਤੇ ਜਵਾਬਦੇਹ ਮੰਚ ਪ੍ਰਦਾਨ ਕਰਨਾ ਹੈ।

ਇਸ ਤੋਂ ਇਲਾਵਾ, ਮੀਟਿੰਗ ਵਿੱਚ ਇਹਨਾਂ ਮਸਲਿਆਂ ਦੇ ਸੁਚਾਰੂ ਪ੍ਰਬੰਧਨ, ਦਸਤਾਵੇਜ਼ੀਕਰਨ ਅਤੇ ਹੱਲ ਲਈ ਜ਼ਿਲ੍ਹਾ ਅਤੇ ਸਬ-ਡਵੀਜ਼ਨਲ ਪੱਧਰ 'ਤੇ ਸਪੱਸ਼ਟ ਪ੍ਰਸ਼ਾਸਕੀ ਜ਼ਿੰਮੇਵਾਰੀਆਂ ਤੈਅ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ ਗਿਆ। ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਕਿ ਜਨਤਕ ਜਵਾਬਦੇਹੀ ਲਈ ਮੀਟਿੰਗਾਂ ਦੇ ਸਾਰੇ ਰਿਕਾਰਡ, ਫੋਟੋਆਂ ਅਤੇ ਸ਼ਿਕਾਇਤਾਂ ਦੇ ਹੱਲ ਤੁਰੰਤ ਸਰਕਾਰੀ ਪੋਰਟਲ 'ਤੇ ਅਪਲੋਡ ਕੀਤੇ ਜਾਣ।

ਮੀਟਿੰਗ ਦੌਰਾਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੀ.ਐਸ.ਟੀ.ਸੀ. ਦੇ ਮਜ਼ਬੂਤ ਤਿੰਨ-ਪੱਧਰੀ ਢਾਂਚੇ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ, ਜੋ ਸੂਬਾ, ਜ਼ਿਲ੍ਹਾ ਅਤੇ ਵਿਧਾਨ ਸਭਾ ਹਲਕਾ ਪੱਧਰ 'ਤੇ ਸਰਗਰਮੀ ਨਾਲ ਕੰਮ ਕਰ ਰਿਹਾ ਹੈ। ਮੀਟਿੰਗ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਜੋ ਪੀ.ਐਸ.ਟੀ.ਸੀ. ਦੇ ਚੇਅਰਮੈਨ ਵੀ ਹਨ, ਦੇ ਨਾਲ ਆਬਕਾਰੀ ਅਤੇ ਕਰ ਕਮਿਸ਼ਨਰ ਜਤਿੰਦਰ ਜੋਰਵਾਲ ਵੀ ਮੌਜੂਦ ਸਨ। ਚੰਡੀਗੜ੍ਹ ਵਿਖੇ ਪੰਜਾਬ ਭਵਨ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਕਰਵਾਈ ਗਈ ਇਸ ਉੱਚ-ਪੱਧਰੀ ਵਰਚੁਅਲ ਮੀਟਿੰਗ ਵਿੱਚ ਸਾਰੇ ਡਿਪਟੀ ਕਮਿਸ਼ਨਰ, ਪੁਲਿਸ ਕਮਿਸ਼ਨਰ, ਨਗਰ ਨਿਗਮ ਕਮਿਸ਼ਨਰ ਅਤੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸ.ਐਸ.ਪੀਜ਼) ਸ਼ਾਮਲ ਹੋਏ। ਉਨ੍ਹਾਂ ਦੇ ਨਾਲ ਪੰਜਾਬ ਰਾਜ ਵਪਾਰੀ ਕਮਿਸ਼ਨ ਦੇ ਚੇਅਰਪਰਸਨ ਅਤੇ ਮੈਂਬਰ, ਅਤੇ ਜ਼ਿਲ੍ਹਾ ਅਤੇ ਵਿਧਾਨ ਸਭਾ ਹਲਕਾ ਵਪਾਰੀ ਕਮਿਸ਼ਨਾਂ ਦੇ ਚੇਅਰਮੈਨ ਵੀ ਹਾਜ਼ਰ ਸਨ, ਜਿਨ੍ਹਾਂ ਨੇ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਨੂੰ ਜ਼ਮੀਨੀ ਪੱਧਰ 'ਤੇ ਤੁਰੰਤ ਲਾਗੂ ਕਰਨ ਨੂੰ ਯਕੀਨੀ ਬਣਾਉਣ ਲਈ ਆਪਣੇ ਸਥਾਨਕ ਡਿਪਟੀ ਕਮਿਸ਼ਨਰ ਦਫ਼ਤਰਾਂ ਤੋਂ ਸਿੱਧੇ ਤੌਰ 'ਤੇ ਮੀਟਿੰਗ ਵਿੱਚ ਹਿੱਸਾ ਲਿਆ।

## ਬਹੁਤੇ ਪੰਪਾਂ 'ਤੇ OUT OF STOCK ਦੇ ਬੋਰਡ; ਖੁੱਲ੍ਹਾ ਤੇਲ ਦੇਣ 'ਤੇ ਪਾਬੰਦੀ

### ਕੇਂਦਰ ਸਰਕਾਰ ਦੀ ਦਖ਼ਲਅੰਦਾਜ਼ੀ ਮਗਰੋਂ ਸਪਲਾਈ 'ਚ ਸੁਧਾਰ, ਸਥਿਤੀ ਹੌਲੀ-ਹੌਲੀ ਹੋ ਰਹੀ ਹੈ ਆਮ ਵਾਂਗ

**ਚੰਡੀਗੜ੍ਹ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ 'ਚ ਸ਼ਾਮ ਤੋਂ ਤੇਲ ਪੰਪ ਡਰਾਈ ਹੋਣ ਲੱਗੇ ਹਨ ਅਤੇ ਡਰੰਮਾਂ 'ਚ ਖੁੱਲ੍ਹਾ ਤੇਲ ਦੇਣਾ ਬੰਦ ਕਰ ਦਿੱਤਾ ਗਿਆ ਹੈ। ਜੰਗੀ ਤਣਾਅ ਦੇ ਚੱਲਦਿਆਂ ਲੋਕਾਂ 'ਚ ਤੇਲ ਦੀ ਕਿੱਲਤ ਪੈਣ ਹੋਣ ਦਾ ਡਰ ਪੈਦਾ ਹੋ ਗਿਆ। ਉੱਪਰੋਂ ਲੌਕਡਾਊਨ ਦੀ ਅਫ਼ਵਾਹ ਨੇ ਲੋਕਾਂ ਦੀ ਘਬਰਾਹਟ ਵਧਾ ਦਿੱਤੀ। ਤੇਲ ਦੀਆਂ ਕੀਮਤਾਂ 'ਚ ਬੜ੍ਹੌਤਰੀ ਦਾ ਡਰ ਵੀ ਲੋਕਾਂ 'ਚ ਬਣਿਆ ਹੋਇਆ ਸੀ। ਲੰਘੇ 24 ਘੰਟਿਆਂ ਦੌਰਾਨ ਪੰਜਾਬ ਦੇ ਮਾਝੇ ਅਤੇ ਦੁਆਬੇ ਖੇਤਰ ਦੇ ਕਾਫ਼ੀ ਤੇਲ ਪੰਪਾਂ 'ਤੇ ਲੰਮੀਆਂ ਕਤਾਰਾਂ ਗਈਆਂ ਰਹੀਆਂ। ਕਿਸਾਨ ਡਰੰਮ ਲੈ ਕੇ ਤੇਲ ਪੰਪਾਂ 'ਤੇ ਪਹੁੰਚਣ ਲੱਗੇ ਹਨ। ਤੇਲ ਕੰਪਨੀਆਂ ਨੇ ਖੁੱਲ੍ਹਾ ਤੇਲ ਦੇਣ ਦੀ ਮਨਾਹੀ ਕਰ ਦਿੱਤੀ ਹੈ।

ਪਹਿਲੀ ਅਪਰੈਲ ਤੋਂ ਪੰਜਾਬ 'ਚ ਕਣਕ ਦੀ ਵਾਢੀ ਦਾ ਕੰਮ ਸ਼ੁਰੂ ਹੋਣਾ ਹੈ ਜਿਸ ਨਾਲ ਸੂਬੇ ਵਿੱਚ ਡੀਜ਼ਲ ਦੀ ਖਪਤ ਵਧ ਜਾਣੀ ਹੈ। ਪਿਛਲੇ ਦਿਨਾਂ 'ਚ ਤੇਲ ਕੰਪਨੀਆਂ 'ਚ ਤੇਲ ਪੰਪਾਂ ਨੂੰ ਉਧਾਰ ਤੇਲ ਦੇਣਾ ਬੰਦ ਕਰ ਦਿੱਤਾ ਸੀ। ਸਰਕਾਰ ਦੇ ਦਾਖ਼ਲ ਮਗਰੋਂ ਕੰਪਨੀਆਂ ਨੇ ਤਿੰਨ ਦਿਨਾਂ ਦੇ ਉਧਾਰ ਤੇਲ ਦੇਣਾ ਸ਼ੁਰੂ ਕੀਤਾ ਹੈ। ਅੱਜ ਕੇਂਦਰ



ਸਰਕਾਰ ਵੱਲੋਂ ਐਕਸਾਈਜ਼ ਡਿਊਟੀ ਘਟਾ ਕੇ ਤੇਲ ਕੰਪਨੀਆਂ ਨੂੰ ਰਾਹਤ ਦਿੱਤੀ ਹੈ ਜਿਸ ਨਾਲ ਤੇਲ ਕੀਮਤ 'ਚ ਵਾਧੇ ਦੀ ਸੰਭਾਵਨਾ ਘਟੀ ਹੈ।

ਪੰਜਾਬ 'ਚ ਕਰੀਬ 4034 ਤੇਲ ਪੰਪ ਹਨ। ਸੂਬੇ 'ਚ ਪ੍ਰਤੀ ਮਹੀਨਾ ਤੇਲ ਦੀ ਔਸਤਨ 35 ਲੱਖ ਕਿੱਲੋਲਿਟਰ ਦੀ ਖਪਤ ਹੈ ਜੋ ਸੀਜ਼ਨ ਦੇ ਲਿਹਾਜ਼ ਨਾਲ ਘਟਦੀ ਵਧਦੀ ਵੀ ਰਹਿੰਦੀ ਹੈ। ਵੇਰਵਿਆਂ ਅਨੁਸਾਰ ਵੀਰਵਾਰ ਵਾਲੇ ਪੰਜਾਬ ਦੇ ਬਹੁਗਿਣਤੀ ਤੇਲ ਪੰਪਾਂ 'ਤੇ ਕਤਾਰਾਂ ਦੇਖਣ ਨੂੰ ਮਿਲੀਆਂ। ਰਾਮਪੁਰਾ ਫੂਲ ਦੇ ਤੇਲ ਪੰਪ ਮਾਲਕ ਨੀਟੂ ਦਾ ਕਹਿਣਾ ਸੀ ਕਿ ਲੌਕਡਾਊਨ ਦੀ ਅਫ਼ਵਾਹ ਕਾਰਨ ਸ਼ਹਿਰੀ ਤਬਕੇ ਨੇ ਲੰਘੀ ਦੇਰ ਰਾਤ ਤੱਕ ਪੰਪਾਂ 'ਤੇ ਲਾਈਨਾਂ ਲਾਈ ਰੱਖੀਆਂ। ਉਨ੍ਹਾਂ ਦੱਸਿਆ ਕਿ ਪੰਪਾਂ 'ਤੇ ਤੇਲ ਦੀ ਖਪਤ ਇਕਦਮ ਵਧ ਗਈ ਹੈ।

ਜ਼ਿਲ੍ਹਾ ਜਲੰਧਰ, ਮੋਗਾ ਅਤੇ ਅੰਮ੍ਰਿਤਸਰ ਤੋਂ ਇਲਾਵਾ ਪਟਿਆਲਾ ਦੇ ਤੇਲ ਪੰਪਾਂ 'ਤੇ ਲੰਘੀ ਦੇਰ ਰਾਤ ਤੱਕ ਕਤਾਰਾਂ ਲੱਗੀਆਂ ਰਹੀਆਂ। ਅੱਜ ਫ਼ਰੀਦਕੋਟ ਦੇ ਕਈ ਪੰਪਾਂ 'ਤੇ ਕਤਾਰਾਂ ਦੇਖਣ ਨੂੰ ਮਿਲੀਆਂ। ਸੰਗਰੂਰ ਜ਼ਿਲ੍ਹੇ 'ਚ ਕਈ ਤੇਲ ਪੰਪ ਡਰਾਈ ਹੋ ਗਏ ਹਨ। ਪੈਟਰੋਲ ਪੰਪ ਡੀਲਰਜ਼ ਐਸੋਸੀਏਸ਼ਨ ਦੇ ਪ੍ਰਧਾਨ ਪਰਮਜੀਤ ਸਿੰਘ ਦੋਆਬਾ ਦਾ ਕਹਿਣਾ ਸੀ ਕਿ ਤੇਲ ਕੰਪਨੀਆਂ ਦੇ ਆਦੇਸ਼ਾਂ ਮਗਰੋਂ ਹੁਣ ਤੇਲ ਪੰਪ ਮਾਲਕਾਂ ਨੇ ਹੱਥ ਘੁੱਟ ਕੇ ਖੁੱਲ੍ਹਾ ਤੇਲ ਦੇਣਾ ਸ਼ੁਰੂ ਕੀਤਾ। ਉਨ੍ਹਾਂ ਕਿਹਾ ਕਿ ਪੇਂਡੂ ਖੇਤਰ ਦੇ ਕਾਫ਼ੀ ਤੇਲ ਪੰਪ ਡਰਾਈ ਹੋ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਕਿਸਾਨ ਘਬਰਾਹਟ 'ਚ ਹੋਣ ਕਰਕੇ ਤੇਲ ਜਮ੍ਹਾ ਵੀ ਕਰਨ ਲੱਗੇ ਹਨ।

ਅੱਜ ਕੇਂਦਰੀ ਵਜ਼ੀਰ ਹਰਦੀਪ ਪੁਰੀ ਅਤੇ ਨਿਰਮਲਾ ਸੀਤਾਰਮਨ ਨੇ ਲੌਕਡਾਊਨ ਦੀਆਂ ਅਫ਼ਵਾਹਾਂ ਨੂੰ ਪੂਰੀ ਤਰ੍ਹਾਂ ਖ਼ਾਰਜ ਕੀਤਾ ਹੈ। ਕੇਂਦਰ ਸਰਕਾਰ ਦੇ ਬਿਆਨ ਮਗਰੋਂ ਸਥਿਤੀ ਕਾਫ਼ੀ ਸੁਧਰਨੀ ਸ਼ੁਰੂ ਹੋ ਗਈ ਹੈ। ਮਾਲਵਾ ਖ਼ਿੱਤੇ ਦੇ ਤੇਲ ਪੰਪਾਂ 'ਤੇ ਅੱਜ ਸਥਿਤੀ ਆਮ ਵਰਗੀ ਹੀ ਦੇਖੀ ਗਈ। ਬਠਿੰਡਾ ਤੇ ਮਾਨਸਾ ਜ਼ਿਲ੍ਹੇ 'ਚ ਬਹੁਤੇ ਪੰਪਾਂ 'ਤੇ ਲਿਖਤ ਸੂਚਨਾ ਲਗਾ ਦਿੱਤੀ ਹੈ ਕਿ ਡਰੰਮ ਜਾਂ ਬੋਤਲਾਂ 'ਚ ਤੇਲ ਨਹੀਂ ਮਿਲੇਗਾ। ਇਸ ਦਾ ਇੱਕੋ ਮਕਸਦ ਜਮ੍ਹਾਖ਼ੋਰੀ ਨੂੰ ਰੋਕਣਾ ਹੈ।

## ਪੰਜਾਬ ਭਰ 'ਚ ਤੰਬਾਕੂ ਟੈਕਸ ਚੋਰਾਂ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਸਟਾਕ ਬਰਾਮਦ

**ਚੰਡੀਗੜ੍ਹ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸ਼ੁੱਕਰਵਾਰ ਨੂੰ ਐਲਾਨ ਕੀਤਾ ਕਿ ਟੈਕਸੇਸ਼ਨ ਵਿਭਾਗ ਨੇ ਤੰਬਾਕੂ ਟੈਕਸ ਦੀ ਚੋਰੀ ਨੂੰ ਰੋਕਣ ਲਈ ਪੂਰੇ ਪੰਜਾਬ ਵਿੱਚ ਵੱਡੇ ਪੱਧਰ 'ਤੇ ਤਾਲਮੇਲ ਵਾਲੀ ਐਨਫੋਰਸਮੈਂਟ ਮੁਹਿੰਮ ਚਲਾਈ ਹੈ, ਜਿਸ ਨਾਲ ਲਗਪਗ 1.50 ਕਰੋੜ ਰੁਪਏ ਦੇ ਬਿਨਾਂ ਹਿਸਾਬ-ਕਿਤਾਬ ਵਾਲੇ ਸਾਮਾਨ ਦਾ ਪਤਾ ਲੱਗਿਆ ਹੈ।

ਵੇਰਵੇ ਸਾਂਝੇ ਕਰਦਿਆਂ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ, ਸਿਗਰਟਾਂ, ਬੀੜੀਆਂ ਅਤੇ ਸਬੰਧਤ ਵਸਤੂਆਂ ਵਰਗੇ ਤੰਬਾਕੂ ਉਤਪਾਦਾਂ 'ਤੇ ਟੈਕਸ ਦਰਾਂ ਵਿੱਚ ਹਾਲ ਹੀ ਵਿੱਚ ਹੋਏ ਵਾਧੇ ਤੋਂ ਬਾਅਦ, ਵਿਭਾਗ ਨੂੰ ਇਸ ਖੇਤਰ ਵਿੱਚ ਟੈਕਸ ਚੋਰੀ ਦੀਆਂ ਗਤੀਵਿਧੀਆਂ ਵਧਣ ਬਾਰੇ ਵਿਸ਼ੇਸ਼ ਸੂਚਨਾਵਾਂ ਮਿਲੀਆਂ ਸਨ। ਇਸ ਖ਼ੁਫ਼ੀਆ ਜਾਣਕਾਰੀ 'ਤੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ ਅੰਮ੍ਰਿਤਸਰ, ਲੁਧਿਆਣਾ, ਪਟਿਆਲਾ ਅਤੇ ਜਲੰਧਰ ਸਥਿਤ ਚਾਰ ਰਾਜ ਜਾਂਚ ਅਤੇ ਰੋਕਥਾਮ ਯੂਨਿਟਾਂ ਦੀਆਂ ਟੀਮਾਂ ਨੂੰ ਲਾਮਬੰਦ ਕੀਤਾ ਗਿਆ ਸੀ। ਇਨ੍ਹਾਂ ਯੂਨਿਟਾਂ ਨੇ ਅੱਠ ਵੱਖ-ਵੱਖ ਥਾਵਾਂ 'ਤੇ ਇੱਕੋ ਸਮੇਂ ਨਿਰੀਖਣ ਕੀਤਾ, ਜਿਸ ਵਿੱਚ ਪੰਜ ਰਜਿਸਟਰਡ ਕਾਰੋਬਾਰੀ ਅਦਾਰੇ ਅਤੇ ਤਿੰਨ ਅਜਿਹੇ ਅਦਾਰੇ ਸ਼ਾਮਲ ਸਨ ਜੋ ਬਿਨਾਂ ਕਿਸੇ ਰਜਿਸਟ੍ਰੇਸ਼ਨ ਦੇ ਚੱਲ ਰਹੇ ਸਨ। ਐਨਫੋਰਸਮੈਂਟ ਮੁਹਿੰਮ ਦੇ ਨਤੀਜਿਆਂ ਬਾਰੇ ਵਿਸਥਾਰ ਵਿੱਚ ਦੱਸਦਿਆਂ ਮੰਤਰੀ ਨੇ ਕਿਹਾ, ਲੁਧਿਆਣਾ ਅਤੇ ਅੰਮ੍ਰਿਤਸਰ ਵਿੱਚ ਵੱਡੀਆਂ ਸਫ਼ਲਤਾਵਾਂ ਹਾਸਲ ਹੋਈਆਂ



ਹਨ, ਜਿੱਥੇ ਟੀਮਾਂ ਨੇ ਲੁਕਵੇਂ ਸਟੋਰੇਜ ਟਿਕਾਣਿਆਂ ਅਤੇ ਬਿਨਾਂ ਹਿਸਾਬ ਵਾਲੇ ਸਟਾਕ ਦੀ ਪਛਾਣ ਕਰਨ ਲਈ ਕਾਫ਼ੀ ਕੋਸ਼ਿਸ਼ਾਂ ਕੀਤੀਆਂ। ਮੁੱਖ ਦੁਕਾਨਾਂ ਅਤੇ ਸਬੰਧਤ ਗੋਦਾਮਾਂ ਦੋਵਾਂ ਦੇ ਡੂੰਘਾਈ ਨਾਲ ਨਿਰੀਖਣ ਦੌਰਾਨ, ਭਾਰੀ ਮਾਤਰਾ ਵਿੱਚ ਸਾਮਾਨ ਬਿਨਾਂ ਯੋਗ ਇਨਵੌਇਸ (ਬਿੱਲ) ਦੇ ਸਟੋਰ ਕੀਤਾ ਅਤੇ ਵੇਚਿਆ ਜਾਂਦਾ ਪਾਇਆ ਗਿਆ।

ਉਨ੍ਹਾਂ ਅੱਗੇ ਕਿਹਾ ਕਿ ਜ਼ਬਤ ਕੀਤੇ ਗਏ ਸਟਾਕ ਵਿੱਚ ਲਗਪਗ 1.32 ਲੱਖ ਪੈਕੇਟ ਭਾਰਤੀ ਸਿਗਰਟਾਂ, 18,472 ਪੈਕੇਟ ਭਾਰਤੀ ਬੀੜੀਆਂ, 302 ਪੈਕੇਟ ਜ਼ਰਦਾ, 13 ਪੈਕਟ ਅਤੇ 95 ਬਾਕਸ ਇੰਪੋਰਟਡ (ਆਯਾਤ ਕੀਤੀਆਂ) ਸਿਗਰਟਾਂ, 148 ਵਿਦੇਸ਼ੀ ਮੂਲ ਦੇ ਹੁੱਕੇ ਦਾ ਸਾਮਾਨ, 13,000 ਲਾਈਟਰ ਅਤੇ ਕੂਲਿਪ ਦੇ 18 ਪੈਕ ਸ਼ਾਮਲ ਹਨ।

ਵਿੱਤੀ ਮੁਲਾਂਕਣ ਪ੍ਰਦਾਨ ਕਰਦਿਆਂ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਕਾਨੂੰਨ ਦੀਆਂ ਧਾਰਾਵਾਂ ਅਨੁਸਾਰ ਫੜੇ ਗਏ ਸਾਮਾਨ 'ਤੇ 50 ਲੱਖ ਰੁਪਏ ਤੋਂ ਵੱਧ ਦੀ ਟੈਕਸ ਦੇਣਦਾਰੀ, ਲਾਗੂ ਜੁਰਮਾਨਿਆਂ ਦੇ ਨਾਲ, ਸਖ਼ਤੀ ਨਾਲ ਵਸੂਲ ਕੀਤੀ ਜਾਵੇਗੀ। ਹੁਣ ਤੱਕ 12 ਲੱਖ ਰੁਪਏ ਦੀ ਰਕਮ ਪਹਿਲਾਂ ਹੀ ਵਸੂਲ ਕੀਤੀ ਜਾ ਚੁੱਕੀ ਹੈ ਅਤੇ ਅੱਗੇ ਦੀ ਵਸੂਲੀ ਦੀ ਪ੍ਰਕਿਰਿਆ ਸਰਗਰਮੀ ਨਾਲ ਜਾਰੀ ਹੈ।

ਟੈਕਸ ਚੋਰੀ ਦੇ ਵਿਰੁੱਧ ਭਗਵੰਤ ਮਾਨ ਸਰਕਾਰ ਦੇ ਜ਼ੀਰੋ-ਟਾਲਰੈਂਸ ਦੇ ਰੁਖ ਨੂੰ ਦੁਹਰਾਉਂਦੇ ਹੋਏ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਸਖ਼ਤ ਟੈਕਸ ਪਾਲਣਾ ਨੂੰ ਯਕੀਨੀ ਬਣਾਉਣ ਅਤੇ ਰਾਜ ਦੇ ਮਾਲੀਏ ਦੀ ਰਾਖੀ ਲਈ ਅਜਿਹੀਆਂ ਤਾਲਮੇਲ ਵਾਲੀਆਂ ਐਨਫੋਰਸਮੈਂਟ ਕਾਰਵਾਈਆਂ ਬੇਰੋਕ ਜਾਰੀ ਰਹਿਣਗੀਆਂ। ਉਨ੍ਹਾਂ ਵਪਾਰੀਆਂ ਨੂੰ ਸਖ਼ਤ ਚਿਤਾਵਨੀ ਵੀ ਜਾਰੀ ਕੀਤੀ ਅਤੇ ਉਨ੍ਹਾਂ ਨੂੰ ਅਪੀਲ ਕੀਤੀ ਕਿ ਉਹ ਸਖ਼ਤ ਦੰਡਕਾਰੀ ਕਾਰਵਾਈ ਤੋਂ ਬਚਣ ਲਈ ਸਹੀ ਦਸਤਾਵੇਜ਼ ਬਣਾਏ ਰੱਖਣ ਅਤੇ ਕਾਨੂੰਨੀ ਵਿਵਸਥਾਵਾਂ ਦੀ ਸਖ਼ਤੀ ਨਾਲ ਪਾਲਣਾ ਕਰਨ।

## ਨਿਗਮ ਬਜਟ ਮੀਟਿੰਗ 'ਤੇ ਸਵਾਲ: 3 ਮਿੰਟ ਵਿੱਚ 1258.80 ਕਰੋੜ ਦਾ ਬਜਟ ਪਾਸ, ਟੇਬਲ ਐਜੰਡਾ ਵੀ ਮਨਜ਼ੂਰ : ਪੂਨਮ

**ਲੁਧਿਆਣਾ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਨਗਰ ਨਿਗਮ ਦੀ ਬਜਟ ਸੰਬੰਧੀ ਹਾਊਸ ਮੀਟਿੰਗ ਦੌਰਾਨ 1258.80 ਕਰੋੜ ਰੁਪਏ ਦਾ ਬਜਟ ਸਿਰਫ਼ 3 ਮਿੰਟ ਵਿੱਚ ਪਾਸ ਕੀਤੇ ਜਾਣ 'ਤੇ ਭਾਰਤੀ ਜਨਤਾ ਪਾਰਟੀ ਦੀ ਨੇਤਰੀ ਪੂਨਮ ਰਤੜਾ ਨੇ ਤੀਖੀ ਪ੍ਰਤੀਕ੍ਰਿਆ ਦਿੱਤੀ ਹੈ। ਉਨ੍ਹਾਂ ਕਿਹਾ ਕਿ ਮੇਅਰ ਅਤੇ ਕਮਿਸ਼ਨਰ ਵੱਲੋਂ ਬਿਨਾਂ ਯੋਗ ਚਰਚਾ ਦੇ ਬਜਟ ਪਾਸ ਕਰਨਾ ਸ਼ਹਿਰ ਵਾਸੀਆਂ ਨਾਲ ਧੋਖਾ ਹੈ।

ਉਨ੍ਹਾਂ ਦੱਸਿਆ ਕਿ ਮੀਟਿੰਗ ਲਈ ਭੇਜੇ ਗਏ ਨੋਟਿਸ ਵਿੱਚ ਸਪਸ਼ਟ ਤੌਰ 'ਤੇ ਲਿਖਿਆ ਗਿਆ ਸੀ ਕਿ ਕੋਈ ਵੀ ਟੇਬਲ ਐਜੰਡਾ ਨਹੀਂ ਲਿਆਂਦਾ ਜਾਵੇਗਾ। ਇਸ ਦੇ ਬਾਵਜੂਦ, ਬਿਨਾਂ ਜ਼ਿਕਰ ਕੀਤੇ ਅਤੇ ਬਿਨਾਂ ਹਾਊਸ ਦੀ ਮਨਜ਼ੂਰੀ ਤੋਂ ਟੇਬਲ ਐਜੰਡਾ ਪਾਸ ਕਰਨਾ ਗੰਭੀਰ ਗ਼ਲਤ ਪ੍ਰਕਿਰਿਆ ਨੂੰ ਦਰਸਾਉਂਦਾ ਹੈ।

ਪੂਨਮ ਰਤੜਾ ਨੇ ਦੋਸ਼ ਲਾਇਆ ਕਿ ਵਿਕਾਸ ਕਾਰਜਾਂ ਲਈ ਬਣਾਏ ਗਏ ਬਜਟ 2026-2027 ਦੇ ਨਾਂ 'ਤੇ ਪੰਜਾਬ ਸਰਕਾਰ ਸ਼ਹਿਰ ਵਾਸੀਆਂ ਦੇ ਪੈਸੇ ਦੀ



ਗ਼ਲਤ ਵਰਤੋਂ ਕਰਕੇ ਆਪਣੀਆਂ ਜੇਬਾਂ ਭਰਨ ਵਿੱਚ ਲੱਗੀ ਹੋਈ ਹੈ। ਉਨ੍ਹਾਂ ਕਿਹਾ ਕਿ ਇਹ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਚੇਤਾਵਨੀ ਦਿੱਤੀ ਕਿ ਭਾਰਤੀ ਜਨਤਾ ਪਾਰਟੀ ਇਸ ਮਾਮਲੇ ਨੂੰ ਲੈ ਕੇ ਡੱਟ ਕੇ ਵਿਰੋਧ ਕਰੇਗੀ ਅਤੇ ਸ਼ਹਿਰ ਦੇ ਹੱਕਾਂ ਦੀ ਰੱਖਿਆ ਲਈ ਹਰ ਸੰਭਵ ਕਦਮ ਚੁੱਕੇਗੀ।

## ਐਸ.ਸੀ.ਕਮਿਸ਼ਨ ਵਲੋਂ ਦਲਿਤ ਵਿਦਿਆਰਥੀ ਨੂੰ ਦਾਖਲਾ ਨਾ ਦੇਣ ਦੇ ਮਾਮਲੇ ਵਿਚ ਰਜਿੰਦਰ ਕਾਲਜ ਬਠਿੰਡਾ ਦੀ ਪ੍ਰਿੰਸੀਪਲ ਤਲਬ

**ਚੰਡੀਗੜ੍ਹ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਵੱਲੋਂ ਇਕ ਅਨੁਸੂਚਿਤ ਜਾਤੀ ਨਾਲ ਸਬੰਧਤ ਵਿਦਿਆਰਥੀਆਂ ਨੂੰ ਰਜਿੰਦਰਾ ਕਾਲਜ ਬਠਿੰਡਾ ਵਿਖੇ ਦਾਖਲਾ ਨਾ ਦੇਣ ਦੇ ਮਾਮਲੇ ਦਾ ਨੋਟਿਸ ਲੈਂਦਿਆਂ ਕਾਲਜ ਪ੍ਰਿੰਸੀਪਲ ਨੂੰ ਤਲਬ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਬੁਲਾਰੇ ਨੇ ਦੱਸਿਆ ਕਿ ਇਹ ਮਾਮਲਾ ਇਕ ਅਖਬਾਰ ਵਿੱਚ ਛਪੀ ਖਬਰ ਰਾਹੀਂ ਕਮਿਸ਼ਨ ਦੇ ਧਿਆਨ ਵਿੱਚ ਆਇਆ ਜਿਸ ਤੇ ਕਾਰਵਾਈ ਕਰਦਿਆਂ ਕਮਿਸ਼ਨ ਵਲੋਂ ਰਜਿੰਦਰਾ ਕਾਲਜ ਬਠਿੰਡਾ ਦੀ ਪ੍ਰਿੰਸੀਪਲ ਨੂੰ 1 ਅਪ੍ਰੈਲ 2026 ਨੂੰ ਨਿੱਜੀ ਤੌਰ ਤੇ ਕਮਿਸ਼ਨ ਅੱਗੇ ਪੇਸ਼ ਹੋਣ ਲਈ ਕਿਹਾ ਹੈ।

# ਹਰ ਇੱਕ ਜਾਨ ਕੀਮਤੀ ਹੈ ਅਤੇ ਸਿਹਤ ਕਾਰਡ ਰਾਹੀਂ ਮੁਫ਼ਤ, ਜੀਵਨ-ਰੱਖਿਅਕ ਇਲਾਜ ਯਕੀਨੀ ਬਣਾਉਣਾ ਹਰ ਨਾਗਰਿਕ ਦੀ ਸੁਰੱਖਿਆ ਲਈ ਸਾਡੀ ਵਚਨਬੱਧਤਾ ਨੂੰ ਦਰਸਾਉਂਦਾ ਹੈ: ਸਿਹਤ ਮੰਤਰੀ ਡਾ. ਬਲਬੀਰ ਸਿੰਘ

**ਚੰਡੀਗੜ੍ਹ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹੁਣ ਤੱਕ ਦੇ ਸਭ ਤੋਂ ਵੱਡੇ ਕਲੇਮਾਂ ਵਿੱਚੋਂ ਇੱਕ ਵਜੋਂ 4 ਲੱਖ ਰੁਪਏ ਦਾ ਜੀਵਨ-ਰੱਖਿਅਕ ਆਪ੍ਰੇਸ਼ਨ ਕੈਸ਼ਲੈੱਸ (ਨਗਦ ਰਹਿਤ) ਤਰੀਕੇ ਨਾਲ ਕੀਤਾ ਗਿਆ, ਜੋ ਭਗਵੰਤ ਮਾਨ ਸਰਕਾਰ ਦੀ ਸਿਹਤ ਪ੍ਰਣਾਲੀ ਦੇ ਪੱਧਰ ਅਤੇ ਜ਼ਮੀਨੀ ਪ੍ਰਭਾਵ ਨੂੰ ਦਰਸਾਉਂਦਾ ਹੈ।

ਲਾਭਪਾਤਰੀ ਸੁਖਪਾਲ ਕੌਰ (37), ਜੋ ਕਿ ਚੰਡੀਗੜ੍ਹ ਦੀ ਰਹਿਣ ਵਾਲੀ ਹੈ, ਨੂੰ 'ਐਓਰਟਿਕ ਡਿਸੈਕਸ਼ਨ' ਨਾਮਕ ਗੰਭੀਰ ਦਿਲ ਅਤੇ ਨਾੜੀਆਂ ਦੀ ਬਿਮਾਰੀ ਕਾਰਨ ਪੀ.ਜੀ.ਆਈ.ਐਮ.ਈ.ਆਰ. ਚੰਡੀਗੜ੍ਹ ਵਿਖੇ ਦਾਖ਼ਲ ਕਰਵਾਇਆ ਗਿਆ ਸੀ, ਜਿਸ ਲਈ ਤੁਰੰਤ ਸਰਜਰੀ ਦੀ ਲੋੜ ਸੀ। ਇਸ ਪ੍ਰਕਿਰਿਆ, ਹਸਪਤਾਲ ਵਿੱਚ ਦਾਖ਼ਲੇ ਅਤੇ ਵਿਸ਼ੇਸ਼ ਦੇਖਭਾਲ ਦਾ ਅੰਦਾਜ਼ਨ ਖਰਚਾ ਲਗਭਗ 4 ਲੱਖ ਰੁਪਏ ਸੀ, ਜੋ ਕਿ ਪਰਿਵਾਰ ਲਈ ਇੰਨੇ ਘੱਟ ਸਮੇਂ ਵਿੱਚ ਜੁਟਾਉਣਾ ਬਹੁਤ ਮੁਸ਼ਕਲ ਸੀ। ਹਸਪਤਾਲ ਵਿੱਚ ਸਿਹਤ ਕਾਰਡ ਦੀ ਤਸਦੀਕ ਹੋਣ ਦੇ ਨਾਲ ਹੀ, ਇਲਾਜ ਬਿਨਾਂ ਕਿਸੇ ਦੇਰੀ ਦੇ ਸ਼ੁਰੂ ਹੋ ਗਿਆ। ਇਸ ਸਕੀਮ ਤਹਿਤ ਪ੍ਰਤੀ ਪਰਿਵਾਰ ਰੁਪਏ 10 ਲੱਖ ਤੱਕ ਦੇ ਬੀਮਾ ਕਵਰ ਅਧੀਨ ਸਾਰੀ ਪ੍ਰਕਿਰਿਆ ਕੈਸ਼ਲੈੱਸ ਮੁਕੰਮਲ ਕੀਤੀ ਗਈ।ਪਰਿਵਾਰ ਦੇ ਇੱਕ ਮੈਂਬਰ ਨੇ ਦੱਸਿਆ, ਸਭ ਕੁਝ ਬਹੁਤ ਤੇਜ਼ੀ ਨਾਲ ਹੋਇਆ। ਸਾਨੂੰ ਦੱਸਿਆ ਗਿਆ ਸੀ ਕਿ ਸਥਿਤੀ ਗੰਭੀਰ ਹੈ ਅਤੇ ਤੁਰੰਤ ਸਰਜਰੀ ਦੀ ਲੋੜ ਹੈ। ਇੰਨੀ ਵੱਡੀ ਰਕਮ ਦਾ ਤੁਰੰਤ ਪ੍ਰਬੰਧ ਕਰਨਾ ਸੰਭਵ ਨਹੀਂ ਸੀ। ਸਿਹਤ ਕਾਰਡ ਨੇ ਇਹ ਯਕੀਨੀ ਬਣਾਇਆ ਕਿ ਇਲਾਜ ਵਿੱਚ ਕੋਈ ਦੇਰੀ ਨਾ ਹੋਵੇ। ਇਸ ਕੇਸ ਦੇ ਡਾਕਟਰੀ ਪਹਿਲੂ 'ਤੇ ਚਾਨਣਾ ਪਾਉਂਦੇ ਹੋਏ ਪੀ.ਜੀ.ਆਈ. ਚੰਡੀਗੜ੍ਹ ਦੇ ਡਾ. ਸਚਿਨ ਮਹਾਜਨ ਨੇ ਕਿਹਾ, ਐਓਰਟਿਕ ਡਿਸੈਕਸ਼ਨ ਇੱਕ ਨਾਜ਼ੁਕ ਸਥਿਤੀ ਹੈ ਜਿਸ ਵਿੱਚ ਤੁਰੰਤ ਸਰਜਰੀ ਦੀ ਲੋੜ ਹੁੰਦੀ ਹੈ। ਅਜਿਹੇ ਮਾਮਲਿਆਂ ਵਿੱਚ ਮਾਮੂਲੀ ਦੇਰੀ ਵੀ ਖਤਰਾ ਵਧਾ ਸਕਦੀ ਹੈ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਿਹਤ ਕਾਰਡ ਦੀ ਵੈਰੀਫਿਕੇਸ਼ਨ ਤੋਂ ਬਾਅਦ, ਅਸੀਂ ਵਿੱਤੀ ਮਨਜ਼ੂਰੀਆਂ ਦੀ ਉਡੀਕ ਕੀਤੇ ਬਿਨਾਂ ਅੱਗੇ ਵਧਣ ਦੇ ਯੋਗ ਹੋਏ। ਇਹ ਦਿਲ ਦੇ ਉੱਚ-ਜੋਖਮ ਵਾਲੇ ਮਾਮਲਿਆਂ ਵਿੱਚ ਸਮੇਂ ਸਿਰ ਅਤੇ ਨਿਰਵਿਘਨ ਇਲਾਜ ਯਕੀਨੀ ਬਣਾਉਂਦਾ ਹੈ। ਸਰਕਾਰ ਦੀ ਪਹੁੰਚ ਨੂੰ ਦੁਹਰਾਉਂਦੇ ਹੋਏ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ, ÷ਸੁਖਪਾਲ ਕੌਰ ਵਰਗੇ ਨਾਜ਼ੁਕ ਮੋੜ 'ਤੇ ਇੱਕ ਕੀਮਤੀ ਜਾਨ ਬਚਾਉਣ ਦੇ ਯੋਗ ਹੋਣਾ ਬੇਹੱਦ ਸੰਤੁਸ਼ਟੀ ਦਿੰਦਾ ਹੈ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ, ਮੁੱਖ ਮੰਤਰੀ ਸਿਹਤ ਯੋਜਨਾ ਜ਼ਮੀਨੀ ਪੱਧਰ 'ਤੇ ਅਸਲ ਪ੍ਰਭਾਵ ਪਾ ਰਹੀ ਹੈ, ਜਿੱਥੇ ਪਰਿਵਾਰ ਫੰਡਾਂ ਦੇ ਪ੍ਰਬੰਧ ਦੀ ਚਿੰਤਾ ਕੀਤੇ ਬਿਨਾਂ ਤੁਰੰਤ ਇਲਾਜ ਕਰਵਾਉਣ ਦੇ ਸਮਰੱਥ ਹਨ।

ਲੱਖਾਂ ਪਰਿਵਾਰਾਂ ਦੇ ਕਵਰ ਹੋਣ ਅਤੇ ਰਾਜ ਭਰ ਵਿੱਚ ਮਹਿੰਗੇ ਇਲਾਜ ਮੁਹੱਈਆ ਕਰਵਾਏ ਜਾਣ ਨਾਲ, ਇਹ ਸਕੀਮ ਪੰਜਾਬ ਵਿੱਚ ਸਿਹਤ ਸੇਵਾਵਾਂ ਦੀ ਪਹੁੰਚ ਨੂੰ ਮਜ਼ਬੂਤ ਕਰ ਰਹੀ ਹੈ।

ਪੰਜਾਬ ਸਰਕਾਰ ਵੱਲੋਂ ਲਗਾਤਾਰ ਵਸਨੀਕਾਂ ਨੂੰ ਅਪੀਲ ਕੀਤੀ ਜਾ ਰਹੀ ਹੈ ਕਿ ਉਹ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕੈਸ਼ਲੈੱਸ ਇਲਾਜ ਦੇ ਲਾਭ ਲੈਣ ਲਈ ਨਿਰਧਾਰਤ ਕੇਂਦਰਾਂ 'ਤੇ ਆਪਣਾ ਸਿਹਤ ਕਾਰਡ ਬਣਵਾਉਣ।

# ਰੰਗਲਾ ਪੰਜਾਬ ਫੰਡ 'ਚ ਸਿਵਲ ਹਸਪਤਾਲ ਨੂੰ ਮਿਲੀਆਂ 2 ਐਂਬੂਲੈਂਸਾਂ



**ਹੁਸ਼ਿਆਰਪੁਰ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਰੰਗਲਾ ਪੰਜਾਬ ਫੰਡ ਤਹਿਤ ਪੰਜਾਬ ਸਰਕਾਰ ਵੱਲੋਂ ਸਿਵਲ ਹਸਪਤਾਲ ਹੁਸ਼ਿਆਰਪੁਰ ਨੂੰ ਦੋ ਨਵੀਆਂ ਐਂਬੂਲੈਂਸਾਂ ਭੇਟ ਕੀਤੀਆਂ। ਇਸ ਮੌਕੇ ਬੋਲਦਿਆਂ ਉਨ੍ਹਾਂ ਕਿਹਾ ਕਿ ਸਰਕਾਰੀ ਹਸਪਤਾਲਾਂ ਨੂੰ ਆਧੁਨਿਕ ਅਤੇ ਬੁਨਿਆਦੀ ਸਹੂਲਤਾਂ ਨਾਲ ਲੈਸ ਕਰਨਾ ਸੂਬਾ ਸਰਕਾਰ ਦੀ ਮੁੱਖ ਤਰਜੀਹ ਹੈ।

ਉਨ੍ਹਾਂ ਕਿਹਾ ਕਿ ਇਨ੍ਹਾਂ ਐਂਬੂਲੈਂਸਾਂ ਦੀ ਉਪਲਬਧਤਾ ਮਰੀਜ਼ਾਂ ਲਈ ਸਮੇਂ ਸਿਰ ਅਤੇ ਬਿਹਤਰ ਸਿਹਤ ਸੇਵਾਵਾਂ ਅਤੇ ਐਮਰਜੈਂਸੀ ਵਿੱਚ ਤੁਰੰਤ ਸਹਾਇਤਾ ਯਕੀਨੀ ਬਣਾਏਗੀ।

ਵਿਧਾਇਕ ਜਿੰਪਾ ਨੇ ਕਿਹਾ ਕਿ ਪੰਜਾਬ ਸਰਕਾਰ ਸਿਹਤ ਸੇਵਾਵਾਂ ਦੇ ਪੱਧਰ ਨੂੰ ਉੱਚਾ ਚੁੱਕਣ ਲਈ ਲਗਾਤਾਰ ਕੰਮ ਕਰ ਰਹੀ ਹੈ ਤਾਂ ਜੋ ਆਮ ਲੋਕਾਂ ਨੂੰ ਸਰਕਾਰੀ ਸੰਸਥਾਵਾਂ ਵਿੱਚ ਬਿਹਤਰ ਇਲਾਜ ਮਿਲ ਸਕੇ। ਉਨ੍ਹਾਂ ਇਹ ਵੀ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਜ਼ਰੂਰਤ ਅਨੁਸਾਰ ਸਹੂਲਤਾਂ ਦਾ ਵਿਸਥਾਰ ਕੀਤਾ ਜਾਵੇਗਾ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਸਿਵਲ ਸਰਜਨ ਡਾ: ਮਨਦੀਪ ਕੰਵਲ, ਡਿਪਟੀ ਮੈਡੀਕਲ ਕਮਿਸ਼ਨਰ ਡਾ: ਸਵਾਤੀ ਸ਼ੀਮਾਰ, ਡੀਐਫਪੀਓ ਡਾ: ਰਣਜੀਤ, ਐਸਐਮਓ ਡਾ: ਨੇਹਾ, ਐਸਐਮਓ ਡਾ: ਨਵਜੋਤ, ਡੀਆਰ ਵੈਸ਼ਾਲੀ, ਡਾ: ਕਾਜਲ, ਡਾ: ਰੁਪਿੰਦਰ, ਕੌਂਸਲਰ ਮਨਜੀਤ, ਗੋਪੀ, ਜਸਪਾਲ ਸੁਮਨ, ਅਰਜੁਨ, ਸੰਜੇ ਸ਼ਰਮਾ, ਬਲਵੀਰ ਸੈਣੀ ਅਤੇ ਹੋਰ ਵੀ ਹਾਜ਼ਰ ਸਨ।

# ਸੰਤ ਸੀਚੇਵਾਲ ਨੇ ਘੱਟੋ-ਘੱਟ ਬਕਾਇਆ ਨਾ ਰਹਿਣ 'ਤੇ ਬੈਂਕ ਖਾਤਿਆਂ ਤੇ ਲੱਗਣ ਵਾਲੇ ਜੁਰਮਾਨਿਆਂ ਦਾ ਮਾਮਲਾ ਉਭਾਰਿਆ

**➢ ਤਿੰਨ ਸਾਲਾਂ ਵਿੱਚ ਬੈਂਕਾਂ ਨੇ 19 ਹਜ਼ਾਰ ਕਰੋੜ ਰੁਪਏ ਜੁਰਮਾਨਿਆਂ ਵਜੋਂ ਵਸੂਲੇ ➢ 10 ਜਨਤਕ ਬੈਂਕਾਂ ਨੇ ਇਹ ਜੁਰਮਾਨੇ ਲਗਾਉਣ ਬੰਦ ਕੀਤੇ ➢ਘੱਟੋ ਘੱਟ ਬਕਾਇਆ ਜ਼ੁਰਮਾਨੇ ਤੋਂ ਬਚਣ ਲਈ, ਬੀਐਸਬੀਡੀਏ ਵਿੱਚ ਬਦਲਿਆ ਜਾ ਸਕਦਾ ਹੈ ਖਾਤਾ ➢ ਸੰਤ ਸੀਚੇਵਾਲ ਨੇ ਰਾਜ ਸਭਾ ਵਿੱਚ ਉਠਾਇਆ ਮੁੱਦਾ**

**ਨਵੀਂ ਦਿੱਲੀ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਬਜਟ ਸੈਸ਼ਨ ਦੌਰਾਨ ਬੈਂਕਾਂ ਵਿੱਚ ਘੱਟੋ-ਘੱਟ ਬਕਾਇਆ (ਮਾਸਿਕ ਔਸਤ ਬਕਾਇਆ) ਨਾ ਰੱਖਣ ਵਾਲੇ ਖਾਤਾ ਧਾਰਕਾਂ 'ਤੇ ਲੱਗਣ ਵਾਲੇ ਜੁਰਮਾਨਿਆਂ ਦਾ ਮਸਲਾ ਗੰਭੀਰਤਾ ਨਾਲ ਉਠਾਇਆ। ਉਨ੍ਹਾਂ ਨੇ ਦੱਸਿਆ ਕਿ ਵਿੱਤ ਮੰਤਰਾਲੇ ਵੱਲੋਂ ਲੋਕ ਸਭਾ ਵਿੱਚ ਸਾਂਝੀ ਕੀਤੀ ਜਾਣਕਾਰੀ ਅਨੁਸਾਰ ਪਿਛਲੇ ਤਿੰਨ ਸਾਲਾਂ ਵਿੱਚ ਬੈਂਕਾਂ ਨੇ ਘੱਟੋ-ਘੱਟ ਬਕਾਇਆ ਨਿਯਮ ਤਹਿਤ ਲਗਭਗ 19 ਹਜ਼ਾਰ ਕਰੋੜ ਰੁਪਏ ਜੁਰਮਾਨੇ ਵਜੋਂ ਵਸੂਲ ਕੀਤੇ ਹਨ।

ਸੰਤ ਸੀਚੇਵਾਲ ਨੇ ਲਿਖਤੀ ਸਵਾਲ ਰਾਹੀਂ ਕੇਂਦਰੀ ਵਿੱਤ ਮੰਤਰੀ ਨੂੰ ਪੁੱਛਿਆ ਕਿ ਕੀ ਸਰਕਾਰ ਪੇਂਡੂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ—ਖ਼ਾਸ ਕਰਕੇ ਕਿਸਾਨਾਂ ਅਤੇ ਮਜ਼ਦੂਰਾਂ—ਨੂੰ ਇਸ ਤਰ੍ਹਾਂ ਦੇ ਜੁਰਮਾਨਿਆਂ ਤੋਂ ਰਾਹਤ ਦੇਣ ਬਾਰੇ ਵਿਚਾਰ ਕਰ ਰਹੀ ਹੈ।



ਇਸ ਸਵਾਲ ਦਾ ਲਿਖਤੀ ਜਵਾਬ ਦਿੰਦਿਆਂ ਕੇਂਦਰੀ ਵਿੱਤ ਰਾਜ ਮੰਤਰੀ ਪੰਕਜ ਚੌਧਰੀ ਨੇ ਦੱਸਿਆ ਕਿ ਜਨਤਕ ਖੇਤਰ ਦੀਆਂ 12 ਬੈਂਕਾਂ ਵਿੱਚੋਂ 10 ਬੈਂਕਾਂ ਨੇ ਘੱਟੋ-ਘੱਟ ਬਕਾਇਆ ਨਾ ਰੱਖਣ 'ਤੇ ਜੁਰਮਾਨਾ ਲਗਾਉਣਾ ਬੰਦ ਕਰ ਦਿੱਤਾ ਹੈ, ਜਦਕਿ ਬਾਕੀ ਦੋ ਬੈਂਕਾਂ ਨੇ ਆਪਣੇ ਨਿਯਮਾਂ ਨੂੰ ਵਾਜਬ ਅਤੇ ਤਰਕਸੰਗਤ ਬਣਾਇਆ ਹੈ।

ਉਨ੍ਹਾਂ ਨੇ ਇਹ ਵੀ ਦੱਸਿਆ ਕਿ ਜਿਹੜੇ ਖਾਤਾ ਧਾਰਕ ਜੁਰਮਾਨਿਆਂ ਤੋਂ ਬਚਣਾ ਚਾਹੁੰਦੇ ਹਨ, ਉਹ ਆਪਣਾ ਮੌਜੂਦਾ ਬਚਤ ਖਾਤਾ ਬੇਸਿਕ ਸੇਵਿੰਗ ਬੈਂਕ ਡਿਪਾਜਿਟ ਅਕਾਊਂਟ ਵਿੱਚ ਤਬਦੀਲ ਕਰ ਸਕਦੇ ਹਨ। ਇਸ ਕਿਸਮ ਦੇ ਖਾਤਿਆਂ ਵਿੱਚ ਨਾ ਤਾਂ ਘੱਟੋ-ਘੱਟ ਬਕਾਇਆ ਰੱਖਣ ਦੀ ਲੋੜ ਹੁੰਦੀ ਹੈ ਅਤੇ ਨਾ ਹੀ ਕੋਈ ਜੁਰਮਾਨਾ ਲੱਗਦਾ ਹੈ। ਨਾਲ ਹੀ, ਜਮ੍ਹਾਂ-ਨਿਕਾਸੀ ਅਤੇ ਏਟੀਐਮ ਵਰਗੀਆਂ ਬੁਨਿਆਦੀ ਸੇਵਾਵਾਂ ਮੁਫ਼ਤ ਦਿੱਤੀਆਂ ਜਾਂਦੀਆਂ ਹਨ।

ਰਾਜ ਸਭਾ ਮੈਂਬਰ ਸੰਤ ਸੀਚੇਵਾਲ ਨੇ ਗੱਲਬਾਤ ਦੌਰਾਨ ਦੱਸਿਆ ਕਿ ਜਿਹੜਾ ਵਿਅਕਤੀ ਘੱਟੋ-ਘੱਟ ਬਕਾਇਆ ਵੀ ਨਹੀਂ ਰੱਖ ਸਕਦਾ, ਉਸ ਦੀ ਆਰਥਿਕ ਮਜ਼ਬੂਰੀ ਆਪ ਹੀ ਦਰਸਾਉਂਦੀ ਹੈ ਕਿ ਉਸ ਨੂੰ ਸਹਾਇਤਾ ਦੀ ਲੋੜ ਹੈ। ਪਰ ਇਸਦੇ ਉਲਟ ਬੈਂਕ ਅਜਿਹੇ ਲੋਕਾਂ 'ਤੇ ਹੀ ਜੁਰਮਾਨੇ ਲਗਾ ਕੇ ਉਨ੍ਹਾਂ ਦੀ ਹਾਲਤ ਹੋਰ ਵੀ ਖ਼ਰਾਬ ਕਰ ਰਹੇ ਹਨ।

ਸੰਤ ਸੀਚੇਵਾਲ ਨੇ ਤਿੱਖੀ ਟਿੱਪਣੀ ਕਰਦਿਆਂ ਕਿਹਾ ਕਿ ਜਿੱਥੇ ਵੱਡੀਆਂ ਕਾਰਪੋਰੇਟ ਕੰਪਨੀਆਂ ਦੇ ਲੱਖਾਂ ਕਰੋੜਾਂ ਦੇ ਕਰਜ਼ੇ ਮੁਆਫ਼ ਕਰ ਦਿੱਤੇ ਜਾਂਦੇ ਹਨ, ਉੱਥੇ ਹੀ ਗਰੀਬ ਲੋਕਾਂ ਦੇ ਖਾਤਿਆਂ ਵਿੱਚ ਘੱਟ ਰਕਮ ਹੋਣ ਕਾਰਨ ਉਨ੍ਹਾਂ 'ਤੇ ਜੁਰਮਾਨੇ ਲਗਾਏ ਜਾਂਦੇ ਹਨ। ਉਨ੍ਹਾਂ ਮੁਤਾਬਕ ਇਹ ਹਾਲਾਤ ਗਰੀਬਾਂ ਨਾਲ ਨਾਇੰਸਾਫ਼ੀ ਨੂੰ ਦਰਸਾਉਂਦੇ ਹਨ, ਜਿੱਥੇ ਉਨ੍ਹਾਂ ਦੀ ਮਿਹਨਤ ਦੀ ਕਮਾਈ ਜੁਰਮਾਨਿਆਂ ਦੇ ਰੂਪ ਵਿੱਚ ਕੱਟੀ ਜਾਂਦੀ ਹੈ।

# ਹੁਸ਼ਿਆਰਪੁਰ 'ਚ ਈਵੀਐਮ ਵੇਅਰਹਾਊਸ ਦੀ ਹੋਈ ਤਿਮਾਹੀ ਪੜਤਾਲ



**ਹੁਸ਼ਿਆਰਪੁਰ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਤੇ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਵਿਚ ਅੱਜ ਜ਼ਿਲ੍ਹਾ ਪੱਧਰ 'ਤੇ ਬਣਾਏ ਗਏ ਈਵੀਐਮ ਵੇਅਰਹਾਊਸ ਦੀ (ਖੋਲ੍ਹ ਕੇ ਅੰਦਰੂਨੀ ਹਾਲਾਤ ਦੀ) ਮਾਰਚ 2026 ਦੀ ਤਿਮਾਹੀ ਪੜਤਾਲ ਕੀਤੀ ਗਈ। ਇਸ ਮੌਕੇ 'ਤੇ ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਪੜਤਾਲ ਪ੍ਰਕਿਰਿਆ ਦੇ ਤਹਿਤ ਸਾਰੇ ਸਬੰਧਤ ਰਿਕਾਰਡ, ਲਾਗਬੁੱਕ ਅਤੇ ਐਂਟਰੀ ਰਜਿਸਟਰਾਂ ਦੀ ਵੀ ਜਾਂਚ ਕੀਤੀ ਗਈ ਤਾਂ ਜੋ ਪਾਰਦਰਸ਼ਤਾ ਯਕੀਨੀ ਬਣਾਈ ਜਾ ਸਕੇ।

ਸਹਾਇਕ ਕਮਿਸ਼ਨਰ ਪਰਮਪ੍ਰੀਤ ਸਿੰਘ ਨੇ ਕਿਹਾ ਕਿ ਈਵੀਐਮ ਵੇਅਰਹਾਊਸ ਦੀ ਤਿਮਾਹੀ ਪੜਤਾਲ ਇਕ ਨਿਯਮਿਤ ਅਤੇ ਜ਼ਰੂਰੀ ਪ੍ਰਕਿਰਿਆ ਹੈ। ਇਸਦਾ ਉਦੇਸ਼ ਚੋਣ ਪ੍ਰਕਿਰਿਆ ਦੀ ਨਿਰਪੱਖਤਾ, ਸੁਰੱਖਿਆ ਅਤੇ ਪਾਰਦਰਸ਼ਤਾ ਬਣਾਈ ਰੱਖਣਾ ਹੈ। ਉਨ੍ਹਾਂ ਇਸ ਗੱਲ 'ਤੇ ਸੰਤੁਸ਼ਟੀ ਪ੍ਰਗਟ ਕੀਤੀ ਕਿ ਜ਼ਿਲ੍ਹੇ ਵਿੱਚ ਵੇਅਰਹਾਊਸ ਦੀ ਵਿਵਸਥਾ ਉੱਚਤਮ ਮਿਆਰਾਂ ਦੇ ਅਨੁਸਾਰ ਪਾਏ ਗਏ ਹਨ। ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੇ ਇਸ ਮੌਕੇ 'ਤੇ ਕਿਹਾ ਕਿ ਚੋਣ ਕਮਿਸ਼ਨ ਦੀ ਇਹ ਪਹਿਲ ਲੋਕਤੰਤਰ ਪ੍ਰਕਿਰਿਆ ਵਿਚ ਆਮ ਜਨਤਾ ਦੇ ਵਿਸ਼ਵਾਸ ਨੂੰ ਮਜ਼ਬੂਤ ਕਰਦੀ ਹੈ ਅਤੇ ਮਸ਼ੀਨਾਂ ਦੀ ਨਿਰਪੱਖਤਾ ਨੂੰ ਲੈ ਕੇ ਫੈਲਾਈ ਜਾਣ ਵਾਲੀ ਗਲਤ ਧਾਰਨਾਵਾਂ ਨੂੰ ਦੂਰ ਕਰਨ ਵਿਚ ਸਹਾਈ ਹੈ।

ਇਸ ਮੌਕੇ 'ਤੇ ਇੰਡੀਅਨ ਨੈਸ਼ਨਲ ਕਾਂਗਰਸ ਤੋਂ ਰਜਨੀਸ਼ ਟੰਡਨ, ਭਾਜਪਾ ਤੋਂ ਭੂਸ਼ਣ ਕੁਮਾਰ ਸ਼ਰਮਾ, ਆਮ ਆਦਮੀ ਪਾਰਟੀ ਤੋਂ ਜਸਪਾਲ ਸਿੰਘ ਤੋਂ ਇਲਾਵਾ ਨੋਡਲ ਅਫ਼ਸਰ ਈਵੀਐਮਜ਼ ਬਲਵਿੰਦਰ ਸਿੰਘ, ਤਹਿਸੀਲਦਾਰ ਚੋਣਾਂ ਹਰਮਿੰਦਰ ਸਿੰਘ, ਕੋਣ ਕਾਨੂੰਗੋ ਦੀਪਕ ਕੁਮਾਰ ਅਤੇ ਲਖਵੀਰ ਸਿੰਘ ਵੀ ਮੌਜੂਦ ਸਨ।

# 12 ਕਰੋੜ ਰੁਪਏ ਦੇ ਕੰਮ ਮਨਜ਼ੂਰ, ਸਫਾਈ ਅਤੇ ਬੁਨਿਆਦੀ ਸਹੂਲਤਾਂ 'ਤੇ ਵਿਸ਼ੇਸ਼ ਜ਼ੋਰ: ਮੇਅਰ ਸੁਰਿੰਦਰ ਕੁਮਾਰ

**ਹੁਸ਼ਿਆਰਪੁਰ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**



ਮੇਅਰ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਹੁਸ਼ਿਆਰਪੁਰ ਨਗਰ ਨਿਗਮ ਨੇ ਸ਼ਹਿਰ ਦੇ ਵਸਨੀਕਾਂ ਲਈ 100% ਬੁਨਿਆਦੀ ਸਹੂਲਤਾਂ ਨੂੰ ਯਕੀਨੀ ਬਣਾਉਣ ਲਈ ਇੱਕ ਮਹੱਤਵਪੂਰਨ ਹਾਊਸ ਮੀਟਿੰਗ ਕੀਤੀ। ਨਗਰ ਨਿਗਮ ਕਮਿਸ਼ਨਰ ਜੋਤੀ ਬਾਲਾ ਮੱਟੂ, ਸੀਨੀਅਰ ਡਿਪਟੀ ਮੇਅਰ ਪਰਵੀਨ ਲਤਾ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ ਸਮੇਤ ਵੱਖ-ਵੱਖ ਕੌਂਸਲਰ ਅਤੇ ਅਧਿਕਾਰੀ ਮੌਜੂਦ ਸਨ।

ਮੇਅਰ ਨੇ ਦੱਸਿਆ ਕਿ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ ਕਰਨ ਲਈ 12 ਕਰੋੜ ਰੁਪਏ ਦੇ ਖਰਚ ਨੂੰ ਮਨਜ਼ੂਰੀ ਦਿੱਤੀ ਗਈ ਹੈ। ਇਸ ਤੋਂ ਇਲਾਵਾ ਸ਼ਹਿਰ ਦੀ ਸਫਾਈ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਲਈ 255 ਸਫਾਈ ਕਰਮਚਾਰੀਆਂ ਅਤੇ 32 ਸੀਵਰ ਕਰਮਚਾਰੀਆਂ ਦੀ ਨਿਯਮਤ ਭਰਤੀ ਨੂੰ ਵੀ ਮਨਜ਼ੂਰੀ ਦਿੱਤੀ ਗਈ ਹੈ।

ਉਨ੍ਹਾਂ ਇਹ ਵੀ ਦੱਸਿਆ ਕਿ ਸ਼ਹਿਰ ਦੇ ਵਸਨੀਕਾਂ ਨੂੰ ਬਿਹਤਰ ਪਾਣੀ ਸਪਲਾਈ ਅਤੇ ਸੀਵਰੇਜ ਸਹੂਲਤਾਂ ਪ੍ਰਦਾਨ ਕਰਨ ਲਈ ਵੱਖ-ਵੱਖ ਥਾਵਾਂ 'ਤੇ ਸੀਵਰੇਜ ਲਾਈਨਾਂ ਵਿਛਾਉਣ ਲਈ 58 ਲੱਖ ਰੁਪਏ ਮਨਜ਼ੂਰ ਕੀਤੇ ਗਏ ਹਨ। ਇਸ ਤੋਂ ਇਲਾਵਾ ਸਿਵਲ ਹਸਪਤਾਲ ਦੇ ਨੇੜੇ ਪਿੰਕ ਟਾਇਲਟ ਦੀ ਦੇਖਭਾਲ ਸੁਲਭ ਇੰਟਰਨੈਸ਼ਨਲ ਨੂੰ ਸੌਂਪੀ ਗਈ ਹੈ, ਜਿਸ ਨਾਲ ਠੇਕਾ ਅਗਲੇ ਤਿੰਨ ਸਾਲਾਂ ਲਈ 2.22 ਲੱਖ ਰੁਪਏ ਪ੍ਰਤੀ ਸਾਲ ਦੀ ਦਰ ਨਾਲ ਵਧਾਇਆ ਗਿਆ ਹੈ।

ਮੇਅਰ ਨੇ ਅੱਗੇ ਦੱਸਿਆ ਕਿ ਸੁਲਭ ਇੰਟਰਨੈਸ਼ਨਲ ਨੂੰ ਸ਼ਹਿਰ ਦੇ ਵੱਖ-ਵੱਖ ਸਥਾਨਾਂ ਜਿਵੇਂ ਕਿ ਸਰਕਾਰੀ ਸਕੂਲ (ਊਨਾ ਰੋਡ), ਧੰਨਾ ਸਿੰਘ ਪਾਰਕ, ਨਲੋਈਆਂ ਚੌਂਕ, ਮਿਊਂਸੀਪਲ ਲਾਇਬ੍ਰੇਰੀ ਦੇ ਨੇੜੇ ਲੇਬਰ ਸ਼ੈੱਡ, ਮਾਹਿਲਪੁਰ ਅੱਡਾ ਅਤੇ ਫੋਕਲ ਪੁਆਇੰਟ 'ਤੇ ਜਨਤਕ ਪਖਾਨਿਆਂ ਦੀ ਦੇਖਭਾਲ ਦਾ ਕੰਮ ਵੀ ਸੌਂਪਿਆ ਗਿਆ ਹੈ, ਤਾਂ ਜੋ ਇਨ੍ਹਾਂ ਸਹੂਲਤਾਂ ਦੇ ਸੁਚਾਰੂ ਸੰਚਾਲਨ ਨੂੰ ਯਕੀਨੀ ਬਣਾਇਆ ਜਾ ਸਕੇ।

ਉਨ੍ਹਾਂ ਇਹ ਵੀ ਦੱਸਿਆ ਕਿ ਏਕਤਾ ਨਗਰ ਵਿੱਚ ਨਗਰ ਨਿਗਮ ਦੇ ਗਊਸ਼ਾਲਾ ਨੂੰ ਪਹਿਲਾਂ ਹੀ ਇੱਕ ਨਿੱਜੀ ਸੰਸਥਾ ਨੂੰ ਇਸਦੇ ਸੁਚਾਰੂ ਸੰਚਾਲਨ ਲਈ ਸੌਂਪਿਆ ਗਿਆ ਹੈ ਅਤੇ ਅਵਾਰਾ ਪਸ਼ੂਆਂ ਦੀ ਬਿਹਤਰ ਦੇਖਭਾਲ ਨੂੰ ਯਕੀਨੀ ਬਣਾਉਣ ਲਈ ਪਸ਼ੂਆਂ ਦੀ ਦੇਖਭਾਲ ਲਈ ਮਹੀਨਾਵਾਰ ਭੁਗਤਾਨ ਵਧਾ ਦਿੱਤਾ ਗਿਆ ਹੈ।

ਮੇਅਰ ਸੁਰਿੰਦਰ ਕੁਮਾਰ ਨੇ ਕਿਹਾ ਕਿ ਨਗਰ ਨਿਗਮ ਸ਼ਹਿਰ ਦੀ ਸਫਾਈ ਪ੍ਰਣਾਲੀ ਨੂੰ ਤਰਜੀਹ ਦੇਣ ਲਈ ਠੋਸ ਕਦਮ ਚੁੱਕ ਰਿਹਾ ਹੈ। ਇਸਦੇ ਹਿੱਸੇ ਵਜੋਂ ਸ਼ਹਿਰ ਤੋਂ ਕੂੜਾ ਇਕੱਠਾ ਕਰਨ, ਇਸ ਨੂੰ ਡੰਪਿੰਗ ਸਾਈਟ ਤੱਕ ਪਹੁੰਚਾਉਣ ਅਤੇ ਵਿਗਿਆਨਕ ਤੌਰ 'ਤੇ ਇਸ ਦੀ ਪ੍ਰੋਸੈਸਿੰਗ ਕਰਨ ਲਈ ਇੱਕ ਠੇਕਾ ਦਿੱਤਾ ਗਿਆ ਹੈ। ਇਸ ਨਾਲ ਸ਼ਹਿਰ ਦੇ ਵੱਖ-ਵੱਖ ਥਾਵਾਂ 'ਤੇ ਪਏ ਕੂੜੇ ਦੇ ਢੇਰਾਂ ਤੋਂ ਛੁਟਕਾਰਾ ਮਿਲੇਗਾ।

ਇਸ ਤੋਂ ਇਲਾਵਾ ਅਵਾਰਾ ਕੁੱਤਿਆਂ ਦੀ ਸਮੱਸਿਆ ਨੂੰ ਹੱਲ ਕਰਨ ਲਈ ਉਨ੍ਹਾਂ ਦੀ ਨਸਬੰਦੀ ਲਈ 80 ਲੱਖ ਰੁਪਏ ਦੇ ਖਰਚੇ ਨੂੰ ਮਨਜ਼ੂਰੀ ਦਿੱਤੀ ਗਈ ਹੈ, ਜਿਸ ਤਹਿਤ ਦੂਜੇ ਪੜਾਅ ਵਿੱਚ ਲਗਭਗ 3000 ਕੁੱਤਿਆਂ ਦੀ ਨਸਬੰਦੀ ਕੀਤੀ ਜਾਵੇਗੀ।

ਮੇਅਰ ਨੇ ਕਿਹਾ ਕਿ ਨਗਰ ਨਿਗਮ ਹੁਸ਼ਿਆਰਪੁਰ ਸ਼ਹਿਰ ਦੇ ਸਮੁੱਚੇ ਵਿਕਾਸ ਅਤੇ ਨਾਗਰਿਕਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੌਕੇ ਸੰਯੁਕਤ ਕਮਿਸ਼ਨਰ ਸਤੀਸ਼ ਕੁਮਾਰ ਸੈਣੀ, ਸਹਾਇਕ ਕਮਿਸ਼ਨਰ ਲਖਵੀਰ ਸਿੰਘ, ਨਿਗਮ ਇੰਜੀਨੀਅਰ ਕੁਲਦੀਪ ਸਿੰਘ ਅਤੇ ਹਰਪ੍ਰੀਤ ਸਿੰਘ, ਡਿਪਟੀ ਕੰਟਰੋਲਰ ਵਿੱਤ ਅਤੇ ਲੇਖਾ ਪੰਕਜ ਕਪੂਰ, ਲੇਖਾਕਾਰ ਰਾਜਿੰਦਰ ਕੁਮਾਰ ਵੀ ਮੌਜੂਦ ਸਨ।

# ਨਵਨਿਯੁਕਤ ਆਰ ਟੀ ਓ ਅੰਮ੍ਰਿਤਸਰ ਗੁਪਤ ਨਾਲ ਇਕ ਵਿਸੇਸ ਗੱਲਬਾਤ ਕੀਤੀ ਗਈ



**ਸ੍ਰੀ ਹਰਗੋਬਿੰਦਪੁਰ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਆਲਇੰਡੀਆ ਹਿਉਮਨ ਰਾਇਟਸ ਕੌਂਸਲ ਦੇ ਚੇਅਰਮੈਨ ਸ੍ਰ ਲਖਵਿੰਦਰ ਸਿੰਘ ਕਲੇਰ ਨੇ ਨਵਨਿਯੁਕਤ R TO ਗੁਪਤਾ ਸਾਹਿਬ ਨਾਲ ਪਬਲਿਕ ਦੇ ਕੰਮਾ ਸਬੰਧੀ ਇਕ ਵਿਸੇਸ ਗੱਲਬਾਤ ਕੀਤੀ ਗਈ ਅਤੇ ਆਹੁਦਾ ਸੰਭਾਲਣ ਦੀਆਂ ਵਧਾਈਆਂ ਦਿਤੀਆਂ ਅਤੇ ਲੋਕਾਂ ਦੇ ਕੰਮਾਂ ਵਿਚ ਆ ਰਹੀਆਂ ਮੁਸਕਲਾਂ ਬਾਰੇ ਜਾਣੂ ਕਰਵਾਇਆ ਅਤੇ ਸਟਾਫ ਸਹੀ ਕੰਮ ਕਰਨ ਅਤੇ ਪਬਲਿਕ ਨੂੰ ਸਹੀ ਡੀਲਿੰਗ ਕਰਨ ਲਈ ਕਿਹਾ ਇਸ ਸਬੰਧੀ ਗੱਲਬਾਤ ਕਰਦਿਆਂ ਉਹਨਾਂ ਕਿਹਾ ਕੇ ਦਫਤਰ ਵਿਚ ਆਉਣ ਵਾਲੇ ਹਰ ਵਿਅਕਤੀ ਦਾ ਮਾਨ ਸਨਮਾਨ ਕੀਤਾ ਜਾਵੇ ਉਹਨਾਂ ਵੱਲੋਂ ਇਕ ਪ੍ਰੈਸ ਨੋਟ ਜਾਰੀ ਕਰਦਿਆਂ ਆਗੂ ਲਖਵਿੰਦਰ ਸਿੰਘ ਚੇਅਰਮੈਨ ਐਂਟੀਕਰਾਇਮ ਵਿੰਗ ਪੰਜਾਬ ਸ੍ਰੀ ਦੁਰਗਾ ਦਾਸ ਚੇਅਰਮੈਨ ਸਪੋਰਟਸ ਵਿੰਗ ਅਤੇ ਰਾਸ਼ਟਰੀ ਪ੍ਰਧਾਨ ਸ੍ਰ ਮਨਵੀਰ ਸਿੰਘ ਵਡਾਲਾ ਨੇ ਸ੍ਰੀ ਗੁਪਤਾ ਜੀ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਨਿਯੁਕਤ ਹੋਣ ਦੀਆਂ ਵਧਾਈਆਂ ਦਿਤੀਆਂ ਬਾਅਦ ਚ ਹਿਉਮਨ ਰਾਇਟਸ ਕੌਂਸਲ ਨੇਆਖਿਆ ਹੈ ਕਿ ਕ੍ਰਿਪਾ ਕਰਕੇ ਟਰਾਂਸਪੋਰਟ ਵਿਭਾਗ ਨਾਲ ਸਬੰਧਤ ਲੋਕਾਂ ਨੂੰ ਖੱਜਲ ਖੁਆਰ ਨਾ ਹੋਣ ਦਿੱਤਾ ਜਾਵੇ ਇਸ ਮੌਕੇ ਹਿਉਮਨ ਰਾਇਟਸ ਕੌਂਸਲ ਨੂੰ ਸ੍ਰੀ ਗੁਪਤਾ ਸਾਹਿਬ ਜੀ ਨੇ ਕੌਂਸਲ ਨੂੰ ਅਸਵਾਸਨ ਦਿੱਤਾ ਕਿ ਹਰ ਇੱਕ ਵਿਅਕਤੀ ਦਾ ਕੰਮ ਪਹਿਲ ਦੇ ਆਧਾਰ ਹੋਵੇਗਾ ਕੌਂਸਲ ਦੇ ਵਫ਼ਦ ਨੇ ਸ੍ਰੀ ਗੁਪਤਾ ਸਾਹਿਬ ਦੇ ਹੋ ਰਹੇ ਕੰਮਾਂ ਦੀ ਸ਼ਲਾਘਾ ਕੀਤੀ ਅਤੇ R T o ਸਾਹਿਬ ਜੀ ਦਾ ਕੌਂਸਲ ਦੇ ਆਗੂਆਂ ਨੇ ਧੰਨਵਾਦ ਕੀਤਾ।

# ਧਰਮ ਪਰਿਵਰਤਨ ਕਰਨ ਵਾਲਿਆਂ ਦੀਆਂ ਦੁਕਾਨਾਂ ਬੰਦ ਸੁਪਰੀਮ ਕੋਰਟ ਦੇ ਫੈਸਲੇ ਦਾ ਸਵਾਗਤ : ਰਾਜਨ ਮਲਹੋਤਰਾ

**ਜਲੰਧਰ, 28 ਮਾਰਚ/-ਰਵੀ ਜੱਸਲ-**
**-ਕੌਮੀ ਪੱਤ੍ਰਿਕਾ ਬਿਊਰੋ-**



ਧਰਮ ਪਰਿਵਰਤਨ ਤੇ ਜੋ ਮਾਨਯੋਗ ਸੁਪਰੀਮ ਕੋਰਟ ਨੇ ਵੱਡਾ ਫੈਸਲਾ ਲਿਆ ਹੈ ਉਸ ਦਾ ਭਗਵਾਨ ਵਾਲਮੀਕ ਯੂਥ ਕਮੇਟੀ (ਰਜਿ)ਪੰਜਾਬ ਦੇ ਪ੍ਰਧਾਨ ਰਾਜਨ ਮਲਹੋਤਰਾ ਸਮੇਤ ਸਮੂਹ ਅਹੁਦੇਦਾਰਾ ਸਵਾਗਤ ਕਰਦੇ ਹਨ ਅਤੇ ਨਾਲ ਹੀ ਪੰਜਾਬ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਜੋ ਲੋਕ ਧਰਮ ਪਰਿਵਰਤਨ ਕਰਕੇ ਇਸਾਈ ਬਣ ਗਏ ਹਨ ਅਤੇ ਐਸ.ਸੀ.ਕੋਟੇ ਵਿੱਚ ਸਰਕਾਰੀ ਨੌਕਰੀਆਂ ਕਰਦੇ ਹਨ ਉਹਨਾਂ ਤੇ ਬਨਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਸੀਂ ਦੁਬਾਰਾ ਸਰਕਾਰ ਨੂੰ ਅਪੀਲ ਕਰਦੇ ਹਾਂ ਕਿ ਉਹਨਾਂ ਨੂੰ ਨੌਕਰੀਆਂ ਤੋਂ ਲਾਂਭੇ ਕਰਕੇ ਕਾਨੂੰਨੀ ਕਾਰਵਾਈ ਕੀਤੀ ਜਾਵੇ,ਉਹਨਾਂ ਕਿਹਾ ਕਿ ਅਗਰ ਸਰਕਾਰ ਨੇ ਇਸ ਵੱਲ ਧਿਆਨ ਨਹੀਂ ਦਿੱਤਾ ਤਾਂ ਭਗਵਾਨ ਵਾਲਮੀਕ ਯੂਥ ਕਮੇਟੀ (ਰਜਿ)ਪੰਜਾਬ ਪੂਰੇ ਪੰਜਾਬ ਵਿੱਚ ਬੰਦ ਦਾ ਸੱਦਾ ਦੇਵੇਗੀ। ਰਾਜਨ ਮਲਹੋਤਰਾ ਨੇ ਕਿਹਾ ਕਿ ਜਿਨਾਂ ਲੋਕਾਂ ਨੇ ਧਰਮ ਪਰਿਵਰਤਨ ਕੀਤਾ ਹੈ ਸਾਨੂੰ ਉਹਨਾਂ ਨਾਲ ਕੋਈ ਗਿਲਾ-ਸ਼ਿਕਵਾ ਨਹੀਂ ਹੈ,ਪਰ ਉਹ ਇੱਕ ਪਾਸੇ ਹੋ ਜਾਣ,ਉਹਨਾਂ ਕਿਹਾ ਕਿ ਇਸ ਬਾਵਤ ਸੰਸਥਾ ਵੱਲੋਂ ਹਰ ਜ਼ਿਲ੍ਹੇ ਦੇ ਡੀ.ਸੀ.ਸਾਹਿਬ ਨੂੰ ਮੰਗ ਪੱਤਰ ਬਹੁਤ ਜਲਦ ਦਿੱਤੇ ਜਾਣਗੇ, ਨਾਲ ਹੀ ਉਹਨਾਂ ਮੰਗ ਕੀਤੀ ਕਿ ਜਿਨ੍ਹਾਂ ਲੋਕਾਂ ਨੇ ਜਾਲੀ ਸਰਟੀਫਕੇਟ ਲਾ ਕੇ ਨੋਕਰੀਆਂ ਹਾਸਲ ਕੀਤੀਆਂ ਹਨ ਉਹਨਾਂ ਖਿਲਾਫ ਸਖਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ।

# ਡੀ.ਸੀ. ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਮਨਾਏ ਜਾਣ ਵਾਲੇ ਵਿਸਾਖੀ ਮੇਲੇ ਸੰਬੰਧੀ ਕੀਤੀ ਬੈਠਕ



**ਬਠਿੰਡਾ,28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ 14 ਅਪ੍ਰੈਲ 2026 ਨੂੰ ਹਰ ਸਾਲ ਦੀ ਤਰ੍ਹਾਂ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਮਨਾਏ ਜਾਣ ਵਾਲੇ ਵਿਸਾਖੀ ਸਮਾਗਮ ਸਬੰਧੀ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਇਸ ਮੌਕੇ ਉਨਾਂ ਮੇਲੇ ਨੂੰ ਸਫਲਤਾ ਪੂਰਵਕ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵਿਸਾਖੀ ਮੇਲੇ ਦੇ ਮੱਦੇਨਜ਼ਰ ਤਲਵੰਡੀ ਸਾਬੋ ਨੂੰ ਵੱਖ-ਵੱਖ ਸੈਕਟਰਾਂ ਵਿੱਚ ਵੰਡਿਆ ਜਾਵੇਗਾ। ਉਹਨਾਂ ਕਿਹਾ ਕਿ ਹਰ ਇੱਕ ਸੈਕਟਰ ਦਾ ਇੰਚਾਰਜ ਲਗਾਇਆ ਜਾਵੇਗਾ, ਜੋ ਕਿ ਸਾਰੇ ਵਿਭਾਗਾਂ ਨਾਲ ਤਾਲਮੇਲ ਰੱਖੇਗਾ ਤਾਂ ਜੋ ਸ਼ਰਧਾਲੂਆਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਦਰਪੇਸ਼ ਨਾ ਆਵੇ।

ਡਿਪਟੀ ਕਮਿਸ਼ਨਰ ਨੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਮੇਲੇ ਦੌਰਾਨ ਸੁਰੱਖਿਆ, ਨਿਰਵਿਘਨ ਟਰੈਫਿਕ, ਪਾਰਕਿੰਗ, ਕੰਟਰੋਲ ਰੂਮ, ਪੁੱਛ-ਗਿੱਛ ਕੇਂਦਰ ਸਬੰਧੀ ਅਗਾਊਂ ਪ੍ਰਬੰਧ ਮੁਕੰਮਲ ਕੀਤੇ ਜਾਣ। ਉਹਨਾਂ ਕਿਹਾ ਕਿ ਪੁਲਿਸ ਵੱਲੋਂ ਗੋਤਾਖੋਰਾਂ ਦੀ ਸ਼ਨਾਖਤ ਕਰਕੇ ਉਨ੍ਹਾਂ ਦੀਆਂ ਲਿਸਟਾਂ ਸਿਵਿਲ ਪ੍ਰਸ਼ਾਸਨ ਨਾਲ ਸਾਂਝੀ ਕੀਤੀਆਂ ਜਾਣ ਤਾਂ ਜੋ ਇਨ੍ਹਾਂ ਦੀ ਡਿਊਟੀ ਲਗਾਈ ਜਾਵੇ। ਉਹਨਾਂ ਇਹ ਵੀ ਕਿਹਾ ਕਿ ਪੁਲਿਸ ਵੱਲੋਂ ਡਿਊਟੀ ਮੈਜਿਸਟ੍ਰੇਟਾਂ ਨੂੰ ਵਾਇਰਲੈੱਸ ਸੈੱਟ ਮੁਹੱਈਆ ਕਰਵਾਏ ਜਾਣਗੇ। ਇਸ ਤੋਂ ਇਲਾਵਾ ਪੁਲਿਸ ਵਿਭਾਗ ਦੁਆਰਾ ਗੁਰੂਦੁਵਾਰਾ ਸਾਹਿਬ ਦੇ ਪ੍ਰਬੰਧਕਾਂ ਦੀ ਮੰਗ ਅਨੁਸਾਰ ਸੁਰੱਖਿਆ ਦਿੱਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਨੂੰ ਹਦਾਇਤ ਕੀਤੀ ਕਿ ਮੇਲੇ 'ਚ ਡਾਕਟਰਾਂ ਤੇ ਹੋਰਨਾਂ ਸਿਹਤ ਸਟਾਫ ਦੀਆਂ ਟੀਮਾਂ, ਘੱਟੋਂ-ਘੱਟ 3 ਐਂਬੂਲੈਂਸਾਂ, ਦਵਾਈਆਂ ਆਦਿ ਦੇ ਪੁਖਤਾ ਪ੍ਰਬੰਧ ਕੀਤੇ ਜਾਣ। ਉਹਨਾਂ ਇਹ ਵੀ ਹਦਾਇਤ ਕੀਤੀ ਕਿ ਟੀਮਾਂ 24 ਘੰਟੇ ਕੰਮ ਕਰਨਗੀਆਂ।

ਇਸ ਮੌਕੇ ਉਹਨਾਂ ਪੀਆਰਟੀਸੀ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਲੋੜ ਅਨੁਸਾਰ ਆਰਜ਼ੀ ਬੱਸ ਅੱਡੇ, ਸ਼ਰਧਾਲੂਆਂ ਲਈ ਬੱਸਾਂ ਦੇ ਢੁਕਵੇਂ ਪ੍ਰਬੰਧ, ਰਿਕਵਰੀ ਵੈਨਾਂ, ਬੱਸਾਂ ਦੇ ਰੂਟਾਂ ਸਬੰਧੀ ਜਾਣਕਾਰੀ ਆਮ ਲੋਕਾਂ ਨਾਲ ਸਾਂਝੀ ਕਰਨਾ ਯਕੀਨੀ ਬਣਾਇਆ ਜਾਵੇ। ਇਸ ਦੇ ਨਾਲ ਹੀ ਉਹਨਾਂ ਲੋਕ ਨਿਰਮਾਣ ਵਿਭਾਗ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਤਲਵੰਡੀ ਸਾਬੋ ਸ਼ਹਿਰ ਦੀਆਂ ਸੜਕਾਂ, ਮੇਲੇ ਵਾਲੀ ਥਾਵਾਂ ਦੀ ਬੈਰੀਕੇਡਿੰਗ ਆਦਿ ਕਰਵਾਉਣੀ ਯਕੀਨੀ ਬਣਾਈ ਜਾਵੇ।

ਉਹਨਾਂ ਜ਼ਿਲ੍ਹਾ ਮੰਡੀ ਅਫਸਰ ਨੂੰ ਨਿਰਦੇਸ਼ ਦਿੱਤੇ ਕਿ ਮੇਲੇ 'ਚ ਪੀਣ ਵਾਲੇ ਪਾਣੀ ਦਾ ਪ੍ਰਬੰਧ ਕੀਤਾ ਜਾਵੇ ਅਤੇ ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ ਕਿ ਸਾਰੀਆਂ ਢੁਕਵੀਆਂ ਥਾਵਾਂ ਉੱਤੇ ਪੀਣ ਵਾਲਾ ਪਾਣੀ ਮੁਹਈਆ ਹੈ। ਇਸ ਦੇ ਨਾਲ ਹੀ ਉਹਨਾਂ ਬਿਜਲੀ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਮੇਲੇ ਵਾਲੀਆਂ ਥਾਵਾਂ ਉੱਤੇ ਬਿਜਲੀ ਦੀ ਫਿਟਿੰਗ ਦੇ ਪੁਖਤਾ ਪ੍ਰਬੰਧ ਰੱਖੇ ਜਾਣ। ਇਸ ਤੋਂ ਇਲਾਵਾ ਮੇਲੇ ਦੇ ਵੱਖ-ਵੱਖ ਰੂਟਾਂ ਉੱਪਰ ਢਿੱਲੀਆਂ ਤਾਰਾਂ ਨੂੰ ਉੱਪਰ ਚੁੱਕਣਾ ਯਕੀਨੀ ਬਣਾਇਆ ਜਾਵੇ।

ਇਸੇ ਤਰ੍ਹਾਂ ਨਗਰ ਕੌਂਸਲ ਤਲਵੰਡੀ ਸਾਬੋ ਵੱਲੋਂ ਸਫਾਈ ਦੇ ਵਿਸ਼ੇਸ਼ ਪ੍ਰਬੰਧ ਰੱਖੇ ਜਾਣ ?। ਹਰ ਇਕ ਜਨਤਕ ਥਾਂ ਉੱਤੇ ਕੂੜੇਦਾਨ ਦਾ ਪ੍ਰਬੰਧ, ਹਰ ਇਕ ਕੂੜੇਦਾਨ ਦੀ ਨੂੰ ਸਮੇਂ-ਸਿਰ ਖਾਲੀ ਕਰਨਾ ਆਦਿ ਸਬੰਧੀ ਪੁਖਤਾ ਪ੍ਰਬੰਧ ਕਰਨੇ ਯਕੀਨੀ ਬਣਾਏ ਜਾਣ। ਇਸ ਮੌਕੇ ਸ਼੍ਰੀ ਰਾਕੇਸ਼ ਸ਼ਰਮਾ ਐਸ.ਡੀ.ਐਮ ਤਲਵੰਡੀ ਸਾਬੋ, ਸਿਵਲ ਸਰਜਨ ਅਫਸਰ ਡਾ. ਅਨੂਪਮ ਸ਼ਰਮਾ, ਸੀਨੀਅਰ ਵੈਟਰਨਰੀ ਅਫ਼ਸਰ ਡਾ. ਮੋਹਿਤ ਕੁਮਾਰ, ਉਪ ਜ਼ਿਲ੍ਹਾ ਸਿੱਖਿਆ ਅਫਸਰ ਚਮਕੌਰ ਸਿੰਘ, ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਰਵਨੀਤ ਕੌਰ, ਡੀ.ਐਸ.ਪੀ. ਬਠਿੰਡਾ ਦਿਹਾਤੀ ਹਰਵਿੰਦਰ ਸਿੰਘ ਸਰਾਂ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਨੇ ਮਹਿਲਾਵਾਂ ਦੀ ਸਿਹਤ ਤੇ ਸਨਮਾਨ ਲਈ 127.95 ਕਰੋੜ ਰੁਪਏ ਸਿੱਧੇ ਖਾਤਿਆਂ ਵਿੱਚ ਜਾਰੀ ਕੀਤੇ : ਚੇਅਰਮੈਨ ਗੁਰਪ੍ਰਤਾਪ ਸਿੰਘ ਸੰਧੂ



**ਅੰਮ੍ਰਿਤਸਰ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਿਲਾਵਾਂ ਦੀ ਭਲਾਈ ਅਤੇ ਸਸ਼ਕਤੀਕਰਨ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਪਹਿਲੀ ਤਰਜੀਹ ਹੈ ਅਤੇ ਪੰਜਾਬ ਸਰਕਾਰ ਵੱਲੋਂ ਗਰਭਵਤੀ ਮਹਿਲਾਵਾਂ ਅਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਦੀ ਸਿਹਤ ਅਤੇ ਭਲਾਈ ਨੂੰ ਯਕੀਨੀ ਬਣਾਉਣ ਲਈ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾ ਰਹੀ ਹੈ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਜ਼ਿਲ੍ਹਾ ਯੋਜਨਾ ਕਮੇਟੀ ਅੰਮ੍ਰਿਤਸਰ ਦੇ ਚੇਅਰਮੈਨ ਗੁਰਪ੍ਰਤਾਪ ਸਿੰਘ ਸੰਧੂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਿੱਤੀ ਸਾਲ 2023-24 ਤੋਂ 2025-26 ਤੱਕ 127.95 ਕਰੋੜ ਰੁਪਏ ਦੀ ਰਕਮ ਡਾਇਰੈਕਟ ਬੇਨੀਫਿਟ ਟ੍ਰਾਂਸਫਰ (ਡੀ.ਬੀ.ਟੀ) ਰਾਹੀਂ ਸਿੱਧੇ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਜਾਰੀ ਕੀਤੀ ਗਈ ਹੈ, ਜਿਸ ਨਾਲ ਮਹਿਲਾਵਾਂ ਨੂੰ ਬਿਨਾਂ ਕਿਸੇ ਦਿੱਕਤ ਦੇ ਸਹਾਇਤਾ ਪ੍ਰਾਪਤ ਹੋਈ ਹੈ।

ਚੇਅਰਮੈਨ ਗੁਰਪ੍ਰਤਾਪ ਸਿੰਘ ਸੰਧੂ ਨੇ ਦੱਸਿਆ ਕਿ ਇਸ ਮਿਆਦ ਦੌਰਾਨ 2.89 ਲੱਖ ਤੋਂ ਵੱਧ ਮਹਿਲਾਵਾਂ ਨੂੰ ਇਸ ਵਿੱਤੀ ਸਹਾਇਤਾ ਪਹਿਲਕਦਮੀ ਦਾ ਲਾਭ ਮਿਲਿਆ ਹੈ। ਉਨ੍ਹਾਂ ਕਿਹਾ ਕਿ ਇਹ ਸਹਾਇਤਾ ਸਿਰਫ ਆਰਥਿਕ ਮਦਦ ਨਹੀਂ, ਸਗੋਂ ਮਾਵਾਂ ਅਤੇ ਨਵਜਨਮੇ ਬੱਚਿਆਂ ਦੀ ਸਿਹਤ ਲਈ ਇਕ ਮਜ਼ਬੂਤ ਸੁਰੱਖਿਆ ਕਵਚ ਹੈ। ਉਨ੍ਹਾਂ ਅੱਗੇ ਕਿਹਾ ਕਿ ਇਸ ਪਹਿਲਕਦਮੀ ਨਾਲ ਹਜ਼ਾਰਾਂ ਘਰਾਂ ਵਿੱਚ ਖੁਸ਼ੀ, ਭਰੋਸੇ ਅਤੇ ਸੁਰੱਖਿਆ ਦਾ ਅਹਿਸਾਸ ਪੈਦਾ ਹੋਇਆ ਹੈ।

ਚੇਅਰਮੈਨ ਸੰਧੂ ਨੇ ਇਸ ਵਿੱਤੀ ਸਹਾਇਤਾ ਪਹਿਲਕਦਮੀ ਦੇ ਤਹਿਤ ਪਹਿਲੇ ਬੱਚੇ ਲਈ ਮਹਿਲਾਵਾਂ ਨੂੰ ਦੋ ਕਿਸ਼ਤਾਂ (3000+2000 ਰੁਪਏ) ਰਾਹੀਂ ਕੁੱਲ 5000 ਰੁਪਏ ਦੀ ਰਕਮ ਡੀ.ਬੀ.ਟੀ ਦੇ ਜਰੀਏ ਸਿੱਧੀ ਉਨ੍ਹਾਂ ਦੇ ਖਾਤਿਆਂ ਵਿੱਚ ਜਾਰੀ ਕੀਤੀ ਜਾਂਦੀ ਹੈ। ਇਸ ਤੋਂ ਇਲਾਵਾ, ਜੇਕਰ ਦੂਜਾ ਬੱਚਾ ਲੜਕੀ ਹੋਵੇ, ਤਾਂ ਮਹਿਲਾ ਲਾਭਪਾਤਰੀ ਨੂੰ ਇੱਕ ਮੁਸ਼ਤ 6000 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਂਦੀ ਹੈ, ਜੋ ਧੀ ਦੇ ਜਨਮ ਨੂੰ ਪ੍ਰੋਤਸਾਹਿਤ ਕਰਨ ਵੱਲ ਇੱਕ ਅਹਿਮ ਕਦਮ ਹੈ। ਗੁਰਪ੍ਰਤਾਪ ਸਿੰਘ ਸੰਧੂ ਨੇ ਦੱਸਿਆ ਕਿ ਵਿੱਤੀ ਸਾਲ 2023-24 ਦੌਰਾਨ 38.11 ਕਰੋੜ ਰੁਪਏ ਦੀ ਰਕਮ 76,478 ਮਹਿਲਾਵਾਂ ਨੂੰ ਦਿੱਤੀ ਗਈ। ਵਿੱਤੀ ਸਾਲ 2024-25 ਦੌਰਾਨ ਇਹ ਰਕਮ ਵੱਧ ਕੇ 63.78 ਕਰੋੜ ਰੁਪਏ ਹੋ ਗਈ, ਜਿਸ ਨਾਲ 1,43,418 ਮਹਿਲਾਵਾਂ ਨੂੰ ਲਾਭ ਮਿਲਿਆ। ਇਸੇ ਤਰ੍ਹਾਂ, ਵਿੱਤੀ ਸਾਲ 2025-26 ਵਿੱਚ (31 ਜਨਵਰੀ 2026 ਤੱਕ) 26.06 ਕਰੋੜ ਰੁਪਏ ਦੀ ਰਕਮ 69,110 ਮਹਿਲਾਵਾਂ ਦੇ ਖਾਤਿਆਂ ਵਿੱਚ ਜਾਰੀ ਕੀਤੀ ਜਾ ਚੁੱਕੀ ਹੈ।

ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਵੱਧ ਤੋਂ ਵੱਧ ਮਹਿਲਾਵਾਂ ਨੂੰ ਇਸ ਪਹਿਲਕਦਮੀ ਨਾਲ ਜੋੜਨ ਲਈ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਵਿੱਤੀ ਸਾਲ 2023-24 ਦੌਰਾਨ 1.32 ਲੱਖ ਤੋਂ ਵੱਧ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ ਸੀ। ਵਿੱਤੀ ਸਾਲ 2024-25 ਦੌਰਾਨ 1.14 ਲੱਖ ਤੋਂ ਵੱਧ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ।

ਇਸੇ ਤਰ੍ਹਾਂ ਹੀ 2025-26 ਦੌਰਾਨ ਘੱਟੋ ਘੱਟ 1.14 ਲੱਖ ਮਹਿਲਾਵਾਂ ਨੂੰ ਰਜਿਸਟਰ ਕਰਨ ਦਾ ਟੀਚਾ ਰੱਖਿਆ ਗਿਆ ਹੈ। ਜਿਸ ਦੇ ਇਵਜ ਵਿੱਚ 11 ਫਰਵਰੀ 2026 ਤੱਕ 1.05 ਲੱਖ ਮਹਿਲਾਵਾਂ ਦੀ ਰਜਿਸਟ੍ਰੇਸ਼ਨ ਹੋ ਚੁੱਕੀ ਹੈ ਅਤੇ ਟੀਚੇ ਮੁਤਾਬਕ ਬਾਕੀ ਰਜਿਸਟ੍ਰੇਸ਼ਨ ਲਈ ਯਤਨ ਜਾਰੀ ਹਨ।

# ਭਾਜਪਾ ਵਰਨਵੰਡ ਕਰਵਾ ਰਹੀ ਹੈ ਤੇ ਪੰਜਾਬ 'ਚ ਡੇਰਾਵਾਦ ਫੈਲਾ ਰਹੀ ਹੈ : ਕਾਮਰੇਡ ਸੇਖੋਂ

**ਜਲੰਧਰ, 28 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ 2027 ਦੀਆਂ ਚੋਣਾਂ ਭਾਜਪਾ ਨੇ ਅਕਾਲੀ ਦਲ ਨਾਲ ਗੱਠਜੋੜ ਕਰਨ ਦੀ ਬਜਾਏ ਇਕੱਲਿਆਂ ਹੀ ਲੜਣ ਦਾ ਐਲਾਨ ਕੀਤਾ ਹੈ। ਇਸ ਨਾਲ ਅਕਾਲੀ ਦਲ ਦਾ ਭੁਲੇਖਾ ਵੀ ਦੂਰ ਹੋ ਗਿਆ ਹੈ। ਇਹ ਵਿਚਾਰ ਸੀ ਪੀ ਆਈ (ਐੱਮ) ਪੰਜਾਬ ਦੇ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਕਹੇ। ਉਹਨਾਂ ਇੰਕਸਾਫ਼ ਕੀਤਾ ਕਿ ਜੇ ਦੋਵਾਂ ਪਾਰਟੀਆਂ ਦਾ ਸਮਝੌਤਾ ਹੋਇਆ ਤਾਂ ਉਹ ਨਾ ਪੰਜਾਬ ਦੇ ਹਿਤ ਵਿੱਚ ਹੋਵੇਗਾ ਅਤੇ ਨਾ ਹੀ ਗੁਰੂ ਨਾਨਕ ਦੇ ਫ਼ਲਸਫ਼ੇ ਦੇ ਅਨੁਕੂਲ ਹੋਵੇਗਾ। ਕਾਮਰੇਡ ਸੇਖੋਂ ਨੇ ਕਿਹਾ ਕਿ ਗੁਰੂ ਨਾਨਕ ਦਾ ਫ਼ਲਸਫਾ 'ਸਭੈ ਸਾਝੀਵਾਲ ਸਦਾਇਣ, ਕੋਈ ਨਾ ਦਿਸੈ ਬਾਹਰਾ ਜੀਓ' ਵਾਲਾ ਹੈ, ਜਦੋਂ ਕਿ ਭਾਜਪਾ ਵਰਨਵੰਡ ਕਰਵਾ ਰਹੀ ਹੈ ਅਤੇ ਪੰਜਾਬ ਵਿੱਚ ਡੇਰਾਵਾਦ ਫੈਲਾ ਰਹੀ ਹੈ। ਉਹਨਾਂ ਕਿਹਾ ਕਿ ਚੋਣਾਂ 'ਚ ਲਾਹਾ ਲੈਣ ਲਈ ਪੰਜਾਬੀਆਂ ਦੇ ਹੱਕ ਵਿੱਚ ਮਗਰਮੱਛ ਵਾਂਗ ਹੰਝੂ ਵਹਾਉਣ ਵਾਲੀ ਭਾਜਪਾ ਤੇ ਆਰ ਐੱਸ ਐੱਸ ਦਿੱਲੀ ਦੰਗਿਆਂ ਸਮੇਂ ਕਿਥੇ ਸੀ ? ਇੱਥੇ ਹੀ ਬੱਸ ਨਹੀਂ ਉਸ ਸਮੇਂ ਤਾਂ ਭਾਜਪਾ ਨੇ ਕਿਹਾ ਸੀ ਸ੍ਰੀ ਦਰਬਾਰ ਸਾਹਿਬ ਤੇ ਹਮਲਾ ਵੀ ਉਹਨਾਂ ਕਰਵਾਇਆ ਹੈ, ਜਿਸ ਬਾਰੇ ਭਾਜਪਾ ਆਗੂ ਲਾਲ ਕ੍ਰਿਸ਼ਨ ਅਡਵਾਨੀ ਦੀ ਪੁਸਤਕ 'ਮਾਈ ਕੰਟਰੀ ਮਾਈ ਲਾਈਫ਼' ਵਿੱਚ ਦਰਜ਼ ਹੈ। ਕਮਿਊਨਿਸਟ ਆਗੂ ਨੇ ਕਿਹਾ ਕਿ ਜੇਕਰ ਭਾਜਪਾ ਤੇ ਅਕਾਲੀ ਦਲ ਵੱਖ ਵੱਖ ਤੌਰ ਤੇ ਵਿਧਾਨ ਸਭਾ ਚੋਣਾਂ ਲੜਣਗੇ ਤਾਂ ਸਪਸ਼ਟ ਹੋ ਜਾਵੇਗਾ ਕਿ ਕਿਸਦੇ ਪੱਲੇ ਕੀ ਹੈ।

ਸੂਬਾ ਸਕੱਤਰ ਨੇ ਪੰਜਾਬ ਦੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਦੋਸ਼ ਲਾਇਆ ਕਿ ਉਸਨੇ ਚੋਣਾਂ ਤੋਂ ਪਹਿਲਾਂ ਕੀਤੇ ਕਿਸੇ ਵਾਅਦੇ ਨੂੰ ਵੀ ਪੂਰਾ ਨਹੀਂ ਕੀਤਾ। ਸਗੋਂ ਵਾਅਦੇ ਪੂਰੇ ਕਰਨ ਦਾ ਝੂਠਾ ਪ੍ਰਚਾਰ ਕਰਕੇ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਪੰਜਾਬ ਦੇ ਹਿਤਾਂ ਨੂੰ ਦਿੱਲੀ ਜਾਂ ਹੋਰ ਰਾਜਾਂ ਕੋਲ ਵੇਚ ਰਹੀ ਹੈ। ਉਹਨਾਂ ਦੱਸਿਆ ਕਿ ਅਨੰਦਪੁਰ ਸਾਹਿਬ ਮੇਲੇ ਤੇ ਲੱਗੇ ਟੈਂਟ ਤੇ ਕਰੀਬ 52 ਕਰੋੜ ਖ਼ਰਚ ਕੀਤਾ ਗਿਆ ਅਤੇ ਮੁਕਤਸਰ ਦੇ ਮਾਘੀ ਮੇਲੇ ਤੇ ਕਰੀਬ 3 ਕਰੋੜ ਰੁਪਏ ਖ਼ਰਚ ਕੀਤੇ, ਇਹਨਾਂ ਮੇਲਿਆਂ ਤੇ ਟੈਂਟ ਦਿੱਲੀ ਤੋਂ ਲਿਆਂਦਾ ਗਿਆ।

# ਜਲੰਧਰ ਵਾਸੀ ਦੇਣ ਧਿਆਨ ! ਇਹ ਪੈਟਰੋਲ ਪੰਪ ਹੋਇਆ ਬੰਦ, ਸੇਲਸਮੈਨ ਦਾ ਆਇਆ ਬਿਆਨ

**ਕੌਮੀ ਪਤ੍ਰਿਕਾ**

ਜਲੰਧਰ 28 ਮਾਰਚ। ਅਮਰੀਕਾ, ਇਜ਼ਰਾਈਲ ਅਤੇ ਈਰਾਨ ਵਿਚਕਾਰ ਚੱਲ ਰਹੇ ਤਣਾਅ ਦਾ ਅਸਰ ਹੁਣ ਪੰਜਾਬ ’ਤੇ ਪੈ ਰਿਹਾ ਹੈ। ਸੰਭਾਵੀ ਸੰਕਟ ਦੇ ਡਰੋਂ, ਲੋਕ ਪੈਟਰੋਲ ਅਤੇ ਡੀਜ਼ਲ ਪੰਪਾਂ ’ਤੇ ਇਕੱਠੇ ਹੋ ਗਏ ਹਨ, ਜਿਸ ਕਾਰਨ ਕਈ ਥਾਵਾਂ ’ਤੇ ਲੰਬੀਆਂ ਕਤਾਰਾਂ ਲੱਗ ਗਈਆਂ ਹਨ। ਇਸ ਦੌਰਾਨ ਖ਼ਬਰਾਂ ਸਾਹਮਣੇ ਆਈਆਂ ਹਨ ਕਿ ਜਲੰਧਰ ਇਕ ਪੈਟਰੋਲ ਪੰਪ ਬੰਦ ਹੋ ਗਿਆ ਹੈ। ਤੇਲ ਖ਼ਤਮ ਹੋਣ ਤੋਂ ਬਾਅਦ ਪੰਪਾਂ ’ਤੇ ਰੱਸੀਆਂ ਲਗਾ ਦਿੱਤੀਆਂ ਗਈਆਂ ਹਨ। ਜਲੰਧਰ ਸ਼ਹਿਰ ਵਿਚ ਪੈਟਰੋਲ ਸਬੰਧੀ ਇਕ ਅਸਾਧਾਰਨ ਸਥਿਤੀ ਵੇਖੀ ਗਈ ਹੈ, ਜਿਸ ਕਾਰਨ ਖ਼ਪਤਕਾਰਾਂ ਨੂੰ ਕਾਫ਼ੀ ਪਰੇਸ਼ਾਨੀ ਹੋ ਰਹੀ ਹੈ। ਪੰਪਾਂ ’ਤੇ ਪੈਟਰੋਲ ਦੀ ਘਾਟ ਦੀਆਂ ਅਫ਼ਵਾਹਾਂ ਕਾਰਨ ਦਿਨ-ਰਾਤ ਲੰਬੀਆਂ ਕਤਾਰਾਂ ਲੱਗਣੀਆਂ ਸ਼ੁਰੂ ਹੋ ਗਈਆਂ ਹਨ।



ਪੈਟਰੋਲ ਡੀਜ਼ਲ ਲਈ ਲੰਬੀਆਂ ਕਤਾਰਾਂ ਲੱਗਣ ਤੋਂ ਬਾਅਦ ਇਕ ਪੰਪ ’ਤੇ ਪੈਟਰੋਲ ਖ਼ਤਮ ਹੋ ਗਿਆ। ਦਰਅਸਲ ਸੰਵਿਧਾਨ ਚੌਕ ਨੇੜੇ ਪੈਟਰੋਲ ਪੰਪ ’ਤੇ ਸਟਾਕ ਘੱਟ ਹੋਣ ਕਾਰਨ ਬੰਦ ਕਰ ਦਿੱਤਾ ਗਿਆ ਹੈ। ਸੇਲਜ਼ਮੈਨ ਸੁਦਰਸ਼ਨ ਸਿੰਘ ਨੇ ਦੱਸਿਆ ਕਿ ਸਟਾਕ ਲਗਭਗ ਅੱਧਾ ਘੰਟਾ ਪਹਿਲਾਂ ਖ਼ਤਮ ਹੋ ਗਿਆ ਹੈ। ਸੁਦਰਸ਼ਨ ਸਿੰਘ ਨੇ ਕਿਹਾ ਕਿ ਲੋਕਾਂ ਨੇ ਸਟਾਕ ਕਰਨਾ ਸ਼ੁਰੂ ਕਰ ਦਿੱਤਾ ਹੈ। ਸੇਲਜ਼ਮੈਨ ਨੇ ਖ਼ੁਲਾਸਾ ਕੀਤਾ ਕਿ ਐੱਚ. ਪੀ. ਤੋਂ ਸਪਲਾਈ ਘੱਟ ਹੈ, ਜਿਸ ਕਾਰਨ ਸਮੱਸਿਆਵਾਂ ਹੋ ਰਹੀਆਂ ਹਨ। ਇਸ ਮਾਮਲੇ ਸਬੰਧੀ ਪ੍ਰਸ਼ਾਸਨ ਨਾਲ ਅਜੇ ਤੱਕ ਕੋਈ ਮੀਟਿੰਗ ਨਹੀਂ ਹੋਈ ਹੈ। ਸੇਲਜ਼ਮੈਨ ਨੇ ਦੱਸਿਆ ਕਿ ਭਾਰਤ ਪੈਟਰੋਲੀਅਮ ਤੋਂ ਕਾਫ਼ੀ ਤੇਲ ਮਿਲ ਰਿਹਾ ਹੈ ਪਰ ਐੱਚ. ਪੀ. ਦੀ ਸਪਲਾਈ ਕਾਫ਼ੀ ਘੱਟ ਹੈ, ਜਿਸ ਕਾਰਨ ਸਪਲਾਈ ਵਧਾਉਣ ਦੀ ਅਪੀਲ ਕੀਤੀ ਗਈ। ਸੇਲਜ਼ਮੈਨ ਨੇ ਮੰਨਿਆ ਕਿ ਚੱਲ ਰਹੀ ਈਰਾਨ-ਇਜ਼ਰਾਈਲ ਜੰਗ ਦਾ ਵੀ ਪ੍ਰਭਾਵ ਪੈ ਰਿਹਾ ਹੈ। ਆਮ ਜਨਤਾ ਨੂੰ ਬਹੁਤ ਸਾਰੀਆਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਗਾਹਕ ਹਰਮਨ ਸਿੰਘ ਨੇ ਸਥਿਤੀ ਬਾਰੇ ਦੱਸਦੇ ਹੋਏ ਕਿਹਾ ਕਿ ਉਸ ਨੂੰ ਕਿਸੇ ਵੀ ਪੈਟਰੋਲ ਪੰਪ ’ਤੇ ਤੇਲ ਨਹੀਂ ਮਿਲ ਰਿਹਾ। ਜਦੋਂ ਉਹ ਸੰਵਿਧਾਨ ਚੌਕ ਨੇੜੇ ਪੰਪ ’ਤੇ ਪਹੁੰਚਿਆ ਤਾਂ ਉਸ ਨੂੰ ਪਤਾ ਲੱਗਾ ਕਿ ਪੈਟਰੋਲ ਅਤੇ ਡੀਜ਼ਲ ਵੀ ਸਟਾਕ ਤੋਂ ਬਾਹਰ ਹੈ। ਹਰਮਨ ਸਿੰਘ ਨੇ ਕਿਹਾ ਕਿ ਇਸ ਨਾਲ ਵਾਹਨਾਂ ਅਤੇ ਆਵਾਜਾਈ ਪ੍ਰਭਾਵਿਤ ਹੋ ਰਹੀ ਹੈ ਅਤੇ ਲੋਕਾਂ ਨੂੰ ਖਾਣ-ਪੀਣ ਦੀਆਂ ਚੀਜ਼ਾਂ ਦੀ ਕਮੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਕ ਹੋਰ ਮਹਿਲਾ ਗਾਹਕ ਜੋਕਿ ਇਕ ਡਾਕਟਰ ਹੈ, ਨੇ ਕਿਹਾ ਕਿ ਪੰਪਾਂ ’ਤੇ ਪੈਟਰੋਲ ਅਤੇ ਡੀਜ਼ਲ ਦੀ ਘਾਟ ਕਾਰਨ ਉਨ੍ਹਾਂ ਨੂੰ ਬਹੁਤ ਸਾਰੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਡਾਕਟਰ ਨੇ ਕਿਹਾ ਕਿ ਉਹ ਪਹਿਲਾਂ ਸਹਿਗਲ ਪੰਪ ’ਤੇ ਗਈ ਸੀ ਪਰ ਜਦੋਂ ਉਸ ਨੂੰ ਉੱਥੇ ਪੈਟਰੋਲ ਨਹੀਂ ਮਿਲਿਆ ਤਾਂ ਉਹ ਸੰਵਿਧਾਨ ਚੌਕ ’ਤੇ ਪੰਪ ’ਤੇ ਵਾਪਸ ਆਈ ਪਰ ਇਥੇ ਪੰਪ ਬੰਦ ਵੇਖਣ ਨੂੰ ਮਿਲਿਆ। ਇਕ ਔਰਤ ਨੇ ਕਿਹਾ ਕਿ ਸਾਰਿਆਂ ਨੂੰ ਥੋੜ੍ਹਾ ਪੈਟਰੋਲ ਮੁਹੱਈਆ ਕਰਵਾਇਆ ਜਾਣਾ ਚਾਹੀਦਾ ਹੈ। ਇਕ ਹੋਰ ਗਾਹਕ, ਸੋਨੀਆ ਨੇ ਕਿਹਾ ਕਿ ਉਸ ਨੇ ਤਿੰਨ ਜਾਂ ਚਾਰ ਪੈਟਰੋਲ ਪੰਪਾਂ ’ਤੇ ਜਾ ਕੇ ਵੇਖਿਆ ਸੀ ਪਰ ਕੋਈ ਨਹੀਂ ਮਿਲਿਆ। ਇਸ ਨਾਲ ਕਾਫ਼ੀ ਪਰੇਸ਼ਾਨੀ ਹੋ ਰਹੀ ਹੈ। ਪੰਪਾਂ ’ਤੇ ਤੇਲ ਦੀ ਘਾਟ ਕਾਰਨ ਲੋਕ ਨਿਰਾਸ਼ ਵਾਪਸ ਪਰਤ ਰਹੇ ਹਨ।

## ਹਾਈਵੇ ਤੇ ਬਣੇ ਪੁੱਲ ਨਾਲ ਨੌਜਵਾਨ ਨੇ ਲਿਆ ਫਾਹਾ, ਪੁਲਸ ਜਾਂਚ ’ਚ ਜੁਟੀ

ਕਲਾਨੌਰ 28 ਮਾਰਚ। ਗੁਰਦਾਸਪੁਰ ਤੋਂ ਡੇਰਾ ਬਾਬਾ ਨਾਨਕ ਰੋਡ ਦੇ ਕਸਬਾ ਕਲਾਨੌਰ ਤੋਂ ਲੰਘਦੇ ਨੈਸ਼ਨਲ ਹਾਈਵੇ ’ਤੇ ਪੈਂਦੇ ਅੱਡਾ ਸੰਗਤਪੁਰ (ਬਖਸ਼ੀਵਾਲ) ਦੇ ਦਰਮਿਆਨ ਪੁਲ ਨਾਲ ਫਾਹਾ ਲੈ ਕੇ ਇੱਕ ਨੌਜਵਾਨ ਵੱਲੋਂ ਖੁਦਕਸ਼ੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਘਟਨਾ ਦੀ ਖ਼ਬਰ ਮਿਲਦਿਆਂ ਹੀ ਪੁਲਸ ਥਾਣਾ ਕਲਾਨੌਰ ਦੇ ਐੱਸਐੱਚਓ ਜਤਿੰਦਰ ਪਾਲ ਪੁਲਸ ਪਾਰਟੀ ਸਮੇਤ ਮੌਕੇ ’ਤੇ ਪੁੱਜੇ। ਇਸ ਮੌਕੇ ਉਨ੍ਹਾਂ ਦੱਸਿਆ ਕਿ ਉਨ੍ਹਾਂ ਨੂੰ ਇਤਲਾਹ ਮਿਲੀ ਕਿ ਸੰਗਤਪੁਰ ਨੇੜੇ ਹਾਈਵੇ ’ਤੇ ਪੈਂਦੇ ਪੁਲ ਨਾਲ ਇੱਕ ਨੌਜਵਾਨ ਵੱਲੋਂ ਖੁਦਕੁਸ਼ੀ ਕੀਤੀ ਹੋਈ ਹੈ। ਉਧਰ ਇਸ ਸਬੰਧੀ ਜਦ ਐੱਸਐੱਚਓ ਕਲਾਨੌਰ ਜਤਿੰਦਰ ਪਾਲ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਨੇ ਦੱਸਿਆ ਕਿ ਪੁਲਸ ਮੌਕੇ ’ਤੇ ਪਹੁੰਚ ਕੇ ਬਾਰੀਕੀ ਨਾਲ ਜਾਂਚ ਕਰਨੀ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਉਕਤ ਨੌਜਵਾਨ ਜੋ ਪ੍ਰਵਾਸੀ ਲੱਗਦਾ ਹੈ, ਉਸ ਵੱਲੋਂ ਪਲਾਸਟਿਕ ਦੀ ਬੋਰੀ ਦਾ ਫਾਹਾ ਬਣਾ ਕੇ ਖੁਦਕੁਸ਼ੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਲਾਸ਼ ਕਬਜ਼ੇ ਵਿੱਚ ਲੈ ਕੇ 72 ਘੰਟਿਆਂ ਲਈ ਗੁਰਦਾਸਪੁਰ ਦੇ ਸਿਵਲ ਹਸਪਤਾਲ ਦੀ ਮੋਚਰੀ ਵਿੱਚ ਰੱਖੀ ਗਈ ਹੈ ਅਤੇ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ।

## ਪੰਜਾਬੀਆਂ ਲਈ ਖ਼ਤਮ ਹੋਈ ਆਹ ਮੁਫ਼ਤ ਸਹੂਲਤ

ਚੰਡੀਗੜ੍ਹ 28 ਮਾਰਚ। ਪੰਜਾਬ ਪੁਲਸ ਨੇ ਆਪਣੇ ਆਨਲਾਈਨ ਪੋਰਟਲ ਤੋਂ ਐੱਫ. ਆਈ. ਆਰ. ਡਾਊਨਲੋਡ ਕਰਨ ਲਈ 80 ਰੁਪਏ ਦੀ ਫ਼ੀਸ ਲਾਗੂ ਕਰ ਦਿੱਤੀ ਹੈ, ਜਿਸ ਨਾਲ ਪਹਿਲਾਂ ਤੋਂ ਮਿਲਣ ਵਾਲੀ ਇਹ ਮੁਫ਼ਤ ਸਹੂਲਤ ਖ਼ਤਮ ਹੋ ਗਈ ਹੈ। ਸਰਕਾਰ ਵੱਲੋਂ ਜਾਰੀ ਨੋਟੀਫਿਕੇਸ਼ਨ ਤੋਂ ਬਾਅਦ ਇਹ ਨਵਾਂ ਸਿਸਟਮ ਸੋਮਵਾਰ ਤੋਂ ਪ੍ਰਭਾਵੀ ਹੋ ਗਿਆ ਹੈ। ਇਸ ਦੇ ਨਾਲ ਹੀ ਰੋਜ਼ਾਨਾ ਡਾਇਰੀ ਰਿਪੋਰਟ ਦੀ ਕਾਪੀ ਲਈ 100 ਰੁਪਏ ਦੀ ਫ਼ੀਸ ਤੈਅ ਕੀਤੀ ਗਈ ਹੈ। ਸਪੈਸ਼ਲ ਡਾਇਰੈਕਟਰ ਜਨਰਲ ਆਫ਼ ਪੁਲਸ ਗੁਰਪ੍ਰੀਤ ਕੌਰ ਦਿਓ ਨੇ ਸਪੱਸ਼ਟ ਕੀਤਾ ਕਿ ਇਹ ਫ਼ੈਸਲਾ ਸਰਕਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਸਿਰਫ਼ ਸ਼ਿਕਾਇਤਕਰਤਾ ਹੀ ਸਬੰਧਿਤ ਪੁਲਸ ਸਟੇਸ਼ਨ ਤੋਂ ਮੁਫ਼ਤ ਕਾਪੀ ਪ੍ਰਾਪਤ ਕਰ ਸਕਦਾ ਹੈ, ਜਦੋਂ ਕਿ ਆਨਲਾਈਨ ਪੋਰਟਲ ਰਾਹੀਂ ਡਾਊਨਲੋਡ ਕਰਨ ’ਤੇ ਹਰ ਕਿਸੇ ਨੂੰ ਫ਼ੀਸ ਦੇਣੀ ਪਵੇਗੀ। ਡੀ. ਐੱਸ. ਪੀ. ਪ੍ਰਭਜੋਤ ਅਨੁਸਾਰ ਇਸ ਨਵੇਂ ਨਿਯਮ ਵਿੱਚ ਕਿਸੇ ਨੂੰ ਵੀ ਛੋਟ ਨਹੀਂ ਦਿੱਤੀ ਗਈ ਹੈ, ਇੱਥੋਂ ਤੱਕ ਕਿ ਪੁਲਸ ਮੁਲਾਜ਼ਮਾਂ ਨੂੰ ਵੀ ਡਾਊਨਲੋਡ ਲਈ ਭੁਗਤਾਨ ਕਰਨਾ ਹੋਵੇਗਾ। ਪੰਜਾਬ ’ਚ ਸਲਾਨਾ ਕਰੀਬ 60,000 ਐੱਫ. ਆਈ. ਆਰਜ਼. ਦਰਜ ਕੀਤੀਆਂ ਜਾਂਦੀਆਂ ਹਨ। ਅੰਕੜਿਆਂ ਅਨੁਸਾਰ ਹੁਣ ਤੱਕ ਪੰਜਾਬ ਪੁਲਸ ਦੇ ਸਾਂਝ ਪੋਰਟਲ ਤੋਂ 41.7 ਲੱਖ ਤੋਂ ਵੱਧ ਐੱਫ. ਆਈ. ਆਰ. ਡਾਊਨਲੋਡ ਕੀਤੀਆਂ ਜਾ ਚੁੱਕੀਆਂ ਹਨ, ਜਿਸ ਤੋਂ ਪਤਾ ਲੱਗਦਾ ਹੈ ਕਿ ਡਿਜੀਟਲ ਪਹੁੰਚ ਲੋਕਾਂ ਲਈ ਕਿੰਨੀ ਮਹੱਤਵਪੂਰਨ ਸੀ। ਦੂਜੇ ਪਾਸੇ ਕਾਨੂੰਨੀ ਮਾਹਿਰਾਂ ਅਤੇ ਸਮਾਜਿਕ ਕਾਰਕੁੰਨਾਂ ਨੇ ਇਸ ਕਦਮ ਦੀ ਸਖ਼ਤ ਨਿਖ਼ੇਧੀ ਕੀਤੀ ਹੈ। ਐਡਵੋਕੇਟ ਤੇਜਵਿੰਦਰ ਸਿੰਘ ਗਿੱਲ ਨੇ ਕਿਹਾ ਕਿ ਇਹ ਫ਼ੈਸਲਾ ਸੁਪਰੀਮ ਕੋਰਟ ਦੇ ਉਸ ਨਿਰਦੇਸ਼ ਦੇ ਖ਼?ਲਾਫ਼ ਹੈ, ਜਿਸ ’ਚ ਐੱਫ. ਆਈ. ਆਰ. ਨੂੰ 24 ਘੰਟਿਆਂ ਦੇ ਅੰਦਰ ਆਨਲਾਈਨ ਅਪਲੋਡ ਕਰਨ ਅਤੇ ਇਸ ਨੂੰ ਨਿਰਪੱਖ ਕਾਨੂੰਨੀ ਪ੍ਰਕਿਰਿਆ ਦਾ ਹਿੱਸਾ ਮੰਨਣ ਲਈ ਕਿਹਾ ਗਿਆ ਸੀ।

## ਘੇਰ ਕੇ ਕੁੱਟਮਾਰ ਕਰਨ ਦੇ ਦੋਸ਼ ’ਚ 3 ਲੋਕਾਂ ਖ਼ਿਲਾਫ਼ ਕੇਸ ਦਰਜ

ਪਟਿਆਲਾ 28 ਮਾਰਚ। ਥਾਣਾ ਕੋਤਵਾਲੀ ਪਟਿਆਲਾ ਦੀ ਪੁਲਸ ਨੇ ਘੇਰ ਕੇ ਕੁੱਟਮਾਰ ਕਰਨ ਦੇ ਦੋਸ਼ ਵਿਚ ਤਿੰਨ ਵਿਅਕਤੀਆਂ ਦੇ ਖ਼?ਲਾਫ਼ ਕੇਸ ਦਰਜ ਕੀਤਾ ਹੈ। ਜਿਹੜੇ ਵਿਅਕਤੀਆਂ ਦੇ ਖ਼?ਲਾਫ਼ ਕੇਸ ਦਰਜ ਕੀਤਾ ਹੈ, ਉਨ੍ਹਾਂ ਵਿਚ ਹਰਪ੍ਰੀਤ ਸਿੰਘ ਪੁੱਤਰ ਅਵਤਾਰ ਸਿੰਘ, ਸਾਹਿਬਜੋਤ ਸਿੰਘ ਪੁੱਤਰ ਹਰਪ੍ਰੀਤ ਸਿੰਘ ਵਾਸੀ ਨੀਲਮਾ ਵਿਹਾਰ ਨੇੜੇ ਚੌਰਾ ਰੋਡ ਪਟਿਆਲਾ, ਤਰਨਪ੍ਰੀਤ ਸਿੰਘ ਪੁੱਤਰ ਜਸਵਿੰਦਰ ਸਿੰਘ ਵਾਸੀ ਸੰਤ ਹਜ਼ਾਰਾ ਸਿੰਘ ਨਗਰ ਸਨੌਰ ਸ਼ਾਮਲ ਹਨ। ਇਸ ਮਾਮਲੇ ਵਿਚ ਵਿਜੇ ਕੁਮਾਰ ਪੁੱਤਰ ਰਾਮ ਚੰਦਰ ਵਾਸੀ ਮਾੜੀ ਮੰਦਰ ਸਨੌਰ ਨੇ ਸਿਕਾਇਤ ਦਰਜ ਕਰਵਾਈ ਸੀ ਕਿ ਉਹ ਆਪਣੀ ਸਕੂਟਰੀ ’ਤੇ ਸਵਾਰ ਹੋ ਕੇ ਰੰਗੇਸ਼ਾਹ ਕਲੋਨੀ ਦੇ ਕੋਲ ਪਹੁੰਚਿਆ। ਇਸ ਦੌਰਾਨ ਉਕਤ ਵਿਅਕਤੀਆ ਨੇ ਉਸ ਦੀ ਘੇਰ ਕੇ ਕੁੱਟਮਾਰ ਕੀਤੀ। ਪੁਲਸ ਨੇ ਇਸ ਮਾਮਲੇ ਵਿਚ ਉਕਤ ਵਿਅਕਤੀਆਂ ਦੇ ਖ਼ਿਲਾਫ਼ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# 1.35 ਕਰੋੜ ਦੀ ਹੈਰੋਇਨ ਸਣੇ ਨਸ਼ਾ ਸਮੱਗਲਰ ਕਾਬੂ, 8 ਦਿਨ ਪਹਿਲਾਂ ਜੇਲ੍ਹ ’ਚੋਂ ਬਾਹਰ ਆਇਆ ਸੀ ਮੁਲਜ਼ਮ

ਲੁਧਿਆਣਾ 28 ਮਾਰਚ। ਪੁਲਸ ਕਮਿਸ਼ਨਰ ਲੁਧਿਆਣਾ ਆਈ. ਪੀ. ਐੱਸ. ਸਵਪਨ ਸ਼ਰਮਾ ਦੇ ਨਿਰਦੇਸ਼ਾਂ ’ਤੇ ਕ੍ਰਾਈਮ ਬ੍ਰਾਂਚ-2 ਦੀ ਪੁਲਸ ਟੀਮ ਨੇ ਨਸ਼ਾ ਸਮੱਗਲਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਇਕ ਵੱਡੀ ਕਾਰਵਾਈ ਕਰਦੇ ਹੋਏ ਇਕ ਨਸ਼ਾ ਸਮੱਗਲਰ ਨੂੰ 1 ਕਰੋੜ 35 ਲੱਖ ਰੁਪਏ ਦੀ ਹੈਰੋਇਨ ਸਮੇਤ ਗ੍ਰਿਫਤਾਰ ਕਰਨ ਵਿਚ ਸਫਲਤਾ ਹਾਸਲ ਕੀਤੀ ਹੈ। ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਏ.ਡੀ.ਸੀ.ਪੀ. ਕ੍ਰਾਇਮ ਅਮਨਦੀਪ ਸਿੰਘ ਬਰਾੜ ਅਤੇ ਏ.ਸੀ.ਪੀ. ਕ੍ਰਾਈਮ ਰਾਜੇਸ਼ ਸ਼ਰਮਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਕ੍ਰਾਈਮ ਸ਼ਾਖਾ-2 ਦੇ ਇੰਚਾਰਜ ਇੰਸਪੈਕਟਰ ਵਿਕਰਮਜੀਤ ਸਿੰਘ ਘੁੰਮਣ ਦੀ ਪੁਲਸ ਟੀਮ ਨੇ ਥਾਣਾ ਸਲੇਮ ਟਾਬਰੀ ਦੇ ਅਧੀਨ ਆਉਂਦੀ ਦਾਣਾ ਮੰਡੀ ਵਿਚ ਇਕ ਮੋਟਰਸਾਈਕਲ ਸਵਾਰ ਨਸ਼ਾ ਸਮੱਗਲਰ ਨੂੰ ਗ੍ਰਿਫਤਾਰ ਕਰ ਕੇ ਮੁਲਜ਼ਮ ਦੇ ਕਬਜ਼ੇ ਵਿਚੋਂ 270 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਉਨ੍ਹਾਂ ਨੇ ਦੱਸਿਆ ਕਿ ਪੁਲਸ ਨੇ ਮੁਲਜ਼ਮ ਦੀ ਪਛਾਣ ਸੁਨੀਲ ਬਾਬਾ ਪੁੱਤਰ ਵਜ਼ੀਰ ਵਾਸੀ ਬਾਜ਼ੀਗਰ ਬਸਤੀ, ਅਮਲੋਹ ਰੋਡ, ਖੰਨਾ ਹਾਲ ਵਾਸੀ ਮੁਹੱਲਾ ਪ੍ਰੀਤ ਨਗਰ, ਮੋਗਾ ਵਜੋਂ ਕੀਤੀ ਗਈ ਹੈ। ਉਨ੍ਹਾਂ ਨੇ ਦੱਸਿਆ ਕਿ ਪੁਲਸ ਨੇ ਮੁਲਜ਼ਮ ਦੇ ਖਿਲਾਫ ਥਾਣਾ ਸਲੇਮ ਟਾਬਰੀ ਵਿਚ ਐੱਨ.ਡੀ.ਪੀ.ਐੱਸ. ਐਕਟ ਦੇ ਅਧੀਨ ਕੇਸ ਦਰਜ ਕੀਤਾ ਹੈ। ਦੱਸਿਆ ਜਾ ਰਿਹਾ ਹੈ ਕਿ ਨਸ਼ਾ ਸਮੱਗਲਰ ਤੋਂ ਬਰਾਮਦ ਹੈਰੋਇਨ ਦੀ ਅੰਤਰਰਾਸ਼ਟਰੀ ਬਾਜ਼ਾਰ ਵਿਚ 1 ਕਰੋੜ 35 ਲੱਖ ਰੁਪਏ ਦੀ ਕੀਮਤ ਦੱਸੀ ਜਾ ਰਹੀ ਹੈ। ਏ.ਡੀ.ਸੀ.ਪੀ. ਅਮਨਦੀਪ ਸਿੰਘ ਬਰਾੜ ਨੇ ਦੱਸਿਆ ਕਿ ਗ੍ਰਿਫਤਾਰ ਨਸ਼ਾ ਸਮੱਗਲਰ ਸੁਨੀਲ ਬਾਬਾ ਪਿਛਲੇ ਕਈ ਸਾਲਾਂ ਤੋਂ ਨਸ਼ਾ ਸਮੱਗਲਿੰਗ ਦਾ ਕੰਮ ਕਰ ਰਿਹਾ ਹੈ। ਮੁਲਜ਼ਮ ’ਤੇ ਖੰਨਾ ਪੁਲਸ ਨੇ ਤਿੰਨ ਮਾਮਲੇ ਨਸ਼ਾ ਸਮੱਗਲਿੰਗ ਅਤੇ ਦੋ ਮਾਮਲੇ ਐਕਸਾਈਜ਼ ਐਕਟ ਦੇ ਦਰਜ ਕੀਤੇ ਹੋਏ ਹਨ, ਜਿਸ ਵਿਚ ਮੁਲਜ਼ਮ 7 ਅਪ੍ਰੈਲ 2025 ਨੂੰ ਜੇਲ ਤੋਂ ਜ਼ਮਾਨਤ ’ਤੇ ਬਾਹਰ ਆਇਆ ਹੈ ਅਤੇ ਬਾਹਰ ਆਉਣ ਤੋਂ ਬਾਅਦ ਫਿਰ ਤੋਂ ਮੁਲਜ਼ਮ ਨੇ ਨਸ਼ਾ ਵੇਚਣ ਦਾ ਕੰਮ ਸ਼ੁਰੂ ਕਰ ਦਿੱਤਾ। ਅੱਜ ਮੁਲਜ਼ਮ ਨੂੰ ਅਦਾਲਤ ਵਿਚ ਪੇਸ਼ ਕਰ ਕੇ ਪੁਲਸ ਰਿਮਾਂਡ ਹਾਸਲ ਕੀਤਾ ਜਾਵੇਗਾ ਤਾਂ ਕਿ ਮੁਲਜ਼ਮ ਤੋਂ ਅੱਗੇ ਦੀ ਪੁੱਛਗਿਛ ਕੀਤੀ ਜਾ ਸਕੇ ਕਿ ਇਹ ਹੈਰੋਇਨ ਕਿੱਥੋਂ ਲੈ ਕੇ ਆਇਆ ਅਤੇ ਲੁਧਿਆਣਾ ਵਿਚ ਕਿਸ ਨੂੰ ਵੇਚਣ ਆਇਆ ਸੀ ਜਿਸ ਦਾ ਖੁਲਾਸਾ ਪੁਲਸ ਆਉਣ ਵਾਲੇ ਦਿਨਾਂ ਵਿਚ ਕਰ ਸਕਦੀ ਹੈ।

## ਮਾਸੀ ਘਰ ਗਿਆ 10 ਸਾਲਾ ਬੱਚਾ ਲਾਪਤਾ, ਮਾਂ ਦਾ ਰੋ-ਰੋ ਕੇ ਬੁਰਾ ਹਾਲ

ਬਰਨਾਲਾ 28 ਮਾਰਚ। ਬਰਨਾਲਾ ਵਿਚ ਸ਼ੱਕੀ ਹਾਲਤ ਵਿਚ ਛੋਟੇ ਬੱਚਿਆਂ ਦੇ ਲਾਪਤਾ ਹੋਣ ਦੇ ਮਾਮਲਿਆਂ ਵਿਚ ਵਾਧਾ ਹੋ ਰਿਹਾ ਹੈ। ਕੁਝ ਦਿਨ ਪਹਿਲਾਂ ਇਕ ਝੁੱਗੀ-ਝੌਂਪੜੀ ਵਿਚ ਰਹਿਣ ਵਾਲੇ ਵਿਅਕਤੀ ਦੇ 2 ਸਾਲਾ ਬੱਚੇ ਨੂੰ ਅਗਵਾ ਕਰ ਲਿਆ ਗਿਆ ਸੀ, ਜਿਸ ਨੂੰ ਬਰਨਾਲਾ ਪੁਲਸ ਨੇ ਤੁਰੰਤ ਉਸ ਦੇ ਪਰਿਵਾਰ ਦੇ ਹਵਾਲੇ ਕਰ ਦਿੱਤਾ ਸੀ, ਪਰ ਬੀਤੀ ਰਾਤ ਬਰਨਾਲਾ ਦੇ 22 ਏਕੜ ਵਿਚ ਸਥਿਤ ਝੁੱਗੀ-ਝੌਂਪੜੀ ਵਾਲੇ ਮਕਾਨ ਵਿਚ ਆਪਣੀ ਮਾਸੀ ਕੋਲ ਰਹਿਣ ਆਇਆ 10 ਸਾਲਾ ਦੀਪ ਸ਼ੱਕੀ ਹਾਲਾਤ ਵਿਚ ਲਾਪਤਾ ਹੋ ਗਿਆ। ਲਾਪਤਾ ਬੱਚੇ ਦੀ ਮਾਂ ਅਨੀਤਾ ਨੇ ਰੋਂਦਿਆਂ ਦੱਸਿਆ ਕਿ ਉਹ ਕੁਝ ਦਿਨ ਪਹਿਲਾਂ ਆਪਣੇ ਰਿਸ਼ਤੇਦਾਰਾਂ ਕੋਲ ਬਰਨਾਲਾ ਆਈ ਸੀ। ਉਸ ਦਾ 10 ਸਾਲਾ ਬੱਚਾ ਕੱਲ੍ਹ ਬਰਨਾਲਾ ਬੱਸ ਸਟੈਂਡ ਗਿਆ ਸੀ, ਜੋ ਅਜੇ ਤਕ ਘਰ ਨਹੀਂ ਪਰਤਿਆ। ਉਨ੍ਹਾਂ ਨੇ ਕੱਲ੍ਹ ਰਾਤ ਵੀ ਭਾਲ ਕੀਤੀ, ਪਰ ਬੱਚਾ ਨਹੀਂ ਮਿਲਿਆ। ਉਨ੍ਹਾਂ ਨੇ ਦੱਸਿਆ ਕਿ ਬੱਚਾ ਸ਼ੱਕੀ ਹਾਲਾਤ ਵਿਚ ਲਾਪਤਾ ਹੋ ਗਿਆ ਹੈ। ਉਨ੍ਹਾਂ ਨੇ ਬਰਨਾਲਾ ਸਿਟੀ-1 ਪੁਲਸ ਸਟੇਸ਼ਨ ਵਿਚ ਲਿਖਤੀ ਸ਼ਿਕਾਇਤ ਵੀ ਦਿੱਤੀ ਹੈ, ਜਿਸ ਵਿਚ ਉਸ ਨੇ ਪੁਲਸ ਪ੍ਰਸ਼ਾਸਨ ਅੱਗੇ ਲਾਪਤਾ ਪੁੱਤਰ ਦੀ ਭਾਲ ਕਰਨ ਦੀ ਗੁਹਾਰ ਲਗਾਈ ਹੈ। ਇਸ ਮੌਕੇ ਲਾਪਤਾ ਬੱਚੇ ਦੀ ਮਾਸੀ ਅਤੇ ਉਸ ਦੇ ਨਾਨੇ ਮੀਤਾ ਨਾਥ ਨੇ ਦੱਸਿਆ ਕਿ ਅਨੀਤਾ ਕੁਝ ਦਿਨ ਪਹਿਲਾਂ ਹੀ ਆਪਣੇ ਬੱਚੇ ਨਾਲ ਇੱਥੇ ਆਈ ਸੀ, ਪਰ ਬੱਚਾ ਸ਼ੱਕੀ ਹਾਲਾਤ ਵਿਚ ਲਾਪਤਾ ਹੋ ਗਿਆ ਹੈ। ਉਨ੍ਹਾਂ ਨੇ ਪੁਲਸ ਪ੍ਰਸ਼ਾਸਨ ਅੱਗੇ ਬੱਚੇ ਦੀ ਭਾਲ ਕਰਨ ਦੀ ਗੁਹਾਰ ਲਗਾਈ ਹੈ। ਇਸ ਮਾਮਲੇ ਨੂੰ ਲੈ ਕੇ ਥਾਣਾ ਸਿਟੀ-1 ਦੇ ਜਾਂਚ ਅਧਿਕਾਰੀ ਏ.ਐੱਸ.ਆਈ. ਪ੍ਰਦੀਪ ਕੁਮਾਰ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਨੂੰ ਇਕ ਬੱਚੇ ਦੇ ਲਾਪਤਾ ਹੋਣ ਦੀ ਸ਼ਿਕਾਇਤ ਮਿਲੀ ਸੀ। ਬੱਚੇ ਨੂੰ ਲੱਭਣ ਲਈ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਪਤੀ-ਪਤਨੀ ਵਿਚਾਲੇ ਘਰੇਲੂ ਵਿਵਾਦ ਚੱਲ ਰਿਹਾ ਹੈ, ਜੋ 15 ਦਿਨ ਪਹਿਲਾਂ ਮੁੱਲਾਂਪੁਰ ਤੋਂ ਬਰਨਾਲਾ ਪਹੁੰਚੇ ਸਨ।

# ਪੱਛਮੀ ਬੰਗਾਲ ਚੋਣਾਂ: ਚੋਣ ਜ਼ਾਬਤਾ ਸਖ਼ਤੀ ਨਾਲ ਲਾਗੂ, 181 ਕਰੋੜ ਦੀ ਨਕਦੀ, ਸ਼ਰਾਬ ਤੇ ਨਸ਼ੀਲੇ ਪਦਾਰਥ ਜ਼ਬਤ

**ਕੌਮੀ ਪਤ੍ਰਿਕਾ**

ਕੋਲਕਾਤਾ 28 ਮਾਰਚ। ਪੱਛਮੀ ਬੰਗਾਲ ਦੀਆਂ ਸਾਰੀਆਂ 294 ਵਿਧਾਨ ਸਭਾ ਸੀਟਾਂ ’ਤੇ ਆਦਰਸ਼ ਚੋਣ ਜ਼ਾਬਤਾ ($33) ਨੂੰ ਬਹੁਤ ਹੀ ਸਖ਼ਤੀ ਨਾਲ ਲਾਗੂ ਕੀਤਾ ਜਾ ਰਿਹਾ ਹੈ। ਚੋਣ ਕਮਿਸ਼ਨ ਦੀ ਮੁਸਤੈਦੀ ਕਾਰਨ ਹੁਣ ਤੱਕ 181 ਕਰੋੜ ਰੁਪਏ ਤੋਂ ਵੱਧ ਦੀ ਨਕਦੀ, ਸ਼ਰਾਬ, ਮਾਦਕ ਪਦਾਰਥ ਅਤੇ ਹੋਰ ਸਮੱਗਰੀ ਜ਼ਬਤ ਕੀਤੀ ਜਾ ਚੁੱਕੀ ਹੈ। ਅਧਿਕਾਰੀਆਂ ਵੱਲੋਂ ਸੋਮਵਾਰ ਨੂੰ ਦਿੱਤੀ ਗਈ ਜਾਣਕਾਰੀ ਅਨੁਸਾਰ, ਸੂਬੇ ’ਚ ਵਿਧਾਨ ਸਭਾ ਚੋਣਾਂ ਦੋ ਪੜਾਵਾਂ ’ਚ 23 ਅਪ੍ਰੈਲ ਤੇ 29 ਅਪ੍ਰੈਲ ਨੂੰ ਹੋਣਗੀਆਂ, ਜਦੋਂ ਕਿ ਨਤੀਜੇ 4 ਮਈ ਨੂੰ ਐਲਾਨੇ ਜਾਣਗੇ। ਮੁੱਖ ਚੋਣ ਅਧਿਕਾਰੀ (35®) ਦੇ ਦਫ਼ਤਰ ਵੱਲੋਂ ਜਾਰੀ ਬਿਆਨ ਅਨੁਸਾਰ, ਸੂਬੇ ਭਰ ’ਚ ਗੈਰ-ਕਾਨੂੰਨੀ ਸਿਆਸੀ ਇਸ਼ਤਿਹਾਰਾਂ ਤੇ ਪੋਸਟਰਾਂ ਨੂੰ ਹਟਾਉਣ ਲਈ ਇੱਕ ਵਿਆਪਕ ਮੁਹਿੰਮ ਚਲਾਈ ਗਈ ਹੈ। ਜਨਤਕ ਤੇ ਨਿੱਜੀ ਜਾਇਦਾਦਾਂ ’ਤੇ ਲਗਾਏ ਗਏ ਇਨ੍ਹਾਂ ਪੋਸਟਰਾਂ ਕਾਰਨ ਜਨਤਕ ਜਾਇਦਾਦ ਨੂੰ ਨੁਕਸਾਨ ਪਹੁੰਚਾਉਣ ਦੀਆਂ 3,11,829 ਤੇ ਨਿੱਜੀ ਜਾਇਦਾਦ ਦੀਆਂ 19,901 ਘਟਨਾਵਾਂ ਸਾਹਮਣੇ ਆਈਆਂ ਹਨ। ਇਸ ਸਬੰਧ ’ਚ ਵੱਖ-ਵੱਖ ਜ਼ਿਲ੍ਹਿਆਂ ’ਚ ਹੁਣ ਤੱਕ 3,58,986 ਮਾਮਲੇ ਦਰਜ ਕੀਤੇ ਗਏ ਹਨ। ਚੋਣਾਂ ਦੌਰਾਨ ਪਾਰਦਰਸ਼ਤਾ ਬਣਾਈ ਰੱਖਣ ਤੇ ਨਕਦੀ ਦੇ ਗੈਰ-ਕਾਨੂੰਨੀ ਤਬਾਦਲੇ ਨੂੰ ਰੋਕਣ ਲਈ 1,800 ਤੋਂ ਵੱਧ ਉੱਡਣ ਦਸਤੇ ਅਤੇ 2,200 ਤੇ ਅਪਰਾਧਿਕ ਧਮਕੀਆਂ ਦੇਣ ਦੇ ਮਾਮਲੇ ਵਿੱਚ ਕਈ ਗ੍ਰਿਫਤਾਰੀਆਂ ਵੀ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ, ਗਹਿਣ ਨਿਗਰਾਨੀ



ਤੋਂ ਵੱਧ ਸਥਿਰ ਨਿਗਰਾਨੀ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਕਾਨੂੰਨ ਵਿਵਸਥਾ ਨੂੰ ਲੈ ਕੇ ਕੋਲਕਾਤਾ ਪੁਲਸ ਤੇ ਕੇਂਦਰੀ ਬਲ ਪੂਰੀ ਤਰ੍ਹਾਂ ਚੌਕਸ ਹਨ। ਬੜਾਨਗਰ ਤੇ ਕਾਲੀਘਾਟ ’ਚ ਹੋਈਆਂ ਘਟਨਾਵਾਂ ਦੌਰਾਨ ਪੁਲਸ ਨੇ ਤੁਰੰਤ ਦਖਲ ਦੇ ਕੇ ਤਣਾਅ ਨੂੰ ਵਧਣ ਤੋਂ ਰੋਕਿਆ। ਪੁਲਸ ਵੱਲੋਂ ਵੋਟਰਾਂ ਨੂੰ ਡਰਾਉਣ-ਧਮਕਾਉਣ ਹੇਠ ਵੱਡੀ ਮਾਤਰਾ ਵਿੱਚ ਬਿਨਾਂ ਲਾਇਸੰਸੀ ਹਥਿਆਰ ਅਤੇ ਵਿਸਫੋਟਕ ਵੀ ਜ਼ਬਤ ਕੀਤੇ ਗਏ ਹਨ ਤਾਂ ਜੋ ਚੋਣ ਪ੍ਰਕਿਰਿਆ ਨੂੰ ਸ਼ਾਂਤੀਪੂਰਵਕ ਨੇਪਰੇ ਚਾੜ੍ਹਿਆ ਜਾ ਸਕੇ। ਅਧਿਕਾਰੀਆਂ ਨੇ ਸਪੱਸ਼ਟ ਕੀਤਾ ਹੈ ਕਿ ਚੋਣ ਜ਼ਾਬਤੇ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਜਾਰੀ ਰਹੇਗੀ।

# ਅੰਮ੍ਰਿਤਸਰ ’ਚ ਨਸ਼ਾ ਤਸਕਰੀ ਮਾਡਿਊਲ ਦੇ ਦੋ ਕਾਰਕੁੰਨ 5 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ

**ਕੌਮੀ ਪਤ੍ਰਿਕਾ**

ਚੰਡੀਗੜ੍ਹ/ਅੰਮ੍ਰਿਤਸਰ 28 ਮਾਰਚ। ਕਾਊਂਟਰ ਇੰਟੈਲੀਜੈਂਸ (ਸੀ.ਆਈ.) ਅੰਮ੍ਰਿਤਸਰ ਨੇ ਨਸ਼ਾ ਤਸਕਰੀ ਕਰਨ ਵਾਲੇ ਮਾਡਿਊਲ ਦੇ ਦੋ ਕਾਰਕੁੰਨਾਂ ਨੂੰ 5 ਕਿਲੋ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਇਸ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਸਾਂਝੀ ਕੀਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਖੱਟਰਾਏ ਖੁਰਦ ਦੇ ਰਹਿਣ ਵਾਲੇ ਮਨਿੰਦਰ ਸਿੰਘ ਅਤੇ ਅੰਮ੍ਰਿਤਸਰ ਦੇ ਫਿਰਵਾੜੀਆ ਦੇ ਰਹਿਣ ਵਾਲੇ ਗੁਰਜੰਟ ਸਿੰਘ ਵਜੋਂ ਹੋਈ ਹੈ। ਪੁਲਸ ਟੀਮਾਂ ਨੇ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਤੋਂ ਇਲਾਵਾ ਮੁਲਜ਼ਮਾਂ ਦੀ ਹੈਚਬੈਕ ਹੁੰਡਈ ਆਈ-20 ਕਾਰ (ਨੰਬਰ -ਪੀਬੀ10 ਜੀਐਚ 0140), ਨੂੰ ਵੀ ਜ਼ਬਤ ਕੀਤਾ ਹੈ, ਜਿਸਦੀ ਵਰਤੋਂ ਉਹ ਖੇਪਾਂ ਲਿਆਉਣ-ਲਿਜਾਣ ਲਈ ਕਰਦੇ ਸਨ। ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਪਾਕਿਸਤਾਨ ਅਧਾਰਤ ਤਸਕਰ ਅਤੇ ਸਰਹੱਦ ਪਾਰੋਂ ਖੇਪਾਂ ਸਪਲਾਈ ਕਰਨ ਵਾਲੇ ਇੱਕ ਵਿਦੇਸ਼ੀ ਹੈਂਡਲਰ ਦੇ ਸੰਪਰਕ ਵਿੱਚ ਸਨ। ਇਸ ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਉਨ੍ਹਾਂ ਕਿਹਾ ਕਿ ਸੀ.ਆਈ.




ਅੰਮ੍ਰਿਤਸਰ ਦੀਆਂ ਪੁਲਸ ਟੀਮਾਂ ਨੂੰ ਪੁਖ਼ਤਾ ਇਤਲਾਹ ਮਿਲੀ ਸੀ ਕਿ ਇੱਕ ਵਿਦੇਸ਼ੀ ਵਿਅਕਤੀ ਪਾਕਿਸਤਾਨ ਅਧਾਰਤ ਨਸ਼ਾ ਤਸਕਰ ਦੇ ਸੰਪਰਕ ਵਿੱਚ ਹੈ ਅਤੇ ਉਹ ਦੋਵੇਂ ਮਿਲ ਕੇ ਆਪਣੇ ਪੰਜਾਬ-ਅਧਾਰਤ ਸਾਥੀਆਂ, ਮਨਿੰਦਰ ਸਿੰਘ ਅਤੇ ਗੁਰਜੰਟ ਸਿੰਘ, ਦੀ ਮਦਦ ਨਾਲ ਸੂਬੇ ਵਿੱਚ ਨਸ਼ਾ ਤਸਕਰੀ ਦਾ ਨੈੱਟਵਰਕ ਚਲਾ ਰਹੇ ਹਨ। ਉਨ੍ਹਾਂ ਦੱਸਿਆ ਕਿ ਜਾਣਕਾਰੀ ਤੋਂ ਅੱਗੇ ਪਤਾ ਲੱਗਾ ਹੈ ਕਿ ਦੋਵਾਂ ਕਾਰਕੁੰਨਾਂ ਨੂੰ ਆਪਣੇ ਹੈਂਡਲਰ ਤੋਂ ਨਸ਼ੀਲੇ ਪਦਾਰਥਾਂ ਦੀ ਖੇਪ ਪ੍ਰਾਪਤ ਹੋਈ ਸੀ, ਜਿਸਨੂੰ ਕਿਸੇ ਹੋਰ ਪਾਰਟੀ ਤੱਕ ਪਹੁੰਚਾਉਣ ਲਈ ਉਹ ਆਪਣੀ ਆਈ-20 ਕਾਰ ’ਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਅਜਨਾਲਾ ਖੇਤਰ ਦੇ ਪਿੰਡ ਧਾਰੀਵਾਲ ਆ ਰਹੇ ਹਨ। ਡੀਜੀਪੀ ਨੇ ਕਿਹਾ ਕਿ ਇਸ ’ਤੇ ਫੌਰੀ ਕਾਰਵਾਈ ਕਰਦਿਆਂ ਪੁਲਸ ਟੀਮਾਂ ਨੇ ਇਸ ਜਗ?ਹਾ ਦੇ ਆਲੇ-ਦੁਆਲੇ ਨਾਕੇ ਲਗਾਏ ਅਤੇ ਦੋਵਾਂ ਸ਼ੱਕੀਆਂ ਨੂੰ ਰੋਕ ਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 5 ਕਿਲੋ ਹੈਰੋਇਨ ਬਰਾਮਦ ਕੀਤੀ। ਇਸ ਸੰਬਧੀ ਹੋਰ ਜਾਂਚ ਜਾਰੀ ਹੈ। ਇਸ ਸਬੰਧ ਵਿੱਚ ਐਫਆਈਆਰ ਨੰਬਰ 18 ਮਿਤੀ 21-03-2026 ਨੂੰ ਪੁਲਿਸ ਸਟੇਸ਼ਨ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿਖੇ ਐਨਡੀਪੀਐਸ ਐਕਟ ਦੀ ਧਾਰਾ 21, 25 ਅਤੇ 29 ਤਹਿਤ ਕੇਸ ਦਰਜ ਕੀਤਾ ਗਿਆ ਹੈ।

## ਮੈਡੀਕਲ ਦੀ ਪੜ੍ਹਾਈ ਕਰ ਰਹੀ ਮਹਿਲਾ ਡਾਕਟਰ ਨੇ ਕੀਤੀ ਖੁਦਕੁਸ਼ੀ, ਵਿਭਾਗ ਮੁਖੀ ’ਤੇ ਲਾਏ ਦੋਸ਼

ਨੈਸ਼ਨਲ ਡੈਸਕ 28 ਮਾਰਚ। ਦੇਹਰਾਦੂਨ ਦੇ ਸ਼੍ਰੀ ਗੁਰੂ ਰਾਮ ਰਾਏ ਇੰਸਟੀਚਿਊਟ ਆਫ ਮੈਡੀਕਲ ਐਂਡ ਹੈਲਥ ਸਾਇੰਸਜ਼ ਵਿੱਚ ‘ਮਾਸਟਰ ਆਫ ਸਰਜਰੀ’ ਕਰ ਰਹੀ ਇਕ 25 ਸਾਲਾ ਮਹਿਲਾ ਡਾਕਟਰ ਨੇ ਕਥਿਤ ਤੌਰ ’ਤੇ ਖੁਦਕੁਸ਼ੀ ਕਰ ਲਈ ਹੈ। ਪੁਲਸ ਵੱਲੋਂ ਵੀਰਵਾਰ ਨੂੰ ਦਿੱਤੀ ਗਈ ਜਾਣਕਾਰੀ ਅਨੁਸਾਰ ਮ੍ਰਿਤਕਾ ਦੀ ਪਛਾਣ ਡਾ. ਤਨਵੀ ਵਜੋਂ ਹੋਈ ਹੈ, ਜੋ ਹਰਿਆਣਾ ਦੇ ਅੰਬਾਲਾ ਦੀ ਰਹਿਣ ਵਾਲੀ ਸੀ। ਡਾ. ਤਨਵੀ ਦੇਹਰਾਦੂਨ ਵਿੱਚ ਆਪਣੀ ਮਾਂ ਨਾਲ ਕਿਰਾਏ ਦੇ ਮਕਾਨ ਵਿੱਚ ਰਹਿ ਰਹੀ ਸੀ ਅਤੇ ਨੇਤਰ ਵਿਗਿਆਨ ਵਿੱਚ ਐਮ.ਐਸ. ਕਰ ਰਹੀ ਸੀ। ਮੰਗਲਵਾਰ ਰਾਤ ਉਸਨੇ ਆਪਣੀ ਮਾਂ ਨੂੰ ਮੈਸੇਜ ਕੀਤਾ ਸੀ ਕਿ ਉਹ ਰਾਤ 12:30 ਵਜੇ ਤੱਕ ਘਰ ਪਹੁੰਚ ਜਾਵੇਗੀ, ਪਰ ਜਦੋਂ ਉਹ ਨਹੀਂ ਪਹੁੰਚੀ ਤਾਂ ਉਸਦੀ ਮਾਂ ਨੇ ਅੰਬਾਲਾ ਰਹਿੰਦੇ ਪਿਤਾ ਡਾ. ਲਲਿਤ ਮੋਹਨ ਨੂੰ ਸੂਚਿਤ ਕੀਤਾ। ਪਿਤਾ ਤੁਰੰਤ ਦੇਹਰਾਦੂਨ ਪਹੁੰਚੇ ਅਤੇ ਤਲਾਸ਼ ਦੌਰਾਨ ਉਨ੍ਹਾਂ ਨੇ ਤਨਵੀ ਨੂੰ ਕਾਰਗੀ ਰੋਡ ’ਤੇ ਖੜ੍ਹੀ ਆਪਣੀ ਕਾਰ ਵਿੱਚ ਬੇਹੋਸ਼ ਦੇਖਿਆ। ਕਾਰ ਦਾ ਸ਼ੀਸ਼ਾ ਤੋੜ ਕੇ ਉਸਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ। ਤਨਵੀ ਦੇ ਪਿਤਾ ਨੇ ਪੁਲਸ ਕੋਲ ਸ਼ਿਕਾਇਤ ਦਰਜ ਕਰਵਾਈ ਹੈ ਕਿ ਨੇਤਰ ਰੋਗ ਵਿਭਾਗ ਦੀ ਮੁਖੀ ਉਸਦੀ ਬੇਟੀ ਦਾ ਮਾਨਸਿਕ ਟਾਰਚਰ ਕਰ ਰਹੀ ਸੀ, ਜਿਸ ਕਾਰਨ ਉਸਨੇ ਇਹ ਖੌਫਨਾਕ ਕਦਮ ਚੁੱਕਿਆ।

## ਹੈਰੋਇਨ, ਇਕ ਮੋਟਰਸਾਈਕਲ ਤੇ ਭਾਰਤੀ ਕਰੰਸੀ ਸਮੇਤ 3 ਗ੍ਰਿਫ਼ਤਾਰ

ਫਿਰੋਜ਼ਪੁਰ 28 ਮਾਰਚ। ਜ਼ਿਲ੍ਹਾ ਫਿਰੋਜ਼ਪੁਰ ਪੁਲਸ ਨੇ ਗਸ਼ਤ ਅਤੇ ਚੈਕਿੰਗ ਦੌਰਾਨ ਵੱਖ-ਵੱਖ ਥਾਵਾਂ ਤੋਂ 3 ਵਿਅਕਤੀਆਂ ਨੂੰ 556 ਗ੍ਰਾਮ ਹੈਰੋਇਨ, ਇਕ ਮੋਟਰਸਾਈਕਲ ਅਤੇ 200 ਰੁਪਏ ਭਾਰਤੀ ਕਰੰਸੀ ਸਮੇਤ ਗ੍ਰਿਫ਼ਤਾਰ ਕਰਕੇ ਉਨ੍ਹਾਂ ਖ਼?ਲਾਫ਼ ਵੱਖ-ਵੱਖ ਥਾਨਿਆਂ ਵਿਚ ਐੱਨ. ਡੀ. ਪੀ. ਐੱਸ. ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਮਮਦੋਟ ਪੁਲਸ ਦੇ ਐੱਸ. ਆਈ. ਸੁਖਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਫਿਰੋਜ਼ਪੁਰ-ਫਾਜ਼ਿਲਕਾ ਰੋਡ ਤੋਂ ਮੇਨ ਸੜਕ ਮਮਦੋਟ ਵੱਲ ਨੂੰ ਮੁੜੀ ਤਾਂ ਅੱਗੇ ਪਹਿਲੇ ਮੋੜ ’ਤੇ ਖ਼ਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਕਰਨਪਾਲ ਸਿੰਘ ਪੁੱਤਰ ਬੋਧ ਸਿੰਘ ਅਤੇ ਮੰਗਲ ਸਿੰਘ ਉਰਫ਼ ਅਜੇ ਪੁੱਤਰ ਕੁਲਦੀਪ ਸਿੰਘ ਵਾਸੀਅਨ ਪਿੰਡ ਚੱਕ ਭੰਗੇ ਵਾਲਾ ਥਾਣਾ ਮਮਦੋਟ ਦੋਵੇਂ ਆਪਸ ਵਿਚ ਮਿਲ ਕੇ ਹੈਰੋਇਨ ਵੇਚਣ ਦਾ ਧੰਦਾ ਕਰਦੇ ਹਨ ਅਤੇ ਅੱਜ ਵੀ ਉਹ ਦੋਵੇਂ ਜਣੇ ਭਾਰੀ ਮਾਤਰਾ ਵਿਚ ਹੈਰੋਇਨ ਲੈ ਕੇ ਅੱਗੇ ਵੇਚਣ ਲਈ ਮੋਟਰਸਾਈਕਲ ਹੀਰੋ ਐੱਚ. ਐੱਫ਼. ਡੀਲਕਸ ਨੰਬਰੀ ਪੀ.ਬੀ. 05 ਏ.ਪੀ. 0242 ’ਤੇ ਸਵਾਰ ਹੋ ਕੇ ਮਮਦੋਟ ਵੱਲੋਂ ਇਧਰ ਨੂੰ ਆ ਰਹੇ ਹਨ। ਜੇਕਰ ਰਸਤੇ ਵਿਚ ਢੁੱਕਵੀਂ ਜਗ?ਹਾ ’ਤੇ ਨਾਕਾਬੰਦੀ ਕਰਕੇ ਉਨ੍ਹਾਂ ਨੂੰ ਕਾਬੂ ਕਰ ਲਿਆ ਜਾਵੇ ਤਾਂ ਉਨ੍ਹਾਂ ਪਾਸੋਂ ਹੈਰੋਇਨ ਬਰਾਮਦ ਹੋ ਸਕਦੀ ਹੈ। ਜਾਂਚ ਕਰਤਾ ਨੇ ਦੱਸਿਆ ਕਿ ਪੁਲਸ ਨੇ ਛਾਪੇਮਾਰੀ ਕਰਕੇ ਉਕਤ ਦੋਸ਼ੀਆਂ ਕੋਲੋਂ 544 ਗ੍ਰਾਮ ਹੈਰੋਇਨ, 1 ਮੋਟਰਸਾਈਕਲ ਹੀਰੋ ਐੱਚ. ਐੱਫ਼. ਡੀਲਕਸ ਅਤੇ 1 ਮੋਬਾਇਲ ਫੋਨ ਐਕਸ, 1 ਮੋਬਾਇਲ ਫੋਨ ਪੋਕੋ ਬਰਾਮਦ ਕੀਤਾ ਹੈ। ਥਾਣਾ ਕੁੱਲਗੜ੍ਹੀ ਪੁਲਸ ਦੇ ਸਹਾਇਕ ਥਾਣੇਦਾਰ ਬਲਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਿਸ ਪਾਰਟੀ ਗਸ਼ਤ ਕਰਦੀ ਹੋਈ ਪਿੰਡ ਕਾਕੂ ਵਾਲਾ ਤੋਂ ਨਹਿਰ ਦੀ ਪੱਟੜੀ ਤੋਂ ਸੜਕ ਉਤਰ ਕੇ ਜਮੀਤਪੁਰ ਢੇਰੂ ਨੂੰ ਜਾ ਰਹੀ ਸੀ ਤਾਂ ਇਕ ਮੋਨਾ ਵਿਅਕਤੀ ਸੁਖਦੇਵ ਸਿੰਘ ਉਰਫ਼ ਸੁੱਖਾ ਪੁੱਤਰ ਕਰਨੈਲ ਸਿੰਘ ਵਾਸੀ ਸ਼ੇਰ ਖਾਂ ਜੋ ਨਹਿਰ ਦੀ ਪੱਟੜੀ ਤੋਂ ਉਤਰਦਿਆਂ ਹੀ ਪੁਲੀ ਦੀ ਥੜ੍ਹੀ ’ਤੇ ਬੈਠਾ ਸੀ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਗ੍ਰਿਫ਼ਤਾਰ ਕਰਕੇ ਉਸ ਦੇ ਕਬਜ਼ੇ ਵਿਚੋਂ 8 ਗ੍ਰਾਮ ਹੈਰੋਇਨ ਅਤੇ 200 ਰੁਪਏ ਭਾਰਤੀ ਕਰੰਸੀ ਬਰਾਮਦ ਹੋਈ।

# 28 ਮਾਰਚ ਤੱਕ ਲੱਗ ਗਈ ਸਖ਼ਤ ਪਾਬੰਦੀ ! ਚੰਡੀਗੜ੍ਹ ਪ੍ਰਸ਼ਾਸਨ ਨੇ ਜਾਰੀ ਕੀਤੀ ਵੱਡੀ ਚਿਤਾਵਨੀ

**ਏਜੰਸੀਆਂ**

ਚੰਡੀਗੜ੍ਹ 28 ਮਾਰਚ। ਆਗਾਮੀ ਵੀ. ਵੀ. ਆਈ. ਪੀ. ਦੌਰੇ ਅਤੇ ਸੁਰੱਖਿਆ ਖ਼ਤਰਿਆਂ ਨੂੰ ਮੁੱਖ ਰੱਖਦਿਆਂ ਚੰਡੀਗੜ੍ਹ ਪ੍ਰਸ਼ਾਸਨ ਨੇ ਪੂਰੇ ਕੇਂਦਰ ਸ਼ਾਸਤ ਪ੍ਰਦੇਸ਼ ਨੂੰ ‘ਨੋ ਫਲਾਇੰਗ ਜ਼ੋਨ’ ਐਲਾਨ ਦਿੱਤਾ ਹੈ।




ਜ਼ਿਲ੍ਹਾ ਮੈਜਿਸਟ?ਰੇਟ ਨਿਸ਼ਾਂਤ ਕੁਮਾਰ ਯਾਦਵ ਵੱਲੋਂ ਜਾਰੀ ਹੁਕਮਾਂ ਅਨੁਸਾਰ 28 ਮਾਰਚ ਤੋਂ 28 ਮਾਰਚ ਤੱਕ ਚੰਡੀਗੜ੍ਹ ’ਚ ਡਰੋਨ ਤੇ ਮਾਨਵ ਰਹਿਤ ਹਵਾਈ ਵਾਹਨ (ਯੂ. ਏ. ਵੀ.) ਉਡਾਉਣ ’ਤੇ ਸਖ਼ਤ ਪਾਬੰਦੀ ਰਹੇਗੀ। ਇਹ ਫ਼ੈਸਲਾ 27 ਤੇ 28 ਮਾਰਚ ਨੂੰ ਸ਼ਹਿਰ ’ਚ ਪ੍ਰਸਤਾਵਿਤ ਵੀ. ਵੀ. ਆਈ. ਪੀ. ਆਮਦ ਦੇ ਮੱਦੇਨਜ਼ਰ ਲਿਆ ਗਿਆ ਹੈ। ਜ਼ਿਲ੍ਹਾ ਮੈਜਿਸਟ?ਰੇਟ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਤਹਿਤ ਇਹ ਹੁਕਮ ਜਾਰੀ ਕਰਦਿਆਂ ਕਿਹਾ ਕਿ ਦੇਸ਼ ਵਿਰੋਧੀ ਅਨਸਰਾਂ ਵੱਲੋਂ ਡਰੋਨ ਰਾਹੀਂ ਆਈ. ਈ. ਡੀ. (ਇੰਪਰੋਵਾਈਜ਼ਡ ਐਕਸਪਲੋਸਿਵ ਡਿਵਾਈਸ) ਦੀ ਵਰਤੋਂ ਕਰਕੇ ਅੱਤਵਾਦੀ ਹਮਲੇ ਕਰਨ ਦੇ ਵੱਧਦੇ ਰੁਝਾਨ ਅਤੇ ਆਮ ਜਨਤਾ ਦੀ ਸੁਰੱਖਿਆ ਦੇ ਮੱਦੇਨਜ਼ਰ ਇਹ ਕਦਮ ਚੁੱਕਣਾ ਲਾਜ਼ਮੀ ਸੀ। ਇਹ ਪਾਬੰਦੀ 28 ਮਾਰਚ ਦੀ ਅੱਧੀ ਰਾਤ (ਜ਼ੀਰੋ ਆਵਰਜ਼) ਤੋਂ ਲਾਗੂ ਹੋਵੇਗੀ ਅਤੇ 28 ਮਾਰਚ ਤੱਕ ਪ੍ਰਭਾਵਸ਼ਾਲੀ ਰਹੇਗੀ। ਹਾਲਾਂਕਿ ਇਹ ਹੁਕਮ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਜਿਵੇਂ ਕਿ ਪੁਲਸ, ਪੈਰਾ-ਮਿਲਟਰੀ ਫੋਰਸ, ਏਅਰ ਫੋਰਸ, ਐੱਸ. ਪੀ. ਜੀ. ਜਵਾਨਾਂ ਅਤੇ ਸਮਰੱਥ ਸਰਕਾਰੀ ਅਥਾਰਟੀ ਵੱਲੋਂ ਅਧਿਕਾਰਤ ਵਿਅਕਤੀਆਂ ’ਤੇ ਲਾਗੂ ਨਹੀਂ ਹੋਵੇਗਾ। ਪ੍ਰਸ਼ਾਸਨ ਵੱਲੋਂ ਸਪੱਸ਼ਟ ਚਿਤਾਵਨੀ ਦਿੱਤੀ ਗਈ ਹੈ ਕਿ ਜੇਕਰ ਕੋਈ ਵਿਅਕਤੀ ਇਨ੍ਹਾਂ ਹੁਕਮਾਂ ਦੀ ਉਲੰਘਣਾ ਕਰਦਾ ਪਾਇਆ ਗਿਆ ਤਾਂ ਉਸ ਖ਼?ਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਨ੍ਹਾਂ ਹੁਕਮਾਂ ਨੂੰ ਤੁਰੰਤ ਪ੍ਰਭਾਵ ਨਾਲ ਲਾਗੂ ਕਰਦਿਆਂ ਆਮ ਜਨਤਾ ਦੀ ਜਾਣਕਾਰੀ ਲਈ ਡੀ. ਸੀ. ਦਫ਼ਤਰ ਅਤੇ ਜ਼ਿਲ੍ਹਾ ਅਦਾਲਤਾਂ ਦੇ ਨੋਟਿਸ ਬੋਰਡਾਂ ’ਤੇ ਚਿਪਕਾਉਣ ਦੀਆਂ ਹਦਾਇਤਾਂ ਵੀ ਦਿੱਤੀਆਂ ਗਈਆਂ ਹਨ।

# ਬਾਲ ਵਿਵਾਹ ਦੀ ਹਾਰ ! ਜੋਧਪੁਰ ਦੀ ‘ਖੁਸ਼ਬੂ’ ਨੇ 10 ਸਾਲਾਂ ਮਗਰੋਂ ਜਿੱਤੀ ਕਾਨੂੰਨੀ ਲੜਾਈ

**ਕੌਮੀ ਪਤ੍ਰਿਕਾ**

ਜੋਧਪੁਰ 28 ਮਾਰਚ। ਜਿਸ ਉਮਰ ’ਚ ਹੱਥਾਂ ’ਚ ਖਿਡੌਣੇ ਅਤੇ ਕਿਤਾਬਾਂ ਹੋਣੀਆਂ ਚਾਹੀਦੀਆਂ ਸਨ, ਉਸ ਉਮਰ ’ਚ 12 ਸਾਲਾ ਕੁੜੀ ਦੀਆਂ ਕਲਾਈਆਂ ’ਤੇ ਵਿਆਹ ਦਾ ਧਾਗਾ ਬੰਨ੍ਹ ਕੇ ਉਸ ਦੇ ਬਚਪਨ ਨੂੰ ਘੁੰਢ ਦੀ ਓਟ ’ਚ ਲੁਕਾ ਦਿੱਤਾ ਗਿਆ। ਪਰ ਇਕ ਦਹਾਕੇ ਤੱਕ ਇਸ ਬੋਝ ਨੂੰ ਢੋਣ ਤੋਂ ਬਾਅਦ, ਆਖਰਕਾਰ ਅਦਾਲਤ ਦੀ ਚੌਖਟ ’ਤੇ ਕਾਨੂੰਨੀ ਜੰਗ ਜਿੱਤ ਕੇ ਉਸ ਨੇ ਬਾਲ-ਵਿਵਾਹ ਦੀਆਂ ਬੇੜੀਆਂ ਤੋੜ ਦਿੱਤੀਆਂ ਹਨ। ਇਹ ਕਹਾਣੀ ਹੈ ਬਿਸ਼ਨੋਈ ਭਾਈਚਾਰੇ ਦੀ ‘ਖੁਸ਼ਬੂ’ (ਬਦਲਿਆ ਹੋਇਆ ਨਾਮ) ਦੀ, ਜਿਸ ਦਾ ਵਿਆਹ ਜੋਧਪੁਰ ਦੀ ਪਰਿਵਾਰਕ ਅਦਾਲਤ ਨੇ ਰੱਦ ਕਰ ਦਿੱਤਾ ਹੈ। ਸਾਲ 2016 ’ਚ ਜਦੋਂ ਖੁਸ਼ਬੂ ਮਹਿਜ਼ 12 ਸਾਲਾਂ ਦੀ ਸੀ, ਉਦੋਂ ਪਰਿਵਾਰ ’ਚ ‘ਮੌਸਰ’ (ਮ੍ਰਿਤੂ ਭੋਜ) ਦੀ ਰਸਮ ਦੌਰਾਨ ਉਸ ਦਾ ਵਿਆਹ ਕਰ ਦਿੱਤਾ ਗਿਆ ਸੀ। ਖੁਸ਼ਬੂ ਯਾਦ ਕਰਦੀ ਹੈ,ਪਿੰਡ ਦੇ ਵੱਡੇ-ਵੱਡੇ ਬਜ਼ੁਰਗ ਤਿਆਰੀਆਂ ’ਚ ਲੱਗੇ ਸਨ ਅਤੇ ਮੇਰੀ ਚੁੱਪ ਦੇ ਵਿਚਕਾਰ ਮੇਰੀ ਜ਼ਿੰਦਗੀ ਦਾ ਫੈਸਲਾ ਲਿਆ ਜਾ ਰਿਹਾ ਸੀ। ਉਸ ਸਮੇਂ ਉਸ ਨੂੰ ਇਹ ਵੀ ਸਮਝ ਨਹੀਂ ਸੀ ਕਿ ਉਸ ਦੇ ਆਲੇ-ਦੁਆਲੇ ਕੀ ਹੋ ਰਿਹਾ ਹੈ। ਉਮਰ ਵਧਣ ਦੇ ਨਾਲ ਜਦੋਂ ਸਹੁਰੇ ਪੱਖ ਵੱਲੋਂ ਵਿਆਹੁਤਾ ਸਬੰਧ ਸ਼ੁਰੂ ਕਰਨ ਅਤੇ ‘ਗੌਣਾ’ (ਮੁਕਲਾਵਾ) ਕਰਨ ਦਾ ਦਬਾਅ ਵਧਿਆ, ਤਾਂ ਖੁਸ਼ਬੂ ਨੇ ਹਿੰਮਤ ਜੁਟਾਈ। ਉਸ ਨੇ ਇਸ ਰਿਸ਼ਤੇ ਨੂੰ ਨਕਾਰ ਦਿੱਤਾ ਅਤੇ ਪੁਲਸ ਦਾ ਦਰਵਾਜ਼ਾ ਖੜਕਾਇਆ। ਉੱਥੋਂ ਉਸ ਦਾ ਸੰਪਰਕ ‘ਸਾਰਥੀ ਟਰਸਟ’ ਦੀ ਸਮਾਜਿਕ ਕਾਰਕੁਨ ਕ੍ਰਿਤੀ ਭਾਰਤੀ ਨਾਲ ਹੋਇਆ, ਜਿਨ੍ਹਾਂ ਦੀ ਮਦਦ ਨਾਲ 18 ਮਹੀਨੇ ਪਹਿਲਾਂ ਅਦਾਲਤ ’ਚ ਪਟੀਸ਼ਨ



ਦਾਇਰ ਕੀਤੀ ਗਈ। ਪਰਿਵਾਰਕ ਅਦਾਲਤ ਦੇ ਜੱਜ ਵਰੁਣ ਤਲਵਾਰ ਨੇ ਵਿਆਹ ਨੂੰ ਅਯੋਗ ਕਰਾਰ ਦਿੰਦਿਆਂ ਕਿਹਾ ਕਿ ਬਾਲ-ਵਿਵਾਹ ਨਾ ਸਿਰਫ਼ ਬੱਚਿਆਂ ਦੇ ਵਰਤਮਾਨ ਸਗੋਂ ਉਨ੍ਹਾਂ ਦੇ ਭਵਿੱਖ ਨੂੰ ਵੀ ਕਮਜ਼ੋਰ ਕਰ ਦਿੰਦਾ ਹੈ। ਉਨ੍ਹਾਂ ਨੇ ਸਮਾਜ ਨੂੰ ਇਸ ਕੁਪ੍ਰਥਾ ਖਿਲਾਫ਼ ਇਕਜੁੱਟ ਹੋਣ ਦਾ ਸੱਦਾ ਦਿੱਤਾ। ਹਾਲਾਂਕਿ ਸਹੁਰੇ ਪੱਖ ਨੇ ਅਦਾਲਤ ’ਚ ਕਾਫੀ ਵਿਰੋਧ ਕੀਤਾ, ਪਰ ਖੁਸ਼ਬੂ ਦੇ ਉਮਰ ਸਬੰਧੀ ਦਸਤਾਵੇਜ਼ਾਂ ਅੱਗੇ ਉਨ੍ਹਾਂ ਦੀ ਇਕ ਨਾ ਚੱਲੀ। 7ਵੀਂ ਜਮਾਤ ਤੋਂ ਬਾਅਦ ਪੜ੍ਹਾਈ ਛੱਡਣ ਲਈ ਮਜ਼ਬੂਰ ਹੋਈ ਖੁਸ਼ਬੂ ਨੇ ਹੁਣ ਫਿਰ ਤੋਂ ਕਿਤਾਬਾਂ ਚੁੱਕ ਲਈਆਂ ਹਨ। ਉਹ ਓਪਨ ਸਕੂਲਿੰਗ ਰਾਹੀਂ ਆਪਣੀ ਸੈਕੰਡਰੀ ਪ੍ਰੀਖਿਆ ਦੀ ਤਿਆਰੀ ਕਰ ਰਹੀ ਹੈ। ਖੁਸ਼ਬੂ ਦਾ ਕਹਿਣਾ ਹੈ,ਮੈਂ ਆਪਣੀ ਪੜ੍ਹਾਈ ਪੂਰੀ ਕਰਕੇ ਆਪਣੇ ਪੈਰਾਂ ’ਤੇ ਖੜ੍ਹੀ ਹੋਣਾ ਚਾਹੁੰਦੀ ਹਾਂ ਤਾਂ ਜੋ ਮੇਰੀ ਵੱਡੀ ਭੈਣ ਵਾਂਗ ਕਿਸੇ ਹੋਰ ਕੁੜੀ ਦਾ ਬਚਪਨ ਬਰਬਾਦ ਨਾ ਹੋਵੇ।

## ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ 48ਵੇਂ ਦਿਨ 97 ਨਸ਼ਾ ਸਮੱਗਲਰ ਗ੍ਰਿਫ਼ਤਾਰ

ਚੰਡੀਗੜ੍ਹ/ਜਲੰਧਰ 28 ਮਾਰਚ। ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਦੇ 48ਵੇਂ ਦਿਨ ਪੰਜਾਬ ਪੁਲਸ ਨੇ 471 ਥਾਵਾਂ ’ਤੇ ਛਾਪੇਮਾਰੀ ਕੀਤੀ ਅਤੇ 97 ਨਸ਼ਾ ਸਮੱਗਲਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਵਿਰੁੱਧ 60 ਐੱਫ. ਆਈ. ਆਰਜ਼. ਦਰਜ ਕੀਤੀਆਂ। ਇਸ ਨਾਲ ਸਿਰਫ਼ 48 ਦਿਨਾਂ ’ਚ ਗ੍ਰਿਫ਼ਤਾਰ ਕੀਤੇ ਗਏ ਕੁੱਲ੍ਹ ਨਸ਼ਾ ਸਮੱਗਲਰਾਂ ਦੀ ਗਿਣਤੀ 6402 ਹੋ ਗਈ ਹੈ। ਪੁਲਸ ਟੀਮਾਂ ਨੇ ਉਨ੍ਹਾਂ ਦੇ ਕਬਜ਼ੇ ’ਚੋਂ 40.9 ਲੱਖ ਰੁਪਏ ਦੀ ਡਰੱਗ ਮਨੀ, 261 ਗ੍ਰਾਮ ਹੈਰੋਇਨ, 699 ਗ੍ਰਾਮ ਅਫ਼ੀਮ ਅਤੇ 1997 ਨਸ਼ੀਲੀਆਂ ਗੋਲੀਆਂ/ਕੈਪਸੂਲ ਵੀ ਬਰਾਮਦ ਕੀਤੀਆਂ ਹਨ। ਵਿਸ਼ੇਸ਼ ਡੀ. ਜੀ. ਪੀ. ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 84 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1200 ਤੋਂ ਵੱਧ ਪੁਲਸ ਮੁਲਾਜ਼ਮਾਂ ਵਾਲੀਆਂ 150 ਤੋਂ ਵੱਧ ਪੁਲਸ ਟੀਮਾਂ ਵੱਲੋਂ ਪੂਰੇ ਸੂਬੇ ’ਚ ਛਾਪੇਮਾਰੀ ਕੀਤੀ ਗਈ